@Qpatrika
@qaumipatrika punjabi
instagram.com/qaumipatrika
Largest Circulated
विश्व भर में सबसे ज्यादा पढ़ा जाने वाला
# ਕੌਮੀ ਪਤ੍ਰਿਕਾ
Punjabi National Daily
Qaumi Patrika NO.1
दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।
Saturday, 3 May 2025
VISIT: www.qaumipatrika.org
Email: qpatrika@gmail.com
ਨਵੀਂ ਦਿੱਲੀ: ਸ਼ਨੀਵਾਰ 3 ਮਈ 2025, 20 ਵੈਸਾਖ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ
R.N.I. No. 39272/81— ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 43, ਅੰਕ 171, qpatrika@gmail.com ਫੋਨ : 9971359517 www.qaumipatrika.org

# ਪ੍ਰਧਾਨ ਮੰਤਰੀ ਮੋਦੀ ਨੇ ਵਿਝਿਨਜਮ ਅੰਤਰਰਾਸ਼ਟਰੀ ਬੰਦਰਗਾਹ ਦਾ ਕੀਤਾ ਉਦਘਾਟਨ

**ਸਿੰਮੀ ਕੌਰ ਬੱਬਰ**

ਤਿਰੂਵਨੰਤਪੁਰਮ 2 ਮਈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ੁੱਕਰਵਾਰ ਨੂੰ ਇੱਥੇ ਵਿਝਿਨਜਮ ਅੰਤਰਰਾਸ਼ਟਰੀ ਬੰਦਰਗਾਹ ਦਾ ਅਧਿਕਾਰਤ ਤੌਰ 'ਤੇ ਉਦਘਾਟਨ ਕੀਤਾ, ਜਿਸ ਦੀ ਉਸਾਰੀ 8,867 ਕਰੋੜ ਰੁਪਏ ਦੀ ਅਨੁਮਾਨਤ ਲਾਗਤ ਨਾਲ ਕੀਤੀ ਗਈ ਹੈ। ਪ੍ਰਧਾਨ ਮੰਤਰੀ ਸਵੇਰੇ 10.15 ਵਜੇ ਤਿਰੂਵਨੰਤਪੁਰਮ ਸ਼ਹਿਰ ਤੋਂ ਹੈਲੀਕਾਪਟਰ ਰਾਹੀਂ ਬੰਦਰਗਾਹ ਖੇਤਰ 'ਚ ਪਹੁੰਚੇ ਅਤੇ 'ਹਾਰਡ ਹੈਟ' ਪਹਿਨ ਕੇ, ਬੰਦਰਗਾਹ ਕੇਂਦਰ ਦਾ ਦੌਰਾ ਕੀਤਾ ਅਤੇ ਉੱਥੋਂ ਦੀਆਂ ਸਹੂਲਤਾਂ ਦਾ ਜਾਇਜ਼ਾ ਲਿਆ। ਇਸ ਤੋਂ ਬਾਅਦ ਸਵੇਰੇ 11.33 ਵਜੇ, ਉਨ੍ਹਾਂ ਨੇ ਕੇਰਲ ਦੇ ਰਾਜਪਾਲ ਰਾਜੇਂਦਰ ਅਰਲੇਕਰ, ਮੁੱਖ ਮੰਤਰੀ ਪਿਨਰਾਈ ਵਿਜਯਨ, ਅਡਾਨੀ ਗਰੁੱਪ ਦੇ ਚੇਅਰਮੈਨ ਗੌਤਮ ਅਡਾਨੀ ਅਤੇ ਤਿਰੂਵਨੰਤਪੁਰਮ ਤੋਂ ਕਾਂਗਰਸ ਸੰਸਦ ਮੈਂਬਰ ਸ਼ਸ਼ੀ ਥਰੂਰ ਦੀ ਮੌਜੂਦਗੀ 'ਚ ਸਹੂਲਤ ਦੇ ਪਹਿਲੇ ਪੜਾਅ ਦਾ ਰਸਮੀ ਉਦਘਾਟਨ ਕੀਤਾ। ਤਿਰੂਵਨੰਤਪੁਰਮ ਜ਼ਿਲ੍ਹੇ 'ਚ ਸਥਿਤ ਇਸ ਬੰਦਰਗਾਹ ਤੋਂ ਅੰਤਰਰਾਸ਼ਟਰੀ ਵਪਾਰ ਅਤੇ ਸ਼ਿਪਿੰਗ 'ਚ ਭਾਰਤ ਦੀ ਭੂਮਿਕਾ ਨੂੰ ਬਦਲਣ ਦੀ ਉਮੀਦ ਹੈ। ਡੂੰਘੇ ਪਾਣੀ ਵਾਲੇ ਇਸ ਬੰਦਰਗਾਹ ਨੂੰ ਅਡਾਨੀ ਪੋਰਟਸ ਐਂਡ ਸਪੈਸ਼ਲ ਇਕਨਾਮਿਕ ਜ਼ੋਨ ਲਿਮਟਿਡ (ਏਪੀਐਸਈਜ਼ੈਡ)



ਦੁਆਰਾ ਵਿਕਸਿਤ ਕੀਤਾ ਗਿਆ ਹੈ, ਜੋ ਕਿ ਭਾਰਤ ਦਾ ਸਭ ਤੋਂ ਵੱਡਾ ਬੰਦਰਗਾਹ ਡੇਵਲਪਰ ਹੈ ਅਤੇ ਅਡਾਨੀ ਸਮੂਹ ਦਾ ਹਿੱਸਾ ਹੈ। ਸਫਲ ਪ੍ਰੀਖਣ ਤੋਂ ਬਾਅਦ ਬੰਦਰਗਾਹ ਨੂੰ ਪਿਛਲੇ ਸਾਲ 4 ਦਸੰਬਰ ਨੂੰ ਵਪਾਰਕ 'ਕਮਿਸ਼ਨਿੰਗ' ਸਰਟੀਫਿਕੇਟ ਪ੍ਰਾਪਤ ਹੋਇਆ ਸੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ੁੱਕਰਵਾਰ ਨੂੰ ਮੁੱਖ ਮੰਤਰੀ ਪਿਨਰਾਈ ਵਿਜਯਨ ਅਤੇ ਸੀਨੀਅਰ ਕਾਂਗਰਸ ਨੇਤਾ ਸ਼ਸ਼ੀ ਥਰੂਰ ਦੀ ਮੌਜੂਦਗੀ 'ਚ ਇੱਥੇ ਵਿਝਿਨਜਮ ਅੰਤਰਰਾਸ਼ਟਰੀ ਬੰਦਰਗਾਹ ਦਾ ਅਧਿਕਾਰਤ ਤੌਰ 'ਤੇ ਉਦਘਾਟਨ ਕੀਤਾ। ਉਨ੍ਹਾਂ ਕਿਹਾ ਕਿ ਉਦਘਾਟਨ ਸਮੇਂ ਉਨ੍ਹਾਂ (ਦੋਵਾਂ ਆਗੂਆਂ) ਦੀ ਮੌਜੂਦਗੀ ÷ਬਹੁਤ ਸਾਰੇ ਲੋਕਾਂ ਦੀ ਨੀਂਦ ਹਰਾਮ ਕਰ ਦੇਵੇਗੀ÷। ਪੀ.ਐੱਮ. ਮੋਦੀ ਨੇ ਵਿਜਯਨ ਨੂੰ ਵਿਰੋਧੀ ਪਾਰਟੀਆਂ ਦੇ 'ਭਾਰਤ' ਗੱਠਜੋੜ ਦਾ ÷ਥੰਮ?ਹ÷ ਵੀ ਦੱਸਿਆ। ਪ੍ਰਧਾਨ ਮੰਤਰੀ ਨੇ ਮੰਚ 'ਤੇ ਮੌਜੂਦ ਵਿਜਯਨ ਅਤੇ ਥਰੂਰ ਨੂੰ ਕਿਹਾ ਕਿ ਉਦਘਾਟਨ ਸਮਾਰੋਹ ਵਿੱਚ ਉਨ੍ਹਾਂ ਦੀ ਮੌਜੂਦਗੀ ਬਹੁਤ ਸਾਰੇ ਲੋਕਾਂ ਦੀਆਂ ÷ਰਾਤਾਂ ਦੀ ਨੀਂਦ ਹਰਾਮ÷ ਕਰ ਦੇਵੇਗੀ। ਹਾਲਾਂਕਿ ਉਨ੍ਹਾਂ ਦੇ ਭਾਸ਼ਣ ਦਾ ਅਨੁਵਾਦ ਕਰਨ ਵਾਲੇ ਵਿਅਕਤੀ ਨੇ ਇਸ ਦਾ ਠੀਕ ਤਰ੍ਹਾਂ ਅਨੁਵਾਦ ਨਹੀਂ ਕੀਤਾ, ਜਿਸ 'ਤੇ ਪ੍ਰਧਾਨ ਮੰਤਰੀ ਨੂੰ ਇਹ ਕਹਿਣਾ ਪਿਆ ਕਿ 'ਸੰਦੇਸ਼ ਉਨ੍ਹਾਂ ਤੱਕ ਪਹੁੰਚ ਗਿਆ ਹੈ, ਜਿਨ੍ਹਾਂ ਤੱਕ ਸੰਦੇਸ਼ ਪਹੁੰਚਾਉਣਾ ਸੀ'। ਦੇਸ਼ 'ਚ ਵਿਕਾਸ ਦਾ ਵੇਰਵਾ ਦਿੰਦੇ ਹੋਏ ਪੀ.ਐੱਮ. ਮੋਦੀ ਨੇ ਕਿਹਾ ਕਿ ਜਹਾਜ਼ਾਂ 'ਚ ਯਾਤਰਾ ਕਰਨ ਵਾਲੇ ਲੋਕਾਂ ਦੀ ਗਿਣਤੀ ਦੇ ਮਾਮਲੇ 'ਚ ਭਾਰਤ ਦੁਨੀਆ ਦੇ ਚੋਟੀ ਦੇ ਤਿੰਨ ਦੇਸ਼ਾਂ 'ਚ ਸ਼ਾਮਲ ਹੈ ਅਤੇ ਪਿਛਲੇ 10 ਸਾਲਾਂ 'ਚ ਸਾਡੇ ਬੰਦਰਗਾਹਾਂ ਦੀ ਸਮਰੱਥਾ ਦੁੱਗਣੀ ਹੋ ਗਈ ਹੈ।

## 'ਅੱਗ' ਵਾਂਗ ਭਖਿਆ ਪਾਣੀ ਦਾ ਮੁੱਦਾ ! ਹੁਣ ਸੁਪਰੀਮ ਕੋਰਟ ਦਾ ਦਰਵਾਜ਼ਾ ਖੜਕਾਵੇਗੀ ਹਰਿਆਣਾ ਸਰਕਾਰ

ਚੰਡੀਗੜ੍ਹ 2 ਮਈ। ਪੰਜਾਬ ਸਰਕਾਰ ਵਲੋਂ ਭਾਖੜਾ ਨਹਿਰ ਦਾ ਪਾਣੀ ਰੋਕਣ ਨੂੰ ਲੈ ਕੇ ਹਰਿਆਣਾ ਸਰਕਾਰ ਸੁਪਰੀਮ ਕੋਰਟ ਜਾਵੇਗੀ। ਸ਼ੁੱਕਰਵਾਰ ਨੂੰ ਦਿੱਲੀ 'ਚ ਭਾਖੜਾ ਬਿਆਸ ਬੋਰਡ ਮੈਨੇਜਮੈਂਟ (ਬੀਬੀਐੱਮਬੀ) ਦੇ ਅਧਿਕਾਰੀਆਂ ਦੀ ਪੰਜਾਬ ਅਤੇ ਹਰਿਆਣਾ ਦੇ ਮੁੱਖ ਸਕੱਤਰ ਨਾਲ ਮੀਟਿੰਗ 'ਚ ਪਾਣੀ ਦੇਣ ਨੂੰ ਲੈ ਕੇ ਸਹਿਮਤੀ ਨਹੀਂ ਬਣੀ। ਮੀਟਿੰਗ 'ਚ ਪੰਜਾਬ 4 ਹਜ਼ਾਰ ਕਿਊਸੇਕ ਪਾਣੀ ਹੀ ਦੇਣ ਨੂੰ ਤਿਆਰ ਹੋਇਆ, ਜਦੋਂ ਕਿ ਹਰਿਆਣਾ ਨੇ 8500 ਕਿਊਸੇਕ ਪਾਣੀ ਦੀ ਮੰਗ ਕੀਤੀ। ਹਰਿਆਣਾ ਦੀ ਸਿੰਚਾਈ ਮੰਤਰੀ ਸ਼ਰੂਤੀ ਚੌਧਰੀ ਨੇ ਕਿਹਾ,"ਅਸੀਂ



ਆਪਣੇ ਪਾਣੀ ਦੇ ਹੱਕ ਲਈ ਸੁਪਰੀਮ ਕੋਰਟ ਜਾ ਰਹੇ ਹਾਂ। ਅਸੀਂ ਇਸ ਨੂੰ ਲੈ ਕੇ ਪਟੀਸ਼ਨ ਦਾਇਰ ਕਰਾਂਗੇ। ਸੰਭਾਵਨਾ ਹੈ ਕਿ ਅੱਜ ਪਟੀਸ਼ਨ ਦਾਖਲ ਕਰ ਦਿੱਤੀ ਜਾਵੇਗੀ। ਅੱਗੇ ਛੁੱਟੀਆਂ ਹਨ, ਇਸ ਲਈ ਅਸੀਂ ਕੋਸ਼ਿਸ਼ ਕਰ ਰਹੇ ਹਾਂ ਕਿ ਜਲਦ ਇਸ 'ਤੇ ਫ਼ੈਸਲਾ ਹੋ ਜਾਵੇ। ਇਸ ਤੋਂ ਪਹਿਲੇ ਦਿੱਲੀ 'ਚ ਹੀ ਕੇਂਦਰੀ ਗ੍ਰਹਿ ਮੰਤਰਾਲਾ ਦੀ ਪੰਜਾਬ, ਹਰਿਆਣਾ, ਹਿਮਾਚਲ ਅਤੇ ਰਾਜਸਥਾਨ ਦੇ ਅਧਿਕਾਰੀਆਂ ਨਾਲ ਮੀਟਿੰਗ ਹੋਈ। ਸੂਤਰਾਂ ਅਨੁਸਾਰ ਕੇਂਦਰੀ ਗ੍ਰਹਿ ਸਕੱਤਰ ਗੋਵਿੰਦ ਮੋਹਨ ਨੇ ਪੰਜਾਬ ਅਤੇ ਹਰਿਆਣਾ ਨੂੰ ਇਸ ਮਾਮਲੇ 'ਚ ਜ਼ਿੱਦ ਛੱਡਣ ਲਈ ਕਿਹਾ। ਨਾਲ ਹੀ ਹਰਿਆਣਾ ਨੂੰ ਪਾਣੀ ਦੀ ਜ਼ਰੂਰਤ ਨੂੰ ਲੈ ਕੇ ਬੀਬੀਐੱਮਬੀ ਕੋਲ ਤਰਕ ਪੇਸ਼ ਕਰਨ ਲਈ ਕਿਹਾ। ਸੂਤਰਾਂ ਅਨੁਸਾਰ ਗ੍ਰਹਿ ਸਕੱਤਰ ਨੇ ਕਿਹਾ ਕਿ ਜੇਕਰ ਹਰਿਆਣਾ ਦੀ ਵਾਧੂ ਪਾਣੀ ਦੀ ਮੰਗ 'ਚ ਦਮ ਹੋਇਆ ਤਾਂ ਹਰਿਆਣਾ ਬਿਨਾਂ ਸ਼ਰਤ ਦੇ ਜ਼ਰੂਰਤ ਅਨੁਸਾਰ ਪੰਜਾਬ ਤੋਂ ਉਧਾਰ ਪਾਣੀ ਲੈ ਲਵੇਗਾ ਅਤੇ ਪੰਜਾਬ ਨੂੰ ਲੋੜ ਪੈਣ 'ਤੇ ਹਰਿਆਣਾ ਨੂੰ ਇਹ ਪਾਣੀ ਵਾਪਸ ਕਰਨਾ ਪਵੇਗਾ।

## ਪਹਿਲਾਂ ਦਸਤਾਵੇਜ਼ ਦੀ ਜਾਂਚ ਕਰੋ: ਸੁਪਰੀਮ ਕੋਰਟ

ਨਵੀਂ ਦਿੱਲੀ 2 ਮਈ। ਸੁਪਰੀਮ ਕੋਰਟ ਨੇ ਸ਼ੁੱਕਰਵਾਰ ਨੂੰ ਅਧਿਕਾਰੀਆਂ ਨੂੰ ਕਿਹਾ ਕਿ ਉਹ ਵੀਜ਼ਾ ਮਿਆਦ ਖ਼ਤਮ ਹੋਣ ਦੇ ਬਾਅਦ ਵੀ ਇੱਥੇ ਰਹਿ ਰਹੇ ਇਕ ਪਰਿਵਾਰ ਦੇ 6 ਲੋਕਾਂ ਖ਼?ਲਾਫ਼ ਪਾਕਿਸਤਾਨ ਵਾਪਸ ਭੇਜਣ ਵਰਗੀ ਕੋਈ ਸਜ਼ਾਯੋਗ ਕਾਰਵਾਈ ਉਦੋਂ ਤੱਕ ਨਾ ਕਰਨ, ਜਦੋਂ ਤੱਕ ਉਨ੍ਹਾਂ ਦੇ ਪਛਾਣ ਪੱਤਰਾਂ ਦੀ ਵੈਰੀਫਿਕੇਸ਼ਨ 'ਤੇ ਆਦੇਸ਼ ਨਹੀਂ ਆ ਜਾਂਦਾ। ਇਕ ਪਰਿਵਾਰ ਦੇ ਮੈਂਬਰ ਕਸ਼ਮੀਰ ਦੇ ਰਹਿਣ ਵਾਲੇ ਹਨ ਅਤੇ ਉਨ੍ਹਾਂ ਦਾ ਬੇਟਾ ਬੈਂਗਲੂਰੂ 'ਚ ਕੰਮ ਕਰਦਾ ਹੈ। ਪਲਿਗਾਮ 'ਚ ਅੱਤਵਾਦੀ ਹਮਲੇ ਦੇ ਮੱਦੇਨਜ਼ਰ ਉਨ੍ਹਾਂ ਨੂੰ ਪਾਕਿਸਤਾਨ ਭੇਜਿਆ ਜਾ ਸਕਦਾ ਹੈ। ਪਹਿਲਗਾਮ 'ਚ ਹੋਏ ਹਮਲੇ 'ਚ 26 ਲੋਕਾਂ ਦੀ ਜਾਨ ਚਲੀ ਗਈ ਸੀ। ਜੱਜ ਸੂਰੀਆਕਾਂਤ ਅਤੇ ਜੱਜ ਐੱਨ. ਕੋਟਿਸ਼ਵਰ ਸਿੰਘ ਦੀ ਬੈਂਚ ਨੇ ਕਿਹਾ ਕਿ ਇਹ ਮਾਮਲਾ ਮਨੁੱਖੀ ਪਹਿਲੂ ਨਾਲ ਜੁੜਿਆ ਹੈ। ਉਸ ਨੇ ਪਰਿਵਾਰ ਨੂੰ ਇਹ ਛੋਟ ਦਿੱਤੀ ਕਿ ਦਸਤਾਵੇਜ਼ ਵੈਰੀਫਿਕੇਸ਼ਨ ਦੇ ਆਦੇਸ਼ ਤੋਂ ਅਸੰਤੁਸ਼ਟ ਹੋਣ 'ਤੇ ਉਹ ਜੰਮੂ ਕਸ਼ਮੀਰ ਹਾਈ ਕੋਰਟ ਦਾ ਦਰਵਾਜ਼ਾ ਖੜਕਾ ਸਕਦਾ ਹੈ। ਅਦਾਲਤ ਨੇ ਅਹਿਮਦ ਤਾਰਿਕ ਬੱਟ ਅਤੇ ਉਸ ਦੇ ਪਰਿਵਾਰ ਦੇ ਪੰਜ ਹੋਰ ਮੈਂਬਰਾਂ ਦੀ ਪਟੀਸ਼ਨ 'ਤੇ ਸੁਣਵਾਈ ਕਰਦੇ ਹੋਏ ਇਹ ਆਦੇਸ਼ ਦਿੱਤਾ। ਪਰਿਵਾਰ ਨੇ ਦਾਅਵਾ ਕੀਤਾ ਹੈ ਕਿ ਜਾਇਜ਼ ਭਾਰਤੀ ਦਸਤਾਵੇਜ਼ ਹੋਣ ਦੇ ਬਾਵਜੂਦ, ਉਨ੍ਹਾਂ ਨੂੰ ਹਿਰਾਸਤ 'ਚ ਲੈ ਲਿਆ ਗਿਆ ਅਤੇ ਪਾਕਿਸਤਾਨ ਭੇਜਣ ਲਈ ਵਾਹਗਾ ਸਰਹੱਦ 'ਤੇ ਲਿਜਾਇਆ ਗਿਆ। ਬੈਂਚ ਨੇ ਕਿਹਾ ਕਿ ਪਹਿਲਗਾਮ ਹਮਲੇ ਤੋਂ ਬਾਅਦ, ਕੇਂਦਰ ਨੇ 25 ਅਪ੍ਰੈਲ ਨੂੰ ਆਪਣੀ ਨੋਟੀਫਿਕੇਸ਼ਨ ਰਾਹੀਂ ਹੁਕਮ 'ਚ ਦੱਸੇ ਗਏ ਲੋਕਾਂ ਨੂੰ ਛੱਡ ਕੇ ਸਾਰੇ ਪਾਕਿਸਤਾਨੀ ਨਾਗਰਿਕਾਂ ਦੇ ਵੀਜ਼ੇ ਰੱਦ ਕਰ ਦਿੱਤੇ ਅਤੇ ਉਨ੍ਹਾਂ ਨੂੰ ਵਾਪਸ ਭੇਜਣ ਲਈ ਇਕ ਵਿਸ਼ੇਸ਼ ਸਮੇਂ ਹੱਦ ਵੀ ਦਿੱਤੀ।

# ਦਿੱਲੀ ਨੂੰ ਮਿਲੀ 400 ਇਲੈਕਟ੍ਰਿਕ ਬੱਸਾਂ ਦੀ ਸੌਗਾਤ

**ਏਜੰਸੀਆਂ**

ਨਵੀਂ ਦਿੱਲੀ 2 ਮਈ। ਦਿੱਲੀ ਦੀਆਂ ਸੜਕਾਂ 'ਤੇ ਹੁਣ ਇਲੈਕਟ੍ਰਿਕ ਬੱਸਾਂ ਦਾ ਬੋਲਬਾਲਾ ਹੋਵੇਗਾ ਅਤੇ ਵਾਹਨਾਂ ਕਾਰਨ ਹੋਣ ਵਾਲੇ ਪ੍ਰਦੂਸ਼ਣ ਦੀ ਸਮੱਸਿਆ ਨੂੰ ਵੀ ਕਾਬੂ ਕੀਤਾ ਜਾ ਸਕੇਗਾ। ਦਿੱਲੀ ਸਰਕਾਰ ਨੇ ਦਿੱਲੀ ਇਲੈਕਟ੍ਰਿਕ ਵ?ਹੀਕਲ ਇੰਟਰਕਨੈਕਟਰ ਨਾਮਕ ਇੱਕ ਨਵੀਂ ਯੋਜਨਾ ਸ਼ੁਰੂ ਕੀਤੀ ਹੈ। 2 ਮਈ, 2025 ਨੂੰ ਮੁੱਖ ਮੰਤਰੀ ਰੇਖਾ ਗੁਪਤਾ ਅਤੇ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੇ ਮਿਲ ਕੇ 400 ਬੱਸਾਂ ਨੂੰ ਹਰੀ ਝੰਡੀ ਦਿਖਾਈ। ਇਹ ਬੱਸਾਂ ਦਿੱਲੀ ਮੈਟਰੋ ਸਟੇਸ਼ਨਾਂ ਅਤੇ ਬੱਸ ਸਟੈਂਡਾਂ ਵਿਚਕਾਰ ਚੱਲਣਗੀਆਂ। ਇਸ ਨਾਲ ਲੋਕਾਂ ਲਈ ਯਾਤਰਾ ਕਰਨਾ ਆਸਾਨ ਹੋ ਜਾਵੇਗਾ। ਅਤੇ ਵਰਗੀਆਂ ਕੰਪਨੀਆਂ ਦੀਆਂ ਇਹ ਬੱਸਾਂ ਇੰਟੈਲੀਜੈਂਟ ਟ?ਰਾਂਸਪੋਰਟ ਮੈਨੇਜਮੈਂਟ ਸਿਸਟਮ ਨਾਲ ਸਥਾਪਿਤ ਹਨ। ਇਸ ਨਾਲ ਬੱਸਾਂ ਸਮੇਂ ਸਿਰ ਚੱਲਣਗੀਆਂ ਅਤੇ ਲੋਕਾਂ ਨੂੰ ਕੋਈ ਮੁਸ਼ਕਲ ਨਹੀਂ ਆਵੇਗੀ। ਦਿੱਲੀ ਸਰਕਾਰ ਜਲਦੀ ਹੀ ਇਕ ਮਜਬੂਤ ਇਲੈਕਟ੍ਰਿਕ ਵਾਹਨ ਨੀਤੀ ਲਿਆਉਣ ਵਾਲੀ ਹੈ ਜਿਸ ਨਾਲ ਨਾ ਸਿਰਫ ਪਬਲਿਕ ਟਰਾਂਸਪੋਰਟ ਸਗੋਂ ਨਿੱਜੀ ਗੱਡੀਆਂ ਵੀ ਇਲੈਕਟ੍ਰਿਕ ਆਪਸ਼ਨਾਂ ਨੂੰ ਅਪਣਾ ਸਕਣ। ਇਸਦਾ ਮਕਸਦ ਦਿੱਲੀ ਦੀ ਹਵਾ ਨੂੰ ਸਾਫ ਕਰਨਾ ਅਤੇ ਟ?ਰੈਫਿਕ ਜਾਮ ਨੂੰ ਘੱਟ ਕਰਨਾ ਹੈ। ਸੀ.ਐੱਮ. ਰੇਖਾ ਗੁਪਤਾ ਨੇ ਟ?ਰੈਫਿਕ 'ਚ ਫਸਣ ਦਾ ਆਪਣਾ ਅਨੁਭਵ ਸਾਂਝਾ ਕਰਦੇ ਹੋਏ ਕਿਹਾ ਕਿ ਅੱਜ ਜਦੋਂ ਮੈਂ ਟ?ਰੈਫਿਕ 'ਚ ਫਸੀ ਤਾਂ ਮੈਨੂੰ ਅਹਿਸਾਸ ਹੋਇਆ ਕਿ ਆਮ ਲੋਕਾਂ ਨੂੰ ਕਿੰਨੀ ਪਰੇਸ਼ਾਨੀ ਹੁੰਦੀ ਹੈ। ਪੀ.ਐੱਮ. ਮੋਦੀ ਕਹਿੰਦੇ ਹਨ ਕਿ ਜਦੋਂ ਤਕ ਜਨਤਾ



ਤਕਲੀਫ 'ਚ ਹੈ, ਸਾਨੂੰ ਚੈਨ ਨਾਲ ਸੋਣ ਦਾ ਹੱਕ ਨਹੀਂ ਹੈ। ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੇ 'ਖੁਸ਼ਹਾਲ ਦਿੱਲੀ' ਦੇ ਸੁਪਨੇ ਨੂੰ ਪੂਰਾ ਕਰਨ ਲਈ ਕੇਂਦਰ, ਰਾਜ ਅਤੇ ਐੱਮ.ਸੀ.ਡੀ., ਤਿੰਨੋ ਮਿਲ ਕੇ 'ਟ੍ਰਿਪਲ ਇੰਜਣ' ਸਰਕਾਰ ਦੇ ਰੂਪ 'ਚ ਪੂਰੀ ਮਿਹਨਤ ਨਾਲ ਕੰਮ ਕਰ ਰਹੇ ਹਨ। ਦਿੱਲੀ ਨੂੰ ਮਿਲੀਆਂ 400 ਨਵੀਆਂ ਇਲੈਕਟ੍ਰਿਕ ਬੱਸਾਂ ਇਕ ਨਵੀਂ ਸ਼ੁਰੂਆਤ ਹੈ, ਜੋ ਦਿੱਲੀ ਵਾਸੀਆਂ ਲਈ ਇਕ ਤੋਹਫਾ ਹਨ। ਇਹ ਸਿਰਫ ਇਕ ਯੋਜਨਾ ਨਹੀਂ ਸਗੋਂ ਆਉਣ ਵਾਲੇ ਭਵਿੱਖ ਦੀ ਇਕ ਤਸਵੀਰ ਹੈ, ਜਿਸ ਵਿਚ ਨਾ ਰੌਲਾ ਹੋਵੇਗਾ, ਨਾ ਧੂੰਆ।

## ਪਾਣੀਆਂ ਦੇ ਮੁੱਦੇ 'ਤੇ ਐਕਸ਼ਨ ਮੋਡ 'ਚ ਮਾਨ ਸਰਕਾਰ !

ਚੰਡੀਗੜ੍ਹ 2 ਮਈ। ਭਾਖੜਾ ਨਹਿਰ ਸਬੰਧੀ ਪਾਣੀਆਂ ਦੇ ਮੁੱਦੇ ਨੂੰ ਲੈ ਕੇ ਲਗਾਤਾਰ ਮਾਹੌਲ ਭਖਦਾ ਜਾ ਰਿਹਾ ਹੈ। ਪੰਜਾਬ ਤੇ ਹਰਿਆਣਾ ਸਰਕਾਰਾਂ ਵਿਚਾਲੇ ਇਸ ਵੇਲੇ ਘਮਾਸਾਨ ਚੱਲ ਰਿਹਾ ਹੈ। ਇਸੇ ਵਿਚਾਲੇ ਹੁਣ ਵੱਡੀ ਖਬਰ ਸਾਹਮਣੇ ਆ ਰਹੀ ਹੈ। ਪੰਜਾਬ ਮੁੱਖ ਮੰਤਰੀ ਨੇ ਐਮਰਜੈਂਸੀ ਮੀਟਿੰਗ ਮਗਰੋਂ ਭਲਕੇ ਆਲ-ਪਾਰਟੀ ਮੀਟਿੰਗ ਸੱਦੀ ਗਈ ਹੈ ਤੇ ਇਸ ਸਬੰਧੀ ਸੋਮਵਾਰ ਨੂੰ ਸਪੈਸ਼ਲ ਇਜਲਾਸ ਦੀ ਵੀ ਗੱਲ ਕੀਤੀ ਗਈ ਹੈ। ਪੰਜਾਬ ਸਰਕਾਰ ਨੇ ਨੰਗਲ ਵਿੱਚ ਭਾਖੜਾ ਡੈਮ 'ਤੇ ਪੁਲਿਸ ਨੇ ਘੇਰਾਬੰਦੀ ਕੀਤੀ ਹੋਈ ਹੈ। ਪੰਜਾਬ ਪੁਲਸ ਨੇ ਡੈਮ ਦੇ ਕੰਟਰੋਲ ਰੂਮ ਦੀਆਂ ਚਾਬੀਆਂ ਵੀ ਆਪਣੇ ਕਬਜ਼ੇ ਵਿੱਚ ਲੈ ਲਈਆਂ ਹਨ। ਕਿਸੇ ਨੂੰ ਵੀ ਬੰਨ੍ਹ ਦੇ ਨੇੜੇ ਜਾਣ ਦੀ ਇਜਾਜ਼ਤ ਨਹੀਂ ਹੈ। ਇਸ ਦੌਰਾਨ ਆਮ ਆਦਮੀ ਪਾਰਟੀ ਨੇ ਇਸ ਸਬੰਧੀ ਚੰਡੀਗੜ੍ਹ ਵਿੱਚ ਇੱਕ ਮੀਟਿੰਗ



ਕੀਤੀ। ਜਿਸ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਦੇ ਨਾਲ 'ਆਪ' ਸੁਪਰੀਮੋ ਅਰਵਿੰਦ ਕੇਜਰੀਵਾਲ ਵੀ ਮੌਜੂਦ ਸਨ। ਮੀਟਿੰਗ ਤੋਂ ਬਾਅਦ, 'ਆਪ' ਦੇ ਪੰਜਾਬ ਮੁਖੀ ਅਮਨ ਅਰੋੜਾ ਨੇ ਕਿਹਾ ਕਿ ਭਲਕੇ ਸਵੇਰੇ 10 ਵਜੇ ਪੰਜਾਬ ਵਿੱਚ ਸਰਬ ਪਾਰਟੀ ਮੀਟਿੰਗ ਸੱਦੀ ਗਈ ਹੈ। ਇਸ ਦੇ ਨਾਲ ਹੀ ਸੋਮਵਾਰ ਨੂੰ ਵਿਧਾਨ ਸਭਾ ਦਾ ਸਪੈਸ਼ਲ ਸੈਸ਼ਨ ਵੀ ਸੱਦਿਆ ਗਿਆ ਹੈ। ਦੱਸ ਦਈਏ ਕਿ ਇਹ ਮੁੱਦਾ ਉਦੋਂ ਭੱਖਿਆ ਜਦੋਂ ਦੇਰ ਰਾਤ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦੀ ਐਮਰਜੈਂਸੀ ਮੀਟਿੰਗ ਹੋਈ, ਜਿਸ ਵਿੱਚ ਹਰਿਆਣਾ ਨੂੰ ਚਾਰ ਹਜ਼ਾਰ ਕਿਊਸਿਕ ਦੀ ਥਾਂ ਪੂਰਾ ਸਾਢੇ ਅੱਠ ਹਜ਼ਾਕ ਕਿਊਸਿਕ ਪਾਣੀ ਦਿੱਤਾ। ਪਰ ਪੰਜਾਬ ਸਰਕਾਰ ਨੇ ਇਹ ਹੁਕਮ ਮੰਨਣ ਤੋਂ ਇਨਕਾਰ ਕਰ ਦਿੱਤਾ ਸੀ। ਇਸ ਤੋਂ ਬਾਅਦ, ਜਲ ਨਿਯਮਨ ਨਿਰਦੇਸ਼ਕ ਇੰਜੀਨੀਅਰ. ਬੋਰਡ ਵਿੱਚ ਪੰਜਾਬ ਕੋਟੇ ਤੋਂ ਨਿਯੁਕਤ। ਹਰਿਆਣਾ ਕੋਟੇ ਤੋਂ ਇੰਜੀਨੀਅਰ ਆਕਾਸ਼ਦੀਪ ਨੂੰ ਹਟਾਉਣਾ। ਸੰਜੀਵ ਕੁਮਾਰ ਨੂੰ ਨਿਯੁਕਤ ਕੀਤਾ ਗਿਆ ਸੀ। ਇਸ ਤੋਂ ਥੋੜ੍ਹੀ ਦੇਰ ਬਾਅਦ, ਬੋਰਡ ਦੇ ਹਰਿਆਣਾ ਕੋਟੇ ਦੇ ਸਕੱਤਰ ਸੁਰਿੰਦਰ ਮਿੱਤਲ ਨੂੰ ਹਟਾ ਦਿੱਤਾ ਗਿਆ। ਉਨ੍ਹਾਂ ਦੀ ਥਾਂ 'ਤੇ, ਪੰਜਾਬ ਕੋਟੇ ਤੋਂ ਨਿਯੁਕਤ ਬਲਵੀਰ ਸਿੰਘ ਨੂੰ ਚਾਰਜ ਦਿੱਤਾ ਗਿਆ।

## ਦਿੱਲੀ ਵਿਧਾਨ ਸਭਾ ਗੈਲਰੀ ਤੋਂ ਹਟਾਏ ਗਏ ਕੱਚ ਦੇ ਪੈਨਲ

ਨਵੀਂ ਦਿੱਲੀ 2 ਮਈ। ਦਿੱਲੀ ਵਿਧਾਨ ਸਭਾ ਦੇ ਸਪੀਕਰ ਵਿਜੇਂਦਰ ਗੁਪਤਾ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਸਦਨ ਦੀ ਕਾਰਵਾਈ ਦੀ ਨਿਰਵਿਘਨ ਮੀਡੀਆ ਕਵਰੇਜ ਨੂੰ ਯਕੀਨੀ ਬਣਾਉਣ ਲਈ ਦਿੱਲੀ ਵਿਧਾਨ ਸਭਾ ਗੈਲਰੀ 'ਚ ਲਗਾਇਆ ਗਿਆ ਸ਼ੀਸ਼ੇ ਦਾ ਪੈਨਲ ਹੁਣ ਹਟਾ ਦਿੱਤਾ ਗਿਆ ਹੈ। ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਗੁਪਤਾ ਨੇ ਕਿਹਾ ਕਿ ਇਹ 'ਵਧੇਰੇ ਲੋਕਤੰਤਰੀ ਜਵਾਬਦੇਹੀ' ਅਤੇ ਵਿਧਾਨ ਸਭਾ ਨੂੰ ਇਕ ਪਾਰਦਰਸ਼ੀ ਅਤੇ ਲੋਕ-ਕੇਂਦ੍ਰਿਤ ਸੰਸਥਾ ਵਜੋਂ ਬਹਾਲ ਕਰਨ ਵੱਲ ਇਕ 'ਮਹੱਤਵਪੂਰਨ ਕਦਮ' ਹੈ। ਭਾਜਪਾ ਨੇਤਾ ਨੇ ਕਿਹਾ,÷ਇਸ ਕਦਮ ਨਾਲ, ਦਿੱਲੀ ਵਿਧਾਨ ਸਭਾ ਨੇ ਮੀਡੀਆ ਨੂੰ ਸਸ਼ਕਤ ਬਣਾਉਣ ਅਤੇ ਲੋਕਤੰਤਰੀ ਪ੍ਰਕਿਰਿਆਵਾਂ ਤੱਕ ਵਧੇਰੇ ਜਨਤਕ ਪਹੁੰਚ ਦੀ ਸਹੂਲਤ ਦੇਣ ਦੀ ਆਪਣੀ ਵਚਨਬੱਧਤਾ ਦੀ ਪੁਸ਼ਟੀ ਕੀਤੀ ਹੈ।÷ ਉਨ੍ਹਾਂ ਕਿਹਾ ਕਿ ਵਿਧਾਨ ਸਭਾ ਦੇ ਕੰਮਕਾਜ 'ਚ ਪਾਰਦਰਸ਼ਤਾ ਨਾਲ ਸਮਝੌਤਾ ਨਹੀਂ ਕੀਤਾ ਜਾ ਸਕਦਾ।

# ਪੰਜਾਬ ਦੇ ਪਾਣੀਆਂ ਦੀ ਰਾਖੀ ਲਈ ਵੱਡਾ ਮੋਰਚਾ ਲਗਾਵੇਗਾ ਅਕਾਲੀ ਦਲ: ਸੁਖਬੀਰ ਬਾਦਲ

**ਨਵਦੀਪ ਸਿੰਘ ਸਾਹਨੀ**

ਚੰਡੀਗੜ੍ਹ 2 ਮਈ। ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵੱਲੋਂ ਹਰਿਆਣਾ ਨੂੰ ਵਾਧੂ ਪਾਣੀ ਦੇਣ ਦਾ ਮਾਮਲਾ ਭੱਖਦਾ ਜਾ ਰਿਹਾ ਹੈ। ਇਸ ਮਾਮਲੇ ਵਿਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਤੇ ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਨੇ ਭਾਰਤੀ ਜਨਤਾ ਪਾਰਟੀ 'ਤੇ ਤਿੱਖਾ ਹਮਲਾ ਕੀਤਾ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਪੰਜਾਬ ਦੇ ਪਾਣੀਆਂ ਦੀ ਰਾਖੀ ਲਈ ਵੱਡਾ ਮੋਰਚਾ ਲਾਉਣ ਦੀ ਚਿਤਾਵਨੀ ਵੀ ਦਿੱਤੀ ਹੈ। ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਭਾਜਪਾ ਸ਼ਾਸਿਤ ਰਾਜ ਹਰਿਆਣਾ, ਰਾਜਸਥਾਨ ਅਤੇ ਦਿੱਲੀ ਸਾਡੇ ਪੰਜਾਬ ਦੇ ਪਾਣੀਆਂ ਦੀ ਲੁੱਟ ਲਈ ਭਾਖੜਾ ਬਿਆਸ ਪ੍ਰਬੰਧਨ ਬੋਰਡ ਦੀ ਮੀਟਿੰਗ ਵਿਚ ਭਾਖੜਾ ਡੈਮ ਤੋਂ ਪੰਜਾਬ ਦੇ ਪਾਣੀ ਖੋਹਣ ਲਈ ਪੰਜਾਬ ਵਿਰੁੱਧ ਇੱਕਜੁੱਟ ਹੋ ਗਏ ਹਨ। ਪੰਜਾਬ ਦੇ ਕੁਦਰਤੀ ਸਰੋਤਾਂ ਦੀ ਇਹ ਲੁੱਟ ਅਤੇ ਸ਼ਰੇਆਮ ਧੱਕੇਸ਼ਾਹੀ ਪੰਜਾਬ ਦੇ ਕਿਸਾਨਾਂ ਤੋਂ ਇਕ ਬਦਲਾ ਲੈਣ ਵਾਲੀ ਭਾਵਨਾ ਜਾਪਦੀ ਹੈ ਅਤੇ ਜੇਕਰ ਇਸ ਨੂੰ ਸ਼ੁਰੂਆਤੀ ਦੌਰ ਵਿਚ ਹੀ ਰੋਕਿਆ ਨਾ ਗਿਆ ਤਾਂ



ਇਹ ਸਾਡੀ ਕਿਸਾਨੀ ਅਤੇ ਆਰਥਿਕਤਾ ਨੂੰ ਤਬਾਹ ਕਰ ਦੇਵੇਗੀ। ਸੁਖਬੀਰ ਸਿੰਘ ਬਾਦਲ ਨੇ ਮੰਗ ਕੀਤੀ ਕਿ ਭਾਖੜਾ-ਬਿਆਸ ਪ੍ਰਬੰਧਨ ਬੋਰਡ 'ਚ ਪੰਜਾਬ ਦੇ ਪ੍ਰਤੀਨਿਧੀ (ਬਿਜਲੀ ਵਿਭਾਗ) ਨੂੰ ਮੈਂਬਰ ਵਜੋਂ ਤੁਰੰਤ ਬਹਾਲ ਕੀਤਾ ਜਾਵੇ ਤੇ ਪੰਜਾਬ ਦੇ ਪੱਖ ਨੂੰ ਅੱਖੋਂ ਪਰੋਖੇ ਕਰ ਹਰਿਆਣਾ ਨੂੰ ਵਾਧੂ ਪਾਣੀ ਦੇਣ ਲਈ ਦਿੱਤੀ ਗਈ ਮਨਜ਼ੂਰੀ ਨੂੰ ਤੁਰੰਤ ਰੱਦ ਕੀਤਾ ਜਾਵੇ। ਉਨ੍ਹਾਂ ਨੇ ਪੰਜਾਬ ਸਰਕਾਰ ਨੂੰ ਵੀ ਅਪੀਲ ਕੀਤੀ ਕਿ ਉਹ ਇਹ ਗੱਲ ਯਕੀਨੀ ਬਣਾਉਣ ਲਈ ਠੋਸ ਕਾਰਵਾਈ ਕਰੇ ਕਿ ਪੰਜਾਬ ਵਿਚੋਂ ਕਿਸੇ ਵੀ ਹੈੱਡ ਵਰਕਸ ਰਾਹੀਂ ਹਰਿਆਣਾ ਨੂੰ ਵਾਧੂ ਪਾਣੀ ਨਹੀਂ ਛੱਡਿਆ ਜਾਵੇਗਾ ਅਤੇ ਹਰਿਆਣਾ ਨੂੰ ਪਹਿਲਾਂ ਛੱਡੇ ਜਾ ਰਹੇ ਵਾਧੂ ਪਾਣੀ ਨੂੰ ਵੀ ਰੋਕਿਆ ਜਾਵੇ। ਸੁਖਬੀਰ ਨੇ ਚਿਤਾਵਨੀ ਦਿੱਤੀ ਕਿ ਜੇਕਰ ਪੰਜਾਬ ਸਰਕਾਰ ਅਜਿਹਾ ਨਾ ਕਰਕੇ ਹਰਿਆਣਾ ਅਤੇ ਕੇਂਦਰ ਸਰਕਾਰ ਦੇ ਦਬਾਅ ਅੱਗੇ ਝੁਕ ਜਾਂਦੀ ਹੈ ਤਾਂ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੇ ਪਾਣੀਆਂ ਦੇ ਅਧਿਕਾਰਾਂ ਦੀ ਰਾਖੀ ਲਈ ਇਕ ਵੱਡਾ ਮੋਰਚਾ ਲਗਾਵੇਗਾ।

## ਗੱਡੀ ਦੀ ਟੱਕਰ ਕਾਰਨ ਵਿਅਕਤੀ ਦੀ ਹੋ ਗਈ ਮੌਤ

ਨਵੀਂ ਦਿੱਲੀ 2 ਮਈ। ਦੱਖਣ-ਪੱਛਮੀ ਦਿੱਲੀ ਵਿੱਚ ਇੱਕ ਤੇਜ਼ ਰਫ਼ਤਾਰ ਕਾਰ ਦੀ ਟੱਕਰ ਨਾਲ ਇੱਕ ਵਿਅਕਤੀ ਦੀ ਮੌਤ ਹੋ ਗਈ। ਮਾਮਲੇ ਦੀ ਜਾਣਕਾਰੀ ਦਿੰਦਿਆਂ ਅਧਿਕਾਰੀਆਂ ਨੇ ਕਿਹਾ ਕਿ ਪੁਲਸ ਨੇ ਇਸ ਮਾਮਲੇ ਵਿੱਚ ਪੱਛਮੀ ਵਿਹਾਰ ਦੇ ਰਹਿਣ ਵਾਲੇ ਰਾਜੇਸ਼ ਮਹਿਤਾ (55) ਨੂੰ ਗ੍ਰਿਫ਼ਤਾਰ ਕੀਤਾ ਹੈ। ਡਿਪਟੀ ਕਮਿਸ਼ਨਰ ਆਫ਼ ਪੁਲਸ (ਦੱਖਣ-ਪੱਛਮ) ਸੁਰੇਂਦਰ ਚੌਧਰੀ ਨੇ ਕਿਹਾ ਕਿ ਇਹ ਘਟਨਾ 26 ਅਪ੍ਰੈਲ ਨੂੰ ਵਾਪਰੀ ਸੀ ਅਤੇ ਪੁਲਸ ਕੰਟਰੋਲ ਰੂਮ (ਪੀ.ਸੀ.ਆਰ.) ਨੂੰ ਸੂਚਨਾ ਮਿਲੀ ਸੀ ਕਿ ਇੱਕ ਜ਼ਖ਼ਮੀ ਵਿਅਕਤੀ ਰਿੰਗ ਰੋਡ 'ਤੇ ਪਿਆ ਹੈ। ਜ਼ਖ਼ਮੀ ਵਿਅਕਤੀ ਨੂੰ ਆਲ ਇੰਡੀਆ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ (ਏਮਜ਼) ਦੇ ਟਰਾਮਾ ਸੈਂਟਰ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਅਧਿਕਾਰੀ ਨੇ ਦੱਸਿਆ ਕਿ ਪੁਲਸ ਨੂੰ ਮੌਕੇ ਤੋਂ ਇੱਕ ਆਧਾਰ ਕਾਰਡ ਮਿਲਿਆ, ਜਿਸ ਤੋਂ ਬਾਅਦ ਮ੍ਰਿਤਕ ਦੀ ਪਛਾਣ ਮੱਧ ਪ੍ਰਦੇਸ਼ ਦੇ ਰਹਿਣ ਵਾਲੇ ਮੂਲੂ (34) ਵਜੋਂ ਹੋਈ ਅਤੇ ਪੋਸਟਮਾਰਟਮ ਤੋਂ ਬਾਅਦ ਲਾਸ਼ ਉਸ ਦੇ ਪਰਿਵਾਰ ਨੂੰ ਸੌਂਪ ਦਿੱਤੀ ਗਈ ਹੈ। ਡੀ.ਸੀ.ਪੀ. ਨੇ ਕਿਹਾ ਕਿ ਆਰਕੇ ਪੁਰਮ ਪੁਲਸ ਸਟੇਸ਼ਨ ਵਿੱਚ ਮਾਮਲਾ ਦਰਜ ਕੀਤਾ ਗਿਆ ਸੀ ਅਤੇ ਜਾਂਚ ਸ਼ੁਰੂ ਕੀਤੀ ਗਈ ਸੀ। ਪੁਲਸ ਨੇ ਦੱਸਿਆ ਕਿ ਸ਼ੁਰੂਆਤ ਵਿੱਚ ਆਲੇ-ਦੁਆਲੇ ਸੀਸੀਟੀਵੀ ਕੈਮਰੇ ਨਾ ਹੋਣ ਅਤੇ ਭਾਰੀ ਆਵਾਜਾਈ ਕਾਰਨ ਕੋਈ ਸੁਰਾਗ ਨਹੀਂ ਮਿਲਿਆ। ਇਸ ਮਗਰੋਂ ਪੁਲਸ ਨੇ ਕਿਹਾ ਕਿ ਇੱਕ ਵਿਸ਼ੇਸ਼ ਟੀਮ ਬਣਾਈ ਗਈ ਸੀ ਜਿਸ ਨੇ ਧੌਲਾ ਕੁਆਂ ਤੋਂ ਏਮਜ਼ ਅਤੇ ਪੱਛਮੀ ਦਿੱਲੀ ਤੱਕ 25 ਕਿਲੋਮੀਟਰ ਦੇ ਖੇਤਰ ਵਿੱਚ 100 ਤੋਂ ਵੱਧ ਸੀ.ਸੀ.ਟੀ.ਵੀ. ਫੁਟੇਜ ਸਕੈਨ ਕੀਤੇ ਸਨ। ਸੀ.ਸੀ.ਟੀ.ਵੀ. ਫੁਟੇਜ 'ਚ ਘਟਨਾ ਦੇ ਸਮੇਂ ਇੱਕ ਚਿੱਟੀ ਕਾਰ ਕਈ ਥਾਵਾਂ ਤੋਂ ਲੰਘਦੀ ਦਿਖਾਈ ਦਿੱਤੀ, ਜਿਸ ਵਿੱਚ ਡਰਾਈਵਰ ਦੀ ਸੀਟ ਵਾਲੇ ਪਾਸੇ 'ਡੈਂਟ' ਸੀ, ਜੋ ਕਿ ਪੱਛਮੀ ਵਿਹਾਰ ਵਿੱਚ ਮਿਲੀ। ਜਾਂਚ ਦੌਰਾਨ ਪਾਇਆ ਗਿਆ ਕਿ ਕਾਰ ਇੱਕ ਔਰਤ ਦੇ ਨਾਂ 'ਤੇ ਰਜਿਸਟਰਡ ਸੀ। ਜਦੋਂ ਉਸ ਤੋਂ ਪੁੱਛਗਿੱਛ ਕੀਤੀ ਗਈ ਤਾਂ ਉਸ ਨੇ ਪੁਲਿਸ ਨੂੰ ਦੱਸਿਆ ਕਿ ਘਟਨਾ ਵਾਲੇ ਦਿਨ ਉਸ ਦਾ ਪਤੀ ਕਾਰ ਚਲਾ ਰਿਹਾ ਸੀ। ਡੀ.ਸੀ.ਪੀ. ਨੇ ਕਿਹਾ, ਮਹਿਤਾ ਨੂੰ ਪੁੱਛਗਿੱਛ ਲਈ ਬੁਲਾਇਆ ਗਿਆ ਸੀ ਅਤੇ ਉਸ ਨੇ ਆਪਣਾ ਅਪਰਾਧ ਕਬੂਲ ਕਰ ਲਿਆ।

## ਪਹਿਲਗਾਮ ਹਮਲੇ ਦੀ ਨਹੀਂ ਹੋਵੇਗੀ ਨਿਆਂਇਕ ਜਾਂਚ: ਸੁਪਰੀਮ ਕੋਰਟ

ਨਵੀਂ ਦਿੱਲੀ 2 ਮਈ। ਸੁਪਰੀਮ ਕੋਰਟ ਨੇ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿਚ 22 ਅਪ੍ਰੈਲ ਨੂੰ ਹੋਏ ਅੱਤਵਾਦੀ ਹਮਲੇ ਦੀ ਨਿਆਂਇਕ ਜਾਂਚ ਦੀ ਮੰਗ ਵਾਲੀ ਜਨਹਿੱਤ



ਪਟੀਸ਼ਨ 'ਤੇ ਵਿਚਾਰ ਕਰਨ ਤੋਂ ਇਨਕਾਰ ਕਰ ਦਿੱਤਾ। ਦੱਸ ਦੇਈਏ ਕਿ 22 ਅਪ੍ਰੈਲ ਨੂੰ ਸੈਲਾਨੀਆਂ 'ਤੇ ਹੋਏ ਹਮਲੇ ਵਿਚ 26 ਲੋਕਾਂ ਦੀ ਮੌਤ ਹੋ ਗਈ ਸੀ ਅਤੇ ਕਈ ਹੋਰ ਜ਼ਖ਼ਮੀ ਹੋ ਗਏ ਸਨ। ਜਸਟਿਸ ਸੂਰਿਆਕਾਂਤ ਅਤੇ ਜਸਟਿਸ ਐੱਨ. ਕੋਟੀਸ਼ਵਰ ਸਿੰਘ ਦੀ ਬੈਂਚ ਨੇ ਪਟੀਸ਼ਨ ਖਾਰਜ ਕਰਦਿਆਂ ਪਟੀਸ਼ਨਕਰਤਾ ਦੇ ਵਕੀਲ ਨੂੰ ਕਿਹਾ ਕਿ ਇਹ ਸਹੀ ਸਮਾਂ ਨਹੀਂ ਹੈ। ਇਹ ਮਹੱਤਵਪੂਰਨ ਸਮਾਂ ਹੈ, ਜਦੋਂ ਹਰ ਨਾਗਰਿਕ ਨੇ ਹੱਥ ਮਿਲਾਇਆ। ਅਜਿਹੀ ਕੋਈ ਪ੍ਰਾਰਥਨਾ ਨਾ ਕਰੋ, ਜਿਸ ਨਾਲ ਸੁਰੱਖਿਆ ਫੋਰਸ ਦਾ ਮਨੋਬਲ ਡਿੱਗੇ। ਇਹ ਸਾਨੂੰ ਸਵੀਕਾਰ ਨਹੀਂ ਹੈ। ਮਾਮਲੇ ਦੀ ਸੰਵੇਦਨਸ਼ੀਲਤਾ ਨੂੰ ਵੇਖੋ। ਬੈਂਚ ਦੇ ਸਾਹਮਣੇ ਵਕੀਲ ਵਲੋਂ ਇਸ ਜਨਹਿੱਤ ਪਟੀਸ਼ਨ ਦਾ ਜ਼ਿਕਰ ਕਰਨ ਦੀ ਕੋਸ਼ਿਸ਼ ਦੌਰਾਨ ਹੀ ਇਨ੍ਹਾਂ ਟਿੱਪਣੀਆਂ ਨਾਲ ਅਦਾਲਤ ਨੇ ਪਟੀਸ਼ਨ 'ਤੇ ਸੁਣਵਾਈ ਕਰਨ ਤੋਂ ਸਾਫ ਤੌਰ 'ਤੇ ਇਨਕਾਰ ਕਰ ਦਿੱਤਾ। ਵਕੀਲ ਫਤੇਸ਼ ਕੁਮਾਰ ਸਾਹੂ ਅਤੇ ਵਿੱਕੀ ਕੁਮਾਰ ਅਤੇ ਇਕ ਹੋਰ ਵਿਅਕਤੀ ਜੁਨੈਦ ਮੁਹੰਮਦ ਨੇ ਇਹ ਪਟੀਸ਼ਨ ਦਾਇਰ ਕੀਤੀ ਸੀ।

# ਪੰਜਾਬ ਦੀ ਸਿਆਸਤ ਬਾਰੇ ਕੀ ਬੋਲੇ ਨਵਜੋਤ ਸਿੱਧੂ, ਕਾਂਗਰਸ ਨੂੰ ਲੈ ਕੇ ਵੀ ਦਿੱਤਾ ਬਿਆਨ

**ਤੇਜਿੰਦਰ ਕੌਰ ਬੱਬਰ**

ਅੰਮ੍ਰਿਤਸਰ 2 ਮਈ। ਕਾਂਗਰਸ ਦੇ ਸਾਬਕਾ ਪ੍ਰਧਾਨ ਨਵਜੋਤ ਸਿੱਧੂ ਨੇ ਆਖਿਆ ਹੈ ਕਿ ਪੰਜਾਬ ਦੀ ਸਿਆਸਤ ਕਿਸ ਦਿਸ਼ਾ ਵੱਲ ਜਾ ਰਹੀ ਹੈ, ਇਹ ਲੋਕ ਤੈਅ ਕਰਨਗੇ। ਅੰਮ੍ਰਿਤਸਰ ਵਿਚ ਪ੍ਰੈੱਸ ਕਾਨਫਰੰਸ ਕਰਦਿਆਂ ਸਿੱਧੂ ਨੇ ਕਿਹਾ ਕਿ ਮੈਂ ਸਿਆਸਤ ਲੋਕਾਂ ਦੀ ਭਲਾਈ ਲਈ ਕੀਤੀ, ਮੈਂ ਕਿਰਦਾਰ ਨਾਲ ਕੋਈ ਸਮਝੌਤਾ ਨਹੀਂ ਕੀਤਾ। ਮੈਂ ਸਿਆਸਤ ਨਾਲ ਆਪਣੇ ਘਰ ਵਿਚ ਇਕ ਵੀ ਪੈਸਾ ਨਹੀਂ ਲਗਾਇਆ। ਇਸ ਦੇ ਨਾਲ ਹੀ ਪੱਤਰਕਾਰਾਂ ਨੇ ਜਦੋਂ ਸਿੱਧੂ ਤੋਂ ਸਵਾਲ ਕੀਤਾ ਕਿ ਉਹ ਅਜੇ ਵੀ ਕਾਂਗਰਸ ਦਾ ਹਿੱਸਾ ਹਨ ਤਾਂ ਉਨ੍ਹਾਂ ਗੋਲ-ਮੋਲ ਜਵਾਬ ਦਿੰਦਿਆਂ ਕਿਹਾ ਕਿ ਇਸ ਲਈ ਕੋਈ ਸਬੂਤ ਦੇਣ ਦੀ ਲੋੜ ਨਹੀਂ ਹੈ। ਹਾਲਾਂਕਿ ਇਸ ਪ੍ਰੈੱਸ ਕਾਨਫੰਸ ਦੌਰਾਨ ਸਿੱਧੂ ਸਵਾਲਾਂ ਦਾ ਸਿੱਧੇ ਤੌਰ 'ਤੇ ਜਵਾਬ ਦੇਣ ਬਚਦੇ ਰਹੇ ਅਤੇ ਗੋਲ-ਮੋਲ ਗੱਲਾਂ ਕਰਕੇ ਆਪਣੀ ਗੱਲ ਰੱਖਦੇ ਰਹੇ। ਪੱਤਰਕਾਰਾਂ ਨੇ ਜਦੋਂ ਉਨ੍ਹਾਂ ਤੋਂ ਪੁੱਛਿਆ ਕਿ ਕੀ ਤੁਸੀਂ ਅਜੇ ਵੀ ਆਪਣੇ ਹਲਕੇ ਤੋਂ ਚੋਣ ਲੜੋਗੇ ਤਾਂ ਉਨ੍ਹਾਂ ਕਿਹਾ ਕਿ ਸਿੱਧੂ ਪਰਿਵਾਰ ਕਦੇ ਵੀ ਆਪਣੀ ਜ਼ੁਬਾਨ ਤੋਂ ਪਿੱਛੇ ਨਹੀਂ ਹਟਿਆ ਹੈ। ਮੁੜ ਤੋਂ ਸਰਗਰਮ ਸਿਆਸਤ ਵਿਚ ਆਉਣ ਦੇ ਸਵਾਲ 'ਤੇ ਸਿੱਧੂ ਨੇ ਕਿਹਾ ਕਿ ਗੁਪਤ



ਵਿਚਾਰ ਪ੍ਰਗਟ ਹੋ ਜਾਣ ਤਾਂ ਰਾਸ਼ਟਰ ਤਬਾਹ ਹੋ ਜਾਂਦਾ ਹੈ। ਮੈਂ ਕਦੋਂ ਆਵਾਂਗਾ ਇਹ ਸਮਾਂ ਦੱਸੇਗਾ। ਜਦੋਂ ਮੈਂ ਸਿਆਸਤ ਵਿਚ ਆਇਆ ਸੀ ਤਾਂ ਮੈਨੂੰ ਵੀ ਨਹੀਂ ਪਤਾ ਸੀ, ਸਿਆਸਤ ਖੁਦ ਖਿੱਚ ਕੇ ਲੈ ਆਉਂਦੀ ਹੈ। ਇਸ ਮੌਕੇ ਜਦੋਂ ਸਿੱਧੂ ਤੋਂ ਪਹਿਲਗਾਮ ਹਮਲੇ ਤੋਂ ਬਾਅਦ ਭਾਰਤ-ਪਾਕਿ ਵਿਚਾਲੇ ਬਣੇ ਤਣਾਅ ਸੰਬੰਧੀ ਸਵਾਲ ਪੁੱਛਿਆ ਗਿਆ ਤਾਂ ਉਨ੍ਹਾਂ ਕਿਹਾ ਕਿ ਇਸ ਦਾ ਜਵਾਬ ਸਰਕਾਰ ਦੇਵੇਗੀ। ਇਸ ਦੌਰਾਨ ਸਿੱਧੂ ਨੇ ਕਿਹਾ ਕਿ ਉਹ ਯੂ ਟਿਊਬ ÷ਤੇ ਨਵਾਂ ਚੈਨਲ ਸ਼ੁਰੂ ਕਰਨ ਜਾ ਰਹੇ ਹਨ। 'ਨਵਜੋਤ ਸਿੱਧੂ ਆਫੀਸ਼ੀਅਲ' ਨਾਂ ਦੇ ਚੈਨਲ 'ਤੇ ਉਹ ਆਪਣੇ ਨਾਲ ਸਬੰਧਤ ਹਰ ਗੱਲ ਸਾਂਝੀ ਕਰਨਗੇ। ਸਿੱਧੂ ਨੇ ਕਿਹਾ ਕਿ ਇਹ ਪਹਿਲੀ ਵਾਰ ਹੈ ਜਦੋਂ ਮੈਂ ਆਤਮਨਿਰਭਰ ਹੋ ਕੇ ਆਪਣੀ ਗੱਲ ਰੱਖਾਂਗਾ। ਉਨ੍ਹਾਂ ਕਿਹਾ ਕਿ ਲੋਕ ਰੋਜ਼ਾਨਾ ਮੈਨੂੰ ਪੁੱਛਦੇ ਹਨ ਕਿ ਤੁਸੀਂ 30 ਕਿੱਲੋ ਭਾਰ ਕਿਵੇਂ ਘਟਾਇਆ, ਤੁਸੀਂ ਆਪਣਾ ਲਾਈਫ ਸਟਾਈਲ ਸਾਂਝਾ ਕਰੋ, ਕੱਪੜਿਆਂ ਦੀ ਚੋਣ ਕਿਵੇਂ ਕਰਦੇ ਹੋਏ, ਇਸ ਚੈਨਲ 'ਤੇ ਮੈਂ ਆਪਣੇ ਨਾਲ ਸਬੰਧਤ ਹਰ ਗਾਂਝੀ ਦੱਸਾਂਗਾ ਤੇ ਡਾਈਟ ਚਾਟ ਵੀ ਸਾਂਝਾ ਕਰਾਂਗਾ। ਸਿੱਧੂ ਨੇ ਕਿਹਾ ਕਿ ਇਸ ਚੈਨਲ ਰਾਹੀਂ ਮੈਂ ਆਪਣੀ ਜ਼ਿੰਦਗੀ ਦਾ ਨਵਾਂ ਅਧਿਆਏ ਸ਼ੁਰੂ ਕਰਨ ਜਾ ਰਿਹਾ ਹਾਂ। ਇਸ ਚੈਨਲ ਨੂੰ ਪੂਰੀ ਤਰ੍ਹਾਂ ਪ੍ਰੋਫ਼ੈਸ਼ਨਲ ਤਰੀਕੇ ਨਾਲ ਚਲਾਇਆ ਜਾਵੇਗਾ।

## 'ਪਾਕਿਸਤਾਨ ਨਾਲ ਰਿਸ਼ਤੇ ਉਦੋਂ ਤੱਕ ਨਹੀਂ ਸੁਧਰਨਗੇ ਜਦੋਂ ਤੱਕ': ਫਾਰੂਕ ਅਬਦੁੱਲਾ

ਸ਼੍ਰੀਨਗਰ 2 ਮਈ। ਨੈਸ਼ਨਲ ਕਾਨਫਰੰਸ (ਨੇਕਾਂ) ਦੇ ਪ੍ਰਧਾਨ ਫਾਰੂਕ ਅਬਦੁੱਲਾ ਨੇ ਪਾਕਿਸਤਾਨ ਨੂੰ ਅਸਫ਼ਲ ਦੇਸ਼ ਕਰਾਰ ਦਿੰਦੇ ਹੋਏ ਕਿਹਾ ਕਿ ਜਦੋਂ ਤੱਕ ਗੁਆਂਢੀ ਦੇਸ਼ 'ਚ ਜਨਤਾ ਦੀ ਸਰਕਾਰ ਨਹੀਂ ਚੁਣੀ ਜਾਂਦੀ, ਉਦੋਂ ਤੱਕ ਨਵੀਂ ਦਿੱਲੀ ਅਤੇ ਇਸਲਾਮਾਬਾਦ ਦੇ ਰਿਸ਼ਤੇ ਨਹੀਂ ਸੁਧਰਨਗੇ। ਫਾਰੂਕ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪਾਕਿਸਤਾਨ ਦੇ ਲੋਕ ਭਾਰਤ ਨਾਲ ਦੋਸਤੀ ਚਾਹੁੰਦੇ ਹਨ। ਉਨ੍ਹਾਂ ਨੇ ਚਿਤਾਵਨੀ ਦਿੱਤੀ ਕਿ ਦੋਹਾਂ ਦੇਸ਼ਾਂ ਵਿਚਾਲੇ ਜੰਗ ਦੇ ਖ਼ਤਰਨਾਕ ਨਤੀਜੇ ਹੋਣਗੇ। ਫਾਰੂਕ ਤੋਂ ਜਦੋਂ ਪੁੱਛਿਆ ਗਿਆ ਕਿ ਕੀ ਭਾਰਤ ਅਤੇ ਪਾਕਿਸਤਾਨ ਵਿਚਾਲੇ ਜੰਗ ਅੰਤਿਮ ਵਿਕਲਪ ਹੈ, ਤਾਂ ਉਨ੍ਹਾਂ ਨੇ ਕਿਹਾ ਕਿ ਤਣਾਅ ਤਾਂ ਹੈ ਪਰ ਮੈਂ ਇਹ ਨਹੀਂ ਕਹਿ ਸਕਦਾ ਕਿ ਇਹ ਅੰਤਿਮ ਵਿਕਲਪ ਹੈ ਜਾਂ ਨਹੀਂ। ਦੋਹਾਂ ਦੇਸ਼ਾਂ ਦੇ ਸ਼ਾਸਕਾਂ ਨੂੰ ਇਸ ਦਾ ਫ਼ੈਸਲਾ ਕਰਨਾ ਹੈ। ਹਾਲਾਂਕਿ ਜੰਮੂ-ਕਸ਼ਮੀਰ ਸੂਬੇ ਦੇ ਸਾਬਕਾ ਮੁੱਖ ਮੰਤਰੀ ਨੇ ਕਿਹਾ ਕਿ ਦੋਹਾਂ ਦੇਸ਼ਾਂ ਵਿਚਾਲੇ ਰਿਸ਼ਤੇ ਉਦੋਂ ਸੁਧਰਨਗੇ ਜਦੋਂ ਫ਼ੌਜ ਚੱਲੀ ਜਾਵੇਗੀ ਅਤੇ ਪਾਕਿਸਤਾਨ ਵਿਚ ਜਨਤਾ ਦੀ ਸਰਕਾਰ ਬਣੇਗੀ। ਫਾਰੂਕ ਨੇ ਕਿਹਾ ਕਿ ਮੈਨੂੰ ਨਹੀਂ ਲੱਗਦਾ ਕਿ ਜਦੋਂ ਤੱਕ ਉੱਥੇ ਫ਼ੌਜ ਰਹੇਗੀ, ਭਾਰਤ ਅਤੇ ਪਾਕਿਸਤਾਨ ਦੇ ਰਿਸ਼ਤੇ ਸੁਧਰਨਗੇ। ਪਾਕਿਸਤਾਨ ਦੇ ਲੋਕ ਭਾਰਤ ਨਾਲ ਦੋਸਤੀ ਚਾਹੁੰਦੇ ਹਨ ਪਰ ਉੱਥੇ ਮੌਜੂਦ ਸ਼ਾਸਕ ਵਰਗ ਨਹੀਂ। ਜਦੋਂ ਲੋਕਾਂ ਦੀ ਸਰਕਾਰ ਆਵੇਗੀ, ਤਾਂ ਮੈਨੂੰ ਯਕੀਨ ਹੈ ਕਿ ਭਾਰਤ ਅਤੇ ਪਾਕਿਸਤਾਨ ਵਿਚਾਲੇ ਸ਼ਾਂਤੀ ਹੋਵੇਗੀ। ਫਾਰੂਕ ਨੇ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਜੰਗ ਹੋਈ ਤਾਂ ਨਤੀਜੇ ਖ਼ਤਰਨਾਕ ਹੋਣਗੇ

# ਪੰਜਾਬ ਦੀ ਇਸ ਮੰਡੀ 'ਚ ਗੁੰਡਾਗਰਦੀ ਦਾ ਟਰੈਂਡ

ਜਲੰਧਰ 2 ਮਈ। ਮਕਸੂਦਾਂ ਸਬਜ਼ੀ ਮੰਡੀ ਵਿਚ ਠੇਕੇਦਾਰੀ ਦੀ ਜਗ?ਹਾ ਹੁਣ ਗੁੰਡਾਗਰਦੀ ਦਾ ਟ?ਰੈਂਡ ਚੱਲ ਪਿਆ ਹੈ। ਲਗਾਤਾਰ 3 ਦਿਨਾਂ ਤੋਂ ਮੰਡੀ ਦੇ ਹਾਲਾਤ ਆਮ ਵਰਗ ਨਹੀਂ ਹਨ। ਸ਼ਨੀਵਾਰ ਨੂੰ ਗੱਲ ਉਦੋਂ ਹੋਰ ਵਿਗੜ ਗਈ, ਜਦੋਂ ਦੋਨਾਲੀਆਂ ਲੈ ਕੇ ਲਗਭਗ 10 ਬਾਊਂਸਰ ਮੰਡੀ ਵਿਚ ਦਾਖਲ ਹੋ ਗਏ ਅਤੇ ਪੈਸਿਆਂ ਨੂੰ ਲੈ ਕੇ ਫੜ੍ਹੀ ਵਾਲਿਆਂ ਨੂੰ ਧਮਕਾਉਣ ਲੱਗੇ। ਕੁਝ ਫੜ੍ਹੀ ਵਾਲਿਆਂ ਨੇ ਵੀਡੀਓ ਬਣਾਉਣ ਦੀ ਕੋਸ਼ਿਸ਼ ਕੀਤੀ ਤਾਂ ਦੋਨਾਲੀ ਉਨ੍ਹਾਂ ਵੱਲ ਕਰਕੇ ਗੋਲ?ੀਆਂ ਚਲਾਉਣ ਦੀ ਧਮਕੀ ਦੇਣ ਲੱਗੇ, ਹਾਲਾਂਕਿ ਜਦੋਂ ਆੜ੍ਹਤੀਆਂ ਨੂੰ ਪਤਾ ਲੱਗਾ ਤਾਂ ਉਹ ਤੁਰੰਤ ਮੌਕੇ 'ਤੇ ਪਹੁੰਚ ਪਰ ਉਦੋਂ ਤਕ ਸਕਾਰਪੀਓ ਸਵਾਰ ਬੰਦੂਕਧਾਰੀ ਉਥੋਂ ਜਾ ਚੁੱਕੇ ਸਨ। ਫੜ੍ਹੀ ਵਾਲਿਆਂ ਨੇ ਦੱਸਿਆ ਕਿ ਉਹ ਐਡਵਾਂਸ ਮਾਰਕੀਟ ਕਮੇਟੀ ਨੂੰ ਇਕ ਮਹੀਨੇ ਦੀ ਫ਼ੀਸ 3 ਹਜ਼ਾਰ ਰੁਪਏ ਦੇ ਚੁੱਕੇ ਹਨ। ਠੇਕਾ ਸ਼ੁਰੂ ਹੁੰਦੇ ਹੀ ਠੇਕੇਦਾਰ ਦੇ ਕਰਿੰਦੇ ਉਨ੍ਹਾਂ ਨੂੰ ਅਪ੍ਰੈਲ ਮਹੀਨੇ ਦੀ ਫ਼ੀਸ ਦੇਣ 'ਤੇ ਮਜਬੂਰ ਕਰ ਰਹੇ ਹਨ। ਦਿਨ ਵਿਚ 2 ਵਾਰ ਉਨ੍ਹਾਂ ਦੀ 200-200 ਰੁਪਏ ਦੀ ਪਰਚੀ ਕੱਟੀ ਜਾ ਰਹੀ ਹੈ। ਵਿਰੋਧ ਕਰਦੇ ਹਾਂ ਤਾਂ ਕਦੀ ਉਨ੍ਹਾਂ ਨੂੰ ਥੱਪੜ ਮਾਰ ਦਿੱਤੇ ਜਾਂਦੇ ਹਨ ਅਤੇ ਕਦੀ ਬੰਦੂਕਾਂ ਵਿਖਾਈਆਂ ਜਾਂਦੀਆਂ ਹਨ। ਸ਼ਨੀਵਾਰ ਸਵੇਰੇ ਇਸ ਵਿਵਾਦ ਤੋਂ ਬਾਅਦ ਫੜ੍ਹੀ ਵਾਲੇ ਫਿਰ ਤੋਂ ਇਕੱਠੇ ਹੋ ਗਏ। ਉਨ੍ਹਾਂ ਕੰਮ ਰੋਕ ਦਿੱਤਾ। ਸ਼ਨੀਵਾਰ ਹੋਣ ਕਾਰਨ ਮਾਰਕੀਟ ਕਮੇਟੀ ਦਾ ਕੋਈ ਅਧਿਕਾਰੀ ਦਫ਼ਤਰ ਵਿਚ ਨਹੀਂ ਸੀ, ਜਿਸ ਕਾਰਨ ਆੜ੍ਹਤੀ ਸ਼ੈਂਟੀ ਬੱਤਰਾ, ਪ੍ਰੀਤ ਖਾਲਸਾ, ਪ੍ਰਵੇਸ਼ ਅਤੇ ਵਿੱਕੀ ਗਾਂਧੀ ਨੂੰ ਇਸ ਘਟਨਾ ਦਾ ਪਤਾ ਲੱਗਾ ਤਾਂ ਉਹ ਤੁਰੰਤ ਮੌਕੇ 'ਤੇ ਪਹੁੰਚ ਗਏ, ਹਾਲਾਂਕਿ ਉਦੋਂ ਉਹ ਲੋਕ ਉਥੋਂ ਜਾ ਚੁੱਕੇ ਸਨ ਪਰ ਫੜ੍ਹੀ ਵਾਲਿਆਂ ਦੀ ਗੱਲ ਸੁਣ ਕੇ ਸ਼ੈਂਟੀ ਬੱਤਰਾ ਨੇ ਕਿਹਾ ਕਿ ਠੇਕੇਦਾਰ ਨਾਲ ਗੱਲ ਕਰਨ 'ਤੇ ਵੀ ਕੋਈ ਹੱਲ ਨਿਕਲਿਆ ਅਤੇ ਫੜ੍ਹੀ ਵਾਲਿਆਂ ਨਾਲ ਧੱਕਾ ਹੋ ਰਿਹਾ ਹੈ। ਅਜਿਹੇ ਵਿਚ ਆੜ੍ਹਤੀਆਂ ਨੇ ਇਕਜੁੱਟ ਹੋ ਕੇ ਐਤਵਾਰ ਨੂੰ ਇਕ ਮੀਟਿੰਗ ਬੁਲਾਈ ਹੈ, ਜਿਸ ਵਿਚ ਰਣਨੀਤੀ ਤਿਆਰ ਕੀਤੀ ਜਾਵੇਗੀ। ਆੜ੍ਹਤੀ ਸ਼ੈਂਟੀ ਬੱਤਰਾ ਅਤੇ ਹੋਰ ਆੜ੍ਹਤੀਆਂ ਨੇ ਕਿਹਾ ਕਿ ਸਾਰੇ ਫੜ੍ਹੀ ਵਾਲੇ 20 ਤੋਂ 25 ਸਾਲਾਂ ਤੋਂ ਇਥੇ ਬੈਠੇ ਹੋਏ ਹਨ। ਅਜਿਹੇ ਹਾਲਾਤ ਪਹਿਲਾਂ ਕਦੀ ਨਹੀਂ ਬਣੇ। ਜੇਕਰ ਅਜਿਹਾ ਹੀ ਚੱਲਦਾ ਰਿਹਾ ਤਾਂ ਫੜ੍ਹੀ ਵਾਲੇ ਮੰਡੀ ਵਿਚੋਂ ਚਲੇ ਜਾਣਗੇ, ਜਿਸ ਨਾਲ ਸਾਰਿਆਂ ਦਾ ਨੁਕਸਾਨ ਹੋਵੇਗਾ। ਉਨ੍ਹਾਂ ਕਿਹਾ ਕਿ ਐਤਵਾਰ ਨੂੰ ਆੜ੍ਹਤੀਆਂ ਦਾ ਸਮੂਹ ਆਪਸ ਵਿਚ ਮੀਟਿੰਗ ਕਰੇਗਾ। ਜੇਕਰ ਇਸ ਵਿਵਾਦ ਦਾ ਕੋਈ ਹੱਲ ਨਾ ਨਿਕਲਿਆ ਤਾਂ ਆੜ੍ਹਤੀ ਵੀ ਮਾਰਕੀਟ ਫ਼ੀਸ ਦੇਣੀ ਬੰਦ ਕਰਨ ਦਾ ਫ਼ੈਸਲਾ ਲੈ ਸਕਦੇ ਹਨ। ਇਸ ਵਿਵਾਦ ਤੋਂ ਬਾਅਦ 11 ਮੈਂਬਰਾਂ ਦੀ ਬਣੀ ਸੰਘਰਸ਼ ਕਮੇਟੀ ਨੇ ਐਲਾਨ ਕੀਤਾ ਹੈ ਕਿ ਸੋਮਵਾਰ ਨੂੰ ਉਹ ਹੜਤਾਲ 'ਤੇ ਜਾ ਸਕਦੇ ਹਨ, ਹਾਲਾਂਕਿ ਆੜ੍ਹਤੀ ਉਨ੍ਹਾਂ ਨੂੰ ਮਨਾਉਣ ਵਿਚ ਲੱਗੇ ਹਨ ਅਤੇ ਪਰ ਕੋਈ ਹੱਲ ਨਾ ਨਿਕਲਣ 'ਤੇ ਸੋਮਵਾਰ ਤੋਂ ਹੜਤਾਲ ਸ਼ੁਰੂ ਹੋ ਸਕਦੀ ਹੈ। ਫੜ੍ਹੀ ਵਾਲਿਆਂ ਨੇ ਕਿਹਾ ਕਿ ਮਾਰਕੀਟ ਕਮੇਟੀ ਨੇ ਠੇਕੇਦਾਰੀ ਦਾ ਲਾਇਸੈਂਸ ਦਿੱਤਾ ਹੈ ਪਰ ਉਹ ਉਸ ਨੂੰ ਗੁੰਡਾਗਰਦੀ ਦਾ ਲਾਇਸੈਂਸ ਸਮਝ ਰਹੇ ਹਨ। 11 ਮੈਂਬਰਾਂ ਦੀ ਸੰਘਰਸ਼ ਕਮੇਟੀ ਨੇ ਇਹ ਵੀ ਕਿਹਾ ਕਿ ਇਸ ਸਾਰੇ ਵਿਵਾਦ ਨੂੰ ਲੈ ਕੇ ਉਨ੍ਹਾਂ ਦੀ ਕਮੇਟੀ ਜਲਦ ਡੀ. ਸੀ. ਅਤੇ ਪੁਲਸ ਕਮਿਸ਼ਨਰ ਨੂੰ ਮਿਲੇਗੀ ਤਾਂ ਕਿ ਮੰਡੀ ਵਿਚ ਖ਼ੂਨ-ਖਰਾਬਾ ਹੋਣ ਤੋਂ ਬਚਾਇਆ ਜਾ ਸਕੇ। ਇਸ ਸਬੰਧੀ ਮਾਰਕੀਟ ਕਮੇਟੀ ਦੇ ਸੈਕਟਰੀ ਰੁਪਿੰਦਰ ਸਿੰਘ ਨੇ ਕਿਹਾ ਕਿ ਜੇਕਰ ਕਿਸੇ ਫੜ੍ਹੀ ਵਾਲੇ ਨੇ ਮਾਰਕੀਟ ਕਮੇਟੀ ਨੂੰ ਫ਼ੀਸ ਚੁਕਾ ਦਿੱਤੀ ਹੈ ਤਾਂ ਉਸ ਨੂੰ ਠੇਕੇਦਾਰ ਨੂੰ ਇਸ ਮਹੀਨੇ ਦੀ ਪਰਚੀ ਨਹੀਂ ਦੇਣੀ ਪਵੇਗੀ। ਉਨ੍ਹਾਂ ਕਿਹਾ ਕਿ ਉਕਤ ਫੜ੍ਹੀ ਵਾਲਿਆਂ ਦੀ ਪੇਮੈਂਟ ਖ਼ੁਦ ਹੀ ਠੇਕੇਦਾਰ ਨਾਲ ਐਡਜਸਟ ਕਰ ਲਵੇਗੀ। ਸੈਕਟਰੀ ਨੇ ਕਿਹਾ ਕਿ ਜਿਹੜੇ-ਜਿਹੜੇ ਲੋਕਾਂ ਨੇ ਪਰਚੀ ਕਟਵਾ ਦਿੱਤੀ ਹੈ, ਉਹ ਠੇਕੇਦਾਰ ਨੂੰ ਪਰਚੀ ਵਿਖਾ ਦੇਣ, ਜਦਕਿ ਉਨ੍ਹਾਂ ਵੱਲੋਂ ਵੀ ਠੇਕੇਦਾਰ ਨੂੰ ਹਦਾਇਤ ਜਾਰੀ ਕਰ ਦਿੱਤੀ ਜਾਵੇਗੀ ਕਿ ਉਹ ਉਨ੍ਹਾਂ ਲੋਕਾਂ ਤੋਂ ਫ਼ੀਸ ਨਾ ਲੈਣ।

## ਬਿਜਲੀ ਦਾ ਕੁਨੈਕਸ਼ਨ ਦੇਣ ਬਦਲੇ 15 ਹਜ਼ਾਰ ਦੀ ਰਿਸ਼ਵਤ ਲੈਂਦਾ ਜੇ. ਈ. ਕਾਬੂ

ਮੋਹਾਲੀ 2 ਮਈ। ਮੋਹਾਲੀ ਵਿਜੀਲੈਂਸ ਨੇ ਬਿਜਲੀ ਦੇ ਮੀਟਰ ਦਾ ਕੁਨੈਕਸ਼ਨ ਲਗਵਾਉਣ ਬਦਲੇ ਰਿਸ਼ਵਤ ਲੈਣ ਵਾਲੇ ਜੇ. ਈ. ਨੂੰ 15 ਹਜ਼ਾਰ ਰੁਪਏ ਦੀ ਰਿਸ਼ਵਤ ਸਮੇਤ ਗ੍ਰਿਫ਼ਤਾਰ ਕੀਤਾ ਹੈ। ਉਸ ਦੀ ਪਛਾਣ ਜਸਮੇਲ ਸਿੰਘ ਵਜੋਂ ਹੋਈ ਹੈ। ਜਾਣਕਾਰੀ ਅਨੁਸਾਰ ਸ਼ਿਕਾਇਤਕਰਤਾ ਗੁਰਮੀਤ ਸਿੰਘ ਵਾਸੀ ਪਿੰਡ ਦਹਾੜਕਾ (ਜਗਰਾਂਓ) ਨੇ ਵਿਜੀਲੈਂਸ ਨੂੰ ਦਿੱਤੀ ਸ਼ਿਕਾਇਤ 'ਚ ਦੱਸਿਆ ਕਿ ਉਸ ਨੇ ਡੇਅਰੀ ਫਾਰਮ ਖੋਲ੍ਹਣ ਵਾਸਤੇ ਬਿਜਲੀ ਦੇ ਨਵੇਂ ਕੁਨੈਕਸ਼ਨ ਲੈਣ ਲਈ ਬਿਜਲੀ ਵਿਭਾਗ ਦੇ ਸਬ-ਡਵੀਜ਼ਨ (ਰੂਮੀ) ਜਗਰਾਓਂ ਵਿਖੇ ਅਪਲਾਈ ਕਰ ਦਿੱਤਾ। ਉਸ ਦੀ ਬਿਜਲੀ ਕੁਨੈਕਸ਼ਨ ਵਾਲੀ ਅਰਜ਼ੀ ਜੇ. ਈ. ਜਸਮੇਲ ਸਿੰਘ ਕੋਲ ਪਹੁੰਚੀ, ਜਿਸ ਨੇ ਫੋਨ ਕਰ ਕੇ ਬੁਲਾਇਆ ਤੇ ਕਿਹਾ ਕਿ ਨਵਾਂ ਬਿਜਲੀ ਦਾ ਕੁਨੈਕਸ਼ਨ ਇਸ ਤਰ੍ਹਾਂ ਨਹੀਂ ਮਿਲਦਾ, ਕੁਝ ਖ਼ਰਚਾ ਕਰਨਾ ਪੈਂਦਾ ਹੈ। ਜੇ. ਈ. ਜਸਮੇਲ ਸਿੰਘ ਨੇ ਉਸ ਨੂੰ ਬਿਜਲੀ ਦਾ ਕੁਨੈਕਸ਼ਨ ਦੇਣ ਲਈ 30 ਹਜ਼ਾਰ ਰੁਪਏ ਦੀ ਮੰਗ ਕੀਤੀ। ਉਸ ਨੇ ਜੇ. ਈ. ਨੂੰ ਕਿਹਾ ਗਿਆ ਕਿ ਉਕਤ ਰਕਮ ਜ਼ਿਆਦਾ ਹੈ ਕਿਉਂਕਿ ਉਸ ਨੇ ਤਾਂ ਹਾਲੇ ਆਪਣਾ ਨਵਾਂ ਕੰਮ ਸ਼ੁਰੂ ਕਰਨਾ ਹੈ। ਆਖ਼ਰਕਾਰ ਉਸ ਦਾ ਜੇ. ਈ. ਨਾਲ 15 ਹਜ਼ਾਰ ਰੁਪਏ 'ਚ ਹੀ ਸੌਦਾ ਤੈਅ ਹੋ ਗਿਆ। ਸ਼ਿਕਾਇਤਕਰਤਾ ਮੁਤਾਬਕ ਉਸ ਨੇ ਆਪਣੇ ਪਰਿਵਾਰ ਤੇ ਜਾਣਕਾਰਾਂ ਨਾਲ ਇਸ ਮਾਮਲੇ ਸਬੰਧੀ ਗੱਲਬਾਤ ਕੀਤੀ ਤੇ ਉਸ ਨੇ ਰਿਸ਼ਵਤ ਨਾ ਦੇਣ ਦਾ ਮਨ ਬਣਾ ਕੇ ਵਿਜੀਲੈਂਸ ਮੋਹਾਲੀ ਦੇ ਦਫ਼ਤਰ ਨੂੰ ਉਕਤ ਜੇ. ਈ. ਖ਼?ਲਾਫ਼ ਸ਼ਿਕਾਇਤ ਕੀਤੀ। ਵਿਜੀਲੈਂਸ ਨੇ ਉਕਤ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਜੇ. ਈ. ਜਸਮੇਲ ਸਿੰਘ ਨੂੰ ਉਸ ਦੇ ਦਫ਼ਤਰ 'ਚੋਂ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ 'ਚ 15 ਹਜ਼ਾਰ ਰੁਪਏ ਦੀ ਰਿਸ਼ਵਤ ਲੈਂਦਿਆਂ ਗ੍ਰਿਫ਼ਤਾਰ ਕਰ ਲਿਆ। ਉਸ ਖ਼?ਲਾਫ਼ ਭ੍ਰਿਸ਼ਟਾਚਾਰ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਹੈ

## ਲੁੱਟ-ਖੋਹ ਅਤੇ ਨਸ਼ਾ ਵੇਚਣ ਵਾਲੇ 4 ਵਿਅਕਤੀ ਮਾਰੂ ਹਥਿਆਰਾਂ ਸਮੇਤ ਕਾਬੂ

ਕੋਟਕਪੂਰਾ 2 ਮਈ। ਜ਼ਿਲ੍ਹਾ ਪੁਲਸ ਮੁਖੀ ਡਾ. ਪ੍ਰਗਿਆ ਜੈਨ ਵੱਲੋਂ ਬੁਰੇ ਅਨਸਰਾਂ ਖਿਲਾਫ ਸਖ਼ਤ ਕਾਰਵਾਈ ਕਰਨ ਦੀਆਂ ਹਦਾਇਤਾਂ 'ਤੇ ਥਾਣਾ ਸਦਰ ਪੁਲਸ ਕੋਟਕਪੂਰਾ ਵੱਲੋਂ ਰਾਹਗੀਰਾਂ ਤੋਂ ਲੁੱਟਾਂ-ਖੋਹਾਂ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ ਅਤੇ ਨਸ਼ਾ ਕਰਨ ਤੇ ਵੇਚਣ ਦੇ ਆਦੀ 4 ਵਿਅਕਤੀਆਂ ਨੂੰ ਮਾਰੂ ਹਥਿਆਰਾਂ ਸਮੇਤ ਗ੍ਰਿਫਤਾਰ ਕੀਤਾ ਹੈ। ਜਾਣਕਾਰੀ ਅਨੁਸਾਰ ਥਾਣਾ ਸਦਰ ਪੁਲਸ ਕੋਟਕਪੂਰਾ ਦੇ ਸਹਾਇਕ ਥਾਣੇਦਾਰ ਤਿਲਕ ਰਾਜ ਸਮੇਤ ਪੁਲਸ ਪਾਰਟੀ ਪਿੰਡ ਪੰਜਗਰਾਈਂ ਕਲਾਂ ਦੇ ਬੱਸ ਅੱਡੇ 'ਤੇ ਮੌਜੂਦ ਸਨ ਤਾਂ ਮੁਖ਼ਬਰ ਨੇ ਇਤਲਾਹ ਦਿੱਤੀ ਕਿ ਰਾਹਗੀਰਾਂ ਤੋਂ ਲੁੱਟਾਂ-ਖੋਹਾਂ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ ਅਤੇ ਨਸ਼ਾ ਵੇਚਣ ਤੇ ਕਰਨ ਦੇ ਆਦੀ



ਕੁੱਝ ਵਿਅਕਤੀ ਪਿੰਡ ਪੰਜਗਰਾਈ ਕਲਾਂ ਦੀ ਹੱਦ ਤੋਂ ਘਣੀਏਵਾਲਾ ਰੋਡ 'ਤੇ ਸੂਏ ਦੇ ਕੋਲ ਵੀਰਾਨ ਪਾਈ ਜਗ?ਹਾ 'ਤੇ ਲੁੱਕ-ਛਿਪ ਕੇ ਰਾਹਗੀਰਾਂ ਤੋਂ ਲੁੱਟ-ਖੋਹ ਕਰਨ ਦੀ ਯੋਜਨਾ ਬਣਾ ਰਹੇ ਹਨ ਅਤੇ ਜੇਕਰ ਹੁਣੇ ਕਾਰਵਾਈ ਕੀਤੀ ਜਾਵੇ ਤਾਂ ਉਕਤ ਵਿਅਕਤੀਆਂ ਨੂੰ ਮਾਰੂ ਹਥਿਆਰਾਂ ਸਮੇਤ ਗ੍ਰਿਫਤਾਰ ਕੀਤਾ ਜਾ ਸਕਦਾ ਹੈ। ਮਿਲੀ ਸੂਚਨਾ ਦੇ ਆਧਾਰ 'ਤੇ ਸਹਾਇਕ ਥਾਣੇਦਾਰ ਤਿਲਕ ਰਾਜ ਵੱਲੋਂ ਪੁਲਸ ਪਾਰਟੀ ਦੀ ਮਦਦ ਨਾਲ ਕੀਤੀ ਗਈ ਕਾਰਵਾਈ ਦੌਰਾਨ ਉਕਤ ਸਥਾਨ ਤੋਂ ਜੋਗਾ ਵਾਸੀ ਕੋਟਕਪੂਰਾ, ਸ਼ੰਟੀ ਵਾਸੀ ਪਿੰਡ ਸਿਵੀਆਂ, ਰਵੀ ਵਾਸੀ ਪਿੰਡ ਕੋਟਲਾ ਮਿਹਰ ਸਿੰਘ ਅਤੇ ਗੁਰਲਾਲ ਸਿੰਘ ਵਾਸੀ ਪਿੰਡ ਖਾਰਾ ਨੂੰ ਤਿੰਨ ਲਕੱੜ ਦੇ ਦਸਤਿਆਂ ਅਤੇ ਇਕ ਕਿਰਪਾਨ ਸਮੇਤ ਗ੍ਰਿਫਤਾਰ ਕਰ ਲਿਆ ਗਿਆ। ਇਸ ਸੰਬੰਧ ਵਿਚ ਥਾਣਾ ਸਦਰ ਪੁਲਸ ਕੋਟਕਪਰਾ ਵਿਖੇ ਉਕਤ ਚਾਰਾਂ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

## ਤੇਜ਼ ਰ.ਫਤਾਰ ਪਿਕਅੱਪ ਵੈਨ ਨੇ ਮਚਾਈ ਤਬਾਹੀ, ਹਾਈਵੇ 'ਤੇ ਵਿਛਾ'ਤੀਆਂ ਲਾਸ਼ਾਂ

ਨੈਸ਼ਨਲ ਡੈਸਕ 2 ਮਈ। ਹਰਿਆਣਾ ਸੂਬੇ ਤੋਂ ਇਕ ਬੇਹੱਦ ਦੁਖ਼ਦਾਈ ਖ਼ਬਰ ਸਾਹਮਣੇ ਆ ਰਹੀ ਹੈ, ਜਿੱਥੇ ਸ਼ਨੀਵਾਰ ਸਵੇਰੇ ਵਾਪਰੇ ਇੱਕ ਭਿਆਨਕ ਹਾਦਸੇ 'ਚ ਇੱਕ ਤੇਜ਼ ਰਫ਼ਤਾਰ ਪਿਕਅੱਪ ਵੈਨ ਨੇ ਸਫ਼ਾਈ ਕਰਮਚਾਰੀਆਂ ਨੂੰ ਦਰੜ ਦਿੱਤਾ, ਜਿਸ ਕਾਰਨ 6 ਕਰਮਚਾਰੀਆਂ ਦੀ ਦਰਦਨਾਕ ਮੌਤ ਹੋ ਗਈ, ਜਦਕਿ 5 ਹੋਰ ਗੰਭੀਰ ਜ਼ਖ਼ਮੀ ਹੋ ਗਏ। ਹਾਦਸੇ ਦੀ ਜਾਣਕਾਰੀ ਦਿੰਦੇ ਹੋਏ ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਹਰਿਆਣਾ ਦੇ ਨੂਹ ਵਿੱਚ ਫਿਰੋਜ਼ਪੁਰ ਝਿਰਕਾ ਦੇ ਇਬਰਾਹਿਮ ਬਾਸ ਪਿੰਡ ਨੇੜੇ ਦਿੱਲੀ-ਮੁੰਬਈ ਐਕਸਪ੍ਰੈਸਵੇਅ ਦੇ ਇੱਕ ਹਿੱਸੇ ਦੀ ਸਫਾਈ ਕਰਦੇ ਸਮੇਂ ਇਹ ਸਵੇਰੇ 10 ਵਜੇ ਦੇ ਕਰੀਬ ਇਹ ਹਾਦਸਾ ਵਾਪਰਿਆ। ਉਨ੍ਹਾਂ ਅੱਗੇ ਦੱਸਿਆ ਕਿ ਵੈਨ ਦਾ ਡਰਾਈਵਰ ਹਾਦਸੇ ਮਗਰੋਂ ਵਾਹਨ ਛੱਡ ਮੌਕੇ ਤੋਂ ਫਰਾਰ ਹੋ ਗਿਆ ਹੈ। ਫਿਰੋਜ਼ਪੁਰ ਝਿਰਕਾ ਦੇ ਡੀ.ਐੱਸ.ਪੀ. ਅਜਾਇਬ ਸਿੰਘ ਨੇ ਦੱਸਿਆ, ÷ਪੁਲਸ ਟੀਮਾਂ ਲਾਸ਼ਾਂ ਨੂੰ ਇਕੱਠਾ ਕਰਨ ਅਤੇ ਹਾਦਸੇ ਦੇ ਕਾਰਨਾਂ ਦੀ ਜਾਂਚ ਕਰਨ 'ਚ ਰੁੱਝੀਆਂ ਹੋਈਆਂ ਹਨ। ਹਾਦਸੇ 'ਚ 6 ਔਰਤਾਂ ਨੇ ਆਪਣੀ ਜਾਨ ਗੁਆ ਦਿੱਤੀ ਹੈ, ਜਦਕਿ ਪੰਜ ਹੋਰ ਜ਼ਖਮੀ ਹੋ ਗਏ ਹਨ, ਜਿਨ੍ਹਾਂ ਵਿੱਚ ਇੱਕ ਆਦਮੀ ਵੀ ਸ਼ਾਮਲ ਹੈ। ਜ਼ਖਮੀਆਂ ਨੂੰ ਮੰਡੀ ਖੇੜਾ ਹਸਪਤਾਲ




ਦਾਖ਼ਲ ਕਰਵਾਇਆ ਗਿਆ ਹੈ, ਜਿੱਥੇ ਉਨ੍ਹਾਂ ਦਾ ਇਸ ਵੇਲੇ ਇਲਾਜ ਕੀਤਾ ਜਾ ਰਿਹਾ ਹੈ।" ਇੱਕ ਸੀਨੀਅਰ ਪੁਲਸ ਅਧਿਕਾਰੀ ਨੇ ਦੱਸਿਆ ਕਿ ਸ਼ੁਰੂਆਤੀ ਜਾਂਚ ਤੋਂ ਪਤਾ ਲੱਗਿਆ ਹੈ ਕਿ 5 ਮ੍ਰਿਤਕ ਖੇੜੀ ਕਲਾਂ ਪਿੰਡ ਦੇ ਸਨ, ਜਦਕਿ ਇੱਕ ਝਿਮਰਾਵਤ ਪਿੰਡ ਦਾ ਸੀ। ਫਿਰੋਜ਼ਪੁਰ ਝਿਰਕਾ ਦੇ ਐੱਸ.ਐੱਚ.ਓ. ਅਮਨ ਸਿੰਘ ਨੇ ਕਿਹਾ, ÷ਅਸੀਂ ਸੀ.ਸੀ.ਟੀ.ਵੀ. ਫੁਟੇਜ ਦੀ ਜਾਂਚ ਕਰ ਰਹੇ ਹਾਂ ਅਤੇ ਹਾਦਸੇ ਦੇ ਕਾਰਨਾਂ ਦਾ ਪਤਾ ਲਗਾਉਣ ਲਈ ਸਬੂਤ ਇਕੱਠੇ ਕਰ ਰਹੇ ਹਾਂ। ਸਾਰੇ ਐਂਗਲਾਂ ਦੀ ਚੰਗੀ ਤਰ੍ਹਾਂ ਜਾਂਚ ਕੀਤੀ ਜਾ ਰਹੀ ਹੈ।÷ ਸਿੰਘ ਨੇ ਇਹ ਵੀ ਪੁਸ਼ਟੀ ਕੀਤੀ ਕਿ ਪਛਾਣ ਪ੍ਰਕਿਰਿਆ ਅਤੇ ਸ਼ੁਰੂਆਤੀ ਜਾਂਚ ਪੂਰੀ ਹੋਣ ਤੋਂ ਬਾਅਦ ਇੱਕ ਰਸਮੀ ਕੇਸ ਦਰਜ ਕੀਤਾ ਜਾਵੇਗਾ। ਸ਼ੁਰੂਆਤੀ ਰਿਪੋਰਟਾਂ ਤੋਂ ਪਤਾ ਚੱਲਦਾ ਹੈ ਕਿ ਦਿੱਲੀ ਤੋਂ ਅਲਵਰ ਵੱਲ ਤੇਜ਼ ਰਫ਼ਤਾਰ ਨਾਲ ਜਾ ਰਹੀ ਪਿਕਅੱਪ ਵੈਨ ਅਚਾਨਕ ਸੰਤੁਲਨ ਗੁਆ ਬੈਠੀ, ਜਿਸ ਮਗਰੋਂ ਇਸ ਨੇ ਮਜ਼ਦੂਰਾਂ ਨੂੰ ਦਰੜ ਦਿੱਤਾ। ਇਸ ਘਟਨਾ ਨੇ ਹਾਈ-ਸਪੀਡ ਐਕਸਪ੍ਰੈਸਵੇਅ 'ਤੇ ਕੰਮ ਕਰ ਰਹੇ ਸਟਾਫ ਲਈ ਗੰਭੀਰ ਚਿੰਤਾਵਾਂ ਪੈਦਾ ਕਰ ਦਿੱਤੀਆਂ ਹਨ, ਜੋ ਕਿ ਬਿਹਤਰ ਸੁਰੱਖਿਆ ਪ੍ਰੋਟੋਕੋਲ ਦੀ ਤੁਰੰਤ ਲੋੜ ਨੂੰ ਉਜਾਗਰ ਕਰਦੀਆਂ ਹਨ।

## ਟਰੇਨ 'ਚ ਸਫਰ ਕਰਨ ਵਾਲਿਆਂ ਲਈ ਖ਼ਤਰੇ ਦੀ ਘੰਟੀ, 22 ਮਈ ਤੱਕ ਹੋ ਗਿਆ ਵੱਡਾ ਐਲਾਨ

ਜੈਤੋ 2 ਮਈ। ਰੇਲ ਮੰਡਲ ਫਿਰੋਜ਼ਪੁਰ ਇਨ੍ਹੀਂ ਦਿਨੀਂ ਇਕ ਮਹੀਨੇ ਦੀ ਸਪੈਸ਼ਲ ਟਿਕਟ ਚੈਕਿੰਗ ਮੁਹਿੰਮ ਚਲਾ ਰਿਹਾ ਹੈ। ਇਸ ਮੁਹਿੰਮ ਅਧੀਨ ਰੋਜ਼ਾਨਾ ਕਿਸੇ ਵੀ ਰੇਲ ਸੈਕਸ਼ਨ ਅਤੇ ਕਿਸੇ ਵੀ ਰੇਲਗੱਡੀ ਵਿਚ ਅਚਾਨਕ ਛਾਪਾ ਮਾਰ ਕੇ ਬੇਟਿਕਟ ਅਤੇ ਅਨਿਯਮਿਤ ਟਿਕਟ ਸਫਰ ਕਰਨ ਵਾਲਿਆਂ ਨੂੰ ਫੜਿਆ ਜਾ ਰਿਹਾ ਹੈ। ਸੀਨੀਅਰ ਡੀ. ਸੀ. ਐੱਮ. ਪਰਮਦੀਪ ਸਿੰਘ ਸੈਣੀ ਨੇ ਦੱਸਿਆ ਕਿ ਇਹ ਮੁਹਿੰਮ ਸ਼ੁਰੂ ਕੀਤੀ ਗਈ ਹੈ ਜੋ 22 ਮਈ ਤੱਕ ਲਗਾਤਾਰ ਜਾਰੀ ਰਹੇਗੀ। ਉਨ੍ਹਾਂ ਦੱਸਿਆ ਕਿ ਹੁਣ ਤੱਕ ਜੰਮੂਤਵੀ ਐਕਸਪ੍ਰੈੱਸ, ਗਾਂਧੀਨਗਰ ਕੈਪੀਟਲ ਐਕਸਪ੍ਰੈੱਸ, ਭਗਤ ਦੀ ਕੋਠੀ ਐਕਸਪ੍ਰੈੱਸ, ਬੇਗਮਪੁਰਾ ਐਕਸਪ੍ਰੈੱਸ, ਸਹਰਸਾ ਗਰੀਬਰੱਥ ਐਕਸਪ੍ਰੈੱਸ, ਸੱਚਖੰਡ ਐਕਸਪ੍ਰੈਸ ਵਿਚ ਸਪੈਸ਼ਲ ਚੈਕਿੰਗ ਕੀਤੀ ਗਈ ਹੈ, ਜਿਸ ਵਿਚ 22 ਤੋਂ 27 ਅਪ੍ਰੈਲ ਤੱਕ ਕੁੱਲ 10 ਹਜ਼ਾਰ ਕੇਸ ਫੜੇ ਗਏ ਹਨ। ਇਨ੍ਹਾਂ ਕੋਲੋਂ ਮੌਕੇ 'ਤੇ 67 ਲੱਖ ਰੁਪਏ ਜੁਰਮਾਨਾ ਵਸੂਲਿਆ ਗਿਆ ਹੈ। ਸੈਣੀ ਨੇ ਕਿਹਾ ਕਿ ਕੋਈ ਵੀ ਮੁਸਾਫਰ ਬਿਨਾਂ ਟਿਕਟ ਅਤੇ ਅਨਿਯਮਿਤ ਟਿਕਟ 'ਤੇ ਰੇਲ ਦਾ ਸਫਰ ਨਾ ਕਰੇ, ਨਹੀਂ ਤਾਂ ਸਖ਼ਤ ਕਾਰਵਾਈ ਕੀਤੀ ਜਾਵੇਗੀ।

## ਹਵਾਈ ਅੱਡੇ ਤੋਂ ਗਾਂਜੇ ਦੀ ਤਸਕਰੀ ਦੀ ਕੋਸ਼ਿਸ਼ ਦੇ ਦੋਸ਼ 'ਚ ਇਕ ਵਿਅਕਤੀ ਗ੍ਰਿਫ਼ਤਾਰ


ਕੋਚੀ 2 ਮਈ। ਕੇਰਲ ਦੇ ਕੋਚੀ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਹਾਈਬ੍ਰਿਡ ਗਾਂਜੇ ਦੀ ਤਸਕਰੀ ਕਰਨ ਦੀ ਕੋਸ਼ਿਸ਼ ਕਰਨ ਦੇ ਦੋਸ਼ 'ਚ ਮਲੱਪੁਰਮ ਦੇ ਇਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ ਅਤੇ ਉਸ ਕੋਲੋਂ 5.5 ਕਰੋੜ ਰੁਪਏ ਦੀ ਕੀਮਤ ਦਾ ਲਗਭਗ 5.5 ਕਿਲੋਗ੍ਰਾਮ 'ਹਾਈਬ੍ਰਿਡ ਗਾਂਜਾ' ਜ਼ਬਤ ਕੀਤਾ ਗਿਆ ਹੈ। ਕਸਟਮ ਵਿਭਾਗ ਨੇ ਸ਼ਨੀਵਾਰ ਨੂੰ ਇਹ ਜਾਣਕਾਰੀ ਦਿੱਤੀ। ਕਸਟਮ ਸੁਪਰਡੈਂਟ ਵਿਵੇਕ ਨਾਇਰ ਨੇ ਕਿਹਾ ਕਿ ਖਾਸ ਖੁਫੀਆ ਜਾਣਕਾਰੀ ਦੇ ਆਧਾਰ 'ਤੇ, ਕਸਟਮ ਕਮਿਸ਼ਨਰੇਟ (ਪ੍ਰਿਵੈਂਟਿਵ) ਦੇ ਹਾਈ ਪਰਫਾਰਮੈਂਸ ਯੂਨਿਟ ਦੇ ਅਧਿਕਾਰੀਆਂ ਨੇ ਇੰਡੀਗੋ ਦੀ ਇਕ ਉਡਾਣ ਰਾਹੀਂ ਕੋਚੀ ਤੋਂ ਸੰਯੁਕਤ ਅਰਬ ਅਮੀਰਾਤ



ਦੇ ਰਾਸ ਅਲ ਖੈਮਾਹ ਜਾ ਰਹੇ ਇਕ ਯਾਤਰੀ ਨੂੰ ਰੋਕਿਆ ਸੀ। ਅਧਿਕਾਰੀਆਂ ਨੇ ਹਵਾਈ ਅੱਡੇ ਦੇ ਰਵਾਨਗੀ ਹਾਲ 'ਤੇ ਯਾਤਰੀ ਦੇ ਟਰਾਲੀ ਬੈਗ ਦੀ ਪੂਰੀ ਤਰ੍ਹਾਂ ਤਲਾਸ਼ੀ ਲਈ ਅਤੇ ਉਸ ਤੋਂ ਲਗਭਗ 5.5 ਕਿਲੋਗ੍ਰਾਮ 'ਹਾਈਬ੍ਰਿਡ ਗਾਂਜਾ' ਬਰਾਮਦ ਕੀਤਾ। ਵਿਭਾਗ ਨੇ ਕਿਹਾ ਕਿ ਨਸ਼ੀਲੇ ਪਦਾਰਥ ਖਾਣੇ ਦੇ ਪੈਕੇਟਾਂ ਦੇ ਅੰਦਰ ਲੁਕਾਏ ਗਏ ਸਨ ਅਤੇ ਅੰਤਰਰਾਸ਼ਟਰੀ ਬਾਜ਼ਾਰ 'ਚ ਇਨ੍ਹਾਂ ਦੀ ਕੀਮਤ ਲਗਭਗ 5.5 ਕਰੋੜ ਰੁਪਏ ਹੈ। ਨਾਇਰ ਨੇ ਕਿਹਾ ਕਿ ਯਾਤਰੀ ਨੂੰ ਨਾਰਕੋਟਿਕ ਡਰੱਗਜ਼ ਐਂਡ ਸਾਈਕੋਟ?ਰੋਪਿਕ ਸਬਸਟੈਂਸ ਐਕਟ, 1985 ਦੀਆਂ ਸਬੰਧਤ ਧਾਰਾਵਾਂ ਤਹਿਤ ਗ੍ਰਿਫ਼ਤਾਰ ਕੀਤਾ ਗਿਆ ਸੀ ਅਤੇ ਮਾਮਲੇ ਦੀ ਜਾਂਚ ਜਾਰੀ ਹੈ।

## ਉੱਤਰ ਪ੍ਰਦੇਸ਼ ਤੋਂ ਅ.ਫੀਮ ਸਪਲਾਈ ਕਰਨ ਆਏ ਦੋ ਨਸ਼ਾ ਤਸਕਰ ਗ੍ਰਿ.ਫਤਾਰ

ਜਲੰਧਰ 2 ਮਈ। ਜਲੰਧਰ ਦਿਹਾਤੀ ਦੇ ਭੋਗਪੁਰ ਥਾਣੇ ਦੀ ਪੁਲਸ ਨੇ 02 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ 4 ਕਿਲੋ 200 ਗ੍ਰਾਮ ਅਫ਼ੀਮ ਬਰਾਮਦ ਕੀਤੀ। ਦੋਵਾਂ ਮੁਲਜ਼ਮਾਂ ਦੀ ਪਛਾਣ ਉੱਤਰ ਪ੍ਰਦੇਸ਼ ਦੇ ਰਹਿਣ ਵਾਲੇ ਵਸੀਮ ਅਤੇ ਰਫ਼ੀਕ ਵਜੋਂ ਹੋਈ ਹੈ। ਮਾਮਲੇ ਦੀ ਜਾਣਕਾਰੀ ਦਿੰਦੇ





ਹੋਏ 25 ਅਪ੍ਰੈਲ ਨੂੰ ਇੰਸਪੈਕਟਰ ਰਵਿੰਦਰ ਕੁਮਾਰ ਮੁੱਖ ਅਫ਼ਸਰ, ਥਾਣਾ ਭੋਗਪੁਰ ਨੇ ਪੁਲਸ ਪਾਰਟੀ ਸਮੇਤ ਅੱਡਾ ਲਾਡਰਾ ਵਿਖੇ ਨਾਕਾਬੰਦੀ ਦੌਰਾਨ ਸ਼ੱਕੀਆਂ ਨੂੰ ਰੋਕਿਆ ਅਤੇ ਜਾਂਚ ਕੀਤੀ। ਇਸ ਦੌਰਾਨ ਉਨ੍ਹਾਂ ਤੋਂ 4 ਕਿਲੋ 200 ਗ੍ਰਾਮ ਅਫ਼ੀਮ ਬਰਾਮਦ ਹੋਈ। ਮੌਕੇ 'ਤੇ ਹੀ ਦੋਵਾਂ ਮੁਲਜ਼ਮਾਂ ਵਿਰੁੱਧ ਐੱਨ. ਡੀ. ਪੀ. ਐੱਸ. ਐਕਟ ਤਹਿਤ ਥਾਣਾ ਭੋਗਪੁਰ ਵਿਖੇ ਮਾਮਲਾ ਦਰਜ ਕਰਕੇ ਦੋਵਾਂ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਮੁੱਢਲੀ ਜਾਂਚ ਦੌਰਾਨ ਪਤਾ ਲੱਗਾ ਕਿ ਮੁਲਜ਼ਮ ਨਸ਼ੀਲੇ ਪਦਾਰਥਾਂ ਦੀ ਤਸਕਰੀ ਰਾਹੀਂ ਥੋੜ੍ਹੇ ਸਮੇਂ ਵਿੱਚ ਵੱਡੀ ਰਕਮ ਕਮਾਉਣ ਦੀ ਕੋਸ਼ਿਸ਼ ਕਰ ਰਹੇ ਸਨ। ਇਹ ਦੋਵੇਂ ਮੁਲਜ਼ਮ ਜਨਤਕ ਆਵਾਜਾਈ ਦੀ ਵਰਤੋਂ ਕਰਕੇ ਅਫ਼ੀਮ ਦੀਆਂ ਵੱਡੀਆਂ ਖੇਪਾਂ ਸਪਲਾਈ ਕਰਦੇ ਸਨ ਅਤੇ ਪੰਜਾਬ ਵਿੱਚ ਵੱਖ-ਵੱਖ ਥਾਵਾਂ 'ਤੇ ਨਸ਼ੀਲੇ ਪਦਾਰਥ ਵੇਚਦੇ ਸਨ।

## ਦੁਕਾਨ ਅੰਦਰ ਰੇਡ ਕਰ ਰਹੀ ਸੀ ਪੰਜਾਬ ਪੁਲਸ ਬਾਹਰੋਂ ਸੁੱਟ ਦਿੱਤਾ ਸ਼ਟਰ

ਨਾਭਾ 2 ਮਈ। ਨਾਭਾ ਦੇ ਮੈਂਹਸ ਗੇਟ ਵਿਖੇ ਰੇਡੀਮੇਡ ਕੱਪੜੇ ਬਣਾਉਣ ਵਾਲੀਆਂ ਕੰਪਨੀਆਂ ਦੇ ਅਧਿਕਾਰੀਆਂ ਦੀ ਸ਼ਿਕਾਇਤ 'ਤੇ ਪੁਲਸ ਵੱਲੋਂ ਮੈਂਹਸ ਗੇਟ ਵਿਖੇ ਇਕ ਦੁਕਾਨ ਉੱਪਰ ਰੇਡ ਕੀਤੀ ਗਈ। ਇਸ ਦੌਰਾਨ ਜਦੋਂ ਰੇਡ ਚੱਲ ਰਹੀ ਸੀ ਤਾਂ ਮੌਕੇ 'ਤੇ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਪੁਲਸ ਨੂੰ ਸ਼ਟਰ ਲਗਾ ਕੇ ਅੰਦਰ ਹੀ ਬੰਧਕ ਬਣਾਉਣ ਦੀ ਕੋਸ਼ਿਸ਼ ਕੀਤੀ ਗਈ ਤਾਂ ਮੌਕੇ 'ਤੇ ਪੁਲਸ ਨੇ ਜ਼ਬਰਦਸਤੀ ਸ਼ਟਰ ਉੱਪਰ ਚੁੱਕ ਦਿੱਤਾ। ਨਾਭਾ ਕੋਤਵਾਲੀ ਪੁਲਸ ਦੇ ਇੰਚਾਰਜ ਪ੍ਰਿੰਸਪ੍ਰੀਤ ਸਿੰਘ ਭੱਟੀ ਕਾਫੀ ਤਲਖੀ ਵਿਚ ਵਿਖਾਈ ਦਿੱਤੇ। ਮੁਲਜ਼ਮਾਂ ਨੇ ਸਰਕਾਰੀ ਡਿਊਟੀ ਵਿਚ ਵਿਘਨ ਪਾਇਆ, ਪੁਲਸ ਦੀ ਵਰਦੀ ਨੂੰ ਹੱਥ ਪਾਇਆ ਅਤੇ ਪੁਲਸ ਨੂੰ ਧਮਕੀਆਂ ਵੀ ਦਿੱਤੀਆਂ ਕਿ ਤੁਸੀਂ ਦੁਕਾਨ 'ਚੋਂ ਨਿਕਲ ਕੇ ਵਿਖਾਓ। ਪੁਲਸ ਦੀ ਸਖ਼ਤੀ ਨੂੰ ਵੇਖਦੇ ਹੋਏ ਸ਼ਰਾਰਤੀ ਅਨਸਰ ਉਥੋਂ ਰਫੂ ਚੱਕਰ ਹੋ ਗਏ। ਪੁਲਸ ਵੱਲੋਂ ਹੁਣ ਵਪਾਰ ਮੰਡਲ ਨਾਭਾ ਦੇ ਪ੍ਰਧਾਨ ਸੋਮ ਨਾਥ ਢੱਲ, ਸੁਭਾਸ਼ ਸਹਿਗਲ, ਵਿਸ਼ਾਲ ਸ਼ਰਮਾ ਅਤੇ ਹੋਰ ਅਣਪਛਾਤੇ 35-40 ਵਿਅਕਤੀਆਂ ਖ਼?ਲਾਫ ਮਾਮਲਾ ਦਰਜ ਕਰਕੇ ਉਨਾਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ। ਇਸ ਘਟਨਾ ਦੀ





ਵੀਡੀਓ ਵੀ ਸਾਹਮਣੇ ਆਇਆ ਹੈ। ਵੀਡੀਓ ਵਿਚ ਸਾਫ ਦੇਖਿਆ ਜਾ ਰਿਹਾ ਹੈ ਕਿ ਵੱਡੀ ਗਿਣਤੀ ਵਿਚ ਦੁਕਾਨਦਾਰਾਂ ਨੇ ਦੁਕਾਨ ਦਾ ਸ਼ਟਰ ਬੰਦ ਕਰਨ ਦੀ ਕੋਸ਼ਿਸ਼ ਕੀਤੀ ਅਤੇ ਅਚਾਨਕ ਅੰਦਰੋਂ ਥਾਣਾ ਕੋਤਵਾਲੀ ਨਾਭਾ ਦੇ ਇੰਚਾਰਜ ਬਾਹਰ ਨਿਕਲੇ ਅਤੇ ਦੁਕਾਨਦਾਰਾਂ ਨੂੰ ਪੁਲਸ ਦੇ ਕੰਮ ਵਿਚ ਦਖਲ-ਅੰਦਾਜ਼ੀ ਕਰਨ ÷ਤੇ ਭੜਕ ਗਏ। ਇਸ ਦੌਰਾਨ ਦੁਕਾਨਦਾਰਾਂ ਵੱਲੋਂ ਨਾਅਰੇਬਾਜ਼ੀ ਵੀ ਕੀਤੀ ਗਈ। ਇਸ ਮੌਕੇ ਨਾਭਾ ਥਾਣਾ ਕੋਤਵਾਲੀ ਦੇ ਮੁਖੀ ਪ੍ਰਿੰਸਪ੍ਰੀਤ ਸਿੰਘ ਭੱਟੀ ਨੇ ਦੱਸਿਆ ਕਿ ਅਸੀਂ ਪੁਲਸ ਦੀ ਡਿਊਟੀ ਵਿਚ ਵਿਘਨ ਪਾਉਣ, ਪੁਲਸ ਦੀ ਵਰਦੀ ਨੂੰ ਹੱਥ ਪਾਉਣ ਤੋਂ ਇਲਾਵਾ ਪੁਲਸ ਨੂੰ ਧਮਕੀਆਂ ਦੇਣ ਦੇ ਮਾਮਲੇ ਵਿਚ ਲਗਭਗ 35-40 ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਕੁਝ ਵਿਅਕਤੀ 'ਤੇ ਬਾਈ ਨੇਮ ਪਰਚਾ ਦਰਜ ਕੀਤਾ ਗਿਆ ਹੈ ਅਤੇ ਜ਼ਿਆਦਾਤਰ ਅਣਪਛਾਤੇ ਵਿਅਕਤੀ ਹਨ। ਇਸ ਸਬੰਧੀ ਅਸੀਂ ਉਨ੍ਹਾਂ ਦੇ ਘਰਾਂ ਉੱਪਰ ਰੇਡ ਕਰ ਰਹੇ ਹਾਂ ਪਰ ਸਾਰੇ ਵਿਅਕਤੀ ਫਰਾਰ ਹਨ ਅਤੇ ਛੇਤੀ ਹੀ ਇਨ੍ਹਾਂ ਦੀ ਗ੍ਰਿਫਤਾਰੀ ਕੀਤੀ ਜਾਵੇਗੀ।

## ਫੈਟਕਰੀ 'ਚ ਵਾਪਰਿਆ ਦਰਦਨਾਕ ਹਾਦਸਾ ! ਕਰੇਨ ਦਾ ਗਾਰਡਰ ਡਿੱਗਣ ਕਾਰਨ ਠੇਕੇਦਾਰ ਦੀ ਮੌਤ

ਖੰਨਾ 2 ਮਈ। ਖੰਨਾ ਵਿੱਚ ਸ਼੍ਰੀ ਅੰਬੇ ਸਟੀਲ ਇੰਡਸਟਰੀ ਵਿੱਚ ਇੱਕ ਕਰੇਨ ਗਰਡਰ ਡਿੱਗਣ ਕਾਰਨ ਇੱਕ ਠੇਕੇਦਾਰ ਦੀ ਮੌਤ ਹੋ ਗਈ। ਮ੍ਰਿਤਕ ਦੀ ਪਛਾਣ 44 ਸਾਲਾ ਸਤਨਾਮ ਸਿੰਘ ਵਜੋਂ ਹੋਈ ਹੈ, ਜੋ ਕਿ ਅਮਲੋਹ ਦੇ ਬਰੌਂਗਾ ਦਾ ਰਹਿਣ ਵਾਲਾ ਸੀ। ਇੱਕ ਵੀਡੀਓ ਵੀ ਸਾਹਮਣੇ ਆਇਆ ਹੈ ਜਿਸ ਵਿੱਚ ਇੰਡਸਟਰੀ ਦਾ ਗੇਟ ਬੰਦ ਦਿਖਾਈ ਦੇ ਰਿਹਾ ਹੈ ਅਤੇ ਬਾਹਰ ਖੜ੍ਹੇ ਪਰਿਵਾਰਕ ਮੈਂਬਰ ਦੋਸ਼ ਲਗਾ ਰਹੇ ਹਨ ਕਿ ਉਨ੍ਹਾਂ ਨੂੰ ਅੰਦਰ ਨਹੀਂ ਜਾਣ ਦਿੱਤਾ ਜਾ ਰਿਹਾ। ਉਦਯੋਗ 'ਤੇ ਲਾਪਰਵਾਹੀ ਦਾ ਵੀ ਦੋਸ਼ ਲਗਾਇਆ ਜਾ ਰਿਹਾ ਹੈ। ਮ੍ਰਿਤਕ ਦੇ ਪੁੱਤਰ ਕਰਨਵੀਰ ਸਿੰਘ ਨੇ ਦੱਸਿਆ ਕਿ ਉਸ ਦੇ ਪਿਤਾ ਲੰਬੇ ਸਮੇਂ ਤੋਂ ਇਸ ਫੈਕਟਰੀ ਵਿੱਚ ਠੇਕੇਦਾਰ ਵਜੋਂ ਕੰਮ ਕਰ ਰਹੇ ਸਨ। ਕਰੇਨ ਦਾ ਗਰਡਰ ਟੁੱਟ ਗਿਆ ਅਤੇ ਉਸਦੇ ਪਿਤਾ ਉੱਤੇ ਡਿੱਗ ਪਿਆ, ਜਿਸ ਨਾਲ ਉਸਦੀ ਮੌਕੇ 'ਤੇ ਹੀ ਮੌਤ ਹੋ ਗਈ। ਉਨ੍ਹਾਂ ਨੂੰ ਇਨਸਾਫ਼ ਮਿਲਣਾ ਚਾਹੀਦਾ ਹੈ। ਡੀਐੱਸਪੀ ਅੰਮ੍ਰਿਤਪਾਲ ਸਿੰਘ ਭਾਟੀ ਨੇ ਦੱਸਿਆ ਕਿ ਪੁਲਸ ਨੇ ਮ੍ਰਿਤਕ ਦੀ ਪਤਨੀ ਦੇ ਬਿਆਨਾਂ 'ਤੇ ਬੀਐੱਨਐੱਸ ਦੀ ਧਾਰਾ 194 ਤਹਿਤ ਕਾਰਵਾਈ ਕੀਤੀ ਹੈ। ਪੋਸਟਮਾਰਟਮ ਤੋਂ ਬਾਅਦ ਲਾਸ਼ ਵਾਰਸਾਂ ਨੂੰ ਸੌਂਪ ਦਿੱਤੀ ਗਈ। ਪਰਿਵਾਰਕ ਮੈਂਬਰਾਂ ਨੇ ਇੰਡਸਟਰੀ ਮੈਨੇਜਮੈਂਟ 'ਤੇ ਕੋਈ ਦੋਸ਼ ਨਹੀਂ ਲਗਾਇਆ ਅਤੇ ਹਾਦਸੇ ਨੂੰ ਕੁਦਰਤੀ ਦੱਸਿਆ।

## ਜੈਤੋ ਪੁਲਸ ਨੇ ਲੁੱਟਾਂ-ਖੋਹਾਂ ਕਰਨ ਦੀ ਯੋਜਨਾ ਬਣਾ ਰਹੇ ਚਾਰ ਦੋਸ਼ੀ ਹਥਿਆਰਾਂ ਸਮੇਤ ਕਾਬੂ ਕੀਤੇ

ਜੈਤੋ 2 ਮਈ। ਜ਼ਿਲ੍ਹਾ ਫਰੀਦਕੋਟ ਦੇ ਪੁਲਸ ਕਪਤਾਨ ਡਾ.ਪ੍ਰਗਿਆ ਜੈਨ ਆਈ.ਪੀ.ਐਸ. ਦੀ ਅਗਵਾਈ ਹੇਠ ਫਰੀਦਕੋਟ ਪੁਲਸ ਵੱਲੋਂ ਲੁੱਟਾ-ਖੋਹਾਂ, ਚੋਰੀਆਂ ਅਤੇ ਨਸ਼ੇ ਦੀ ਤਸਕਰੀ ਵਿਚ ਸ਼ਾਮਲ ਦੋਸ਼ੀਆਂ ਖ਼?ਲਾਫ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਜਿਸਦੇ ਤਹਿਤ ਸਬ ਡਿਵੀਜ਼ਨ ਜੈਤੋ ਦੇ ਡੀਐੱਸਪੀ ਸੁਖਦੀਪ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ, ਥਾਣਾ ਜੈਤੋ ਦੇ ਇੰਚਾਰਜ ਇੰਸਪੈਕਟਰ ਗੁਰਵਿੰਦਰ ਸਿੰਘ ਮੁੱਖ ਦੀ ਨਿਗਰਾਨੀ ਹੇਠ ਸ:ਥ: ਇਕਬਾਲ ਸਿੰਘ ਪੁਲਸ ਪਾਰਟੀ ਸਮੇਤ ਗਸ਼ਤ ਅਤੇ ਚੈਕਿੰਗ ਦੇ ਸੰਬੰਧੀ ਪੁਲ ਕੱਸੀ ਬਠਿੰਡਾ ਰੋਡ ਜੈਤੋ ਪਾਸ ਮੌਜੂਦ ਸੀ। ਇਸ ਦੌਰਾਨ ਉਨ੍ਹਾਂ ਨੂੰ ਇਤਲਾਹ ਮਿਲੀ ਕਿ ਗਗਨਦੀਪ ਸਿੰਘ ਉਰਫ ਗੱਗੂ ਪੁੱਤਰ ਮੁਨਸ਼ੀ ਸਿੰਘ ਵਾਸੀ ਕਮਰਾ ਪੱਤੀ ਜੈਤੋ, ਸਾਹਿਲ ਉਰਫ ਕੱਟਾ ਪੁੱਤਰ ਮੁਨਸ਼ੀ ਰਾਮ ਵਾਸੀ ਵਾਲਮੀਕਿ ਕਲੋਨੀ, ਜੈਤੋ, ਮਨਪ੍ਰੀਤ ਸਿੰਘ ਉਰਫ ਮਨੀ ਪੁੱਤਰ ਸਾਰਜ ਸਿੰਘ ਵਾਸੀ ਰੋੜੀਕਪੂਰਾ, ਖੁਸਵਿੰਦਰ ਸਿੰਘ





ਉਰਫ ਗੋਰੀ ਪੁੱਤਰ ਸਾਹਿਬ ਸਿੰਘ ਵਾਸੀ ਕਰੀਰਵਾਲੀ ਜੋ ਪਹਿਲਾਂ ਵੀ ਵਹੀਕਲ ਚੋਰੀ ਕਰਨ, ਦੁਕਾਨਾਂ ਤੇ ਚੋਰੀਆਂ ਕਰਨ ਅਤੇ ਲੁੱਟ ਖੋਹ ਕਰਨ ਦੇ ਆਦੀ ਹਨ। ਜੋ ਹੁਣ ਕਾਪੇ, ਕਿਰਪਾਨਾਂ, ਖੰਡੇ ਵਰਗੇ ਖਤਰਨਾਕ ਹਥਿਆਰਾਂ ਨਾਲ ਲੈਸ ਹੋ ਕੇ ਨੇੜੇ ਪੁਲ ਕੱਸੀ ਦਬੜੀਖਾਨਾ ਰੋਡ ਜੈਤੋ ਵਿਖੇ ਕਮਰੇ ਵਿਚ ਇਕੱਠੇ ਹੋ ਕੇ ਲੁੱਟ ਖੋਹ ਕਰਨ ਦੀ ਯੋਜਨਾ ਬਣਾ ਰਹੇ ਹਨ। ਇਸ 'ਤੇ ਥਾਣਾ ਜੈਤੋ ਵਿੱਖੇ ਮੁਕੱਦਮਾ ਦਰਜ ਕੀਤਾ ਗਿਆ ਅਤੇ ਤੁਰੰਤ ਕਾਰਵਾਈ ਕਰਦੇ ਹੋਏ ਇਸ ਗਿਰੋਹ ਵਿਚ ਸ਼ਾਮਲ 4 ਮੈਂਬਰਾਂ ਨੂੰ 1 ਗਰਾਰੀ ਲੱਗੀ ਪਾਈਪ, 1 ਕ੍ਰਿਪਾਨ, 2 ਖੰਡੇ ਅਤੇ 1 ਮੋਟਰਸਾਈਕਲ ਸਮੇਤ ਕਾਬੂ ਕੀਤਾ ਗਿਆ।

## ਸੀ.ਸੀ.ਡੀ ਚੌਂਕ ਦੇ ਸਾਹਮਣੇ ਐਕਸਾਈਜ਼ ਨੇ ਘੇਰੀ ਸ਼ੱਕੀ ਫਾਰਚੂਨਰ ਗੱਡੀ

ਪਟਿਆਲਾ 2 ਮਈ। ਸ਼ਨੀਵਾਰ ਦੀ ਸ਼ਾਮ ਨੂੰ ਸ਼ਹਿਰ ਦੇ ਭੁਪਿੰਦਰ ਰੋਡ 'ਤੇ ਸਥਿਤ ਸੀ.ਸੀ.ਡੀ. ਦੇ ਸਾਹਮਣੇ ਐਕਸਾਈਜ਼ ਵਿਭਾਗ ਦੀ ਟੀਮ ਨੇ ਇੱਕ ਕਾਲੇ ਰੰਗ ਦੀ ਫੋਰਚੂਨਰ ਗੱਡੀ ਘੇਰ ਲਈ ਅਤੇ ਮੌਕੇ 'ਤੇ ਥਾਣਾ ਸਿਵਲ ਲਾਈਨ ਦੀ ਪੁਲਸ ਵੀ ਪਹੁੰਚ ਗਈ। ਐਕਸਾਈਜ਼ ਦੀ ਟੀਮ ਨੇ ਇੱਕ ਪਾਸੇ ਆਪਣੀ ਗੱਡੀ ਲਗਾਈ ਹੋਈ ਅਤੇ ਦੂਜੇ ਪਾਸੇ



ਪੁਲਸ ਨੇ ਆਪਣੀ ਗੱਡੀ ਲਗਾ ਦਿੱਤੀ। ਮੌਕੇ 'ਤੇ ਐਕਸਾਈਜ਼ ਦੀ ਪੁਲਸ ਪਾਰਟੀ ਵੀ ਪਹੁੰਚੀ ਹੋਈ ਸੀ। ਗੱਡੀ ਪੇਟੀਆਂ ਨਾਲ ਭਰੀ ਹੋਈ ਦਿਖਾਈ ਦੇ ਰਹੀ ਸੀ। ਜਦੋਂ ਮੌਕੇ 'ਤੇ ਮੌਜੂਦ ਪੁਲਸ ਨੂੰ ਪੁਛਿਆ ਗਿਆ ਤਾਂ ਉਨ੍ਹਾਂ ਵੱਲੋਂ ਕੋਈ ਜਵਾਬ ਨਹੀਂ ਦਿੱਤਾ ਗਿਆ। ਸਗੋਂ ਇਹ ਕਹਿ ਕੇ ਟਾਲਣ ਦੀ ਕੋਸ਼ਿਸ ਕੀਤੀ ਗਈ ਕਿ ਅਜੇ ਜਾਂਚ ਚੱਲ ਰਹੀ ਹੈ। ਇਸ ਦੌਰਾਨ ਕਾਫੀ ਦੇਰ ਐਕਸਾਈਜ਼ ਵਿਭਾਗ ਵਾਲਿਆਂ ਕੁਝ ਵਿਅਕਤੀਆਂ ਦੀ ਗੱਲ ਚਲਦੀ ਰਹੀ, ਪਰ ਅਜੇ ਤੱਕ ਇਸ ਮਾਮਲੇ ਵਿਚ ਅਧਿਆਰਤ ਤੌਰ 'ਤੇ ਕੁਝ ਵੀ ਨਹੀਂ ਗਿਆ।

## ਪਟਾਕਾ ਫੈਕਟਰੀ 'ਚ ਧਮਾਕੇ 'ਚ ਤਿੰਨ ਮਜ਼ਦੂਰਾਂ ਦੀ ਮੌਤ, 2 ਕਿਲੋਮੀਟਰ ਦੂਰ ਤੱਕ ਸੁਣੀ ਗਈ ਬਲਾਸਟ ਦੀ ਆਵਾਜ਼

ਸਹਾਰਨਪੁਰ 2 ਮਈ। ਉੱਤਰ ਪ੍ਰਦੇਸ਼ ਦੇ ਸਹਾਰਨਪੁਰ ਜ਼ਿਲ੍ਹੇ ਦੇ ਦੇਵਬੰਦ ਥਾਣਾ ਇਲਾਕੇ 'ਚ ਸ਼ਨੀਵਾਰ ਨੂੰ ਇਕ ਪਟਾਕਾ ਫੈਕਟਰੀ 'ਚ ਭਿਆਨਕ ਧਮਾਕੇ ਤੋਂ ਬਾਅਦ ਅੱਗ ਲੱਗਣ ਨਾਲ ਤਿੰਨ ਮਜ਼ਦੂਰਾਂ ਦੀ ਮੌਤ ਹੋ ਗਈ ਅਤੇ ਭਵਨ ਢਹਿ ਗਿਆ। ਇਕ ਸੀਨੀਅਰ ਅਧਿਕਾਰੀ ਨੇ ਇਹ ਜਾਣਕਾਰੀ ਦਿੱਤੀ। ਧਮਾਕਾ ਇੰਨਾ ਤੇਜ਼ ਸੀ ਕਿ ਇਸ ਦੀ ਗੂੰਜ ਕਰੀਬ 2 ਕਿਲੋਮੀਟਰ ਤੱਕ ਸੁਣੀ ਗਈ ਅਤੇ ਕੰਪਨ ਕਾਰਨ ਪਿੰਡ ਵਾਸੀਆਂ ਨੂੰ ਭੂਚਾਲ ਦੇ ਝਟਕੇ ਜਿਹਾ ਅਹਿਸਾਸ ਹੋਇਆ। ਸਹਾਰਨਪੁਰ ਦੇ ਜ਼ਿਲ੍ਹਾ ਅਧਿਕਾਰੀ (ਡੀਐੱਮ) ਮਨੀਸ਼ ਬੰਸਲ ਨੇ ਦੱਸਿਆ ਕਿ ਅੱਜ ਸਵੇਰੇ 4.30 ਵਜੇ ਦੇਵਬੰਦ ਥਾਣਾ ਖੇਤਰ ਦੇ ਜੜੌਦਾ ਜਟਟ ਪਿੰਡ 'ਚ ਲਾਇਸੈਂਸੀ ਪਟਾਕਾ ਫੈਕਟਰੀ 'ਚ ਅੱਗ ਲੱਗ ਗਈ। ਉਨ੍ਹਾਂ ਦੱਸਿਆ ਕਿ ਫੈਕਟਰੀ 'ਚ ਕੰਮ ਕਰਨ ਵਾਲੇ ਕੁਝ ਮਜ਼ਦੂਰ ਅੱਗ 'ਚ ਝੁਲਸ ਗਏ, ਜਿਨਾਂ 'ਚੋਂ ਤਿੰਨ ਦੀ ਮੌਤ ਹੋ ਗਈ। ਡੀਐੱਮ ਨੇ ਦੱਸਿਆ ਕਿ ਸੂਚਨਾ ਮਿਲਦੇ ਹੀ ਦੇਵਬੰਦ ਪੁਲਸ ਥਾਣੇ ਦੀ ਫੋਰੈਂਸਿਕ ਟੀਮ ਅਤੇ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਮੌਕੇ 'ਤੇ ਪਹੁੰਚ ਗਈਆਂ ਅਤੇ ਰਾਹਤ ਕੰਮ ਸ਼ੁਰੂ ਕਰ ਦਿੱਤਾ ਗਿਆ। ਬੰਸਲ ਨੇ ਕਿਹਾ ਕਿ ਪਟਾਕਾ ਫੈਕਟਰੀ ਚਲਾਉਣ ਵਾਲੇ ਤਿੰਨ ਲੋਕਾਂ ਨੂੰ ਹਿਰਾਸਤ 'ਚ ਲੈ ਲਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਪਟਾਕਾ ਫੈਕਟਰੀ ਕੋਲ ਲਾਇਸੈਂਸ ਸੀ। ਉਨ੍ਹਾਂ ਕਿਹਾ ਕਿ ਫੈਕਟਰੀ 'ਚ ਕਿਸ ਤਰ੍ਹਾਂ ਦੇ ਪਟਾਕੇ ਬਣਾਏ ਜਾ ਰਹੇ ਸਨ, ਇਸ ਗੱਲ ਦੀ ਜਾਂਚ ਕੀਤੀ ਜਾ ਰਹੀ ਹੈ। ਉਸੇ ਸਮੇਂ, ਫੈਕਟਰੀ 'ਚ ਕੰਮ ਕਰ ਰਹੇ ਕੁਝ ਮਜ਼ਦੂਰਾਂ ਅਤੇ ਪਿੰਡ ਵਾਸੀਆਂ ਨੇ



ਹਾਈਵੇਅ ਜਾਮ ਕਰ ਦਿੱਤਾ। ਜ਼ਿਲ੍ਹਾ ਮੈਜਿਸਟਰੇਟ ਨੇ ਕਿਹਾ ਕਿ ਮਜ਼ਦੂਰਾਂ ਅਤੇ ਪਿੰਡ ਵਾਸੀਆਂ ਨਾਲ ਗੱਲਬਾਤ ਕੀਤੀ ਜਾ ਰਹੀ ਹੈ। ਮੌਕੇ 'ਤੇ ਵੱਡੀ ਗਿਣਤੀ 'ਚ ਪੁਲਸ ਬਲ ਤਾਇਨਾਤ ਹਨ। ਪ੍ਰਦਰਸ਼ਨਕਾਰੀ ਮਜ਼ਦੂਰਾਂ ਦੇ ਰਿਸ਼ਤੇਦਾਰਾਂ ਅਤੇ ਪਿੰਡ ਵਾਸੀਆਂ ਦਾ ਦੋਸ਼ ਹੈ ਕਿ ਪ੍ਰਸ਼ਾਸਨ ਉਨ੍ਹਾਂ ਨੂੰ ਅਸਲ ਜਾਣਕਾਰੀ ਨਹੀਂ ਦੇ ਰਿਹਾ ਹੈ। ਸੂਤਰਾਂ ਨੇ ਵੱਡੇ ਨੁਕਸਾਨ ਦਾ ਖਦਸ਼ਾ ਪ੍ਰਗਟ ਕੀਤਾ ਹੈ ਕਿਉਂਕਿ ਹਾਦਸੇ ਸਮੇਂ ਫੈਕਟਰੀ ਵਿੱਚ ਬਹੁਤ ਸਾਰੇ ਲੋਕ ਕੰਮ ਕਰ ਰਹੇ ਸਨ ਅਤੇ ਧਮਾਕੇ ਕਾਰਨ ਇਮਾਰਤ ਢਹਿ ਗਈ। ਪਿੰਡ ਵਾਸੀਆਂ ਦਾ ਦੋਸ਼ ਹੈ ਕਿ ਪ੍ਰਸ਼ਾਸਨ ਦੀ ਲਾਪਰਵਾਹੀ ਕਾਰਨ, ਇਲਾਕੇ 'ਚ 'ਕਈ ਗੈਰ-ਕਾਨੂੰਨੀ ਪਟਾਕੇ ਬਣਾਉਣ ਵਾਲੀਆਂ ਫੈਕਟਰੀਆਂ' ਚਲਾਈਆਂ ਜਾ ਰਹੀਆਂ ਹਨ।

## ਜ਼ਿਲ੍ਹੇ ਦੀਆਂ ਮੰਡੀਆਂ 'ਚ ਕਣਕ ਦੀ ਖ਼ਰੀਦ ਤੇ ਲਿਫਟਿੰਗ ਨਿਰਵਿਘਨ ਜਾਰੀ

ਬਠਿੰਡਾ 2 ਮਈ। ਜ਼ਿਲ੍ਹੇ ਦੀਆਂ ਮੰਡੀਆਂ 'ਚ ਕਣਕ ਦੀ ਖ਼ਰੀਦ ਅਤੇ ਲਿਫਟਿੰਗ ਨਿਰਵਿਘਨ ਜਾਰੀ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਅਧਿਕਾਰੀਆਂ ਨਾਲ ਖ਼ਰੀਦ ਦੇ ਪ੍ਰਬੰਧਾਂ ਨੂੰ ਲੈ ਕੇ ਕੀਤੀ ਗਈ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸਾਂਝੀ ਕੀਤੀ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੰਦਿਆਂ ਕਿਹਾ ਕਿ ਜ਼ਿਲ੍ਹੇ ਅੰਦਰ ਚੱਲ ਰਹੀ ਕਣਕ ਦੀ ਖ਼ਰੀਦ ਤੇ ਲਿਫਟਿੰਗ 'ਚ ਹੋਰ ਤੇਜ਼ੀ ਲਿਆਂਦੀ ਜਾਵੇ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੀਆਂ ਵੱਖ-ਵੱਖ ਅਨਾਜ ਮੰਡੀਆਂ 29 ਅਪ੍ਰੈਲ 2025 ਤੱਕ 744637.50 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਹੈ, ਜਿਨ੍ਹਾਂ ਵਿਚੋਂ ਵੱਖ-ਵੱਖ ਖਰੀਦ ਏਜੰਸੀਆਂ ਨੇ 702732 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ। ਇਸ ਤੋਂ ਇਲਾਵਾ ਕਿਸਾਨਾਂ ਨੂੰ 1493.88 ਕਰੋੜ ਰੁਪਏ ਕਣਕ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ। ਇਸ ਸਬੰਧ ਹੋਰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਫੂਡ ਤੇ ਸਪਲਾਈ ਕੰਟਰੋਲਰ ਡਾ. ਰਵਿੰਦਰ ਕੌਰ ਨੇ 29 ਅਪ੍ਰੈਲ ਤੱਕ ਵੱਖ-ਵੱਖ ਏਜੰਸੀਆਂ ਦੁਆਰਾ ਕੀਤੀ ਖ਼ਰੀਦੀ ਗਈ ਕਣਕ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਨਗ੍ਰੇਨ ਵੱਲੋਂ 220471 ਮੀਟ੍ਰਿਕ ਟਨ, ਮਾਰਕਫੈਡ 149748, ਪਨਸਪ 160495, ਵੇਅਰ ਹਾਊਸ 117998 ਤੇ ਪ੍ਰਾਈਵੇਟ ਵਪਾਰੀਆਂ ਵੱਲੋਂ 54020 ਮੀਟ੍ਰਿਕ ਟਨ ਕਣਕ ਦੀ ਖ਼ਰੀਦ ਕੀਤੀ ਗਈ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814

Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

## ਇਕ-ਇਕ ਕਰਕੇ ਸੁਆਹ ਹੋ ਗਈਆਂ 400 ਝੌਂਪੜੀਆਂ, 2 ਲੋਕਾਂ ਦੀ ਹੋਈ ਦਰਦਨਾਕ ਮੌਤ

ਨਵੀਂ ਦਿੱਲੀ 2 ਮਈ। ਦਿੱਲੀ ਦੇ ਰੋਹਿਣੀ ਇਲਾਕੇ ਵਿੱਚ ਐਤਵਾਰ ਸਵੇਰੇ ਝੁੱਗੀਆਂ-ਝੌਂਪੜੀਆਂ ਵਿੱਚ ਲੱਗੀ ਭਿਆਨਕ ਅੱਗ ਵਿੱਚ ਦੋ ਲੋਕਾਂ ਦੀ ਮੌਤ ਹੋ ਗਈ। ਦਿੱਲੀ ਫਾਇਰ ਸਰਵਿਸ (ਡੀ.ਐੱਫ.ਐੱਸ.) ਦੇ ਅਧਿਕਾਰੀਆਂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਨ੍ਹਾਂ ਨੂੰ ਘਟਨਾ ਬਾਰੇ ਸਵੇਰੇ 11:55 ਵਜੇ ਦੇ ਕਰੀਬ ਜਾਣਕਾਰੀ ਮਿਲੀ, ਜਿਸ ਤੋਂ ਬਾਅਦ ਫਾਇਰ ਬ੍ਰਿਗੇਡ ਦੀਆਂ 20 ਗੱਡੀਆਂ ਮੌਕੇ 'ਤੇ ਪਹੁੰਚੀਆਂ। ਇੱਕ ਸੀਨੀਅਰ ਪੁਲਸ ਅਧਿਕਾਰੀ ਨੇ ਦੱਸਿਆ, ਹੁਣ ਤੱਕ ਦੋ ਲਾਸ਼ਾਂ ਬਰਾਮਦ ਕੀਤੀਆਂ ਗਈਆਂ ਹਨ। ਇਲਾਕੇ ਵਿੱਚੋਂ ਧੂੰਏਂ ਦਾ ਇੱਕ ਸੰਘਣਾ ਬੱਦਲ ਉੱਠਦਾ ਦਿਖਾਈ ਦੇ ਰਿਹਾ ਹੈ। ਉਨ੍ਹਾਂ ਕਿਹਾ ਕਿ ਫਾਇਰ ਫਾਈਟਰਜ਼ ਇਸ ਸਮੇਂ ਅੱਗ ਬੁਝਾਉਣ ਦੀ ਕੋਸ਼ਿਸ਼ ਕਰ ਰਹੇ ਹਨ ਅਤੇ ਸਥਿਤੀ ਨੂੰ ਕਾਬੂ ਵਿੱਚ ਲਿਆਉਣ ਲਈ ਕਾਰਵਾਈ ਜਾਰੀ ਹੈ। ਪੁਲਸ ਅਨੁਸਾਰ ਇਸ ਘਟਨਾ ਵਿੱਚ 400 ਝੌਂਪੜੀਆਂ ਸੜ ਗਈਆਂ। ਰੋਹਿਣੀ ਦੇ ਡਿਪਟੀ ਕਮਿਸ਼ਨਰ ਆਫ਼ ਪੁਲਸ ਅਮਿਤ ਗੋਇਲ ਨੇ ਕਿਹਾ, ਪੁਲਸ ਅਤੇ ਫਾਇਰ ਵਿਭਾਗ ਦੀਆਂ ਕਈ ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ। ਘਟਨਾ ਸਥਾਨ 'ਤੇ ਹੁਣ ਕੂਲਿੰਗ ਆਪ੍ਰੇਸ਼ਨ ਚੱਲ ਰਹੇ ਹਨ। ਦੋ ਲਾਸ਼ਾਂ ਬਰਾਮਦ ਕਰ ਲਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਵਿਸਤ੍ਰਿਤ ਜਾਣਕਾਰੀ ਦੀ ਉਡੀਕ ਹੈ।



# ਸ਼ਰਮਸਾਰ ਪੰਜਾਬ ! 54 ਸਾਲਾ ਸਿਰਫਿਰੇ ਨੇ ਸਕੀ ਭਤੀਜੀ ਸਣੇ 3 ਕੁੜੀਆਂ ਦੀ ਰੋਲੀ ਪੱਤ

ਜਲੰਧਰ 2 ਮਈ। ਪੰਜਾਬ ਵਿਚ ਸ਼ਰਮਸਾਰ ਕਰ ਦੇਣ ਵਾਲੀ ਘਟਨਾ ਸਾਹਮਣੇ ਆਈ ਹੈ। ਦਰਅਸਲ 54 ਸਾਲ ਦੇ ਸਿਰਫਿਰੇ ਵਿਅਕਤੀ ਦੇ ਕਬਜ਼ੇ ਵਿੱਚੋਂ ਛੁਡਵਾਈਆਂ ਗਈਆਂ ਤਿੰਨਾਂ ਬੱਚੀਆਂ ਨਾਲ ਮੁਲਜ਼ਮ ਕਈ ਦਿਨਾਂ ਤੋਂ ਜਬਰ-ਜ਼ਿਨਾਹ ਕਰ ਰਿਹਾ ਸੀ। ਇਸ ਦੀ ਪੁਸ਼ਟੀ ਬੱਚੀਆਂ ਦੇ ਮੈਡੀਕਲ ਤੋਂ ਹੋ ਗਈ ਹੈ, ਜਿਸ ਦੇ ਬਾਅਦ ਪੁਲਸ ਨੇ ਮੁਲਜ਼ਮ ਰਾਜੇਸ਼ ਪਾਂਡੇ ਖ਼ਿਲਾਫ਼ ਜਬਰ-ਜ਼ਿਨਾਹ ਅਤੇ ਪੋਸਕੋ ਐਕਟ ਅਧੀਨ ਵੀ ਧਾਰਾ ਜੋੜ ਕੇ ਉਸ ਨੂੰ 3 ਦਿਨ ਦੇ ਰਿਮਾਂਡ 'ਤੇ ਲਿਆ ਹੈ। ਤਿੰਨਾਂ ਬੱਚੀਆਂ ਵਿੱਚੋਂ ਇਕ 9 ਸਾਲ ਦੀ ਬੱਚੀ ਤਾਂ ਉਸ ਦੀ ਸਕੀ ਭਤੀਜੀ ਨਿਕਲੀ ਹੈ, ਜੋ ਉਹ ਯੂ. ਪੀ. ਤੋਂ ਆਪਣੇ ਭਰਾ ਨੂੰ ਇਹ ਕਹਿ ਕੇ ਲੈ ਆਇਆ ਸੀ ਕਿ ਉਹ ਪੰਜਾਬ ਲਿਜਾ ਕੇ ਉਸ ਦੀ ਚੰਗੀ ਤਰ੍ਹਾਂ ਦੇਖਭਾਲ ਕਰੇਗਾ। ਰਾਮਾ ਮੰਡੀ ਦੀ 12 ਸਾਲਾ ਬੱਚੀ ਨੂੰ ਵੀ ਉਹ ਵਰਗਲਾ ਕੇ ਲੈ ਗਿਆ ਸੀ, ਜਦਕਿ ਤੀਜੀ ਕੁੜੀ ਵੀ 12 ਸਾਲ ਦੀ ਹੈ। ਮੁਲਜ਼ਮ ਬੱਚੀਆਂ ਨੂੰ ਇਹ ਕਹਿੰਦਾ ਸੀ ਕਿ ਉਨ੍ਹਾਂ ਦੇ ਮਾਤਾ-ਪਿਤਾ ਨੇ ਉਨ੍ਹਾਂ ਨੂੰ ਉਸ ਕੋਲ ਵੇਚ ਦਿੱਤਾ ਹੈ ਕਿਉਂਕਿ ਉਨ੍ਹਾਂ ਕੋਲ ਪਾਲਣ-ਪੋਸ਼ਣ ਲਈ ਇੰਨੇ ਪੈਸੇ ਨਹੀਂ ਹਨ। ਮੁਲਜ਼ਮ ਨੇ ਪੁਲਸ ਦੀ ਪੁੱਛਗਿੱਛ ਵਿਚ ਕਬੂਲਿਆ ਕਿ ਕਪੂਰਥਲਾ ਵਿਚ ਉਹ ਕਿਰਾਏ 'ਤੇ ਰਹਿੰਦਾ ਸੀ ਅਤੇ ਦਿਹਾੜੀ ਲਾਉਂਦਾ ਸੀ। ਜਦੋਂ ਦਿਹਾੜੀ 'ਤੇ ਜਾਣਾ ਹੁੰਦਾ ਸੀ ਤਾਂ ਮੁਲਜ਼ਮ ਬੱਚੀਆਂ ਨੂੰ ਖਾਣ-ਪੀਣ ਦਾ ਸਾਮਾਨ ਦੇ ਕੇ ਬਾਹਰੋਂ ਤਾਲਾ ਲਾ ਕੇ ਚਲਾ ਜਾਂਦਾ ਸੀ। ਮੁਲਜ਼ਮ ਨੇ ਮੰਨਿਆ ਕਿ ਉਹ ਬੱਚੀਆਂ ਨਾਲ ਜ਼ਬਰਦਸਤੀ ਜਿਸਮਾਨੀ ਸੰਬੰਧ ਵੀ ਬਣਾਉਂਦਾ ਸੀ, ਜਿਸ ਤੋਂ ਬਾਅਦ ਪੁਲਸ ਨੇ ਬੱਚੀਆਂ ਨੂੰ ਮਾਣਯੋਗ ਅਦਾਲਤ ਦੇ ਸਾਹਮਣੇ ਪੇਸ਼ ਕਰਕੇ 164 ਦੇ ਬਿਆਨ ਵੀ ਕਰਵਾਏ ਹਨ। ਏ. ਸੀ. ਪੀ. ਨਾਰਥ ਆਤਿਸ਼ ਭਾਟੀਆ ਨੇ ਦੱਸਿਆ ਕਿ ਮੁਲਜ਼ਮ ਨੂੰ ਪੁੱਛਗਿੱਛ ਲਈ 3 ਦਿਨ ਦੇ ਰਿਮਾਂਡ 'ਤੇ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਮੁਲਜ਼ਮ ਦਾ ਭਰਾ ਯੂ. ਪੀ. ਤੋਂ ਜਲੰਧਰ ਲਈ ਰਵਾਨਾ ਹੋ ਗਿਆ ਹੈ, ਜਿਸ ਦੇ ਆਉਣ ਦੇ ਬਾਅਦ ਉਸ ਦੀ ਬੇਟੀ ਨੂੰ ਉਸ ਦੇ ਹਵਾਲੇ ਕਰ ਦਿੱਤਾ ਜਾਵੇਗਾ। ਬਾਕੀ ਦੋਵਾਂ ਬੱਚੀਆਂ ਨੂੰ ਉਨ੍ਹਾਂ ਦੇ ਮਾਤਾ-ਪਿਤਾ ਨੂੰ ਸੌਂਪ ਦਿੱਤਾ ਗਿਆ ਹੈ। ਜ਼ਿਕਰਯੋਗ ਹੈ ਕਿ ਜਲੰਧਰ ਵਿੱਚੋਂ ਕੁਝ ਸਮੇਂ ਤੋਂ 3 ਬੱਚੀਆਂ ਗਾਇਬ ਸਨ। ਥਾਣਾ ਨੰਬਰ 8 ਅਧੀਨ ਆਉਂਦੇ ਇਲਾਕੇ ਵਿੱਚੋਂ ਗਾਇਬ ਹੋਈ ਬੱਚੀ ਦੇ ਪਰਿਵਾਰਕ ਮੈਂਬਰਾਂ ਨੇ ਪੁਲਸ ਦੀ ਮਦਦ ਨਾਲ ਮੁਲਜ਼ਮ ਨੂੰ ਟਰੇਸ ਕਰ ਲਿਆ ਸੀ, ਜਿਸ ਨੂੰ ਥਾਣਾ ਨੰਬਰ 8 ਦੇ ਇੰਚਾਰਜ ਕਮਲਜੀਤ ਸਿੰਘ ਦੀ ਅਗਵਾਈ ਵਿਚ ਪੁਲਸ ਟੀਮ ਨੇ ਕਪੂਰਥਲਾ ਵਿਚ ਰੇਡ ਕਰ ਕੇ ਗ੍ਰਿਫ਼ਤਾਰ ਕਰ ਲਿਆ ਸੀ। ਮੁਲਜ਼ਮ ਦੇ ਕਬਜ਼ੇ ਵਿੱਚੋਂ 3 ਬੱਚੀਆਂ ਨੂੰ ਬਰਾਮਦ ਕੀਤਾ ਗਿਆ ਸੀ, ਜਿਨ੍ਹਾਂ ਵਿਚੋਂ 2 ਦੇ ਵਾਲ ਕੱਟੇ ਹੋਏ ਸਨ। ਬੱਚੀਆਂ ਦੇ ਗਾਇਬ ਹੋਣ ਦੀ ਇਕ ਸ਼ਿਕਾਇਤ ਥਾਣਾ ਨੰਬਰ 8 ਵਿਚ ਦਰਜ ਸੀ, ਜਦਕਿ ਦੂਜੀ ਥਾਣਾ ਰਾਮਾ ਮੰਡੀ ਵਿਚ। ਮੁਲਜ਼ਮ ਨੇ ਮੰਨਿਆ ਸੀ ਕਿ ਉਹ ਬੱਚੀਆਂ ਨੂੰ ਵਰਗਲਾ ਕੇ ਲੈ ਗਿਆ ਸੀ, ਹਾਲਾਂਕਿ ਭੀਖ ਮੰਗਣ ਲਈ ਵੇਚਣ ਦੀ ਫਿਲਹਾਲ ਪੁਲਸ ਨੇ ਪੁਸ਼ਟੀ ਨਹੀਂ ਕੀਤੀ ਹੈ ਪਰ ਫਿਰ ਵੀ ਮੁਲਜ਼ਮ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਰਿਮਾਂਡ ਖ਼ਤਮ ਹੋਣ 'ਤੇ ਥਾਣਾ ਰਾਮਾ ਮੰਡੀ ਦੀ ਪੁਲਸ ਉਸ ਦੀ ਗ੍ਰਿਫ਼ਤਾਰੀ ਵਿਖਾਏਗੀ।

### ਡਿਸ਼ ਰਿਚਾਰਜ ਦੇ ਚੱਕਰ 'ਚ ਗੁਆਏ 3.90 ਲੱਖ ਰੁਪਏ

ਚੰਡੀਗੜ੍ਹ 2 ਮਈ। ਡਿਸ਼ ਰਿਚਾਰਜ ਕਰਨ ਲਈ ਵਿਅਕਤੀ ਨੂੰ ਗੂਗਲ ਤੋਂ ਨੰਬਰ ਲੈਣਾ ਮਹਿੰਗਾ ਹੋ ਗਿਆ। ਪੀੜਤ ਨੇ ਜਦੋਂ ਰਿਚਾਰਜ ਲਈ ਦਿੱਤੇ ਕਿਊ. ਆਰ. ਕੋਡ ਸਕੈਨ ਕੀਤਾ ਤਾਂ ਉਸ ਦੇ ਖ਼ਾਤੇ 'ਚੋਂ 3.90 ਲੱਖ ਕੱਢ ਲਏ ਗਏ। ਕੁੱਝ ਮਿੰਟਾਂ ਬਾਅਦ ਮੈਸੇਜ ਦੇਖ ਕੇ ਸੈਕਟਰ-40 ਵਾਸੀ ਓਮ ਪ੍ਰਕਾਸ਼ ਹੈਰਾਨ ਹੋ ਗਏ। ਉਨ੍ਹਾਂ ਨੇ ਸ਼ਿਕਾਇਤ ਪੁਲਸ ਨੂੰ ਦਿੱਤੀ। ਸਾਈਬਰ ਸੈੱਲ ਨੇ ਜਾਂਚ ਕਰ ਕੇ ਠੱਗੀ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਓਮ ਪ੍ਰਕਾਸ਼ ਨੇ ਦੱਸਿਆ ਕਿ ਟੀ. ਵੀ. ਦੀ ਸਕ੍ਰੀਨ 'ਤੇ 149 ਰੁਪਏ 'ਚ ਡਿਸ਼ ਰਿਚਾਰਜ ਕਰਨ ਦਾ ਮੈਸੇਜ ਆਇਆ। ਇਸ ਲਈ ਗੂਗਲ ਪੇਅ ਨੰਬਰ ਸਰਚ ਕੀਤਾ। ਨੰਬਰ ਮਿਲਣ ਤੋਂ ਬਾਅਦ ਰਿਚਾਰਜ ਕਰ ਦਿੱਤਾ।

## ਨੈਸ਼ਨਲ ਹਾਈਵੇ 'ਤੇ ਖ਼ਰਾਬ ਖੜ੍ਹੇ ਟਰਾਲੇ ਨਾਲ ਟਰੱਕ ਦੀ ਟੱਕਰ ਹੋਣ ਕਾਰਨ ਡਰਾਈਵਰ ਦੀ ਮੌਤ

ਲੁਧਿਆਣਾ 2 ਮਈ। ਥਾਣਾ ਜੋਧੇਵਾਲ ਦੀ ਪੁਲਸ ਨੇ ਇਕ ਅਣਪਛਾਤੇ ਟਰੱਕ ਡਰਾਈਵਰ ਦੇ ਖ਼ਿਲਾਫ਼ ਇਰਾਦਾ ਕਤਲ ਦਾ ਮਾਮਲਾ ਦਰਜ ਕੀਤਾ ਹੈ। ਤਫ਼ਤੀਸ਼ ਅਫਸਰ ਥਾਣੇਦਾਰ ਜਸਪਾਲ ਸਿੰਘ ਨੇ ਦੱਸਿਆ ਕਿ ਬੀਤੀ 24 ਅਪ੍ਰੈਲ ਨੂੰ ਨੈਸ਼ਨਲ ਹਾਈਵੇ 'ਤੇ ਪੁਲ ਨੇੜੇ ਸੜਕ 'ਤੇ ਇਕ ਟਰਾਲਾ ਖਰਾਬ ਹੋਣ ਕਾਰਨ ਖੜ੍ਹਾ ਸੀ। ਇਸ ਦੌਰਾਨ ਇਕ ਟਰੱਕ ਡਰਾਈਵਰ ਜਲੰਧਰ ਬਾਈਪਾਸ ਤੋਂ ਦਿੱਲੀ ਵੱਲ ਜਾ ਰਿਹਾ ਸੀ ਕਿ ਅਚਾਨਕ ਸੜਕ 'ਤੇ ਖੜ੍ਹੇ ਟਰਾਲੇ ਨਾਲ ਟਕਰਾ ਗਿਆ, ਜਿਸ ਕਾਰਨ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਜਾਂਚ ਅਧਿਕਾਰੀ ਨੇ ਦੱਸਿਆ ਕਿ ਪੁਲਸ ਨੇ ਮ੍ਰਿਤਕ ਟਰੱਕ ਦੇ ਡਰਾਈਵਰ ਦੀ ਪਛਾਣ ਇਰਫਾਨ ਪੁੱਤਰ ਮੁਹੰਮਦ ਆਸ ਵਾਸੀ ਹਰਿਆਣਾ ਵਜੋਂ ਕੀਤੀ ਹੈ। ਉਨ੍ਹਾਂ ਦੱਸਿਆ ਕਿ ਪੁਲਸ ਨੇ ਮ੍ਰਿਤਕ ਡਰਾਈਵਰ ਦੇ ਪਿਤਾ ਮੁਹੰਮਦ ਆਸ ਦੀ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਟਰੱਕ ਦੇ ਡਰਾਈਵਰ ਖ਼ਿਲਾਫ਼ ਕੇਸ ਦਰਜ ਕਰ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਉਨ੍ਹਾਂ ਦੱਸਿਆ ਕਿ ਪੁਲਸ ਨੇ ਮ੍ਰਿਤਕ ਡਰਾਈਵਰ ਦੀ ਲਾਸ਼ ਦਾ ਪੋਸਟਮਾਰਟਮ ਕਰਵਾ ਕੇ ਲਾਸ਼ ਵਾਰਸਾਂ ਦੇ ਹਵਾਲੇ ਕਰ ਦਿੱਤੀ ਹੈ

# 16 ਏਕੜ ਖੇਤ 'ਚ ਕਣਕ ਦੀ ਨਾੜ ਸੜ ਕੇ ਸੁਆਹ, ਖੇਤ ਮਜ਼ਦੂਰ ਝੁਲਸਿਆ

ਨਾਭਾ 2 ਮਈ। ਨਾਭਾ ਬਲਾਕ ਦੇ ਪਿੰਡ ਕੈਦੂਪੁਰ ਵਿਖੇ ਕਣਕ ਦੀ 16 ਏਕੜ ਨਾੜ ਨੂੰ ਅੱਗ ਲੱਗਣ ਅਤੇ ਇਸ ਅੱਗ ਵਿੱਚ ਮਜ਼ਦੂਰ ਦਿਆਲ ਸਿੰਘ ਉਮਰ 32 ਸਾਲਾ ਦੇ ਬੁਰੀ ਤਰ੍ਹਾਂ ਝੁਲਸ ਜਾਣ ਦੀ ਖਬਰ ਹੈ। ਇਸ ਦੌਰਾਨ ਬੁਰੀ ਤਰ੍ਹਾਂ ਝੁਲਸੇ ਮਜ਼ਦੂਰ ਨੂੰ ਨਾਭਾ ਤੋਂ ਪਟਿਆਲਾ, ਪਟਿਆਲਾ ਤੋਂ ਚੰਡੀਗੜ੍ਹ ਰੈਫਰ ਕਰ ਦਿੱਤਾ ਗਿਆ। ਘਟਨਾ ਸਥਲ ਦਾ ਜਾਇਜ਼ਾ ਲੈਣ ਪਹੁੰਚੇ ਪੰਜਾਬ ਦੇ ਪੇਂਡੂ ਅਤੇ ਪੰਚਾਇਤ ਮੰਤਰੀ ਤਰਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਜਿਸ ਮਜ਼ਦੂਰ ਦੀ ਖੇਤ ਵਿੱਚ ਅੱਗ ਲੱਗਣ ਦੇ ਨਾਲ ਸਰੀਰ ਪੂਰੀ ਤਰ੍ਹਾਂ ਝੁਲਸ ਗਿਆ ਹੈ। ਉਸ ਦੀ ਹਰ ਸਹਾਇਤਾ ਕੀਤੀ ਜਾਏਗੀ ਅਤੇ ਸਰਕਾਰ ਉਸ ਦੇ ਨਾਲ ਖੜੀ ਹੈ। ਉਨ੍ਹਾਂ ਕਿਹਾ ਕਿ ਜਿਨ੍ਹਾਂ ਕਿਸਾਨਾਂ ਦੀ ਕਣਕ ਦੀ ਨਾੜ ਸੜ ਕੇ ਰਾਖ ਹੋ ਗਈ ਹੈ ਸਰਕਾਰ ਉਸ ਨੂੰ ਵੀ ਸਹਾਇਤਾ ਦੇਵੇਗੀ। ਉਨ੍ਹਾਂ ਕਿਹਾ ਕਿ ਇਹ ਏਰੀਆ ਪੰਜਾਬ ਦੇ ਸਿਹਤ ਮੰਤਰੀ ਦਾ ਪੈਂਦਾ ਹੈ ਪਰ ਉਹ ਅੱਜ ਬਾਹਰ ਸਨ ਤੇ ਉਨ੍ਹਾਂ ਨੇ ਮੈਨੂੰ ਸਪੈਸ਼ਲ ਭੇਜਿਆ ਹੈ। ਉਨ੍ਹਾਂ ਕਿਹਾ ਕਿ ਜਿੱਥੇ ਵੀ ਪੰਜਾਬ ਵਿੱਚ ਇਸ ਤਰ੍ਹਾਂ ਦੇ ਘਟਨਾਵਾਂ ਵਾਪਰੀਆਂ ਹਨ ਸਰਕਾਰ ਹਰ ਇੱਕ ਮਦਦ ਕਰੇਗੀ। ਇਸ ਮੌਕੇ ਕੈਬਨਟ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਇਸ ਦੌਰਾਨ ਇਕ ਮਜ਼ਦੂਰ ਜ਼ਖਮੀ ਹੋਇਆ ਹੈ ਜੋ ਕਿ ਪੀਜੀਆਈ ਚੰਡੀਗੜ੍ਹ ਵਿਖੇ ਜਿਹੜੇ ਇਲਾਜ ਹੈ। ਉਸ ਦੇ ਇਲਾਜ ਸਬੰਧੀ ਕੋਈ ਢਿੱਲ ਨਹੀਂ ਆਉਣ ਦਿੱਤੀ ਜਾਵੇਗੀ। ਕਿਸਾਨ ਦੀ ਫਸਲ ਦੇ ਨਾੜ ਸਬੰਧੀ ਹੋਏ ਨੁਕਸਾਨ ਦਾ ਭੁਗਤਾਨ ਡਾਕਟਰ ਬਲਵੀਰ ਸਿੰਘ ਕੈਬਨਿਟ ਮੰਤਰੀ ਪੰਜਾਬ ਸਰਕਾਰ ਵੱਲੋਂ ਕੀਤਾ ਜਾਵੇਗਾ। ਆਉਣ ਵਾਲੇ ਸਮੇਂ ਵਿੱਚ ਸਾਨੂੰ ਅਜਿਹੇ ਨੁਕਸਾਨ ਤੋਂ ਬਚਣ ਲਈ ਹਰ ਸੰਭਵ ਯਤਨ ਕਰਨੇ ਚਾਹੀਦੇ ਹਨ। ਕਿਸਾਨਾਂ ਵੱਲੋਂ ਸਾਨੂੰ ਦੱਸਿਆ ਗਿਆ ਹੈ ਕਿ ਫਾਇਰ ਬ੍ਰਿਗੇਡ ਵੱਲੋਂ ਮੌਕੇ 'ਤੇ ਪੁੱਜ ਕੇ ਅੱਗ ਪਰ ਕਾਬੂ ਪਾ ਲਿਆ ਗਿਆ ਸੀ। ਪੰਜਾਬ ਸਰਕਾਰ ਹਮੇਸ਼ਾ ਡੱਟ ਕੇ ਨਾਲ ਖੜੀ ਹੈ। ਇਸ ਮੌਕੇ ਖੇਤ ਦੇ ਮਾਲਕ ਕਿਸਾਨ ਨੇ ਕਿਹਾ ਕਿ ਅੱਗ ਇੰਨ ਭਿਆਨਕ ਸੀ ਕਿ ਜੋ ਸਾਡਾ ਮਜ਼ਦੂਰ ਖੇਤ ਵਿੱਚ ਕੰਮ ਕਰ ਰਿਹਾ ਸੀ ਉਹ ਅੱਗ ਬੁਝਾਉਂਦੇ ਹੋਏ ਬੁਰੀ ਤਰ੍ਹ ਝੁਲਸ ਗਿਆ ਅਤੇ ਇਸ ਬਾਬਤ ਪੰਜਾਬ ਦੇ ਕੈਬਨਟ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਵਿਸ਼ੇਸ਼ ਤੌਰ 'ਤੇ ਪਹੁੰਚੇ ਹਨ ਅਤੇ ਉਨ੍ਹਾਂ ਵੱਲੋਂ ਭਰੋਸਾ ਦਿੱਤਾ ਗਿਆ ਹੈ ਕਿ ਖੇਤ ਦਾ ਜੋ ਨੁਕਸਾਨ ਹੋਇਆ ਅਤੇ ਜੋ ਮਜ਼ਦੂਰ ਬੁਰੀ ਤਰ੍ਹ ਝੁਲਸ ਸਰਕਾਰ ਉਸਦੀ ਹਰ ਇੱਕ ਮਦਦ ਕਰੇਗੀ।



## ਵੱਡੀ ਵਾਰਦਾਤ ਨਾਲ ਦਹਿਲਿਆ ਪੰਜਾਬ, ਨੌਜਵਾਨਾਂ ਵੱਲੋਂ ਫਾਇਰਿੰਗ ਦੌਰਾਨ 2 ਔਰਤਾਂ ਨੂੰ ਲੱਗੀ ਗੋਲੀ

ਬਟਾਲਾ 2 ਮਈ। ਬਟਾਲਾ ਦੇ ਮੁਹੱਲਾ ਗੌਂਸਪੁਰਾ ਵਿਖੇ ਗੋਲੀ ਚੱਲਣ ਦੀ ਸੂਚਨਾ ਮਿਲੀ ਹੈ। ਇਸ ਦੌਰਾਨ 2 ਬਜ਼ੁਰਗ ਔਰਤਾਂ ਗੰਭੀਰ ਜ਼ਖਮੀ ਹੋ ਗਈਆਂ ਹਨ, ਜਿਨ੍ਹਾਂ ਨੂੰ ਇਕ ਮਾਤਾ ਨੂੰ ਬਟਾਲਾ ਦੇ ਸਿਵਲ ਹਸਪਤਾਲ 'ਚ ਦਾਖਲ ਕਰਵਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸਦੀ ਹਾਲਤ ਦੇਖਦਿਆਂ ਉਸ ਨੂੰ ਅੰਮ੍ਰਿਤਸਰ ਰੈਫਰ ਕਰ ਦਿੱਤਾ ਹੈ। ਜ਼ਖਮੀ ਮਾਤਾ ਅਮਰਜੀਤ ਕੌਰ ਪਤਨੀ ਪ੍ਰਕਾਸ਼ ਚੰਦ ਵਾਸੀ ਗੌਂਸਪੁਰਾ ਦੇ ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਮਾਤਾ ਅਮਰਜੀਤ ਕੌਰ ਅਤੇ ਰਾਜ ਰਾਣੀ ਆਪਣੀ ਗਲੀ 'ਚ ਖੜ੍ਹੀਆਂ ਸੀ, ਇਸ ਦੌਰਾਨ ਕੁਝ ਨੌਜਵਾਨ ਆਪਸ 'ਚ ਝਗੜ ਰਹੇ ਸੀ, ਉਨ੍ਹਾਂ 'ਚੋਂ ਇਕ ਨੇ ਗੋਲੀ ਚਲਾ ਦਿੱਤੀ, ਜੋ ਮਾਤਾ ਅਮਰਜੀਤ ਕੌਰ ਦੇ ਪੱਟ 'ਚ ਲੱਗੀ ਹੈ, ਇਸ ਦੌਰਾਨ ਦੂਜੀ ਔਰਤ ਵੀ ਜ਼ਖਮੀ। ਜ਼ਖਮੀ ਮਾਤਾ ਨੂੰ ਪਰਿਵਾਰਕ ਮੈਂਬਰਾਂ ਨੇ ਤੁਰੰਤ ਸਿਵਲ ਹਸਪਤਾਲ ਦਾਖਲ ਕਰਵਾਇਆ, ਜਿੱਥੇ ਡਾਕਟਰਾਂ ਨੇ ਉਸਨੂੰ ਅੰਮ੍ਰਿਤਸਰ ਰੈਫਰ ਕਰ ਦਿੱਤਾ ਹੈ। ਘਟਨਾ ਦੀ ਸੂਚਨਾ ਮਿਲਦਿਆਂ ਹੀ ਡੀ. ਐੱਸ. ਪੀ. ਸਿਟੀ ਅਤੇ ਥਾਣਾ ਸਿਵਲ ਲਾਈਨ ਦੀ ਪੁਲਸ ਮੌਕੇ 'ਤੇ ਪਹੁੰਚ ਗਈ ਹੈ। ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਜਾਂਚ ਤੋਂ ਬਾਅਦ ਅਗਲੇਰੀ ਕਾਨੂੰਨੀ ਕਾਰਵਾਈ ਕਰ ਦਿੱਤੀ ਜਾਵੇਗੀ।

# ਮੁਲਜ਼ਮ ਨੂੰ ਫੜਣ ਗਈ ਪੁਲਸ 'ਤੇ ਪ੍ਰਵਾਸੀ ਨੌਜਵਾਨਾਂ ਨੇ ਵਰ੍ਹਾਈਆਂ ਇੱਟਾਂ

ਜਲੰਧਰ 2 ਮਈ। ਮੁਲਜ਼ਮ ਨੂੰ ਫੜਣ ਗਈ ਪੁਲਸ 'ਤੇ ਪ੍ਰਵਾਸੀ ਨੌਜਵਾਨਾਂ ਨੇ ਇੱਟਾਂ ਵਰ੍ਹਾ ਦਿੱਤੀਆਂ। ਪ੍ਰਵਾਸੀ ਨੌਜਵਾਨ ਰੋਹਿਤ ਪਾਂਡੇ, ਜੋਕਿ ਯੂ. ਪੀ. ਦਾ ਰਹਿਣ ਵਾਲਾ ਹੈ, ਹਾਲ ਵਾਸੀ ਨੂਰਪੁਰ ਨੇ 3 ਨੌਜਵਾਨਾਂ 'ਤੇ ਮੋਬਾਇਲ ਖੋਹਣ ਦੀ ਕੋਸ਼ਿਸ਼ ਕਰਨ ਦਾ ਦੋਸ਼ ਲਾਉਂਦੇ ਹੋਏ ਕਿਹਾ ਕਿ ਤਿੰਨਾਂ ਨੇ ਉਸ ਨੂੰ ਬਹੁਤ ਕੁੱਟਿਆ ਪਰ ਉਸ ਨੇ ਆਪਣਾ ਉਨ੍ਹਾਂ ਨੂੰ ਨਹੀਂ ਦਿੱਤਾ। ਇੰਨੇ 'ਚ ਉਸ ਨੇ ਰੌਲਾ ਪਾਉਣਾ ਸ਼ੁਰੂ ਕਰ ਦਿੱਤਾ ਅਤੇ ਇਲਾਕੇ ਦੇ ਲੋਕ ਇਕੱਠੇ ਹੋ ਗਏ। ਲੋਕਾਂ ਦਾ ਇਕੱਠ ਵੇਖ ਕੇ ਤਿੰਨੋਂ ਨੌਜਵਾਨ ਭੱਜ ਗਏ। ਲੋਕਾਂ ਨੇ ਭੱਜ ਰਹੇ ਇਕ ਨੌਜਵਾਨ ਨੂੰ ਫੜ ਲਿਆ ਅਤੇ ਪੁਲਸ ਹੈਲਪਲਾਈਨ ਨੰਬਰ 112 'ਤੇ ਮਾਮਲੇ ਦੀ ਜਾਣਕਾਰੀ ਦਿੱਤੀ। ਸੂਚਨਾ ਮਿਲਣ ਤੋਂ ਬਾਅਦ ਮੌਕੇ 'ਤੇ ਪਹੁੰਚੇ ਮੁਲਾਜ਼ਮਾਂ ਨੇ ਉਕਤ ਨੌਜਵਾਨ ਨੂੰ ਹਿਰਾਸਤ ਵਿਚ ਲੈ ਲਿਆ। ਇਸ ਤੋਂ ਬਾਅਦ ਜਦੋਂ ਕਾਬੂ ਕੀਤੇ ਨੌਜਵਾਨ ਤੋਂ ਦੂਜੇ ਨੌਜਵਾਨਾਂ ਬਾਰੇ ਪੁੱਛਿਆ ਤਾਂ ਉਸ ਨੇ ਦੱਸਿਆ ਕਿ ਉਹ ਧੋਗੜੀ ਰੋਡ 'ਤੇ ਰਹਿੰਦੇ ਹਨ ਅਤੇ ਪੁਲਸ ਦੋਵਾਂ ਨੌਜਵਾਨਾਂ ਦੇ ਘਰ ਪਹੁੰਚੀ। ਦੋਵਾਂ ਨੌਜਵਾਨਾਂ ਦੇ ਘਰ ਪਹੁੰਚਣ ਤੋਂ ਬਾਅਦ ਅਚਾਨਕ ਦੋਵੇਂ ਪ੍ਰਵਾਸੀ ਨੌਜਵਾਨ ਤੇ ਉਨ੍ਹਾਂ ਦੇ ਸਾਥੀਆਂ ਨੇ ਛੱਤ ਤੋਂ ਪੁਲਸ ਅਤੇ ਇਲਾਕੇ ਦੇ ਵਸਨੀਕਾਂ 'ਤੇ ਇੱਟਾਂ ਵਰ੍ਹਾਉਣੀਆਂ ਸ਼ੁਰੂ ਕਰ ਦਿੱਤੀਆਂ। ਇਸ ਹਮਲੇ ਵਿਚ ਇਲਾਕੇ ਦੇ 4 ਲੋਕ ਗੰਭੀਰ ਜ਼ਖ਼ਮੀ ਹੋ ਗਏ ਜਦਕਿ ਪੁਲਸ ਹੈਲਪਲਾਈਨ ਨੰਬਰ 112 ਦੀ ਰੈਪਿਡ ਕਾਰ ਦਾ ਅਗਲਾ ਸ਼ੀਸ਼ਾ ਟੁੱਟ ਗਿਆ। ਇਸ ਤੋਂ ਬਾਅਦ ਪੁਲਸ ਮੁਲਾਜ਼ਮਾਂ ਨੇ ਪੁਲਸ ਸਟੇਸ਼ਨ ਮਕਸੂਦਾਂ ਦੇ ਡਿਊਟੀ ਅਫ਼ਸਰ ਨੂੰ ਸੂਚਿਤ ਕੀਤਾ ਤੇ ਏ. ਐੱਸ. ਆਈ. ਕੇਵਲ ਸਿੰਘ ਪੁਲਸ ਪਾਰਟੀ ਨਾਲ ਮੌਕੇ 'ਤੇ ਪਹੁੰਚੇ ਅਤੇ ਲੋਕਾਂ ਵੱਲੋਂ ਫੜੇ ਗਏ ਪ੍ਰਵਾਸੀ ਨੌਜਵਾਨ ਨੂੰ ਹਿਰਾਸਤ ਵਿਚ ਲੈ ਕੇ ਥਾਣੇ ਲੈ ਆਏ। ਇਸ ਤੋਂ ਬਾਅਦ ਲੋਕਾਂ ਨੇ ਇਸ ਦੀ ਸੂਚਨਾ ਐੱਸ. ਐੱਸ. ਪੀ. ਦਿਹਾਤੀ ਹਰਵਿੰਦਰ ਸਿੰਘ ਵਿਰਕ ਨੂੰ ਸੂਚਿਤ ਕੀਤਾ। ਖ਼ਬਰ ਲਿਖੇ ਜਾਣ ਤੱਕ ਪੁਲਸ ਸਟੇਸ਼ਨ ਮਕਸੂਦਾਂ ਦੀ ਪੁਲਸ ਮੌਕੇ 'ਤੇ ਮੌਜੂਦ ਸੀ।




## ਮੋਟਰਸਾਈਕਲ ਅਤੇ ਟਰੈਕਟਰ ਦੀ ਹੋਈ ਟੱਕਰ, ਮੋਟਰਸਾਈਕਲ ਸਵਾਰ ਦੀ ਕੱਟੀ ਗਈ ਲੱਤ

ਮੋਗਾ 2 ਮਈ। ਮੋਗਾ ਜ਼ਿਲ੍ਹਾ ਦੇ ਪਿੰਡ ਚੜਿਕ ਦੇ ਰਹਿਣ ਵਾਲੇ ਨੌਜਵਾਨ ਜੋ ਕਿ ਮੋਟਰਸਾਈਕਲ ਤੇ ਆਪਣੇ ਪਿੰਡ ਜਾ ਰਿਹਾ ਸੀ ਤਾਂ ਰਸਤੇ ਵਿਚ ਇਕ ਟਰੈਕਟਰ ਨਾਲ ਉਸ ਦੀ ਟੱਕਰ ਹੋ ਗਈ। ਟਰੈਕਟਰ ਮਗਰ ਕੋਈ ਮਸ਼ੀਨ ਸੀ, ਜਿਸ ਨਾਲ ਵੱਜਣ 'ਤੇ ਨੌਜਵਾਨ ਦੀ ਲੱਤ ਕੱਟੀ ਗਈ। ਉਸ ਨੂੰ ਸਮਾਜ ਸੇਵਾ ਸੁਸਇਟੀ ਦੀ ਗੱਡੀ ਰਾਹੀਂ ਮੋਗਾ ਦੇ ਸਰਕਾਰੀ ਹਸਪਤਾਲ ਵਿਖੇ ਪਹੁੰਚਾਇਆ। ਉਸ ਦੀ ਨਾਜ਼ੁਕ ਹਾਲਤ ਨੂੰ ਦੇਖਦੇ ਹੋਏ ਫਰੀਦਕੋਟ




ਰੈਫ਼ਰ ਕਰ ਦਿੱਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਖਮੀ ਦੀ ਪਤਨੀ ਕੁਲਵਿੰਦਰ ਕੌਰ ਨੇ ਕਿਹਾ ਕਿ ਉਸ ਨੂੰ ਸੂਚਨਾ ਮਿਲੀ ਸੀ ਕਿ ਉਸ ਦੇ ਪਤੀ ਦਾ ਐਕਸੀਡੈਂਟ ਹੋ ਗਿਆ ਹੈ। ਉਹ ਪਿੰਡ ਡਾਲਾ ਵਿਖੇ ਕੰਮ ਕਰਨ ਗਏ ਸੀ ਅਤੇ ਵਾਪਸ ਪਿੰਡ ਆ ਰਹੇ ਸੀ। ਰਸਤੇ ਵਿਚ ਉਨ੍ਹਾਂ ਦਾ ਐਕਸੀਡੈਂਟ ਹੋ ਗਿਆ। ਉਨ੍ਹਾਂ ਦੀ ਹਾਲਤ ਕਾਫੀ ਨਾਜ਼ੁਕ ਹੈ। ਜਾਣਕਾਰੀ ਦਿੰਦੇ ਹੋਏ ਸਮਾਜ ਸੇਵਾ ਸੁਸਾਇਟੀ ਦੇ ਪ੍ਰਧਾਨ ਗੁਰਸੇਵਕ ਸਿੰਘ ਸੰਨਿਆਸੀ ਨੇ ਕਿਹਾ ਕਿ ਉਨ੍ਹਾਂ ਨੂੰ ਸੂਚਨਾ ਮਿਲੀ ਸੀ ਕਿ ਚੜਿੱਕ ਰੋਡ ਕੋਲ ਟਰੈਕਟਰ ਤੇ ਮੋਟਰਸਾਈਕਲ ਦੀ ਟੱਕਰ ਹੋਈ ਹੈ। ਸਾਡੇ ਮੈਂਬਰ ਮੌਕੇ ਦੇ ਗੱਡੀ ਲੈ ਕੇ ਪਹੁੰਚੇ ਅਤੇ ਮੋਟਰਸਾਈਕਲ ਸਵਾਰ ਵਿਅਕਤੀ ਜੋ ਕਿ ਕਾਫੀ ਗੰਭੀਰ ਜ਼ਖ਼ਮੀ ਹੋ ਚੁੱਕਿਆ ਸੀ ਅਤੇ ਉਸ ਦੀ ਲੱਤ ਕੱਟੀ ਗਈ ਸੀ, ਉਸ ਨੂੰ ਮੋਗਾ ਦੇ ਸਰਕਾਰੀ ਹਸਪਤਾਲ ਵਿਖੇ ਦਾਖਲ ਕਰਵਾਇਆ। ਉਸ ਦੀ ਹਾਲਤ ਨੂੰ ਦੇਖਦੇ ਹੋਏ ਉਸ ਨੂੰ ਫਰੀਦਕੋਟ ਰੈਫਰ ਕਰ ਦਿੱਤਾ ਗਿਆ।

## ਅੰਮ੍ਰਿਤਸਰ ਵਿਚ ਫੜੇ ਗਏ ਅੱਤਵਾਦੀ ਦੇ ਪੰਜ ਸਾਥੀ, ਹੈਂਡ ਗ੍ਰਨੇਡ ਬਰਾਮਦ

ਚੰਡੀਗੜ੍ਹ/ਅੰਮ੍ਰਿਤਸਰ 2 ਮਈ। ਪੰਜਾਬ ਪੁਲਸ ਨੇ ਥਾਣਿਆਂ 'ਤੇ ਗ੍ਰਨੇਡ ਹਮਲਿਆਂ ਦੀ ਵੱਡੀ ਸਾਜ਼ਿਸ਼ ਨੂੰ ਨਾਕਾਮ ਕਰਦਿਆਂ 5 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਮੁਲਜ਼ਮ ਗ੍ਰਿਫ਼ਤਾਰੀ ਤੋਂ ਬਾਅਦ ਵੀ ਬਾਜ਼ ਨਹੀਂ ਆਏ ਤੇ ਇਨ੍ਹਾਂ ਵਿਚੋਂ ਇਕ ਮੁਲਜ਼ਮ ਨੇ ਪੁਲਸ ਮੁਲਾਜ਼ਮ ਦਾ ਹੀ ਹਥਿਆਰ ਖੋਹ ਕੇ ਪੁਲਸ ਟੀਮ 'ਤੇ ਗੋਲ?ੀਆਂ ਚਲਾ ਦਿੱਤੀਆਂ ਤੇ ਫ਼ਰਾਰ ਹੋਣ ਦੀ ਕੋਸ਼ਿਸ਼ ਕੀਤੀ। ਹਾਲਾਂਕਿ ਪੁਲਸ ਟੀਮ ਨੇ ਬੜੀ ਬਹਾਦਰੀ ਨਾਲ ਉਸ ਦੀ ਇਸ ਕੋਸ਼ਿਸ਼ ਨੂੰ ਵੀ ਨਾਕਾਮ ਕਰ ਦਿੱਤਾ। ਗ੍ਰਿਫ਼ਤਾਰ ਮੁਲਜ਼ਮ ਵਿਦੇਸ਼ੀ ਗੈਂਗਸਟਰ ਜੀਵਨ ਫ਼ੌਜੀ ਦੀ ਅਗਵਾਈ ਵਾਲੇ ਬੱਬਰ ਖ਼ਾਲਸਾ ਇੰਟਰਨੈਸ਼ਨਲ ਮਾਡਿਊਲ ਦੇ ਕਾਰਕੁੰਨ ਦੱਸੇ ਜਾ ਰਹੇ ਹਨ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪੰਜਾਬ ਦੇ ਡੀ.ਜੀ.ਪੀ. ਗੌਰਵ ਯਾਦਵ ਨੇ ਦੱਸਿਆ ਕਿ ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਵੱਲੋਂ ਇੱਕ ਵੱਡੀ ਸਫਲਤਾ ਪ੍ਰਾਪਤ ਕਰਦੇ ਹੋਏ, ਸਮਰਥਨ ਵਾਲੇ ਵਿਦੇਸ਼ੀ ਗੈਂਗਸਟਰ ਜੀਵਨ ਫ਼ੌਜੀ ਦੀ ਅਗਵਾਈ ਵਾਲੇ ਮਾਡਿਊਲ ਦੇ ਪੰਜ ਕਾਰਕੁਨਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਗ੍ਰਿਫ਼ਤਾਰ ਮੁਲਜ਼ਮਾਂ ਦੀ ਪਛਾਣ ਨਰੇਸ਼ ਕੁਮਾਰ ਉਰਫ਼ ਬੱਬੂ, ਅਭਿਨਵ ਭਗਤ ਉਰਫ਼ ਅਭੀ, ਅਜੈ ਕੁਮਾਰ ਉਰਫ਼ ਅੱਜੂ, ਸੰਨੀ ਕੁਮਾਰ ਵਜੋਂ ਹੋਈ ਹੈ। ਇਸ ਤੋਂ ਇਲਾਵਾ ਇਕ ਨਾਬਾਲਗ ਮੁਲਜ਼ਮ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਹੈ। ਡੀ.ਜੀ.ਪੀ. ਨੇ ਦੱਸਿਆ ਕਿ ਦੋਸ਼ੀ ਗ੍ਰਨੇਡਾਂ ਨਾਲ ਪੁਲਸ ਅਦਾਰਿਆਂ ਨੂੰ ਨਿਸ਼ਾਨਾ ਬਣਾਉਣ ਦੀ ਸਰਗਰਮੀ ਨਾਲ ਸਾਜ਼ਿਸ਼ ਰਚ ਰਹੇ ਸਨ। ਉਨ੍ਹਾਂ ਦੱਸਿਆ ਕਿ ਆਪ੍ਰੇਸ਼ਨ ਦੌਰਾਨ ਦੋਸ਼ੀ ਅਜੈ ਕੁਮਾਰ ਨੇ ਇਕ ਸਰਵਿਸ ਹਥਿਆਰ ਖੋਹ ਕੇ ਪੁਲਸ ਟੀਮ 'ਤੇ ਗੋਲ?ੀਬਾਰੀ ਕਰਕੇ ਭੱਜਣ ਦੀ ਕੋਸ਼ਿਸ਼ ਕੀਤੀ। ਉਹ ਜਵਾਬੀ ਕਾਰਵਾਈ ਵਿਚ ਜ਼ਖ਼ਮੀ ਹੋ ਗਿਆ ਅਤੇ ਇਸ ਸਮੇਂ ਡਾਕਟਰੀ ਦੇਖਭਾਲ ਅਧੀਨ ਹੈ। ਮੁਲਜ਼ਮਾਂ ਕੋਲੋਂ ਇਕ ਗ੍ਰਨੇਡ ਅਤੇ ਇਕ ਪਿਸਤੌਲ ਬਰਾਮਦ ਕੀਤਾ ਗਿਆ ਹੈ। ਗੌਰਵ ਯਾਦਵ ਨੇ ਦੱਸਿਆ ਕਿ ਇਸ ਮਾਮਲੇ ਵਿਚ ਇਸਲਾਮਾਬਾਦ ਪੁਲਸ ਸਟੇਸ਼ਨ ਵਿਖੇ ਦਰਜ ਕੀਤੀ ਗਈ ਹੈ ਤੇ ਪੂਰੇ ਨੈੱਟਵਰਕ ਨੂੰ ਖ਼ਤਮ ਕਰਨ ਲਈ ਅਗਲੇਰੀ ਜਾਂਚ ਜਾਰੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਪੁਲਸ ਅੱਤਵਾਦੀ ਮਾਡਿਊਲਾਂ ਨੂੰ ਕੁਚਲਣ ਅਤੇ ਸੂਬੇ ਵਿਚ ਸ਼ਾਂਤੀ ਅਤੇ ਸਦਭਾਵਨਾ ਬਣਾਈ ਰੱਖਣ ਲਈ ਆਪਣੀ ਵਚਨਬੱਧਤਾ ਵਿਚ ਦ੍ਰਿੜ ਹੈ।

# ਸਰਕਾਰੀ ਸਕੂਲਾਂ ਦੇ ਅਧਿਆਪਕਾਂ ਲਈ ਡਰੈੱਸ ਕੋਡ ਹੋਇਆ ਲਾਜ਼ਮੀ

ਚੰਡੀਗੜ੍ਹ 2 ਮਈ। ਹੁਣ ਤੱਕ ਸਿਰਫ਼ ਵਿਦਿਆਰਥੀਆਂ ਨੂੰ ਹੀ ਵਰਦੀ 'ਚ ਵੇਖਦੇ ਸੀ ਪਰ ਹੁਣ ਚੰਡੀਗੜ੍ਹ ਨੇ ਇਤਿਹਾਸ ਰਚ ਦਿੱਤਾ। ਦੇਸ਼ ਦਾ ਪਹਿਲਾ ਸ਼ਹਿਰ ਬਣ ਗਿਆ ਹੈ, ਜਿੱਥੇ ਸਰਕਾਰੀ ਸਕੂਲਾਂ ਦੇ ਅਧਿਆਪਕ ਵੀ ਵਰਦੀ ਪਾ ਕੇ ਪਾਠ ਪੜ੍ਹਾਉਣਗੇ। ਸ਼ਹਿਰ ਦੇ ਸਰਕਾਰੀ ਸਕੂਲਾਂ 'ਚ ਸ਼ਨੀਵਾਰ ਨੂੰ ਵਿਲੱਖਣ ਪਰੰਪਰਾ ਦੀ ਸ਼ੁਰੂਆਤ ਹੋ ਚੁੱਕੀ ਹੈ। ਹੁਣ ਸਾਰੇ 115 ਸਰਕਾਰੀ ਸਕੂਲਾਂ ਦੇ ਅਧਿਆਪਕ ਵਰਦੀ ਪਾ ਕੇ ਸਕੂਲ ਆਉਣਗੇ। ਇਸ ਤਹਿਤ ਮਹਿਲਾ ਮੁਲਾਜ਼ਮ ਸਾੜੀ ਜਾਂ ਸਲਵਾਰ ਕਮੀਜ਼ ਪਹਿਨਣਗੇ ਜਦਕਿ ਪੁਰਸ਼ ਪੈਂਟ-ਕਮੀਜ਼ ਪਹਿਨਣਗੇ। ਧਨਾਸ ਦੇ ਪੀ. ਐੱਮ. ਸਰਕਾਰੀ ਮਾਡਲ ਸੀਨੀਅਰ ਸਕੂਲ ਤੋਂ ਇਸ ਦੀ ਸ਼ੁਰੂਆਤ ਕੀਤੀ ਗਈ। ਗਰਮੀਆਂ ਦੀਆਂ ਛੁੱਟੀਆਂ ਤੋਂ ਬਾਅਦ ਸਕੂਲਾਂ 'ਚ ਅਧਿਆਪਕ ਵਰਦੀ 'ਚ ਨਜ਼ਰ ਆਉਣਗੇ। ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਵੱਲੋਂ ਨਵੀਂ ਵਰਦੀ ਲਾਂਚ ਕੀਤੀ ਗਈ। ਇਸ ਮੌਕੇ ਪ੍ਰਸ਼ਾਸਕ ਨੇ ਕਿਹਾ ਕਿ ਇਸ ਡਰੈੱਸ ਕੋਡ ਦਾ ਉਦੇਸ਼ ਪੇਸ਼ੇਵਰਤਾ ਨੂੰ ਵਧਾਉਣਾ ਅਤੇ ਪੜ੍ਹਾਈ ਲਈ ਵਧੇਰੇ ਅਨੁਕੂਲ ਮਾਹੌਲ ਬਣਾਉਣਾ ਹੈ। ਲਾਗੂ ਡਰੈੱਸ ਕੋਡ 'ਚ ਮਹਿਲਾ ਅਧਿਆਪਕਾਂ ਲਈ ਦੋ ਅਤੇ




ਪੁਰਸ਼ਾਂ ਲਈ ਸਿਰਫ਼ ਇਕ ਬਦਲ ਹੈ। ਸਾੜੀ ਤੋਂ ਇਲਾਵਾ ਮਹਿਲਾ ਅਧਿਆਪਕਾਂ ਡਿਜ਼ਾਈਨ ਕੀਤੀ ਸਲਵਾਰ ਕਮੀਜ਼ ਪਹਿਨ ਸਕਦੀਆਂ ਹਨ ਜਦਕਿ ਪੁਰਸ਼ ਅਧਿਆਪਕਾਂ ਨੂੰ ਪੈਂਟ-ਕਮੀਜ਼ ਪਾਉਣੀ ਪਵੇਗੀ। ਕਟਾਰੀਆ ਨੇ ਪਹਿਲਕਦਮੀ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਹ ਬਦਲਾਅ ਅਧਿਆਪਕਾਂ 'ਚ ਸਤਿਕਾਰ ਅਤੇ ਏਕਤਾ ਦੀ ਭਾਵਨਾ ਨੂੰ ਵਧਾਏਗਾ। ਸਮਾਨ ਪਹਿਰਾਵਾ ਕੋਡ ਨਾ ਸਿਰਫ਼ ਸਮਾਨਤਾ ਨੂੰ ਉਤਸ਼ਾਹਤ ਕਰਦਾ ਹੈ ਸਗੋਂ ਮਾਣ ਅਤੇ ਪੇਸ਼ੇਵਰਤਾ ਦੀ ਭਾਵਨਾ ਵੀ ਪੈਦਾ ਕਰਦਾ ਹੈ। ਸਿੱਖਿਆ ਵਿਭਾਗ ਇਸ ਸਾਲ ਗਰਮੀਆਂ ਦੀਆਂ ਛੁੱਟੀਆਂ ਤੋਂ ਬਾਅਦ ਸੈਸ਼ਨ ਸ਼ੁਰੂ ਹੋਣ ਤੋਂ ਪਹਿਲਾਂ ਸਾਰੇ ਸਰਕਾਰੀ ਸਕੂਲਾਂ 'ਚ ਇਸ ਪਹਿਲ ਨੂੰ ਲਾਗੂ ਕਰੇਗਾ। ਅਧਿਆਪਕ ਨਿਰਧਾਰਤ ਸਮਾਂ ਸੀਮਾ ਅੰਦਰ ਸਾਰਿਆਂ ਲਈ ਡਰੈੱਸ ਕੋਡ 'ਚ ਡਿਜ਼ਾਈਨ ਕੀਤੇ ਕੱਪੜੇ ਪ੍ਰਾਪਤ ਕਰਨਗੇ। ਸਾਰੇ ਅਧਿਆਪਕਾਂ ਨੂੰ ਨਿਰਧਾਰਤ ਸਮਾਂ-ਸੀਮਾ ਅੰਦਰ ਆਪਣੀਆਂ ਵਰਦੀਆਂ ਪਹਿਨਣੀਆਂ ਪੈਣਗੀਆਂ ਹਨ।


**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**
I, ANITA BANSAL W/O PAWAN BANSAL residing at B-504, MAYUR-DHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

**NAME CHANGE**
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

**PUBLIC NOTICE**
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**PUBLIC NOTICE**
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**
I, Kulsum w/o Rozuddin R/o B-17, Gali No.3A, Near Mohalla Dilshad Masjid, Old Mustafabad, Delhi-110094, have changed my name to Kulsoom for all future purposes.

**NAME CHANGE**
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**NAME CHANGE**
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**NAME CHANGE**
I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.

**NAME CHANGE**
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

**NAME CHANGE**
I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

**NAME CHANGE**
I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.

**NAME CHANGE**
I Manoj Ram S/o Ram Bilash Ram R/o Flat No-6, Tower-8,Hamelia Street,IRIS,Vatika City, Sector-49, Gurgaon, Haryana-122018, Have Changed My Name To Manoj Kumar For All Purpose

**NAME CHANGE**
I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

**NAME CHANGE**
I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHON-NAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

**NAME CHANGE**
I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

**NAME CHANGE**
I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

**NAME CHANGE**
I Rohini Bhatnagar W/o Amitabh Bhatnagar R/o M- 7075, Devinder Vihar, Gurgaon sector 56, Gurgaon Haryana-122011,Have Changed My Name To Rohini Dhanraj Bhatnagar For All Purpose

**NAME CHANGE**
I, Rekha W/O Prem Singh R/O B 278, South MOTI BAGH NEW DELHI 110021 have changed my name from Rekha to Rekha Rawat for all future purpose.

**NAME CHANGE**
I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

**NAME CHANGE**
I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

**NAME CHANGE**
I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

**NAME CHANGE**
I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

**PUBLIC NOTICE**
MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES
**PINKI LAMBA MANN**
ADVOCATE
OFF. A-205A, NORTH EX.MALL, SECTOR-9, ROHINI, NEW DELHI

**ਉੱਤਰ ਰੇਲਵੇ**

**ਈ-ਨਿਵਿਦਾ (ਈ-ਪ੍ਰੋਕਯੂਮੈਂਟ) ਦੇ ਮਾਧਿਅਮ ਨਾਲ ਨਿਵਿਦਾ ਮੰਗ**

ਹੇਠਾਂ ਲਿਖਤ ਕੰਮ ਦੇ ਲਈ ਸੀਨੀਅਰ ਮੰਡਲ ਇੰਜੀਨੀਅਰ/ II, ਉੱਤਰ ਰੇਲਵੇ, ਦਿੱਲੀ ਮੰਡਲ ਵਿਚ ਈ-ਟੈਂਡਰ ਦੀ ਮੰਗ।

| | | | |
|---|---|---|---|
| 1 | NIT-04 | **ਕੰਮ ਦਾ ਨਾਮ :** ਸੀਨੀਅਰ ਮੰਡਲ ਇੰਜੀਨੀਅਰ-II /ਦਿੱਲੀ ਦੇ ਤਹਿਤ ਰੇਲਵੇ ਸੀਮਾ MTC-HPU ਮਾਰਗ ਉਤੇ RCC ਬਾਊਂਡਰੀ ਦੀਵਾਰ ਦੇ ਪ੍ਰਬੰਧ ਦਾ ਪ੍ਰਾਵਧਾਨ। **ਕੰਮ ਦੀ ਅੰਦਾਜਨ ਲਾਗਤ (ਰੁਪਏ):** IREPS 'ਤੇ NIT ਦੇ ਅਨੁਸਾਰ। **ਬਿਆਨਾ ਰਾਸ਼ੀ (ਰੁਪਏ):** IREPS 'ਤੇ NIT ਦੇ ਅਨੁਸਾਰ | |
| | NIT-05 | **ਕੰਮ ਦਾ ਨਾਮ :** ਸੀਨੀਅਰ ਮੰਡਲ ਇੰਜੀਨੀਅਰ-II /ਦਿੱਲੀ ਦੇ ਸਹਾਇਕ ਮੰਡਲ ਇੰਜੀਨੀਅਰ ਮੇਰਠ ਦੇ ਕੰਮ ਖੇਤਰ ਵਿਚ 61.1114 ਕਿਮੀ ਦੀ ਸੁਰੱਖਿਆ ਬਾੜ - (ਐਂਟੀ) ਦਾ ਪ੍ਰਬੰਧ (ਕ੍ਰੈਸ਼ ਬੈਰਿਯਰ ਦਾ ਪ੍ਰਬੰਧ। **ਕੰਮ ਦੀ ਅੰਦਾਜਨ ਲਾਗਤ (ਰੁਪਏ):** IREPS 'ਤੇ NIT ਦੇ ਅਨੁਸਾਰ। **ਬਿਆਨਾ ਰਾਸ਼ੀ (ਰੁਪਏ):** IREPS 'ਤੇ NIT ਦੇ ਅਨੁਸਾਰ | |
| 2 | **ਨਿਵਿਦਾ ਖੋਹਲਣ ਦੀ ਮਿਤੀ ਅਤੇ ਸਮਾਂ** | | 27.05.2025 15:00 Hrs. |
| 3 | **ਵੈਬਸਾਈਟ ਵੇਰਵਾ ਜਿਥੋਂ ਨਿਵਿਦਾ ਦਸਤਾਵੇਜਾਂ ਦਾ ਪੂਰਾ ਵੇਰਵਾ ਦੇਖਿਆ ਜਾ ਸਕਦਾ ਹੈ।** | | ਨਿਵਿਦਾ www.ireps.gov.in ਵੈਬਸਾਈਟ ਤੇ ਉਪਲਬਧ। |

● ਠੇਕੇਦਾਰਾਂ ਨੂੰ ਈ-ਟੈਂਡਰ ਪ੍ਰਣਾਲੀ ਵਿਚ ਭਾਗ ਲੈਣ ਦੇ ਲਈ ਭਾਰਤੀਯ ਰੇਲਵੇ ਈ-ਪ੍ਰੋਕਯੋਰਮੈਂਟ ਸਿਸਟਮ) (IREPS) ਸਾਈਟ ਯਾਨੀ www.ireps.gov.in ਦੇ ਤਹਿਤ ਰਜਿਸਟਰਡ ਹੋਣਾ ਚਾਹੀਦਾ। ● ਸਾਰੇ ਨਿਯਮਾਂ ਅਤੇ ਸ਼ਰਤਾਂ ਦੇ ਲਈ ਕਿਰਪਾ ਟੈਂਡਰ ਦਸਤਾਵੇਜ ਦੇਖੋ। ● ਮੈਨੂੰਅਲ ਟੈਂਡਰ ਸਵੀਕ੍ਰਿਤ ਨਹੀਂ ਕੀਤੇ ਜਾਣਗੇ। ● ਟੈਂਡਰ ਦਸਤਾਵੇਜ ਅਤੇ ਬਿਆਨਾ ਦੀ ਲਾਗਤ ਕੇਵਲ ਨੈਟ ਬੈਕਿੰਗ ਜਾਂ ਭੁਗਤਾਨ ਗੇਟਵੇ ਦੇ ਮਾਧਿਅਮ ਨਾਲ ਸਵੀਕਾਰੀ ਹੋਵੇਗੀ।

ਨੰ.: 128-W/280/eTender Notice/NIT/04 & 05-25-26-W-II ਤਾਰੀਕ : 01.05.2025
1311/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਯੂਪੀਐਸਸੀ ਯੋਗਤਾ ਪ੍ਰਾਪਤ ਉਮੀਦਵਾਰ 2047 ਤੱਕ ਭਾਰਤ ਨੂੰ ਇੱਕ ਵਿਕਸਤ ਰਾਸ਼ਟਰ ਬਣਾਉਣ ਦੇ ਪ੍ਰਧਾਨ ਮੰਤਰੀ ਦੇ ਦ੍ਰਿਸ਼ਟੀਕੋਣ ਨੂੰ ਸਾਕਾਰ ਕਰਨ ਲਈ ਆਪਣੀ ਕਲਮ ਨਾਲ ਸਕ੍ਰਿਪਟ ਲਿਖਣਗੇ : ਨਾਇਬ ਸਿੰਘ ਸੈਣੀ

**ਚੰਡੀਗੜ੍ਹ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਯੂਨੀਅਨ ਪਬਲਿਕ ਸਰਵਿਸ ਕਮਿਸ਼ਨ ਵੱਲੋਂ ਲਈ ਗਈ ਪ੍ਰੀਖਿਆ ਪਾਸ ਕਰਨ ਵਾਲੇ ਹਰਿਆਣਾ ਦੇ 64 ਉਮੀਦਵਾਰਾਂ ਨੂੰ ਸਨਮਾਨਿਤ ਅਤੇ ਵਧਾਈ ਦਿੱਤੀ ਅਤੇ ਉਮੀਦ ਪ੍ਰਗਟਾਈ ਕਿ ਉਹ 2047 ਤੱਕ ਭਾਰਤ ਨੂੰ ਇੱਕ ਵਿਕਸਤ ਰਾਸ਼ਟਰ ਬਣਾਉਣ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਦ੍ਰਿਸ਼ਟੀਕੋਣ ਨੂੰ ਸਾਕਾਰ ਕਰਨ ਵਿੱਚ ਆਪਣੀ ਪ੍ਰਤਿਭਾ ਦਾ ਯੋਗਦਾਨ ਪਾਉਣਗੇ ਅਤੇ ਸ਼ਲਾਘਾਯੋਗ ਕੰਮ ਕਰਕੇ ਧਾਕੜ ਹਰਿਆਣਾ ਦਾ ਦਬਦਬਾ ਬਣਾਈ ਰੱਖਣਗੇ।

ਮੁੱਖ ਮੰਤਰੀ ਅੱਜ ਆਪਣੇ ਨਿਵਾਸ ਸਥਾਨ ਸੰਤ ਕਬੀਰ ਕੁਟੀਰ ਵਿਖੇ ਆਯੋਜਿਤ ਸਿਵਲ ਸੇਵਾਵਾਂ ਪ੍ਰੀਖਿਆ-2024 ਲਈ ਹਰਿਆਣਾ ਦੇ ਨਵੇਂ ਚੁਣੇ ਗਏ ਹੁਸ਼ਿਆਰ ਉਮੀਦਵਾਰਾਂ ਦੇ ਸਨਮਾਨ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਸੰਬੋਧਨ ਕਰ ਰਹੇ ਸਨ।

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਤੁਸੀਂ ਸਾਰੇ ਨੌਜਵਾਨ ਵਿਕਸਤ ਭਾਰਤ ਦੇ ਸੁਪਨੇ ਦੀ ਨੀਂਹ ਅਤੇ ਆਗੂ ਹੋ, ਦੇਸ਼ ਨੂੰ ਤੁਹਾਡੇ ਤੋਂ ਬਹੁਤ ਉਮੀਦਾਂ ਹਨ। ਮੈਨੂੰ ਵਿਸ਼ਵਾਸ ਹੈ ਕਿ ਦੇਸ਼ ਦੇ ਹਰ ਹਿੱਸੇ ਤੱਕ ਪਹੁੰਚ ਕੇ, ਤੁਸੀਂ ਨਾ ਸਿਰਫ਼ ਭਾਰਤ ਦੀ ਵਿਭਿੰਨਤਾ ਵਿੱਚ ਏਕਤਾ ਦੀ ਭਾਵਨਾ ਨੂੰ ਮਜ਼ਬੂਤ ਕਰੋਗੇ, ਸਗੋਂ ਹਰਿਆਣਾ ਦਾ ਮਾਣ ਵੀ ਵਧਾਓਗੇ।

ਮੁੱਖ ਮੰਤਰੀ ਨੇ ਉਮੀਦਵਾਰਾਂ ਨੂੰ ਆਪਣੇ ਸੱਭਿਆਚਾਰ ਅਤੇ ਜੜ੍ਹਾਂ ਨੂੰ ਨਾ ਭੁੱਲਣ ਦਾ ਸੱਦਾ ਦਿੱਤਾ। ਤੁਸੀਂ ਜਿੱਥੇ ਵੀ ਸੇਵਾ ਕਰਦੇ ਹੋ, ਆਪਣੀ ਯੋਗਤਾ ਨਾਲ ਸਫਲਤਾ ਪ੍ਰਾਪਤ ਕਰੋ।

ਉਨ੍ਹਾਂ ਕਿਹਾ ਕਿ ਸਾਲ 2014 ਤੋਂ ਪਹਿਲਾਂ ਹਰਿਆਣਾ ਦੇ ਨੌਜਵਾਨ ਨੌਕਰੀ ਪ੍ਰਾਪਤ ਕਰਨ ਲਈ ਵਿਧਾਇਕਾਂ ਅਤੇ ਮੰਤਰੀਆਂ ਦੇ ਦਫ਼ਤਰਾਂ ਦੇ ਚੱਕਰ ਲਗਾਉਂਦੇ ਸਨ, ਪਰ ਸਾਲ 2014 ਤੋਂ ਬਾਅਦ, ਸੂਬਾ ਸਰਕਾਰ ਨੇ ਮਿਸ਼ਨ ਮੈਰਿਟ ਅਤੇ ਬਿਨਾਂ ਕਿਸੇ ਖਰਚੇ ਅਤੇ ਬਿਨਾਂ ਕਿਸੇ ਪਰਚੀ ਦੇ ਸਰਕਾਰੀ ਨੌਕਰੀ ਦੇਣ ਦੀ ਪ੍ਰਣਾਲੀ ਲਾਗੂ ਕੀਤੀ ਹੈ। ਉਸ ਤੋਂ ਬਾਅਦ, ਨੌਜਵਾਨ ਕੋਚਿੰਗ ਸੈਂਟਰਾਂ ਵਿੱਚ ਕੋਚਿੰਗ ਲੈ ਕੇ ਸਰਕਾਰੀ ਨੌਕਰੀਆਂ ਪ੍ਰਾਪਤ ਕਰ ਰਹੇ ਹਨ। ਸੂਬਾ ਸਰਕਾਰ ਨੇ ਪਾਰਦਰਸ਼ਤਾ ਦੇ ਆਧਾਰ 'ਤੇ 1 ਲੱਖ 75 ਹਜ਼ਾਰ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਪਿਛਲੇ 10 ਸਾਲਾਂ ਵਿੱਚ, ਸੂਬੇ ਦੇ ਛੋਟੇ ਤੋਂ ਛੋਟੇ ਪਿੰਡਾਂ ਵਿੱਚ ਵੀ 5-6 ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਮਿਲੀਆਂ ਹਨ। ਵੱਡੇ ਪਿੰਡਾਂ ਵਿੱਚ ਇਹ ਗਿਣਤੀ 350-400 ਹੈ।

ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦਾ ਮੰਨਣਾ ਹੈ ਕਿ ਉਹ ਜੋ ਕਹਿੰਦੇ ਹਨ ਉਹ ਕਰਦੇ ਹਨ। ਹਰਿਆਣਾ ਸਰਕਾਰ ਵੀ ਉਨ੍ਹਾਂ ਦਾ ਪਾਲਣ ਕਰ ਰਹੀ ਹੈ। ਮੁੱਖ ਮੰਤਰੀ ਵਜੋਂ ਸਹੁੰ ਚੁੱਕਣ ਤੋਂ ਪਹਿਲਾਂ, ਮੈਂ 26 ਹਜ਼ਾਰ ਨੌਜਵਾਨਾਂ ਨੂੰ ਜੁਆਇਨਿੰਗ ਲੈਟਰ ਦਿੱਤੇ ਅਤੇ ਚੋਣਾਂ ਦੌਰਾਨ ਉਨ੍ਹਾਂ ਨਾਲ ਨੌਕਰੀਆਂ ਦੇਣ ਦਾ ਕੀਤਾ ਵਾਅਦਾ ਪੂਰਾ ਕੀਤਾ।

ਉਨ੍ਹਾਂ ਕਿਹਾ ਕਿ ਤੁਸੀਂ ਵੀ ਦ੍ਰਿੜ ਇਰਾਦੇ, ਸਖ਼ਤ ਮਿਹਨਤ ਅਤੇ ਸੱਚੇ ਸਮਰਪਣ ਕਾਰਨ ਇਸ ਮੁਕਾਮ 'ਤੇ ਪਹੁੰਚੇ ਹੋ। ਇਸ ਲਈ, ਮੈਂ ਤੁਹਾਨੂੰ ਅਤੇ ਤੁਹਾਡੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੰਦਾ ਹਾਂ।

ਉਨ੍ਹਾਂ ਕਿਹਾ ਕਿ ਪਿਛਲੇ 10 ਸਾਲਾਂ ਵਿੱਚ ਦੇਸ਼ ਵਿੱਚ ਵੱਡੇ ਬਦਲਾਅ ਦੇਖੇ ਗਏ ਹਨ। ਇਹੀ ਨਤੀਜਾ ਹੈ ਕਿ ਦੁਨੀਆ ਦੇ ਸ਼ਕਤੀਸ਼ਾਲੀ ਦੇਸ਼ਾਂ ਦੇ ਰਾਸ਼ਟਰਪਤੀ ਭਾਰਤ ਦੀ ਪ੍ਰਸ਼ੰਸਾ ਕਰ ਰਹੇ ਹਨ। ਇਸ ਲਈ, ਇਹ ਸਾਡਾ ਸਾਰਿਆਂ ਦਾ ਫਰਜ਼ ਹੈ ਕਿ ਅਸੀਂ ਭਾਰਤ ਨੂੰ ਦੁਨੀਆ ਦਾ ਮੋਹਰੀ ਦੇਸ਼ ਬਣਾਈਏ, ਇਸ ਵਿੱਚ ਤੁਹਾਡੀ ਮਹੱਤਵਪੂਰਨ ਭੂਮਿਕਾ ਹੋਵੇਗੀ।

ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਸਾਡੇ ਸੀਨੀਅਰ ਅਧਿਕਾਰੀਆਂ ਨੇ ਹਰਿਆਣਾ ਨੂੰ ਤਰੱਕੀ ਅਤੇ ਵਿਕਾਸ ਦੇ ਰਾਹ 'ਤੇ ਲਿਆਉਣ ਲਈ ਯਤਨ ਕੀਤੇ ਹਨ, ਉਸੇ ਤਰ੍ਹਾਂ ਤੁਸੀਂ ਲੋਕ ਵੀ ਦੇਸ਼ ਦੇ 140 ਕਰੋੜ ਲੋਕਾਂ ਦੇ ਹਿੱਤਾਂ ਲਈ ਕੰਮ ਕਰੋਗੇ ਅਤੇ ਤੁਸੀਂ ਨੌਜਵਾਨ ਆਪਣੀ ਕਲਮ ਨਾਲ 2047 ਤੱਕ ਵਿਕਸਤ ਭਾਰਤ ਬਣਾਉਣ ਦੇ ਪ੍ਰਧਾਨ ਮੰਤਰੀ ਦੇ ਸੰਕਲਪ ਦੀ ਸਕ੍ਰਿਪਟ ਲਿਖੋਗੇ।

ਇਸ ਮੌਕੇ 'ਤੇ, ਹਰਿਆਣਾ ਦੇ ਮੁੱਖ ਸਕੱਤਰ, ਸ਼੍ਰੀ ਅਨੁਰਾਗ ਰਸਤੋਗੀ ਨੇ ਉਮੀਦਵਾਰਾਂ ਨੂੰ ਮਹਾਭਾਰਤ ਦੇ ਹਰ ਅਧਿਆਇ ਤੋਂ ਸਿੱਖਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਗੀਤਾ ਸਾਨੂੰ ਕਰਮ ਦਾ ਸੰਦੇਸ਼ ਦਿੰਦੀ ਹੈ ਅਤੇ ਸਾਨੂੰ ਕਰਮ ਰਾਹੀਂ ਲੋਕਾਂ ਦਾ ਭਲਾ ਕਰਨਾ ਹੈ। ਇਸ ਦੀ ਪਾਲਣਾ ਕਰਕੇ, ਤੁਸੀਂ ਆਪਣੀਆਂ ਭਵਿੱਖ ਦੀਆਂ ਸੇਵਾਵਾਂ ਰਾਹੀਂ ਦੇਸ਼ ਦੀ ਭਲਾਈ ਲਈ ਕੰਮ ਕਰੋਗੇ।

ਇਸ ਦੌਰਾਨ, ਸੂਚਨਾ ਜਨ ਸੰਪਰਕ ਅਤੇ ਭਾਸ਼ਾ ਵਿਭਾਗ ਦੇ ਡਾਇਰੈਕਟਰ ਜਨਰਲ, ਸ੍ਰੀ ਕੇ.ਐਮ. ਪਾਂਡੂਰੰਗ ਨੇ ਕਿਹਾ ਕਿ ਤੁਸੀਂ ਬਹੁਤ ਮੁਸ਼ਕਲ ਪ੍ਰੀਖਿਆ ਪਾਸ ਕੀਤੀ ਹੈ। ਤੁਸੀਂ ਆਪਣੇ ਟੀਚੇ ਨੂੰ ਪ੍ਰਾਪਤ ਕਰਨ ਲਈ ਸਖ਼ਤ ਮਿਹਨਤ ਅਤੇ ਮਿਹਨਤ ਕੀਤੀ ਹੈ। ਹੁਣ ਹਰ ਕੋਈ ਵੱਖ-ਵੱਖ ਭੂਮਿਕਾਵਾਂ ਵਿੱਚ ਦੇਸ਼ ਦੀ ਸੇਵਾ ਕਰੇਗਾ। ਹੁਣ ਤੁਹਾਡੀ ਜ਼ਿੰਮੇਵਾਰੀ ਵੱਧ ਗਈ ਹੈ ਅਤੇ ਤੁਹਾਡਾ ਉਦੇਸ਼ ਵੱਡੇ ਪੱਧਰ 'ਤੇ ਲੋਕਾਂ ਦੀ ਭਲਾਈ ਹੋਣਾ ਚਾਹੀਦਾ ਹੈ।

ਇਸ ਮੌਕੇ ਮੁੱਖ ਮੰਤਰੀ ਦੇ ਪ੍ਰਮੁੱਖ ਸਕੱਤਰ ਸ੍ਰੀ ਅਰੁਣ ਕੁਮਾਰ ਗੁਪਤਾ, ਮੁੱਖ ਮੰਤਰੀ ਦੇ ਓਐਸਡੀ ਸ੍ਰੀ ਬੀਬੀ ਭਾਰਤੀ, ਸ੍ਰੀ ਵਿਵੇਕ ਕਾਲੀਆ, ਹੋਰ ਅਧਿਕਾਰੀ ਅਤੇ ਸਫਲ ਉਮੀਦਵਾਰਾਂ ਦੇ ਮਾਪੇ ਮੌਜੂਦ ਸਨ।

ਇੱਕ ਸਫਲ ਨੌਜਵਾਨਾਂ ਦੀ ਕਹਾਣੀ ਜਿਨ੍ਹਾਂ ਨੇ ਬਿਨਾਂ ਪੈਸੇ ਖਰਚ ਕੀਤੇ ਅਤੇ ਬਿਨਾਂ ਕਿਸੇ ਪਰਚੀ ਦੇ ਨੌਕਰੀਆਂ ਪ੍ਰਾਪਤ ਕੀਤੀਆਂ, ਉਨ੍ਹਾਂ ਦੇ ਆਪਣੇ ਸ਼ਬਦਾਂ ਵਿੱਚ ਫਤਿਹਾਬਾਦ ਜ਼ਿਲ੍ਹੇ ਦੇ ਧਨੀ ਗੋਪਾਲ ਪਿੰਡ ਦੇ ਵਸਨੀਕ ਅਜੈ ਕੋਲੀਆ ਨੇ ਕਿਹਾ ਕਿ ਪਹਿਲਾਂ ਉਸਨੂੰ ਹਰਿਆਣਾ ਸਰਕਾਰ ਵਿੱਚ ਪਿੰਡ ਸਕੱਤਰ ਦੀ ਨੌਕਰੀ ਮਿਲੀ ਸੀ ਅਤੇ ਉਸਦੇ ਭਰਾ ਨੂੰ ਹਰਿਆਣਾ ਪੁਲਿਸ ਵਿੱਚ ਬਿਨਾਂ ਕਿਸੇ ਖਰਚੇ ਅਤੇ ਬਿਨਾਂ ਕਿਸੇ ਸਲਿੱਪ ਦੇ ਨੌਕਰੀ ਮਿਲੀ ਸੀ। ਸਰਕਾਰ ਦੀ ਇਸ ਪਾਰਦਰਸ਼ਤਾ ਦੇ ਕਾਰਨ, ਉਸਨੇ ਆਪਣੀ ਨੌਕਰੀ ਦੇ ਨਾਲ-ਨਾਲ ਤਿਆਰੀ ਵੀ ਜਾਰੀ ਰੱਖੀ ਅਤੇ ਹੁਣ ਉਸਨੇ ਵਿੱਚ ਸਫਲਤਾ ਪ੍ਰਾਪਤ ਕੀਤੀ ਹੈ।

ਇਸੇ ਤਰ੍ਹਾਂ ਫਤਿਹਾਬਾਦ ਦੇ ਥਰਵਾ ਪਿੰਡ ਦੀ ਵਸਨੀਕ ਵਿਜੇ ਲਕਸ਼ਮੀ ਨੇ ਕਿਹਾ ਕਿ ਉਹ ਇੱਕ ਛੋਟੇ ਜਿਹੇ ਪਿੰਡ ਦੀ ਵਸਨੀਕ ਹੈ। ਉਸਦੇ ਪਿਤਾ ਇੱਕ ਕਿਸਾਨ ਹਨ ਅਤੇ ਮਾਂ ਇੱਕ ਘਰੇਲੂ ਔਰਤ ਹੈ।

ਇਸ ਦੇ ਬਾਵਜੂਦ, ਉਸਦੇ ਮਾਪਿਆਂ ਨੇ ਉਸਨੂੰ ਪੜ੍ਹਾਈ ਲਈ ਚੰਡੀਗੜ੍ਹ ਭੇਜਿਆ। ਉਸ ਸਮੇਂ, ਲੋਕਾਂ ਨੇ ਉਸਨੂੰ ਬਹੁਤ ਤਾਅਨੇ ਮਾਰੇ ਕਿ ਕੁੜੀ ਵਿਆਹ ਦੀ ਉਮਰ ਦੀ ਹੈ ਪਰ ਤੂੰ ਫਿਰ ਵੀ ਉਸਨੂੰ ਪੜ੍ਹਾਈ ਕਰਵਾ ਰਿਹਾ ਹੈਂ। ਮਾਪਿਆਂ ਨੇ ਕਿਸੇ ਦੀ ਪਰਵਾਹ ਨਹੀਂ ਕੀਤੀ ਅਤੇ ਉਸਦਾ ਸਮਰਥਨ ਕੀਤਾ। ਇਸ ਕਾਰਨ, ਉਸਨੇ ਪ੍ਰੀਖਿਆ ਵਿੱਚ 233ਵਾਂ ਰੈਂਕ ਪ੍ਰਾਪਤ ਕੀਤਾ। ਹੁਣ ਉਹੀ ਲੋਕ ਜਿਨ੍ਹਾਂ ਨੇ ਉਸਨੂੰ ਤਾਅਨੇ ਮਾਰੇ ਸਨ, ਉਸਨੂੰ ਵਧਾਈਆਂ ਦੇ ਰਹੇ ਹਨ।

ਮਹਾਰਾਸ਼ਟਰ ਦੇ ਨਾਸਿਕ ਦੀ ਰਹਿਣ ਵਾਲੀ ਸਮਿਤਾ ਕਟਕਾੜੇ ਠਾਕੁਰ ਨੇ ਕਿਹਾ ਕਿ ਉਸ ਨੂੰ ਪਹਿਲਾਂ ਯੋਗਤਾ ਦੇ ਆਧਾਰ 'ਤੇ ਹਰਿਆਣਾ ਸਰਕਾਰ ਵਿੱਚ ਬਲਾਕ ਵਿਕਾਸ ਅਤੇ ਪੰਚਾਇਤ ਅਧਿਕਾਰੀ ਦੀ ਨੌਕਰੀ ਮਿਲੀ ਸੀ ਅਤੇ ਇਸ ਸਮੇਂ ਉਹ ਕੈਥਲ ਦੇ ਗੁਹਲਾ ਬਲਾਕ ਵਿੱਚ ਕੰਮ ਕਰ ਰਹੀ ਹੈ।



# ਸੁਚੱਜੇ ਖ਼ਰੀਦ ਪ੍ਰਬੰਧਾਂ ਸਦਕਾ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਆਈ 621383 ਮੀਟਰਕ ਟਨ ਵਿਚੋਂ 98 ਫੀਸਦੀ ਦੀ ਖਰੀਦ : ਵਧੀਕ ਡਿਪਟੀ ਕਮਿਸ਼ਨਰ

**ਮੋਗਾ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹੇ ਵਿੱਚ ਕਣਕ ਦੀ ਖਰੀਦ ਲਈ ਕੀਤੇ ਗਏ ਸੁਚੱਜੇ ਪ੍ਰਬੰਧਾਂ ਸਦਕਾ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਣਕ ਦੀ ਖਰੀਦ ਤੇਜ਼ੀ ਨਾਲ ਚੱਲ ਰਹੀ ਹੈ ਅਤੇ ਹੁਣ ਤੱਕ ਮੰਡੀਆਂ ਵਿੱਚ ਆਈ 621383 ਮੀਟਰਕ ਟਨ ਕਣਕ ਵਿੱਚੋਂ ਵੱਖ-ਵੱਖ ਖਰੀਦ ਏਜੰਸੀਆਂ ਤੇ ਪ੍ਰਾਈਵੇਟ ਵਪਾਰੀਆਂ ਵੱਲੋਂ 607801 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ ਮੰਡੀਆਂ ਵਿੱਚ ਕੁੱਲ ਆਈ ਕਣਕ ਵਿਚੋਂ 98 ਫ਼ੀਸਦੀ ਦੀ ਖਰੀਦ ਕੀਤੀ ਜਾ ਚੁੱਕੀ ਹੈ।

ਇਹ ਜਾਣਕਾਰੀ ਦਿੰਦਿਆਂ ਵਧੀਕ ਡਿਪਟੀ ਕਮਿਸ਼ਨਰ (ਜ) ਸ਼੍ਰੀਮਤੀ ਚਾਰੂਮਿਤਾ ਨੇ ਦੱਸਿਆ ਕਿ ਖਰੀਦ ਏਜੰਸੀਆਂ ਵੱਲੋਂ ਖਰੀਦੀ ਗਈ ਕਣਕ ਦੀ ਅਦਾਇਗੀ ਵਜੋਂ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ 1331.56 ਕਰੋੜ ਰੁਪਏ ਜਮ੍ਹਾਂ ਕਰਵਾਏ ਗਏ ਹਨ।

ਉਹਨਾਂ ਦੱਸਿਆ ਕਿ ਮੰਡੀਆਂ ਵਿੱਚ ਖਰੀਦੀ ਗਈ ਕੁੱਲ ਕਣਕ ਵਿੱਚੋਂ ਪਨਗ੍ਰੇਨ ਵੱਲੋਂ 193567 ਮੀਟਰਕ ਟਨ, ਮਾਰਕਫੈੱਡ ਵੱਲੋਂ 169171 ਮੀਟਰਕ ਟਨ, ਪਨਸਪ ਵੱਲੋਂ 137795 ਮੀਟਰਕ ਟਨ, ਵੇਅਰ ਹਾਊਸ ਵੱਲੋਂ 100640 ਮੀਟਰਕ ਟਨ ਤੇ ਪ੍ਰਾਈਵੇਟ ਵਪਾਰੀਆਂ ਵੱਲੋਂ 6628 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ।



ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਣਕ ਦੀ ਖਰੀਦ ਲਈ ਬਾਰਦਾਨਾ, ਆਦਿ ਦੇ ਪੁਖਤਾ ਇੰਤਜਾਮ ਕੀਤੇ ਗਏ ਹਨ ਅਤੇ ਮੰਡੀਆਂ ਵਿੱਚ ਕਿਸਾਨਾਂ ਦੀ ਸਹੂਲਤ ਲਈ ਪੀਣ ਵਾਲੇ ਸਾਫ ਸੁਥਰੇ ਪਾਣੀ, ਬਿਜਲੀ, ਬੈਠਣ ਲਈ ਛਾਂਦਾਰ ਜਗ੍ਹਾਂ ਤੇ ਸਾਫ ਸੁਥਰੇ ਪਖਾਨਿਆਂ ਦੇ ਪ੍ਰਬੰਧ ਕੀਤੇ ਗਏ ਹਨ।

ਉਹਨਾਂ ਕਿਹਾ ਕਿ ਪੰਜਾਬ ਸਰਕਾਰ ਦੇ ਸਖ਼ਤ ਦਿਸ਼ਾ ਨਿਰਦੇਸ਼ਾਂ ਤਹਿਤ ਹਰੇਕ ਕਿਸਾਨ ਦੀ ਫ਼ਸਲ ਦਾ ਦਾਣਾ ਦਾਣਾ ਤਹਿ ਸਮਾਂ ਸੀਮਾਂ ਵਿੱਚ ਖਰੀਦਿਆ ਜਾ ਰਿਹਾ ਹੈ।

# ਈ.ਵੀ. ਦੇ ਖਰਚਿਆਂ ਦੇ ਲਾਭ - ਭਾਰਤ ਨੂੰ ਇਲੈਕਟ੍ਰਿਕ ਵਾਹਨਾਂ ਬਣਾਉਣ ਲਈ ਸਸ਼ਕਤ ਬਣਾਉਣਾ

**ਚੰਡੀਗੜ੍ਹ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

: ਭਾਰਤ ਪੈਟਰੋਲ, ਡੀਜ਼ਲ, ਹਾਈਬ੍ਰਿਡ ਅਤੇ ਸੀ.ਐਨ.ਜੀ. ਵਾਹਨਾਂ ਦੇ ਮੁਕਾਬਲੇ ਮਹੱਤਵਪੂਰਨ ਲਾਗਤ ਫਾਇਦਿਆਂ ਦੁਆਰਾ ਸੰਚਾਲਿਤ ਇਲੈਕਟ੍ਰਿਕ ਵਾਹਨ (ਈ.ਵੀ.) ਨੂੰ ਅਪਣਾਉਣ ਵਿੱਚ ਤੇਜ਼ੀ ਨਾਲ ਵਾਧਾ ਦੇਖ ਰਿਹਾ ਹੈ। ਥੋੜ੍ਹੀ ਜਿਹੀ ਪਹਿਲਾਂ ਦੀ ਲਾਗਤ ਦੇ ਬਾਵਜੂਦ, ਟਾਟਾ ਨੈਕਸਨ.ਈਵੀ ਵਰਗੀਆਂ ਈ.ਵੀ.ਜ਼ ਲੰਬੇ ਸਮੇਂ ਵਿੱਚ ਕਿਤੇ ਜ਼ਿਆਦਾ ਕਿਫ਼ਾਇਤੀ ਸਾਬਤ ਹੁੰਦੀਆਂ ਹਨ, ਘੱਟ ਰੱਖ-ਰਖਾਅ, ਸਸਤੀ ਊਰਜਾ ਖਪਤ ਅਤੇ ਸਥਿਰਤਾ ਦੀ ਪੇਸ਼ਕਸ਼ ਕਰਦੀਆਂ ਹਨ।

ਵਾਹਨ ਦੇ ਅੰਕੜੇ 2024 ਵਿੱਚ ਇਲੈਕਟ੍ਰਿਕ ਯਾਤਰੀ ਵਾਹਨਾਂ ਦੀ ਵਿਕਰੀ ਵਿੱਚ 22% ਵਾਧਾ ਦਰਸਾਉਂਦੇ ਹਨ, ਜਿਸ ਵਿੱਚ ਪ੍ਰਚੂਨ ਅੰਕੜੇ 89,000 ਯੂਨਿਟਾਂ ਨੂੰ ਪਾਰ ਕਰ ਗਏ ਹਨ। ਆਈ.ਸੀ.ਈ. (ਅੰਦਰੂਨੀ ਕੰਬਸ਼ਨ ਇੰਜਣ ) ਵਾਹਨਾਂ ਦੇ ਮੁਕਾਬਲੇ, ਨੈਕਸਨ.ਈਵੀ ਘੱਟ ਪ੍ਰਾਪਤੀ ਅਤੇ ਚਲਾਉਣ ਦੀਆਂ ਲਾਗਤਾਂ ਦੀ ਪੇਸ਼ਕਸ਼ ਕਰਦਾ ਹੈ, ਪੈਟਰੋਲ ਮਾਡਲਾਂ ਦੇ ਮੁਕਾਬਲੇ ?93,000 ਤੱਕ ਦੀ ਸਾਲਾਨਾ ਬਾਲਣ ਬੱਚਤ ਦੇ ਨਾਲ। ?4,000 ਸਾਲਾਨਾ ਤੱਕ ਘੱਟ ਰੱਖ-ਰਖਾਅ ਅਤੇ ਔਸਤਨ 43 ਪ੍ਰਤੀ ਦਿਨ ਊਰਜਾ ਲਾਗਤਾਂ ਦੇ ਨਾਲ, ਈ.ਵੀ. ਕਾਰ ਮਾਲਕੀ ਨੂੰ ਮੁੜ ਪਰਿਭਾਸ਼ਿਤ ਕਰ ਰਹੇ ਹਨ। ਸੂਰਜੀ ਏਕੀਕਰਨ ਵਰਗੇ ਵਾਧੂ ਲਾਭ ਲੰਬੇ ਸਮੇਂ ਦੀ ਕਿਫਾਇਤੀਤਾ ਨੂੰ ਵਧਾਉਂਦੇ ਹਨ, ਈ.ਵੀ. ਨੂੰ ਲਾਗਤ-ਸਚੇਤ, ਵਾਤਾਵਰਣ-ਜਾਗਰੂਕ ਪੀੜ੍ਹੀ ਲਈ ਸਭ ਤੋਂ ਵਿਹਾਰਕ ਗਤੀਸ਼ੀਲਤਾ ਹੱਲ ਬਣਾਉਂਦੇ ਹਨ।

# ਪੰਜਾਬ-ਕੇਰਲਾ ਸਮਝੌਤੇ ਦੀ ਰਾਹ ਉਤੇ; ਗੁਰਮੀਤ ਖੁੱਡੀਆਂ ਵੱਲੋਂ ਖੇਤੀ ਤੇ ਮੱਛੀ ਪਾਲਣ ਨਵੀਨਤਮ ਤਕਨੀਕਾਂ ਦੇ ਵਟਾਂਦਰੇ 'ਤੇ ਜ਼ੋਰ

## ਭਵਿੱਖੀ ਖੇਤੀ ਸੁਧਾਰਾਂ ਲਈ ਕੇਰਲਾ ਦੀ ਡਰੋਨ ਸੀਡਿੰਗ ਅਤੇ ਐਕੁਆਕਲਚਰ 'ਤੇ ਪੰਜਾਬ ਦੀ ਨਜ਼ਰ

**ਚੰਡੀਗੜ੍ਹ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਅਤੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਅੰਤਰ-ਰਾਜੀ ਆਦਾਨ-ਪ੍ਰਦਾਨ ਪ੍ਰੋਗਰਾਮ ਤਹਿਤ ਖੇਤੀਬਾੜੀ, ਮੱਛੀ ਪਾਲਣ ਅਤੇ ਪਸ਼ੂ ਪਾਲਣ ਦੇ ਖੇਤਰ ਵਿੱਚ ਸਹਿਯੋਗ ਦੇ ਮੌਕਿਆਂ ਦੀ ਪੜਚੋਲ ਕਰਨ ਲਈ ਕੇਰਲਾ ਦੇ ਕੋਟੱਯਾਮ ਜ਼ਿਲ੍ਹੇ ਵਿੱਚ ਸਥਿਤ ਆਈ.ਸੀ.ਏ.ਆਰ.-ਕ੍ਰਿਸ਼ੀ ਵਿਗਿਆਨ ਕੇਂਦਰ, ਕੁਮਾਰਾਕੋਮ ਦਾ ਦੌਰਾ ਕੀਤਾ। ਸ. ਗੁਰਮੀਤ ਸਿੰਘ ਖੁੱਡੀਆਂ ਨੇ ਪਸ਼ੂ ਪਾਲਣ ਵਿਭਾਗ ਦੇ ਪ੍ਰਮੁੱਖ ਸਕੱਤਰ ਸ੍ਰੀ ਰਾਹੁਲ ਭੰਡਾਰੀ ਅਤੇ ਹੋਰ ਸੀਨੀਅਰ ਅਧਿਕਾਰੀਆਂ ਦੇ ਵਫ਼ਦ ਨਾਲ, ਕੇ.ਵੀ.ਕੇ. ਅਧਿਕਾਰੀਆਂ ਨਾਲ ਵਿਚਾਰ-ਵਟਾਂਦਰਾ ਕੀਤਾ ਜਿਸ ਦੌਰਾਨ ਖੇਤੀਬਾੜੀ, ਮੱਛੀ ਪਾਲਣ ਅਤੇ ਪਸ਼ੂ ਪਾਲਣ ਖੇਤਰ ਵਿੱਚ ਕੁਮਾਰਾਕੋਮ ਨਾਲ ਸਹਿਯੋਗ ਦੀਆਂ ਸੰਭਾਵਨਾਵਾਂ ਦੀ ਪੜਚੋਲ ਕੀਤੀ। ਇਸ ਖੇਤਰ ਵਿੱਚ ਮੱਛੀ ਪਾਲਣ, ਖਾਸ ਕਰਕੇ ਕੇਜ ਕਲਚਰ ਅਤੇ ਇਨਲੈਂਡ ਐਕੁਆਕਲਚਰ ਦੇ ਖੇਤੀਬਾੜੀ ਨਾਲ ਸਫਲ ਏਕੀਕਰਨ ਨੇ ਪੰਜਾਬ ਦੇ ਵਫ਼ਦ ਨੂੰ ਪ੍ਰਭਾਵਿਤ ਕੀਤਾ।

ਗੁਰਮੀਤ ਸਿੰਘ ਖੁੱਡੀਆਂ ਨੇ ਏਕੀਕ੍ਰਿਤ ਖੇਤੀ, ਜੈਵਿਕ ਖੇਤੀ ਅਤੇ ਵਾਤਾਵਰਣ-ਅਨੁਕੂਲ ਸੈਰ-ਸਪਾਟੇ ਵਿੱਚ ਵਰਤੇ ਜਾ ਰਹੇ ਨਵੀਨਤਾਕਾਰੀ ਅਭਿਆਸਾਂ ਦੀ ਸ਼ਲਾਘਾ ਕੀਤੀ, ਜੋ ਪੇਂਡੂ ਰੋਜ਼ੀ-ਰੋਟੀ ਅਤੇ ਆਰਥਿਕਤਾ ਨੂੰ ਹੁਲਾਰਾ ਦਿੰਦੇ ਹਨ। ਪੰਜਾਬ ਦਾ ਵਫ਼ਦ ਖਾਸ ਤੌਰ 'ਤੇ ਕੁਮਾਰਾਕੋਮ ਵਿੱਚ ਅਪਣਾਈ ਜਾ ਰਹੀ ਪ੍ਰਮੁੱਖ ਪਹਿਲਕਦਮੀ, ਝੋਨੇ ਦੇ ਬੀਜ ਬੀਜਣ ਲਈ ਡਰੋਨ ਦੀ ਵਰਤੋਂ ਤੋਂ ਪ੍ਰਭਾਵਿਤ ਹੋਇਆ। ਵਫ਼ਦ ਨੇ ਕੇ.ਵੀ.ਕੇ. ਕੋਟੱਯਾਮ ਦੇ ਮਹਿਲਾ ਸਸ਼ਕਤੀਕਰਨ ਪ੍ਰੋਗਰਾਮਾਂ ਦੀ ਵੀ ਸ਼ਲਾਘਾ ਕੀਤੀ, ਜਿਨ੍ਹਾਂ ਨੇ ਖੇਤੀ ਤੇ ਸਹਾਇਕ ਧੰਦਿਆਂ ਤੋਂ ਪੈਦਾ ਹੁੰਦੀਆਂ ਵਸਤਾਂ ਦੀ ਵੈਲਿਊ ਐਡੀਸ਼ਨ 'ਤੇ ਕੇਂਦ੍ਰਿਤ ਮਜ਼ਬੂਤ ਭਾਈਚਾਰਕ ਉੱਦਮਾਂ ਨੂੰ ਉਤਸ਼ਾਹਿਤ ਕੀਤਾ। ਉਨ੍ਹਾਂ ਨੇ ਮੱਛੀ, ਸਬਜ਼ੀਆਂ, ਫਲਾਂ ਅਤੇ ਮਸਾਲਿਆਂ ਲਈ ਮੁੱਲ ਦੇ ਵਾਧੇ ਨੂੰ ਉਤਸ਼ਾਹਿਤ ਕਰਨ ਵਿੱਚ ਕੇ.ਵੀ.ਕੇ. ਦੇ ਸਮਰਥਨ ਦੇ ਨਾਲ-ਨਾਲ ਜੈਵਿਕ ਖਾਦ, ਪੌਸ਼ਟਿਕ ਮਿਸ਼ਰਣ ਅਤੇ ਜੈਵਿਕ-ਕੀਟਨਾਸ਼ਕ ਉਤਪਾਦਨ ਯੂਨਿਟਾਂ ਬਾਰੇ ਵੀ ਜਾਣਿਆ, ਜਿਸ ਨੇ ਸਥਾਨਕ ਖੇਤੀਬਾੜੀ-ਅਧਾਰਤ ਅਰਥਵਿਵਸਥਾ ਨੂੰ ਮਜ਼ਬੂਤ ਕੀਤਾ ਹੈ। ਖੇਤੀਬਾੜੀ ਮੰਤਰੀ ਨੇ ਕਿਹਾ ਕਿ ਇਨ੍ਹਾਂ ਪਹਿਲਕਦਮੀਆਂ ਨੇ ਨਾ ਸਿਰਫ਼ ਖੇਤੀ ਆਮਦਨ ਵਿੱਚ ਸੁਧਾਰ ਕੀਤਾ ਹੈ ਬਲਕਿ ਸਥਾਈ ਖੇਤੀ ਅਭਿਆਸਾਂ ਦਾ ਵੀ ਸਮਰਥਨ ਕੀਤਾ ਹੈ।

ਉੱਚ-ਪੱਧਰੀ ਵਫ਼ਦ ਨੇ ਤਕਨਾਲੋਜੀ ਦੇ ਆਦਾਨ-ਪ੍ਰਦਾਨ, ਸਿਖਲਾਈ ਪ੍ਰੋਗਰਾਮਾਂ ਅਤੇ ਸਾਂਝੀ ਖੋਜ ਸਮੇਤ ਵੱਖ-ਵੱਖ ਖੇਤਰਾਂ ਵਿੱਚ ਪੰਜਾਬ ਅਤੇ ਕੇਰਲਾ ਵਿਚਕਾਰ ਸੰਭਾਵੀ ਸਹਿਯੋਗ ਦੀ ਵੀ ਪੜਚੋਲ ਕੀਤੀ। ਕੇਰਲ ਦੇ ਅਧਿਕਾਰੀਆਂ ਨੇ ਅਤਿਆਧੁਨਿਕ ਮਸ਼ੀਨੀਕਰਨ, ਉੱਚ-ਉਪਜ ਵਾਲੀਆਂ ਫਸਲਾਂ ਦੀਆਂ ਕਿਸਮਾਂ ਅਤੇ ਵੱਡੇ ਪੱਧਰ 'ਤੇ ਖੇਤੀਬਾੜੀ ਮਾਰਕੀਟਿੰਗ ਵਿੱਚ ਪੰਜਾਬ ਦੀ ਤਰੱਕੀ ਤੋਂ ਸਿੱਖਣ ਵਿੱਚ ਡੂੰਘੀ ਦਿਲਚਸਪੀ ਦਿਖਾਈ।

ਪਸ਼ੂ ਪਾਲਣ ਵਿਭਾਗ ਦੇ ਡਾਇਰੈਕਟਰ ਡਾ. ਗੁਰਸ਼ਰਨ ਸਿੰਘ ਬੇਦੀ ਨੇ ਕਿਹਾ ਕਿ ਇਹ ਦੌਰਾ ਪੰਜਾਬ ਅਤੇ ਕੇਰਲਾ ਦਰਮਿਆਨ ਸਥਾਈ ਖੇਤੀਬਾੜੀ, ਮੱਛੀ ਪਾਲਣ ਅਤੇ ਪਸ਼ੂ ਪਾਲਣ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਸਹਿਯੋਗ ਵਧਾਉਣ ਦੀ ਦਿਸ਼ਾ ਵੱਲ ਇੱਕ ਅਹਿਮ ਕਦਮ ਹੈ।



# 'ਸੀ.ਐਮ. ਦੀ ਯੋਗਸ਼ਾਲਾ' ਤਹਿਤ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿਖੇ ਰੋਜ਼ਾਨਾ ਲੱਗ ਰਹੇ ਹਨ 120 ਯੋਗ ਸਿਖਲਾਈ ਸੈਸ਼ਨ

## ਯੋਗ ਦੇ ਸਹੀ ਆਸਣਾਂ ਰਾਹੀਂ ਲੋਕਾਂ ਦੀ ਮਾਨਸਿਕ ਅਤੇ ਸਰੀਰਕ ਸਥਿਤੀ ਵਿਚ ਆ ਰਿਹਾ ਹੈ ਵੱਡਾ ਸੁਧਾਰ

**ਫਤਹਿਗੜ੍ਹ ਸਾਹਿਬ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਤੰਦਰੁਸਤ ਸਮਾਜ ਦੀ ਸਿਰਜਣਾ ਕਰਨ ਲਈ ਚਲਾਈ ਜਾ ਰਹੀ 'ਸੀ.ਐਮ. ਦੀ ਯੋਗਸ਼ਾਲਾ' ਨਾਮ ਦੀ ਮੁਹਿੰਮ ਨੂੰ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿਖੇ ਯੋਗ ਪ੍ਰੇਮੀਆਂ ਵੱਲੋਂ ਭਰਵਾਂ ਹੁੰਗਾਰਾ ਦਿੱਤਾ ਜਾ ਰਿਹਾ ਹੈ।

ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਦੱਸਿਆ ਕਿ 'ਸੀ.ਐਮ. ਦੀ ਯੋਗਸ਼ਾਲਾ' ਨੂੰ ਸਮਰਪਿਤ ਟ੍ਰੇਨਰ ਇਨ੍ਹਾਂ ਦਿਨਾਂ ਵਿੱਚ ਸ਼ਹਿਰੀ ਅਤੇ ਦਿਹਾਤੀ ਖੇਤਰਾਂ ਵਿੱਚ ਰੋਜ਼ਾਨਾ 120 ਟ੍ਰੇਨਿੰਗ ਸੈਸ਼ਨ ਲਗਾ ਕੇ ਆਪਣੀਆਂ ਸੇਵਾਵਾਂ ਪ੍ਰਦਾਨ ਕਰ ਰਹੇ ਹਨ।

ਉਨ੍ਹਾਂ ਦੱਸਿਆ ਕਿ ਲੋਕਾਂ ਦੀ ਸੁਵਿਧਾ ਮੁਤਾਬਕ ਯੋਗ ਕੈਂਪ, ਰਿਹਾਇਸ਼ੀ ਖੇਤਰਾਂ ਨਜ਼ਦੀਕ ਸਥਿਤ ਸਾਂਝੀਆਂ ਥਾਵਾਂ ਉੱਤੇ ਲਗਾਏ ਜਾ ਰਹੇ ਹਨ ਜਿਸ ਦਾ ਲਾਭ ਕੋਈ ਵੀ ਉਠਾ ਸਕਦਾ ਹੈ।

ਇਸੇ ਦੌਰਾਨ ਖਮਾਣੋਂ ਵਿਖੇ ਤਾਇਨਾਤ ਯੋਗ ਟ੍ਰੇਨਰ ਰਜਨੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਯੋਗ ਦੇ ਸਹੀ ਆਸਣਾਂ ਰਾਹੀਂ ਲੋਕਾਂ ਦੀ ਮਾਨਸਿਕ ਅਤੇ ਸਰੀਰਕ ਸਥਿਤੀ ਵਿਚ ਵੱਡਾ ਸੁਧਾਰ ਦੇਖਣ ਨੂੰ ਮਿਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਨਿਯਮਤ ਅਭਿਆਸ ਨਾਲ ਤਨ ਮਨ ਤਰੋਤਾਜ਼ਾ ਰਹਿੰਦਾ ਹੈ ਅਤੇ ਦਿਨ ਭਰ ਊਰਜਾ ਸ਼ਕਤੀ ਮਜ਼ਬੂਤ ਰਹਿੰਦੀ ਹੈ।

ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿਚ ਸੀ.ਐਮ ਦੀ ਯੋਗਸ਼ਾਲਾ ਦੇ ਕੋਆਰਡੀਨੇਟਰ ਰਮਨਜੀਤ ਕੌਰ ਅਨੁਸਾਰ ਯੋਗ ਨਾ ਸਿਰਫ ਇੱਕ ਪ੍ਰਾਚੀਨ ਅਭਿਆਸ ਹੈ ਸਗੋਂ ਇਹ ਜੀਵਨ ਦੀ ਗੁਣਵੱਤਾ ਨੂੰ ਸੁਧਾਰਨ ਦਾ ਵੀ ਪ੍ਰਭਾਵਸ਼ਾਲੀ ਮਾਧਿਅਮ ਹੈ। ਰਮਨਜੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਇੱਕ ਹੈਲਪਲਾਈਨ ਨੰਬਰ 76694-00500 ਸਥਾਪਤ ਕੀਤਾ ਹੋਇਆ ਹੈ ਜਿੱਥੇ ਲੋਕ, ਯੋਗਾ ਇੰਸਟ੍ਰਕਟਰ ਦੀਆਂ ਸੇਵਾਵਾਂ ਹਾਸਲ ਕਰਨ ਲਈ ਮਿਸਡ ਕਾਲ ਦੇ ਸਕਦੇ ਹਨ ਅਤੇ ਜਾਂ ਫਿਰ ਆਪਣੇ ਆਪ ਨੂੰ cmdiyogshala.punjab.gov.in ਵੈਬਸਾਈਟ ਉਤੇ ਵੀ ਰਜਿਸਟਰ ਕਰ ਸਕਦੇ ਹਨ।



# ਯੁੱਧ ਨਸ਼ਿਆਂ ਵਿਰੁੱਧ ਵਿੱਚ ਦੇਵਾਂਗੇ ਪੂਰਨ ਸਾਥ : ਭੱਲਾ

**ਨਸ਼ਾ ਮੁਕਤੀ ਮੋਰਚਾ ਦੇ ਹਲਕਾ ਕੋਆਰਡੀਨੇਟਰ ਨਿਯੁਕਤ**

**ਬਠਿੰਡਾ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਨਸ਼ਾ ਮੁਕਤੀ ਮੋਰਚੇ ਦੇ ਸਪੋਕਸਪਰਸਨ ਸ਼੍ਰੀ ਬਲਤੇਜ ਪੰਨੂ ਵੱਲੋਂ ਜਤਿੰਦਰ ਭੱਲਾ ਚੇਅਰਮੈਨ ਨਗਰ ਸੁਧਾਰ ਟਰਸਟ ਨੂੰ ਜ਼ਿਲ੍ਹਾ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ ਸੀ, ਹੁਣ ਆਮ ਆਦਮੀ ਪਾਰਟੀ ਦੇ ਨਸ਼ਾ ਮੁਕਤੀ ਮੋਰਚੇ ਨੇ ਵਿਧਾਨ ਸਭਾ ਹਲਕਿਆਂ ਦੇ ਕੁਆਰਡੀਨੇਟਰ ਨਿਯੁਕਤ ਕੀਤੇ ਹਨ।

ਨਸ਼ਾ ਮੁਕਤੀ ਮੋਰਚੇ ਵੱਲੋਂ ਜਾਰੀ ਸੂਚੀ ਅਨੁਸਾਰ ਵਿਧਾਨ ਸਭਾ ਹਲਕਾ ਬਠਿੰਡਾ ਤੋਂ ਮੋਹਿੰਦਰ ਸਿੰਘ ਫੂੱਲੋ ਮਿੱਠੀ, ਹਲਕਾ ਭੁੱਚੋ ਮੰਡੀ ਤੋਂ ਬਲਕਾਰ ਸਿੰਘ ਭੋਖੜਾ ਚੇਅਰਮੈਨ ਮਾਰਕੀਟ ਕਮੇਟੀ ਗੋਨਿਆਨਾ, ਹਲਕਾ ਬਠਿੰਡਾ ਦਿਹਾਤੀ ਤੋਂ ਗੁਰਸੇਵਕ ਸਿੰਘ ਬਾਂਡੀ, ਹਲਕਾ ਮੌੜ ਤੋਂ ਹਿੰਮਤ ਸਿੰਘ ਕੁੱਤੀਵਾਲ, ? ਹਲਕਾ ਤਲਵੰਡੀ ਸਾਬੋ ਤੋਂ ਹਰਜੀਤ ਸਿੰਘ, ਹਲਕਾ ਰਾਮਪੁਰਾ ਫੂਲ ਤੋਂ ਰਾਜਵਿੰਦਰ ਸਿੰਘ ਦਿਆਲਪੁਰਾ, ਨੂੰ ਨਸ਼ਾ ਮੁਕਤੀ ਮੋਰਚੇ ਦੇ ਹਲਕਾ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ ਹੈ।

ਨਸ਼ਾ ਮੁਕਤੀ ਮੋਰਚੇ ਦੇ ਜ਼ਿਲ੍ਹਾ ਕੁਆਰਡੀਨੇਟਰ ਜਤਿੰਦਰ ਭੱਲਾ ਨੇ ਵਿਧਾਨ ਸਭਾ ਹਲਕਿਆਂ ਦੇ ਨਿਯੁਕਤ ਕੀਤੇ ਗਏ ਕੋਆਰਡੀਨੇਟਰਾਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਉਹ ਪੰਜਾਬ ਸਰਕਾਰ ਦੀ ਨਸ਼ੇ ਵਿਰੁੱਧ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਵਿੱਚ ਪੂਰਨ ਸਹਿਯੋਗ ਦੇਣਗੇ। ਉਹਨਾਂ ਕਿਹਾ ਕਿ ਜਿੱਥੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਣ ਲਈ ਜਾਗਰੂਕ ਕੀਤਾ ਜਾਵੇਗਾ, ਉੱਥੇ ਹੀ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕੀਤਾ ਜਾਵੇਗਾ।

ਉਹਨਾਂ ਕਿਹਾ ਕਿ ਬਠਿੰਡਾ ਦਿਹਾਤੀ ਹਲਕੇ ਦੇ ਬਹੁਤੇ ਪਿੰਡਾਂ ਨੂੰ ਉਹ ਓਪਨ ਜਿਮ ਅਤੇ ਖੇਡ ਕਿੱਟਾਂ ਵੰਡ ਚੁੱਕੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਪਿੰਡਾਂ ਅੰਦਰ ਜਿਮ ਖੋਲੇ ਜਾਣਗੇ ਅਤੇ ਨੌਜਵਾਨਾਂ ਅਤੇ ਬੱਚਿਆਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਖੇਡ ਕਿੱਟਾਂ ਹੋਰ ਵੰਡੀਆਂ ਜਾਣਗੀਆ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਨੂੰ ਨਸ਼ਾ ਮੁਕਤ ਕਰਕੇ ਰੰਗਲਾ ਪੰਜਾਬ ਬਣਾਉਣ ਦਾ ਬੀੜਾ ਚੁੱਕਿਆ ਹੋਇਆ ਹੈ ਜਿਸ ਵਿੱਚ ਹਰ ਪੰਜਾਬੀ ਨੂੰ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ।

ਸ ਜਤਿੰਦਰ ਭੱਲਾ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਸਰਕਾਰ ਦੀ ਨਸ਼ਿਆਂ ਖਿਲਾਫ ਮੁਹਿੰਮ ਯੁੱਧ ਨਸ਼ਿਆ ਵਿਰੁੱਧ ਨੂੰ ਪੂਰਨ ਸਹਿਯੋਗ ਦੇਣ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਚਸਪਿੰਦਰ ਸਿੰਘ ਚਹਿਲ ਮਾਲਵਾ ਜੋਨ ਦੇ ਕੋਆਰਡੀਨੇਟਰ ਨਿਯੁਕਤ ਕੀਤੇ ਗਏ ਹਨ।

# ਭਗਤੀ ਤੇ ਸ਼ਕਤੀ ਦਾ ਸੁਮੇਲ: ਪੰਜਾਬ ਸਰਕਾਰ ਵੱਲੋਂ ਭਗਵਾਨ ਸ਼੍ਰੀ ਪਰਸ਼ੂਰਾਮ ਜੀ ਦੀ ਜਯੰਤੀ ਮੌਕੇ ਰਾਜ ਪੱਧਰੀ ਸਮਾਗਮ

## ਭਗਵਾਨ ਸ਼੍ਰੀ ਪਰਸ਼ੂਰਾਮ ਧਰਮ, ਨਿਆਂ ਤੇ ਤਿਆਗ ਦੇ ਪ੍ਰਤੀਕ: ਅਮਨ ਅਰੋੜਾ

**ਚੰਡੀਗੜ੍ਹ/ ਜਲੰਧਰ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਆਮ ਆਦਮੀ ਪਾਰਟੀ (ਆਪ) ਦੇ ਸੂਬਾ ਪ੍ਰਧਾਨ ਅਤੇ ਪੰਜਾਬ ਦੇ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਅੱਜ ਆਦਰਸ਼ ਅਤੇ ਸਦਭਾਵਨਾਪੂਰਣ ਸਮਾਜ ਦੀ ਸਿਰਜਣਾ ਲਈ ਨੌਜਵਾਨਾਂ ਨੂੰ ਭਗਵਾਨ ਸ਼੍ਰੀ ਪਰਸ਼ੂਰਾਮ ਜੀ ਵੱਲੋਂ ਦਰਸਾਏ ਨਿਆਂ, ਸਮਾਨਤਾ ਅਤੇ ਸੱਚਾਈ ਦੇ ਮਾਰਗ 'ਤੇ ਚੱਲਣ ਦਾ ਸੱਦਾ ਦਿੱਤਾ।

ਕੈਬਨਿਟ ਮੰਤਰੀ ਭਗਵਾਨ ਸ਼੍ਰੀ ਪਰਸ਼ੂਰਾਮ ਜਯੰਤੀ ਮੌਕੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਵੱਲੋਂ ਸਥਾਨਕ ਕੇ.ਐਮ.ਵੀ. ਕਾਲਜ ਵਿਖੇ ਕਰਵਾਏ ਰਾਜ ਪੱਧਰੀ ਸਮਾਗਮ ਦੌਰਾਨ ਇਕੱਠ ਨੂੰ ਸੰਬੋਧਨ ਕਰ ਰਹੇ ਸਨ।

ਇਸ ਸ਼ੁਭ ਮੌਕੇ ਲੋਕਾਂ ਨੂੰ ਵਧਾਈ ਦਿੰਦਿਆਂ ਕੈਬਨਿਟ ਮੰਤਰੀ ਨੇ ਮਾਣ ਪ੍ਰਗਟ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਪਹਿਲੀ ਵਾਰ ਭਗਵਾਨ ਸ਼੍ਰੀ ਪਰਸ਼ੂਰਾਮ ਜਯੰਤੀ ਮੌਕੇ ਰਾਜ ਪੱਧਰੀ ਸਮਾਗਮ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਨੇ ਜਲੰਧਰ ਵਿੱਚ ਇਹ ਰਾਜ ਪੱਧਰੀ ਸਮਾਗਮ ਕਰਵਾਉਣ ਲਈ ਪੰਜਾਬ ਦੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਦੀ ਸ਼ਲਾਘਾ ਕੀਤੀ।

ਭਗਵਾਨ ਸ਼੍ਰੀ ਪਰਸ਼ੂਰਾਮ ਜੀ ਨੂੰ ਭਗਤੀ ਅਤੇ ਸ਼ਕਤੀ ਦਾ ਦੈਵੀ ਸੁਮੇਲ ਦੱਸਦਿਆਂ ਸ਼੍ਰੀ ਅਰੋੜਾ ਨੇ ਕਿਹਾ ਕਿ ਉਨ੍ਹਾਂ ਦਾ ਅਨਿਆਂ ਵਿਰੁੱਧ ਖੜ੍ਹੇ ਹੋਣ ਦਾ ਸੰਦੇਸ਼ ਅੱਜ ਪਹਿਲਾਂ ਨਾਲੋਂ ਕਿਤੇ ਜ਼ਿਆਦਾ ਪ੍ਰਸੰਗਿਕ ਹੈ। ਉਨ੍ਹਾਂ ਜਲੰਧਰ ਸ਼ਹਿਰ ਵਿੱਚ ਇੱਕ ਨਵੇਂ ਚੌਕ ਦਾ ਨਾਮ ਭਗਵਾਨ ਸ਼੍ਰੀ ਪਰਸ਼ੂਰਾਮ ਜੀ ਦੇ ਨਾਂਅ 'ਤੇ ਰੱਖਣ ਦਾ ਐਲਾਨ ਵੀ ਕੀਤਾ।

ਕੈਬਨਿਟ ਮੰਤਰੀ ਨੇ ਲੋਕਾਂ ਖਾਸ ਕਰ ਨੌਜਵਾਨਾਂ ਨੂੰ ਭਾਰਤ ਦੀ ਵਿਸ਼ਾਲ ਸੱਭਿਆਚਾਰਕ ਅਤੇ ਧਾਰਮਿਕ ਵਿਰਾਸਤ ਨਾਲ ਜੋੜਨ ਲਈ ਭਵਿੱਖ ਵਿੱਚ ਵੀ ਅਜਿਹੇ ਸਮਾਗਮ ਕਰਵਾਉਣ ਦੀ ਪੰਜਾਬ ਸਰਕਾਰ ਦੀ ਵਚਨਬੱਧਤਾ ਦੁਹਰਾਈ। ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਅਜਿਹੇ ਸਮਾਗਮ ਦੇਸ਼ ਦੇ ਅਮੀਰ ਸੱਭਿਆਚਾਰਕ ਅਤੇ ਧਾਰਮਿਕ ਇਤਿਹਾਸ ਨੂੰ ਕਾਇਮ ਰੱਖਣ ਵਿੱਚ ਮਹੱਤਵਪੂਰਣ ਭੂਮਿਕਾ ਨਿਭਾਉਂਦੇ ਹਨ।

ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਸ਼੍ਰੀ ਦੀਪਕ ਬਾਲੀ ਨੇ ਪਤਵੰਤਿਆਂ ਦਾ ਸਵਾਗਤ ਕੀਤਾ ਅਤੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਇਸ ਇਤਿਹਾਸਕ ਪਹਿਲਕਦਮੀ ਲਈ ਸ਼ਲਾਘਾ ਕੀਤੀ।

ਸਮਾਰੋਹ ਦੀ ਸ਼ੁਰੂਆਤ ਕੈਬਨਿਟ ਮੰਤਰੀ ਅਮਨ ਅਰੋੜਾ, ਸਲਾਹਕਾਰ ਦੀਪਕ ਬਾਲੀ, ਵਿਧਾਇਕ ਰਮਨ ਅਰੋੜਾ, ਜਲੰਧਰ ਇੰਪਰੂਵਮੈਂਟ ਟਰੱਸਟ ਦੀ ਚੇਅਰਪਰਸਨ ਰਾਜਵਿੰਦਰ ਕੌਰ ਥਿਆੜਾ ਅਤੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਜੋਤੀ ਜਗਾਉਣ ਨਾਲ ਹੋਈ।

ਇਸ ਦੌਰਾਨ ਬੁਲਾਰਿਆਂ ਨੇ ਭਗਵਾਨ ਸ਼੍ਰੀ ਪਰਸ਼ੂਰਾਮ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਚਾਨਣਾ ਪਾਇਆ ਅਤੇ ਨੌਜਵਾਨਾਂ ਨੂੰ ਉਨ੍ਹਾਂ ਦੇ ਆਦਰਸ਼ਾਂ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ। ਇਸ ਤੋਂ ਪਹਿਲਾਂ ਬ੍ਰਾਹਮਣ ਭਾਈਚਾਰੇ ਦੇ ਕਈ ਪ੍ਰਮੁੱਖ ਮੈਂਬਰਾਂ, ਜਿਨ੍ਹਾਂ ਵਿੱਚ ਸੁਦਰਸ਼ਨ ਸ਼ਰਮਾ, ਡਾ. ਵੀ.ਕੇ. ਵਾਸੂਦੇਵ, ਰਾਜਿੰਦਰ ਸ਼ਰਮਾ, ਵਿਨੋਦ ਕੁਮਾਰ ਦੱਤਾ ਅਤੇ ਭਾਰਤ ਭੂਸ਼ਣ ਸ਼ਰਮਾ ਸ਼ਾਮਲ ਹਨ, ਨੂੰ ਸਮਾਜ, ਖਾਸ ਕਰ ਸਿਹਤ ਅਤੇ ਸਿੱਖਿਆ ਖੇਤਰਾਂ ਵਿੱਚ ਉਨ੍ਹਾਂ ਦੇ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ। ਸਮਾਗਮ ਦੀ ਸਮਾਪਤੀ ਭਗਵਾਨ ਸ਼੍ਰੀ ਪਰਸ਼ੂਰਾਮ ਜੀ ਦੀ ਆਰਤੀ ਨਾਲ ਹੋਈ।



# ਆਈ ਓ ਐੱਲ ਹਾਦਸੇ ਚ ਜ਼ਖ਼ਮੀ ਇਕ ਮੁਲਾਜ਼ਮ ਆਈ ਸੀ ਯੂ ਤੋਂ ਡਿਸਚਾਰਜ, ਦੂਸਰੇ ਦੀ ਹਾਲਤ ਬਿਹਤਰ

**ਬਰਨਾਲਾ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਆਈ ਓ ਐੱਲ ਫੈਕਟਰੀ ਹਾਦਸੇ ਚ ਜ਼ਖ਼ਮੀ ਹੋਏ ਦੋ ਕਰਮਚਾਰੀਆਂ ਚੋਂ ਇਕ ਨੂੰ ਸੀ ਐਮ ਸੀ ਹਸਪਤਾਲ ਦੇ ਆਈ ਸੀ ਯੂ ਵਾਰਡ ਚੋਂ ਡਿਸਚਾਰਜ ਕਰ ਦਿੱਤਾ ਗਿਆ ਹੈ ਅਤੇ ਦੂਸਰੇ ਕਰਮਚਾਰੀ ਦੀ ਹਾਲਤ ਚ ਸੁਧਾਰ ਹੈ।

ਇਸ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਟੀ ਬੈਨਿਥ ਨੇ ਦੱਸਿਆ ਕਿ ਆਈ ਓ ਐਲ ਫੈਕਟਰੀ ਪਿੰਡ ਛੰਨਾ ਦੇ ਯੂਨਿਟ ਨੰਬਰ 3 'ਚ ਗੈਸ ਲੀਕ ਹੋਣ ਕਾਰਨ ਇਕ ਵਿਅਕਤੀ ਦੀ ਮੌਤ ਹੋ ਗਈ ਹੈ ਜਦਕਿ ਦੋ ਲੋਕ ਜ਼ਖ਼ਮੀ ਹਨ। ਡਿਪਟੀ ਕਮਿਸ਼ਨਰ ਸ਼੍ਰੀ ਟੀ ਬੈਨਿਥ ਨੇ ਦੱਸਿਆ ਕਿ ਗੈਸ ਲੀਕ ਹੋਣ ਕਾਰਨ ਇਹ ਹਾਦਸਾ ਵਾਪਰਿਆ ਹੈ। ਉਨ੍ਹਾਂ ਕਿਹਾ ਕਿ ਆਈ ਓ ਐੱਲ ਦਾ ਕਰਮਚਾਰੀ ਯੁਗਮ ਖੰਨਾ, ਜਿਸ ਨੂੰ ਸੀ ਐਮ ਸੀ ਹਸਪਤਾਲ ਲੁਧਿਆਣਾ ਵਿਖੇ ਦਾਖਲ ਕੀਤਾ ਗਿਆ ਸੀ, ਉਸ ਦੀ ਹਾਲਤ ਵਿਚ ਸੁਧਾਰ ਹੋਣ ਕਾਰਨ ਉਸ ਨੂੰ ਆਈ ਸੀ ਯੂ ਵਾਰਡ ਚੋਂ ਜਨਰਲ ਵਾਰਡ ਚ ਤਬਦੀਲ ਕਰ ਦਿੱਤਾ ਗਿਆ ਹੈ।

ਇਸੇ ਤਰ੍ਹਾਂ ਕਰਮਚਾਰੀ ਵਿਕਾਸ ਸ਼ਰਮਾ, ਜੋ ਸੀ ਐਮ ਸੀ ਹਸਪਤਾਲ ਚ ਦਾਖਲ ਹੈ, ਉਸ ਦੀ ਹਾਲਤ ਵਿੱਚ ਵੀ ਸੁਧਾਰ ਹੈ ਅਤੇ ਉਸ ਨੂੰ ਵਜੇ ਜਲਦ ਹੀ ਜਨਰਲ ਵਾਰਡ ਚ ਤਬਦੀਲ ਕਰ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਸੂਚਨਾ ਮਿਲਦੇ ਹੀ ਉੱਪ ਮੰਡਲ ਮਜਿਸਟ੍ਰੇਟ ਬਰਨਾਲਾ ਸ਼੍ਰੀ ਹਰਪ੍ਰੀਤ ਸਿੰਘ ਅਟਵਾਲ ਅਤੇ ਡਿਪਟੀ ਡਾਇਰੈਕਟਰ ਫੈਕਟਰੀ ਸ਼੍ਰੀ ਸਾਹਿਲ ਗੋਇਲ ਮੌਕੇ ਉੱਤੇ ਫੈਕਟਰੀ ਪੁੱਜੇ ਅਤੇ ਮੌਕੇ ਦਾ ਜਾਇਜ਼ਾ ਲਿਆ।

# ਡਾ. ਸੁਖਚੈਨ ਗੋਗੀ ਨੇ ਪੇਡਾ ਦੇ ਚੇਅਰਪਰਸਨ ਵਜੋਂ ਅਹੁਦਾ ਸੰਭਾਲਿਆ

**ਚੰਡੀਗੜ੍ਹ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਡਾ. ਸੁਖਚੈਨ ਗੋਗੀ ਨੇ ਅੱਜ ਇੱਥੇ ਸੈਕਟਰ-33ਡੀ ਸਥਿਤ ਪੇਡਾ ਕੰਪਲੈਕਸ ਵਿਖੇ ਪੰਜਾਬ ਦੇ ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਸ੍ਰੀ ਅਮਨ ਅਰੋੜਾ ਦੀ ਮੌਜੂਦਗੀ ਵਿੱਚ ਪੰਜਾਬ ਊਰਜਾ ਵਿਕਾਸ ਏਜੰਸੀ (ਪੇਡਾ) ਦੇ ਚੇਅਰਪਰਸਨ ਵਜੋਂ ਅਹੁਦਾ ਸੰਭਾਲਿਆ।

ਇਸ ਮੌਕੇ ਹਾਜ਼ਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਮਾਤਾ ਸ੍ਰੀਮਤੀ ਹਰਪਾਲ ਕੌਰ, ਸਮਾਜਿਕ ਨਿਆਂ, ਸਸ਼ਕਤੀਕਰਨ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ, ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਵੀ ਡਾ. ਸੁਖਚੈਨ ਗੋਗੀ ਨੂੰ ਵਧਾਈ ਦਿੱਤੀ।

ਲੁਧਿਆਣਾ ਪੱਛਮੀ ਤੋਂ ਸਾਬਕਾ ਵਿਧਾਇਕ ਸਵਰਗੀ ਸ੍ਰੀ ਗੁਰਪ੍ਰੀਤ ਬੱਸੀ ਗੋਗੀ ਦੇ ਪਤਨੀ ਡਾ. ਸੁਖਚੈਨ ਗੋਗੀ ਆਪਣੇ ਪੁੱਤਰ ਸਵਰਾਜ ਗੋਗੀ ਅਤੇ ਹੋਰ ਰਿਸ਼ਤੇਦਾਰਾਂ ਨਾਲ ਪੇਡਾ ਕੰਪਲੈਕਸ ਵਿਖੇ ਪਹੁੰਚੇ। ਡਾ. ਸੁਖਚੈਨ ਗੋਗੀ ਨੇ ਆਮ ਆਦਮੀ ਪਾਰਟੀ (ਆਪ) ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਉਨ੍ਹਾਂ ਉੱਤੇ ਭਰੋਸਾ ਪ੍ਰਗਟਾਉਣ ਲਈ ਧੰਨਵਾਦ ਕਰਦਿਆਂ ਸੌਂਪੀ ਗਈ ਇਸ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣ ਦਾ ਅਹਿਦ ਲਿਆ।

ਨਵੇਂ ਚੇਅਰਪਰਸਨ ਨੂੰ ਵਧਾਈ ਦਿੰਦਿਆਂ ਅਤੇ ਸਵਾਗਤ ਕਰਦਿਆਂ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਨਵਿਆਉਣਯੋਗ ਊਰਜਾ ਭਵਿੱਖ ਹੈ ਅਤੇ ਕੁਦਰਤੀ ਊਰਜਾ ਦੀ ਵੱਧ ਤੋਂ ਵੱਧ ਵਰਤੋਂ ਨੂੰ ਯਕੀਨੀ ਬਣਾਉਣ ਲਈ ਨਵਿਆਉਣਯੋਗ ਬੁਨਿਆਦੀ ਢਾਂਚੇ ਦਾ ਵਿਸਥਾਰ ਕਰਨਾ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ।

ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਨੇ ਕਿਹਾ, ਡਾ. ਸੁਖਚੈਨ ਗੋਗੀ ਦੀ ਪੇਡਾ ਦੇ ਚੇਅਰਪਰਸਨ ਵਜੋਂ ਨਿਯੁਕਤੀ ਨਾਲ ਸਾਡੀ ਟੀਮ ਮੁਕੰਮਲ ਹੋ ਗਈ ਹੈ ਅਤੇ ਹੁਣ ਅਸੀਂ ਨਵਿਆਉਣਯੋਗ ਖੇਤਰ ਦੇ ਪ੍ਰਚਾਰ ਅਤੇ ਵਿਕਾਸ ਲਈ ਹੋਰ ਜ਼ੋਰਦਾਰ ਢੰਗ ਨਾਲ ਕੰਮ ਕਰਾਂਗੇ।



# ਕਿੱਥੋਂ ਕਿੱਥੇ ਆ ਪਹੁੰਚੀ ਪੰਜਾਬੀ ਗਾਇਕੀ

**ਮਨਜਿੰਦਰ ਸਿੰਘ ਸਰੌਦ**

ਕੋਈ ਸਮਾਂ ਸੀ ਜਦ ਪੰਜਾਬ ਦੀਆਂ ਸੰਗੀਤਕ ਫ਼ਿਜ਼ਾਵਾਂ ਅੰਦਰ ਢੋਲੇ-ਮਾਹੀਏ, ਰਿਸ਼ਤੇ ਨਾਤੇ ਤੇ ਲੋਕ ਕਿੱਸਿਆਂ ਨਾਲ ਭਰਪੂਰ ਗੀਤ-ਸੰਗੀਤ ਗੂੰਜਦਾ ਸੀ। ਪੱਛੋਂ ਦੀ ਠੰਢੀ ਹਵਾ ਦੇ ਬੁੱਲੇ ਵਰਗਾ ਇਹ ਸੰਗੀਤ ਮਨੁੱਖੀ ਰੂਹਾਂ ਨੂੰ ਤਰੋ-ਤਾਜ਼ਾ ਕਰ ਸਕੂਨ ਪ੍ਰਦਾਨ ਕਰਦਾ ਸੀ। ਉਦੋਂ ਦਿਉਰ-ਭਰਜਾਈ ਦੇ ਕਿੱਸੇ ਸਮਾਜਿਕ ਸਰੋਕਾਰਾਂ ਦੇ ਪ੍ਰਤੀਕ ਸਨ। ਕਲਾਕਾਰਾਂ ਨੂੰ ਸਮਾਜ ਆਪਣਾ ਆਦਰਸ਼ ਮੰਨ ਕੇ ਪਿਆਰ ਸਤਿਕਾਰ ਦਿੰਦਾ ਸੀ। ਇਸ ਦੇ ਬਦਲੇ ਫ਼ਨਕਾਰ ਵੀ ਸੱਭਿਅਤਾ ਤੇ ਨੈਤਿਕ ਕਦਰਾਂ ਕੀਮਤਾਂ ਨਾਲ ਲਬਰੇਜ਼ ਗੀਤ ਹੀ ਗਾਉਂਦੇ ਸਨ। ਕਲਾਕਾਰ ਆਪਣੀ ਜ਼ਿੰਮੇਵਾਰੀ ਸਮਝਦੇ ਹੋਏ ਨਵੀਂ ਪੀੜ੍ਹੀ ਵਿਰਸੇ ਦਾ ਵਾਰਿਸ ਬਣਾਉਣ 'ਚ ਯੋਗਦਾਨ ਪਾਉਂਦੇ ਸਨ। ਅਜੋਕੀ ਗਾਇਕੀ ਨੂੰ ਸੁਣੀਏ ਅਤੇ ਵਿਚਾਰੀਏ ਤਾਂ ਹੈਰਾਨੀ ਹੁੰਦੀ ਹੈ ਕਿ ਇਹ ਅੱਜ ਅਸੀਂ ਕਿੱਥੋਂ ਕਿੱਥੇ ਆ ਗਏ ਹਾਂ। ਇਸ ਵਰਤਾਰੇ ਲਈ ਆਖ਼ਰ ਜ਼ਿੰਮੇਵਾਰ ਕੌਣ ਹੈ?

### ਗਾਇਕੀ 'ਚ ਆਈ ਤਬਦੀਲੀ

ਸਮੇ ਨਾਲ ਚੱਲਦਿਆਂ ਅੱਜ ਪੰਜਾਬ ਦੇ ਪੁਰਾਣੇ ਤੇ ਸ਼ਾਨਾਮੱਤੇ ਗੀਤ-ਸੰਗੀਤ ਨੂੰ ਵਪਾਰਕ ਸੋਚ, ਦੌਲਤ, ਸ਼ੁਹਰਤ ਤੇ ਲੱਚਰਤਾ ਦੇ ਦੈਂਤ ਨੇ ਨਿਗਲਣਾ ਸ਼ੁਰੂ ਕਰ ਦਿੱਤਾ ਹੈ। ਸੱਭਿਅਤਾ ਦਾ ਮਜ਼ਬੂਤ ਕਿਲ੍ਹਾ, ਜਿਸ ਨੂੰ ਸਾਡੇ ਪੁਰਖਿਆਂ ਨੇ ਆਪਣੇ ਸੱਭਿਆਚਾਰ ਨੂੰ ਬੁਲੰਦੀਆਂ 'ਤੇ ਲੈ ਕੇ ਜਾਣ ਦੇ ਮਕਸਦ ਨਾਲ ਉਸਾਰਿਆ ਸੀ, ਅਜੋਕੀ ਗਾਇਕੀ ਕਾਰਨ ਇਹ ਕਿਲ੍ਹਾ ਕਮਜ਼ੋਰ ਪੈ ਕੇ ਢਹਿ ਰਿਹਾ ਹੈ। ਸੌਦਾਗਰਾਂ ਦੇ ਵਿੱਤੀ ਲਾਲਚ ਅਤੇ ਲੱਚਰਤਾ ਦੀ ਹਨੇਰੀ ਨੇ ਸੱਭਿਅਤਾ ਦੀ ਚਿੱਟੀ ਚਾਦਰ ਨੂੰ ਲੀਰੋ-ਲੀਰ ਕਰ ਦਿੱਤਾ ਹੈ।



### ਸੰਗੀਤ ਬਣਿਆ ਕਾਤਲ

ਉਹ ਗੀਤ-ਸੰਗੀਤ, ਜੋ ਰੂਹ ਦੀ ਖ਼ੁਰਾਕ ਹੁੰਦਾ ਸੀ, ਉਹ ਅੱਜ ਮੌਤ ਵੰਡਣ ਲੱਗ ਪਿਆ ਹੈ। ਵਿਆਹਾਂ-ਸ਼ਾਦੀਆਂ ਜਾਂ ਹੋਰ ਪ੍ਰੋਗਰਾਮਾਂ ਮੌਕੇ ਹਥਿਆਰਾਂ ਨੂੰ ਹੱਲਾਸ਼ੇਰੀ ਦੇਣ ਵਾਲੇ ਗੀਤਾਂ ਤੋਂ ਉਕਸਾਹਟ 'ਚ ਆ ਕੇ ਚਲਾਈਆਂ ਜਾਂਦੀਆਂ ਗੋਲੀਆਂ ਨਾਲ ਕਈ ਘਰਾਂ ਦੇ ਚਿਰਾਗ਼ ਬੁਝ ਗਏ ਹਨ। ਸਮੇਂ ਦੀ ਸਿਤਮ ਜ਼ਰੀਫ਼ੀ ਵੇਖੋ ਕਿ ਇਸ ਕਾਤਲ ਗੀਤ-ਸੰਗੀਤ ਨੇ ਕਈ ਹੱਸਦੇ-ਵੱਸਦੇ ਪਰਿਵਾਰਾਂ ਨੂੰ ਤਬਾਹ ਕਰ ਕੇ ਚੁੱਲ੍ਹਿਆਂ ਵਿਚ ਘਾਹ ਉੱਗਣ ਲਾ ਦਿੱਤਾ ਹੈ। ਅਜਿਹੀ ਗਾਇਕੀ ਨੂੰ ਕਦੇ ਵੀ ਗਾਇਕੀ ਨਹੀਂ ਆਖਿਆ ਜਾ ਸਕਦਾ। ਨੌਜਵਾਨੀ ਦਾ ਆਪਣੇ ਪਰਿਵਾਰਾਂ ਤੋਂ ਅਲੱਗ ਹੋ ਕੇ ਵੱਖਰੇ ਰਾਹ ਦੇ ਪਾਂਧੀ ਬਣਨ ਵਿਚ ਵੀ ਇਸ ਬੇਲਗ਼ਾਮ ਅਜੋਕੀ ਗਾਇਕੀ ਦਾ ਵੱਡਾ ਰੋਲ ਹੈ। ਅੱਜ ਪੰਜਾਬ 'ਚ ਜੋ ਗੈਂਗਵਾਰ ਵਧ ਰਹੇ ਹਨ, ਇਸ ਦੇ ਪਿੱਛੇ ਅਜੋਕੇ ਗਾਇਕਾਂ ਵੱਲੋਂ ਗਾਏ ਜਾਂਦੇ ਲੜਾਈ ਤੇ ਹਥਿਆਰਾਂ ਦੀ ਦੁਰਵਰਤੋਂ ਨੂੰ ਹੱਲਾਸ਼ੇਰੀ ਦੇਣ ਵਾਲੇ ਗੀਤਾਂ ਦੀ ਵੱਡੀ ਭੂਮਿਕਾ ਹੈ।

ਜਿਹੜਾ ਗੀਤ-ਸੰਗੀਤ ਸਮਾਜ ਦੀਆਂ ਚਾਰੇ ਕੂੰਟਾਂ ਅੰਦਰ ਆਪਣੀ ਮਹਿਕ ਖਿਲਾਰਦਾ ਸੀ, ਅੱਜ ਉਹ ਬੌਧਿਕ ਗਿਰਾਵਟ ਦਾ ਸ਼ਿਕਾਰ ਹੋ ਗਿਆ ਹੈ। ਲੱਚਰਤਾ ਤੇ ਹੋਰ ਮਾੜੀਆਂ ਅਲਾਮਤਾਂ ਨਾਲ ਭਰੇ ਅਜੋਕੇ ਪੰਜਾਬੀ ਗੀਤਾਂ ਨੂੰ ਨੌਜਵਾਨ ਪੀੜ੍ਹੀ ਮਾਨਤਾ ਦੇ ਕੇ ਆਪਣੇ ਪੈਰੀਂ ਆਪ ਕੁਹਾੜਾ ਮਾਰ ਰਹੀ ਹੈ। ਸਮੇਂ ਦੇ ਚੱਕਰਵਿਊ 'ਚ ਫਸੀ ਸਾਡੀ ਨੌਜਵਾਨ ਪੀੜ੍ਹੀ ਇਹ ਫ਼ੈਸਲਾ ਨਾ ਲੈ ਸਕੀ ਕਿ ਜਿਸ ਗਾਇਕੀ ਨੂੰ ਉਹ ਅਪਣਾ ਰਹੀ ਹੈ ਉਹ ਸਾਡੀ ਸੰਸਕ੍ਰਿਤੀ, ਇਤਿਹਾਸ ਤੇ ਸਮਾਜਿਕ ਰਹੁ-ਰੀਤਾਂ ਨੂੰ ਤਹਿਸ-ਨਹਿਸ ਦੇਵੇਗੀ।

### ਨੌਜਵਾਨ ਪੀੜ੍ਹੀ ਦਾ ਨੁਕਸਾਨ

ਸਕੂਲਾਂ-ਕਾਲਜਾਂ ਦੇ ਗੇਟਾਂ ਨੂੰ ਆਸ਼ਕੀ ਦੇ ਅੱਡਿਆਂ 'ਚ ਤਬਦੀਲ ਕਰਨ 'ਚ ਬਹੁਤ ਸਾਰੇ ਪੰਜਾਬੀ ਗੀਤਕਾਰਾਂ ਦਾ ਨਖਿੱਧ ਯੋਗਦਾਨ ਹੈ। ਇਨ੍ਹਾਂ ਵਿੱਦਿਅਕ ਅਦਾਰਿਆਂ ਤੋਂ ਸਿੱਖਿਆ ਲੈ ਕੇ ਸਾਡੀ ਨੌਜਵਾਨ ਪੀੜ੍ਹੀ ਅੱਗੇ ਪਲਾਂਘ ਪੁੱਟਦੀ ਹੈ ਪਰ ਅਜੋਕੀ ਪੰਜਾਬੀ ਗਾਇਕੀ ਨੇ ਇਸ ਨੂੰ ਵੀ ਸੁਰੱਖਿਅਤ ਨਾ ਰਹਿਣ ਦਿੱਤਾ। ਨਵੀਂ ਪੀੜ੍ਹੀ ਲੱਚਰਤਾ, ਹਥਿਆਰ ਕਲਚਰ, ਮਹਿੰਗੇ ਕੱਪੜੇ ਤੇ ਵੱਡੀਆਂ ਗੱਡੀਆਂ ਨਾਲ ਸਬੰਧਤ ਗੀਤ ਸੰਗੀਤ ਵਿਚੋਂ ਭਵਿੱਖ ਤਲਾਸ਼ਦੀ ਨਜ਼ਰ ਆਉਂਦੀ ਹੈ। ਨਸ਼ਿਆਂ ਨੇ ਤਾਂ ਅਮਰਵੇਲ ਦੀ ਤਰ੍ਹਾਂ ਗੀਤਾਂ ਨੂੰ ਜਕੜ ਕੇ ਜਵਾਨੀ ਦੇ ਜ਼ਿਹਨ ਤੇ ਐਸਾ ਜਾਦੂ ਕੀਤਾ ਕਿ ਉਹ ਸਭ ਕੁਝ ਭੁੱਲ-ਭੁਲਾ ਕੇ ਇਸ ਵਿਚੋਂ ਹੀ ਆਪਣਾ ਮਾੜਾ-ਚੰਗਾ ਤਰਾਸ਼ਣ ਲਈ ਪਰ ਤੋਲਣ ਲੱਗ ਪਈ। ਹੁਣ ਇਸ ਦੇ ਭਿਆਨਕ ਰੂਪ ਅਖ਼ਤਿਆਰ ਕਰਨ, ਕਈ ਮਨੁੱਖੀ ਜਾਨਾਂ ਲੈਣ ਤੇ ਜ਼ਮੀਨ-ਜਾਇਦਾਦ ਇਸ ਦੀ ਭੇਟ ਚੜ੍ਹਨ ਨਾਲ ਸੱਭਿਆਚਾਰ ਤੇ ਨੌਜਵਾਨੀ ਨੂੰ ਵੱਡਾ ਖੋਰਾ ਲੱਗਾ ਹੈ ਪਰ ਗੀਤ-ਸੰਗੀਤ ਦੇ ਵਪਾਰੀਆਂ ਦੇ ਖੀਸੇ ਮਾਲਾ-ਮਾਲ ਹੋ ਗਏ।

### ਕਲਾਕਾਰ ਤੇ ਸਰੋਤੇ ਦੋਵੇਂ ਕਸੂਰਵਾਰ

ਅਜੋਕੀ ਸੰਗੀਤਕ ਵਰਤਾਰੇ ਲਈ ਇਕੱਲੇ ਕਲਾਕਾਰਾਂ, ਮਿਊਜ਼ਿਕ ਕੰਪਨੀਆਂ ਤੇ ਵਪਾਰਕ ਸੋਚ ਵਾਲੇ ਲੋਕਾਂ ਨੂੰ ਹੀ ਦੋਸ਼ੀ ਨਹੀਂ ਹਨ ਸਗੋਂ ਜਨਤਾ ਵੀ ਇਸ ਬਰਾਬਰ ਦੀ ਜ਼ਿੰਮੇਵਾਰ ਹੈ। ਕਿਸੇ ਵੀ ਗੀਤ-ਸੰਗੀਤ ਨੂੰ ਸਰੋਤਿਆਂ ਨੇ ਹੀ ਪ੍ਰਵਾਨ ਕਰਨਾ ਹੁੰਦਾ ਹੈ। ਉੱਚੀ ਗਾਇਕੀ ਨੂੰ ਪ੍ਰਣਾਏ ਕਲਾਕਾਰ ਬਲਕਾਰ ਸਿੱਧੂ ਦੀ ਬੇਬਾਕ ਟਿੱਪਣੀ ਹੈ ਕਿ 'ਹੁਣ ਤਾਂ ਸਟੇਜ ਤੇ ਚੰਗਾ ਗੀਤ ਗਾਉਂਦਿਆਂ ਵੀਂ ਕਈ ਵਾਰ ਡਰ ਲਗਦਾ ਹੈ ਕਿ ਕਿਤੇ ਕੋਈ ਸਾਹਮਣੇ ਬੈਠਾ ਸਰੋਤਾ ਇਹ ਨਾ ਆਖ ਦੇਵੇ ਕਿ ਇਹ ਕੀ ਗਾਈ ਜਾਨੈ ਕੋਈ ਚੱਕਮਾ ਜਿਹਾ ਗੀਤ ਸੁਣਾ।' ਇਹ ਅੱਜ ਦੇ ਯੁੱਗ ਵਿਚ ਗਾਇਕੀ ਦੇ ਪਤਨ ਦੀ ਨਿਸ਼ਾਨੀ ਹੈ, ਜਿਸ ਦੀ ਜ਼ਿੰਮੇਵਾਰੀ ਸਾਰੀਆਂ ਧਿਰਾਂ ਦੀ ਬਰਾਬਰ ਬਣਦੀ ਹੈ।

### ਮਿਲ ਕੇ ਹੰਭਲਾ ਮਾਰਨ ਦੀ ਲੋੜ

ਬੇਸ਼ੱਕ ਚੰਗੇ ਸਮਾਜ ਦੀ ਕਾਮਨਾ ਨੂੰ ਲੈ ਕੇ ਕਲਾ ਦੇ ਖੇਤਰ 'ਚ ਵਿਚਰ ਰਹੇ ਹਰਭਜਨ ਮਾਨ, ਹਰਜੀਤ ਹਰਮਨ, ਪੰਮਾ ਡੂਮੇਵਾਲ, ਸੁਵਿੰਦਰ ਸੁੱਖੀ, ਰਾਜ ਕਾਕੜਾ, ਭਗਵਾਨ ਹਾਂਸ, ਪੰਮਾ ਹਨੂਰ ਆਦਿ ਫ਼ਨਕਾਰਾਂ ਨੇ ਇਸ ਮਾੜੇ ਦੌਰ ਅੰਦਰ ਵੀ ਆਪਣੀਆਂ ਕੋਸ਼ਿਸ਼ਾਂ ਜਾਰੀ ਰੱਖੀਆਂ ਹਨ ਫਿਰ ਵੀ ਸ਼ੁਹਰਤ, ਦੌਲਤ, ਹਥਿਆਰਾਂ ਤੇ ਲੱਚਰਤਾ ਦਾ ਪੱਖ ਗਾਇਕੀ ਉੱਪਰ ਭਾਰੂ ਹੈ। ਪੰਜਾਬ ਪੁਲਿਸ ਨੇ ਬੀਤੇ ਸਮੇਂ ਸੱਭਿਆਚਾਰ ਦੀ ਮਿੱਟੀ ਪੁੱਟ ਰਹੇ ਕੁਝ ਅਖੌਤੀ ਗਵੱਈਆਂ ਖ਼ਿਲਾਫ਼ ਮੁਹਿੰਮ ਸ਼ੁਰੂ ਕੀਤੀ ਸੀ, ਉਹ ਵੀ ਹੁਣ ਠੱਪ ਹੋ ਕੇ ਰਹਿ ਗਈ ਹੈ। ਸਾਹਿਤਕ ਜਥੇਬੰਦੀਆਂ ਨੂੰ ਉਸਾਰੂ ਗੀਤ-ਸੰਗੀਤ ਦੇ ਹੱਕ 'ਚ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ। ਨੌਜਵਾਨਾਂ ਨੂੰ ਵੀ ਚੰਗੇ-ਮੰਦੇ ਦੀ ਪਰਖ ਕਰ ਕੇ ਆਪਣੇ ਵਿਰਸੇ ਨੂੰ ਪਲੀਤ ਕਰਨ ਵਾਲੇ ਗੀਤਾਂ ਨੂੰ ਨਕਾਰਨਾ ਚਾਹੀਦਾ ਹੈ ਅਤੇ ਸਮਾਜਿਕ ਸਰੋਕਾਰਾਂ ਤੇ ਨੈਤਿਕ ਕਦਰਾਂ ਕੀਮਤਾਂ ਦੀ ਬਾਤ ਪਾਉਂਦੇ ਗੀਤਾਂ ਨੂੰ ਹੱਲਾਸ਼ੇਰੀ ਦੇਣੀ ਚਾਹੀਦੀ ਹੈ। •

94634-63136

---

**ਕੁਲਦੀਪ ਕੰਡਿਆਰਾ ਹੁਣ ਤਕ 20 ਤੋਂ ਵੱਧ ਪੰਜਾਬੀ ਫ਼ਿਲਮਾਂ ਦੇ ਗੀਤ ਲਿਖ ਚੁੱਕਾ ਹੈ। ਇਸ ਤੋਂ ਇਲਾਵਾ ਉਸ ਦੇ ਲਿਖੇ ਗੀਤਾਂ ਦੀ ਇਕ ਕਿਤਾਬ 'ਵੰਝਲੀ' ਵੀ ਪ੍ਰਕਾਸ਼ਿਤ ਹੋ ਚੁੱਕੀ ਹੈ...**

# ਗੀਤਕਾਰੀ ਦਾ ਚਮਕਦਾ ਤਾਰਾ ਕੁਲਦੀਪ ਕੰਡਿਆਰਾ

**ਜਗਜੀਤ ਸਿੰਘ ਕੰਡਾ**



ਪੰਜਾਬੀ ਸੱਭਿਆਚਾਰ ਨੂੰ ਜਿਉਂਦਾ ਰੱਖਣ ਲਈ ਅੱਜ ਹਜ਼ਾਰਾਂ ਗੀਤਕਾਰ ਤੇ ਗਾਇਕ ਆਪਣਾ ਯੋਗਦਾਨ ਪਾ ਰਹੇ ਹਨ। ਇਨ੍ਹਾਂ 'ਚੋਂ ਗੀਤਕਾਰ ਕੁਲਦੀਪ ਕੰਡਿਆਰਾ ਦਾ ਨਾਂ ਮੂਹਰਲੀ ਕਤਾਰ 'ਚ ਆਉਂਦਾ ਹੈ। ਜ਼ਿਲ੍ਹਾ ਫ਼ਰੀਦਕੋਟ ਦੇ ਪਿੰਡ ਨਾਨਕਸਰ ਵਿਖੇ ਪਿਤਾ ਜੀਰਾ ਸਿੰਘ ਤੇ ਮਾਤਾ ਅੰਗਰੇਜ਼ ਕੌਰ ਦੇ ਘਰ ਕੁਲਦੀਪ ਦਾ ਜਨਮ 1976 'ਚ ਹੋਇਆ। ਕੁਲਦੀਪ ਨੇ ਦਸਵੀਂ ਤਕ ਦੀ ਪੜ੍ਹਾਈ ਆਪਣੇ ਪਿੰਡ ਦੇ ਸਕੂਲ ਤੋਂ ਕੀਤੀ। ਸਕੂਲ ਪੜ੍ਹਦਿਆਂ ਹੀ ਕੁਲਦੀਪ ਦੇ ਮਨ ਅੰਦਰ ਹੋਰ ਉੱਚੀਆਂ ਉਡਾਰੀਆਂ ਲਾਉਣ ਦੇ ਸੁਪਨੇ ਪੈਦਾ ਹੋਏ ਜਿਸ ਦੇ ਚੱਲਦਿਆਂ ਕੁਲਦੀਪ ਹੁਣ ਤਕ ਪੰਜ ਹਜ਼ਾਰ ਤੋਂ ਵੱਧ ਗੀਤ ਲਿਖ ਚੁੱਕਾ ਹੈ।

ਇਨ੍ਹਾਂ ਗੀਤਾਂ ਨੂੰ ਰਿਕਾਰਡ ਕਰਵਾਉਣ ਲਈ ਕੁਲਦੀਪ ਨੂੰ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਅਸਲ ਵਿਚ ਕੁਲਦੀਪ ਦੀ ਗੀਤਕਾਰੀ ਅਜੋਕੇ ਮਾਹੌਲ ਦੇ ਲੱਚਰ ਗੀਤਾਂ ਤੋਂ ਕੋਹਾਂ ਦੂਰ ਹੈ। ਇਕ ਦਿਨ ਉਸ ਦੇ ਪਿੰਡ ਦੇ ਹੀ ਗਾਇਕ ਦਿਲਬਾਗ਼ ਚਹਿਲ ਨੇ ਆਪਣੇ ਦੋਸਤ ਤੇ ਪ੍ਰਸਿੱਧ ਗਾਇਕ ਕਰਮਜੀਤ ਅਨਮੋਲ ਨਾਲ ਉਸ ਦਾ ਮੇਲ ਕਰਵਾਇਆ। ਕਰਮਜੀਤ ਅਨਮੋਲ ਨੇ ਆਪਣੀ ਕੈਸਿਟ 'ਬਲੌਰੀ ਅੱਖ' ਵਿਚ ਕੁਲਦੀਪ ਦਾ ਲਿਖਿਆ ਗੀਤ 'ਤੇਰੇ ਹੀ ਚੁਬਾਰੇ ਵੱਲ ਖੁੱਲ੍ਹੇ ਗੋਰੀਏ, ਨੀ ਸਾਰੇ ਪਿੰਡ ਦੇ ਚੁਬਾਰਿਆਂ ਦੀ ਬਾਰੀ' (2004) ਰਿਕਾਰਡ ਕਰਵਾਇਆ। ਇਥੋਂ ਹੀ ਕੁਲਦੀਪ ਨੇ ਸਫਲਤਾ ਦੀ ਪੌੜੀ ਦੇ ਪਹਿਲੇ ਡੰਡੇ 'ਤੇ ਪੈਰ ਧਰਿਆ ਤੇ ਮੁੜ ਪਿੱਛੇ ਮੁੜ ਤੇ ਨਹੀਂ ਵੇਖਿਆ।

ਮਸ਼ਹੂਰ ਪੰਜਾਬੀ ਗਾਇਕਾਂ ਹਰਭਜਨ ਸ਼ੇਰਾ, ਸਿਕੰਦਰ ਸਲੀਮ, ਰਾਜਾ ਸਿੱਧੂ, ਦਿਲਬਾਗ ਚਹਿਲ, ਮਿਸ ਪੂਜਾ, ਸੁਦੇਸ਼ ਕੁਮਾਰੀ, ਸੁਨਿਧੀ ਚੌਹਾਨ, ਪਰਗਟ ਭਾਗੂ, ਹਰਲੀਨ ਅਖ਼ਤਰ ਆਦਿ ਨੇ ਉਸ ਦੇ ਗੀਤਾਂ ਨੂੰ ਆਵਾਜ਼ ਦਿੱਤੀ। ਇਸ ਦੌਰਾਨ ਕਰਮਜੀਤ ਅਨਮੋਲ ਨੇ ਫਿਲਮ 'ਜੱਟ ਬੁਆਇਜ਼' (2013) ਵਿਚ ਕੰਡਿਆਰੇ ਦਾ ਲਿਖਿਆ ਗੀਤ 'ਯਾਰਾ ਵੇ' ਨੂੰ ਵੈਰਾਗਮਈ ਅੰਦਾਜ਼ 'ਚ ਗਾਇਆ ਤਾਂ ਇਹ ਇਕ ਯਾਦਗਾਰੀ ਗੀਤ ਹੋ ਨਿੱਬੜਿਆ। ਅੱਜ ਵੀ ਨੌਜਵਾਨਾਂ ਦੀ ਜ਼ੁਬਾਨ ਤੇ ਇਹ ਗੀਤ ਸੁਣਿਆ ਜਾਂਦਾ ਹੈ। ਇਥੋਂ ਹੀ ਕੁਲਦੀਪ ਦੀ ਕਲਮ ਨੇ ਫਿਲਮੀ ਗੀਤਾਂ ਦਾ ਸਫ਼ਰ ਸ਼ੁਰੂ ਕੀਤਾ। ਹੁਣ ਤਕ ਉਹ 20 ਤੋਂ ਵੱਧ ਪੰਜਾਬੀ ਫਿਲਮਾਂ 'ਮੁੰਡੇ ਕਮਾਲ ਦੇ', 'ਲੈਂਦਰ ਲਾਈਫ', 'ਰੱਬ ਜੈਸਾ', 'ਗੋਰਿਆ ਨੂੰ ਦਫ਼ਾ ਕਰੋ', 'ਨਿੱਕਾ ਜੈਲਦਾਰ 1 ਤੇ 2', 'ਮੰਜੇ ਬਿਸਤਰੇ', 'ਪ੍ਰਾਹੁਣਾ', 'ਮਰ ਗਏ ਓ ਲੋਕੋ', 'ਆਟੇ ਦੀ ਚਿੜੀ', ਆਦਿ ਵਿਚ ਆਪਣੀ ਕਲਮ ਤੇ ਕਰਮਜੀਤ ਅਨਮੋਲ ਦੇ ਸਾਥ ਸਦਕਾ ਆਪਣੀ ਚੰਗੀ ਪਛਾਣ ਬਣਾਈ।

ਜਲਦੀ ਹੀ ਕੁਲਦੀਪ ਦਾ ਲਿਖਿਆ ਗੀਤ 'ਸਾਡਾ ਸਾਰਾ ਪਿੰਡ ਵਿਕਾਊ ਏ' ਪੰਜਾਬ ਦੀ ਮੌਜੂਦਾ ਤਸਵੀਰ ਨੂੰ ਲੋਕਾਂ ਸਾਹਮਣੇ ਪੇਸ਼ ਕਰੇਗਾ। ਇਸ ਗੀਤ ਨੂੰ ਵੀ ਕਰਮਜੀਤ ਅਨਮੋਲ ਨੇ ਆਵਾਜ਼ ਦਿੱਤੀ ਹੈ। ਆਉਣ ਵਾਲੀਆਂ ਪੰਜਾਬੀ ਫਿਲਮਾਂ 'ਰੱਬਾ-ਰੱਬਾ ਮੀਂਹ ਵਰਸਾ', 'ਲੱਡੂ ਬਰਫ਼ੀ', 'ਮਿੰਦੋ ਤਸੀਲਦਾਰਨੀ' ਵਿਚ ਵੀ ਕੁਲਦੀਪ ਦੇ ਲਿਖੇ ਗੀਤ ਸੁਣਨ ਨੂੰ ਮਿਲਣਗੇ। •

96462-00468

---

# ਨਿੱਕੀ ਉਮਰ ਦੀਆਂ ਲੰਬੀਆਂ ਉਡਾਰੀਆਂ

**ਕਾਲਾ ਸਿੰਘ ਸੈਣੀ**

ਅਕਸਰ ਜਦੋਂ ਰਿਲੀਜ਼ ਹੋ ਚੁੱਕੀਆਂ ਫਿਲਮਾਂ ਬਾਰੇ ਚਰਚਾ ਹੁੰਦੀ ਹੈ ਤਾਂ ਉਸ ਨਾਲ ਜੁੜੇ ਅਦਾਕਾਰਾਂ ਦਾ ਜ਼ਿਕਰ ਵੀ ਛਿੜਦਾ ਹੈ। ਇਨ੍ਹਾਂ ਫਿਲਮਾਂ ਦੇ ਮੁੱਖ ਅਦਾਕਾਰਾਂ ਦੇ ਨਾਲ-ਨਾਲ ਬਾਲ ਕਲਾਕਾਰਾਂ ਦੀ ਅਦਾਕਾਰੀ ਦੀ ਵੀ ਤਾਰੀਫ਼ ਹੁੰਦੀ ਹੈ। ਫਿਲਮ ਦੀ ਕਹਾਣੀ ਮੁਤਾਬਕ ਬਾਲ ਕਲਾਕਾਰ ਵੱਲੋਂ ਨਿਭਾਏ ਗਏ ਕਿਰਦਾਰ ਵੀ ਸਿਨੇਮਾ ਪ੍ਰੇਮੀਆਂ 'ਤੇ ਚੰਗਾ ਪ੍ਰਭਾਵ ਪਾਉਂਦੇ ਹਨ। ਜੇ ਸਿਨੇਮੇ ਦੇ ਇਤਿਹਾਸ 'ਤੇ ਨਜ਼ਰ ਮਾਰੀਏ ਤਾਂ ਬਹੁਤ ਸਾਰੇ ਨਾਮੀਂ ਅਦਾਕਾਰਾਂ ਹਨ, ਜਿਨ੍ਹਾਂ ਨੇ ਆਪਣੇ ਕਰੀਅਰ ਦੀ ਸ਼ੁਰੂਆਤ ਬਤੌਰ ਬਾਲ ਕਲਾਕਾਰ ਕੀਤੀ। ਅੱਜ ਵੀ ਬਾਲ ਅਦਾਕਾਰ ਫਿਲਮਾਂ ਦਾ ਅਹਿਮ ਹਿੱਸਾ ਹਨ। ਪੰਜਾਬੀ ਸਿਨੇਮਾ ਵਿਚ ਵੀ ਪਿਛਲੇ ਕੁਝ ਸਮੇਂ ਦੌਰਾਨ ਕਈ ਅਜਿਹੇ ਅਦਾਕਾਰ ਉੱਭਰ ਕੇ ਸਾਹਮਣੇ ਆਏ ਹਨ, ਜਿਨ੍ਹਾਂ ਦੀ ਉਮਰ ਭਾਵੇਂ ਨਿੱਕੀ ਹੈ ਪਰ ਉਨ੍ਹਾਂ ਦੀਆਂ ਉਡਾਰੀਆਂ ਬਹੁਤ ਲੰਬੀਆਂ ਹਨ। ਅੱਜ ਅਸੀਂ ਤੁਹਾਡੇ ਨਾਲ ਅਜਿਹੇ ਹੀ ਤਿੰਨ ਨਿੱਕੇ ਪਰ ਮਸ਼ਹੂਰ ਅਦਾਕਾਰਾਂ ਦੇ ਫਿਲਮੀ ਸਫ਼ਰ ਬਾਰੇ ਚਰਚਾ ਕਰ ਰਹੇ ਹਾਂ।







**ਹਰ ਭਾਸ਼ਾ ਦੀ ਫਿਲਮ 'ਚ ਬਾਲ ਕਲਾਕਾਰਾਂ ਵੱਲੋਂ ਨਿਭਾਏ ਗਏ ਕਿਰਦਾਰ ਹਮੇਸ਼ਾ ਸਿਨੇਮਾ ਪ੍ਰੇਮੀਆਂ 'ਤੇ ਚੰਗਾ ਪ੍ਰਭਾਵ ਪਾਉਂਦੇ ਆਏ ਹਨ। ਅੱਜ ਪੰਜਾਬੀ ਸਿਨੇਮਾ ਨਾਲ ਜੁੜੇ ਕੁਝ ਬਾਲ ਕਲਾਕਾਰ ਵੀ ਆਪਣੀ ਪ੍ਰਤਿਭਾ ਦਾ ਲੋਹਾ ਮੰਨਵਾ ਰਹੇ ਹਨ...**

### ਚਿਰਾਗ਼ਦੀਪ ਗਿੱਲ

ਸੁਪਰਹਿੱਟ ਪੰਜਾਬੀ ਫਿਲਮ 'ਸਰਦਾਰ ਜੀ' ਨਾਲ ਪਾਲੀਵੁੱਡ 'ਚ ਕਦਮ ਰੱਖਣ ਵਾਲਾ ਚਿਰਾਗ਼ਦੀਪ ਗਿੱਲ ਅੱਜ ਕਿਸੇ ਜਾਣ-ਪਛਾਣ ਦਾ ਮੁਹਤਾਜ ਨਹੀਂ ਹੈ। ਚੰਡੀਗੜ੍ਹ ਨਿਵਾਸੀ ਚਿਰਾਗ਼ਦੀਪ ਨੂੰ ਕਲਾ ਦੀ ਗੁੜ੍ਹਤੀ ਵਿਰਾਸਤ 'ਚ ਮਿਲੀ। ਉਸ ਦਾ ਪਿਤਾ ਜਸਬੀਰ ਗਿੱਲ ਪਾਲੀਵੁੱਡ ਤੇ ਬਾਲੀਵੁੱਡ ਦਾ ਸੁਲਝਿਆ ਹੋਇਆ ਅਦਾਕਾਰ ਹੈ। ਚਿਰਾਗ਼ਦੀਪ ਹੁਣ ਤਕ 'ਬੰਬੂਕਾਟ', 'ਤੂਫ਼ਾਨ ਸਿੰਘ', 'ਗੋਲਕ ਬੁਗਨੀ ਬੈਂਕ ਤੇ ਬਟੂਆ', 'ਸੰਨ ਆਫ ਮਨਜੀਤ ਸਿੰਘ' ਆਦਿ ਫਿਲਮਾਂ 'ਚ ਅਹਿਮ ਰੋਲ ਨਿਭਾ ਚੁੱਕਾ ਹੈ। ਉਹ ਹਿੰਦੀ ਫਿਲਮ 'ਦਿ ਸਲੱਮ ਸਟਾਰ' ਵਿਚ ਵੀ ਬਤੌਰ ਹੀਰੋ ਪਰਦੇ 'ਤੇ ਨਜ਼ਰ ਆਇਆ।

ਚਰਚਿਤ ਫਿਲਮ 'ਬੋਧ' ਵਿਚ ਉਸ ਨੇ ਮਾਨਵ ਵਿਜ ਦੇ ਬਚਪਨ ਦਾ ਰੋਲ ਨਿਭਾਇਆ ਤੇ ਕਾਫ਼ੀ ਵਾਹ-ਵਾਹ ਖੱਟੀ। ਅੱਜ ਇਹ ਨਿੱਕਾ ਸਟਾਰ ਪਾਲੀਵੁੱਡ ਤੇ ਬਾਲੀਵੁੱਡ ਦੇ ਤਜ਼ਰਬੇਕਾਰ ਨਿਰਦੇਸ਼ਕਾਂ ਨਾਲ ਕੰਮ ਕਰਦਾ ਹੋਇਆ ਐਕਟਿੰਗ ਦੇ ਖੇਤਰ 'ਚ ਅਮਿਟ ਪੈੜਾਂ ਪਾ ਰਿਹਾ ਹੈ। ਜਲਦ ਹੀ ਉਹ ਗਾਇਕ ਤੇ ਅਦਾਕਾਰ ਗੁਰਨਾਮ ਭੁੱਲਰ ਦੀ ਫਿਲਮ 'ਵਲੈਤੀ ਯੰਤਰ' ਵਿਚ ਵੀ ਨਜ਼ਰ ਆਵੇਗਾ। ਅਦਾਕਾਰੀ ਤੋਂ ਇਲਾਵਾ ਉਸ ਨੂੰ ਗਿਟਾਰ ਵਜਾਉਣ 'ਚ ਵੀ ਚੰਗੀ ਮੁਹਾਰਤ ਹੈ। ਹੁਣ ਤਕ ਉਹ ਕਈ ਸੰਗੀਤਕ ਵੀਡੀਓਜ਼ 'ਚ ਆਪਣੇ ਹੁਨਰ ਦਾ ਲੋਹਾ ਮੰਨਵਾ ਚੁੱਕਾ ਹੈ।

### ਸਮੀਪ ਸਿੰਘ ਰਣੌਤ

ਜੂਨੀਅਰ ਵਰਲਡ ਕੱਪ ਜੇਤੂ ਹਾਕੀ ਟੀਮ ਦੇ ਕਪਤਾਨ ਹਰਜੀਤ ਸਿੰਘ ਤੁੱਲੀ ਦੇ ਸੰਘਰਸ਼ਮਈ ਜੀਵਨ 'ਤੇ ਬਣੀ ਪੰਜਾਬੀ ਫਿਲਮ 'ਹਰਜੀਤਾ' ਨੇ ਪਰਦੇ 'ਤੇ ਚੰਗੀ ਸਫਲਤਾ ਹਾਸਲ ਕੀਤੀ। ਇਸੇ ਫਿਲਮ 'ਚ ਹਰਜੀਤ ਸਿੰਘ ਦੇ ਬਚਪਨ ਦਾ ਕਿਰਦਾਰ ਨਿਭਾਉਣ ਵਾਲਾ ਸਮੀਪ ਸਿੰਘ ਰਣੌਤ ਹੁਣ ਵੱਡਾ ਸਟਾਰ ਬਣ ਕੇ ਦਰਸ਼ਕਾਂ ਸਾਹਮਣੇ ਆਇਆ ਹੈ।

ਨਿਰਦੇਸ਼ਕ ਵਿਜੇ ਕੁਮਾਰ ਅਰੋੜਾ ਦੇ ਨਿਰਦੇਸ਼ਨ ਹੇਠ ਇਸ ਫਿਲਮ 'ਚ ਕੰਮ ਕਰਨ ਤੋਂ ਬਾਅਦ ਸਮੀਪ ਨੂੰ 'ਕਿਸਮਤ', 'ਓ ਅ', 'ਗੁੱਡੀਆਂ ਪਟੋਲੇ', 'ਰੱਬ ਦਾ ਰੇਡਿਓ-2' ਆਦਿ ਪੰਜਾਬੀ ਫਿਲਮਾਂ 'ਚ ਅਹਿਮ ਕਿਰਦਾਰ ਨਿਭਾਉਣ ਦਾ ਮੌਕਾ ਮਿਲਿਆ। ਵੈਸੇ ਸਮੀਪ ਦੇ ਅਦਾਕਾਰੀ ਸਫ਼ਰ 'ਚ ਸਭ ਤੋਂ ਵੱਡਾ ਯੋਗਦਾਨ ਫਿਲਮ 'ਹਰਜੀਤਾ' ਦਾ ਹੀ ਰਿਹਾ ਹੈ। ਜਲਦ ਹੀ ਉਹ 'ਜੱਦੀ ਸਰਦਾਰ' ਅਤੇ 'ਉੱਨੀ ਇੱਕੀ' ਪੰਜਾਬੀ ਫਿਲਮਾਂ 'ਚ ਦਮਦਾਰ ਭੂਮਿਕਾ ਨਿਭਾਉਂਦਾ ਨਜ਼ਰ ਆਵੇਗਾ। ਸਮੀਪ ਦੇ ਪਿਤਾ ਸੁਰਜੀਤ ਸਿੰਘ ਪੇਂਟਿੰਗ 'ਚ ਸਟੇਟ ਐਵਾਰਡ ਪ੍ਰਾਪਤ ਕਰ ਚੁੱਕੇ ਹਨ। ਵੈਸੇ, ਸੁਰਜੀਤ ਸਿੰਘ ਵੀ ਕਾਲਜ ਸਮੇਂ ਰੰਗਮੰਚ ਨਾਲ ਜੁੜੇ ਹੋਏ ਸਨ। ਪਿਤਾ ਦੀ ਹੱਲਾਸ਼ੇਰੀ ਸਦਕਾ ਹੀ ਸਮੀਪ ਸਿੰਘ ਅੱਜ ਫਿਲਮੀ ਪਰਦੇ 'ਤੇ ਚੰਗਾ ਨਾਂ ਕਮਾ ਰਿਹਾ ਹੈ। ਆਪਣੇ ਪੁੱਤ 'ਚ ਕਲਾ ਦੀ ਝਲਕ ਵੇਖ ਕੇ ਸੁਰਜੀਤ ਸਿੰਘ ਬੇਹੱਦ ਖ਼ੁਸ਼ੀ ਮਹਿਸੂਸ ਕਰਦੇ ਹਨ।

### ਦਿਲਨੂਰ ਕੌਰ (ਏਂਜਲ)

ਐਕਟਿੰਗ ਦੇ ਖੇਤਰ 'ਚ ਦਿਲਨੂਰ ਕੌਰ ਨੇ ਪੰਜਾਬੀ ਫਿਲਮ 'ਸਰਵਣ' ਨਾਲ ਸਫਲ ਆਗਾਜ਼ ਕੀਤਾ। ਇਸ ਤੋਂ ਬਾਅਦ ਉਹ 'ਸੂਬੇਦਾਰ ਜੋਗਿੰਦਰ ਸਿੰਘ', 'ਆਲ੍ਹਣਾ', 'ਦਾਣਾ-ਪਾਣੀ', 'ਕਾਲਾ ਸ਼ਾਹ ਕਾਲਾ', 'ਗੁੱਡੀਆਂ ਪਟੋਲੇ' ਆਦਿ ਪੰਜਾਬੀ ਫਿਲਮਾਂ 'ਚ ਵੀ ਅਦਾਕਾਰੀ ਦੇ ਰੰਗ ਬਿਖੇਰੇ। ਦਿਲਨੂਰ ਨੇ ਹਿੰਦੀ ਫਿਲਮ 'ਨਜ਼ਰਵੱਟੂ' ਅਤੇ ਬਾਲੀਵੁੱਡ ਨਿਰਦੇਸ਼ਕ ਸ਼ੈਲੀ ਚੋਪੜਾ ਧਾਰ ਦੀ ਫਿਲਮ 'ਏਕ ਲੜਕੀ ਕੋ ਦੇਖਾ ਤੋ ਐਸਾ ਲਗਾ' 'ਚ ਵੀ ਵਧੀਆ ਕੰਮ ਕੀਤਾ। ਪਾਲੀਵੁੱਡ-ਬਾਲੀਵੁੱਡ ਦੀ ਇਸ ਨੰਨ੍ਹੀ ਅਦਾਕਾਰਾ ਨੂੰ ਦਰਸ਼ਕਾਂ ਵੱਲੋਂ ਪਰਦੇ 'ਤੇ ਖ਼ੂਬ ਪਸੰਦ ਕੀਤਾ ਜਾਂਦਾ ਹੈ।

ਇਹ ਦਿਲਨੂਰ ਦੀ ਅਦਾਕਾਰੀ ਦਾ ਹੀ ਜਾਦੂ ਹੈ ਕਿ ਉਸ ਨੂੰ ਬਾਲੀਵੁੱਡ ਦੇ ਨਾਮੀਂ ਸਿਤਾਰਿਆਂ ਨਾਲ ਕੰਮ ਕਰਨ ਦਾ ਮੌਕਾ ਮਿਲਿਆ। ਉਸ ਦੀਆਂ ਅਗਲੀਆਂ ਫਿਲਮਾਂ ਜਿਵੇਂ 'ਦਸਵੰਧ' ਅਤੇ 'ਸਿੰਘਮ' ਆਦਿ ਵੀ ਰਿਲੀਜ਼ ਹੋਣ ਦੀ ਦਹਿਲੀਜ਼ 'ਤੇ ਹਨ। ਪੰਜਾਬੀ ਫਿਲਮ 'ਸਿੰਘਮ' ਨੂੰ ਬਾਲੀਵੁੱਡ ਸਟਾਰ ਅਜੈ ਦੇਵਗਨ ਤੇ ਟੀ-ਸੀਰੀਜ਼ ਪ੍ਰੋਡਕਸ਼ਨ ਹਾਊਸ ਨੇ ਮਿਲ ਕੇ ਬਣਾਇਆ ਹੈ। ਇਸ ਵਿਚ ਪਰਮੀਸ਼ ਵਰਮਾ ਮੁੱਖ ਭੂਮਿਕਾ 'ਚ ਨਜ਼ਰ ਆਵੇਗਾ। ਅੱਜ ਦਿਲਨੂਰ ਨਿੱਕੀ ਉਮਰੇ ਵੱਡੀ ਮੱਲਾਂ ਮਾਰਦੀ ਹੋਈ ਆਪਣੇ ਮਾਪਿਆਂ ਦਾ ਨਾਂ ਦੁਨੀਆ ਭਰ ਵਿਚ ਰੌਸ਼ਨ ਕਰ ਰਹੀ ਹੈ। ਉਸ ਨੇ ਕਈ ਪੰਜਾਬੀ ਗੀਤਾਂ ਦੇ ਫਿਲਮਾਂਕਣ ਵਿਚ ਵੀ ਵਧੀਆ ਕੰਮ ਕੀਤੇ ਹਨ। ਜ਼ਿਕਰਯੋਗ ਹੈ ਕਿ ਦਿਲਨੂਰ ਦੇ ਪਿਤਾ ਵਿਕਰਮ ਚੌਹਾਨ ਇਕ ਚੰਗੇ ਸਕ੍ਰਿਪਟ ਲੇਖਕ ਤੇ ਅਦਾਕਾਰ ਹਨ। ਉਸ ਦੀ ਮਾਤਾ ਖ਼ੁਸ਼ਵੰਤ ਕੌਰ ਵੀ ਉਸ ਨੂੰ ਅੱਗੇ ਵੱਧਣ ਲਈ ਪੂਰਾ ਸਹਿਯੋਗ ਦਿੰਦੀ ਹੈ। •

99882-80386

---

# ਗੀਤਕਾਰੀ 'ਚ ਨਵੀਆਂ ਪੈੜਾਂ ਪਾ ਰਿਹੈ ਸੁਖਜੀਤ ਜਵਾਹਰਕੇ

**ਬਿਕਰਮ ਸਿੰਘ ਵਿੱਕੀ**

ਅਜੋਕੀ ਗੀਤਕਾਰੀ 'ਤੇ ਨਜ਼ਰ ਮਾਰੀਏ ਤਾਂ ਹੁਣ ਹਰ ਗੀਤਾਕਾਰ ਲਈ ਇਸ ਖੇਤਰ 'ਚ ਆਪਣਾ ਅਲੱਗ ਸਥਾਨ ਬਣਾਉਣਾ ਆਸਾਨ ਨਹੀਂ ਰਿਹਾ ਹੈ। ਇਸ ਦੇ ਬਾਵਜੂਦ ਜੋ ਗੀਤਕਾਰ ਆਪਣੀ ਮਿਹਨਤ ਤੇ ਹੁਨਰ 'ਤੇ ਯਕੀਨ ਰੱਖ ਦੇ ਨੇ, ਉਹ ਇਕ ਨਾ ਇਕ ਦਿਨ ਜ਼ਰੂਰ ਕਾਮਯਾਬ ਹੁੰਦੇ ਹਨ। ਅਜਿਹੇ ਗੀਤਾਕਾਰਾਂ ਵਿਚੋਂ ਹੀ ਇਕ ਹੈ ਮਾਨਸਾ ਜ਼ਿਲ੍ਹੇ ਦਾ ਜੰਮਪਲ ਸੁਖਜੀਤ ਸਿੰਘ ਸਿੱਧੂ। ਗੀਤਕਾਰੀ ਖੇਤਰ ਵਿਚ ਉਸ ਨੇ ਸੁਖਜੀਤ ਜਵਾਹਰਕੇ ਦੇ ਨਾਂ ਨਾਲ ਪਛਾਣ ਬਣਾਈ ਹੈ। ਸੁਖਜੀਤ ਦਾ ਜਨਮ ਪਿਤਾ ਤਰਸੇਮ ਸਿੰਘ ਸਿੱਧੂ ਤੇ ਮਾਤਾ ਕਰਮਜੀਤ ਕੌਰ ਦੇ ਘਰ ਪਿੰਡ ਜਵਾਹਰਕੇ ਵਿਚ ਹੋਇਆ। ਉਸ ਨੂੰ ਲਿਖਣ ਦਾ ਸ਼ੌਕ ਸਕੂਲ ਪੜ੍ਹਦਿਆਂ ਹੀ ਲੱਗ ਗਿਆ ਸੀ ਜੋ ਵਕਤ ਦੇ ਨਾਲ-ਨਾਲ ਜਨੂੰਨ ਬਣਦਾ ਗਿਆ। ਉਸ ਦਾ ਲਿਖਿਆ ਪਹਿਲਾ ਗੀਤ 'ਖ਼ਾਲਸਾ' ਗਾਇਕ ਸਿੰਘ ਬਲਰਾਜ ਦੀ ਆਵਾਜ਼ ਵਿਚ ਰਿਕਾਰਡ ਹੋਇਆ ਜਿਸ ਨੂੰ ਸਰੋਤਿਆਂ ਵੱਲੋਂ ਚੰਗਾ ਹੁੰਗਾਰਾ ਮਿਲਿਆ। ਇਸ ਗੀਤ ਦੀ ਸਫਲਤਾ ਤੋਂ ਬਾਅਦ ਸੁਖਜੀਤ ਦੇ ਹੌਸਲੇ ਹੋਰ ਬੁਲੰਦ ਹੋ ਗਏ। ਹੁਣ ਤਕ ਉਸ ਦੇ ਲਿਖੇ ਗੀਤਾਂ ਨੂੰ ਕਈ ਮਸ਼ਹੂਰ ਪੰਜਾਬੀ ਗਾਇਕ ਆਵਾਜ਼ ਦੇ ਚੁੱਕੇ ਹਨ। ਇਨ੍ਹਾਂ ਗਾਇਕਾਂ 'ਚ ਵੀਰ ਸੁਖਵੰਤ, ਗਾਇਕਾ ਜੰਨਤ ਕੌਰ, ਹੈਰੀ ਉੱਪਲ , ਅਮਨ ਵਰਮਾ, ਹੈਰੀ ਸਿੰਘ ਆਦਿ ਪ੍ਰਮੁੱਖ ਹਨ।

ਸੁਖਜੀਤ ਨੇ ਦੱਸਿਆ ਕਿ ਜਲਦੀ ਹੀ ਗਾਇਕ ਜੱਗੀ ਧਾਲੀਵਾਲ ਤੇ ਗਾਇਕਾ ਦੀਪਕ ਢਿੱਲੋਂ ਦੀ ਆਵਾਜ਼ ਵਿਚ ਉਸ ਦਾ ਲਿਖਿਆ ਦੋਗਾਣਾ ਸਰੋਤਿਆਂ ਦੀ ਕਚਹਿਰੀ 'ਚ ਪੇਸ਼ ਹੋਵੇਗਾ। ਸੁਖਜੀਤ ਆਪਣੀ ਗੀਤਕਾਰੀ ਦੇ ਸਫ਼ਰ 'ਚ ਸਭ ਤੋਂ ਵੱਡਾ ਯੋਗਦਾਨ ਮਿਊਜ਼ਿਕ ਡਾਇਰੈਕਟਰ ਡੀਸੀ ਬੋਸ ਤੇ ਆਪਣੇ ਪਰਿਵਾਰ ਦਾ ਮੰਨਦਾ ਹੈ। ਸੁਖਜੀਤ ਨੂੰ ਉਮੀਦ ਹੈ ਕਿ ਜਿਸ ਤਰ੍ਹਾਂ ਸਰੋਤੇ ਉਸ ਦੇ ਹੁਣ ਤਕ ਲਿਖੇ ਗੀਤਾਂ ਨੂੰ ਭਰਵਾਂ ਹੁੰਗਾਰਾ ਦਿੰਦੇ ਰਹੇ ਹਨ। ਉਸੇ ਤਰ੍ਹਾਂ ਉਸ ਦੇ ਅੱਗੇ ਆਉਣ ਵਾਲੇ ਗੀਤਾਂ ਨੂੰ ਹਾਂ ਪੱਖੀ ਹੁੰਗਾਰਾ ਦਿੰਦੇ ਰਹਿਣਗੇ। •


75082-42992

---

# ਮਿਆਰੀ ਗਾਇਕੀ ਦਾ ਸਿਰਨਾਵਾਂ ਭਾਨ ਸਿੰਘ ਮਾਹੀ

**ਹਰਦਿਆਲ ਸਿੰਘ ਥੂਹੀ**

**ਗਾਇਕ ਭਾਨ ਸਿੰਘ ਮਾਹੀ ਦਾ ਪਹਿਲਾ ਗੀਤ 'ਸ਼ਹਿਰ ਨੂੰ ਨਾ ਜਾਈਂ ਗੋਰੀਏ, ਪੈਰੀਂ ਪਾ ਕੇ ਸਲੀਪਰ ਕਾਲੇ' ਰਿਕਾਰਡ ਹੋਇਆ। ਇਸ ਗੀਤ ਵਾਲਾ ਤਵਾ ਓਦੋਂ ਪੰਜ ਦੀ ਥਾਂ ਪੱਚੀ ਰੁਪਏ ਤਕ ਬਲੈਕ 'ਚ ਵਿਕਿਆ ਸੀ...**



'ਰਾਤੀ ਜਾਗ ਹੰਝੂਆਂ ਦਾ ਕਿਸ ਲਾਇਆ, ਦੁੱਧ ਨੂੰ ਮਧਾਣੀ ਪੁੱਛਦੀ' ਗੀਤ ਦਾ ਗਾਇਕ ਭਾਨ ਸਿੰਘ ਮਾਹੀ ਪੰਜਾਬੀ ਲੋਕ ਗਾਇਕੀ ਦੇ ਇਤਿਹਾਸ ਦਾ ਸੁਨਹਿਰੀ ਪੰਨਾ ਹੈ। ਮਾਹੀ ਦੀ ਭਾਵੇਂ ਥੋੜ੍ਹੀ ਰਿਕਾਰਡਿੰਗ ਮਿਲਦੀ ਹੈ ਪ੍ਰੰਤੂ ਸਾਰੀ ਦੀ ਸਾਰੀ ਪੰਜਾਬੀ ਸੱਭਿਆਚਾਰ ਅਤੇ ਵਿਰਸੇ ਨਾਲ ਓਤ-ਪੋਤ ਹੈ। ਵੀਹਵੀਂ ਸਦੀ ਦੇ ਸੱਤਵੇਂ ਤੇ ਅੱਠਵੇਂ ਦਹਾਕੇ ਵਿਚ ਉਹ ਇਸ ਖੇਤਰ ਵਿਚ ਪੂਰੀ ਤਰ੍ਹਾਂ ਸਰਗਰਮ ਰਿਹਾ ਹੈ।

### ਗਾਉਣ ਦੀ ਚੇਟਕ

ਭਾਨ ਸਿੰਘ ਦਾ ਜਨਮ ਜ਼ਿਲ੍ਹਾ ਹੁਸ਼ਿਆਰਪੁਰ ਦੇ ਪਿੰਡ ਭਲਾਣਾ ਵਿਖੇ ਪਿਤਾ ਕਰਤਾਰ ਸਿੰਘ ਤੇ ਮਾਤਾ ਬਸੰਤ ਕੌਰ ਦੇ ਘਰ ਪਹਿਲੀ ਜਨਵਰੀ 1940 ਨੂੰ ਹੋਇਆ। ਸੁਰਤ ਸੰਭਾਲਦਿਆਂ ਹੀ ਭਾਨ ਨੂੰ ਗਾਇਕੀ ਨਾਲ ਲਗਾਓ ਹੋ ਗਿਆ। ਕੁਦਰਤੀ ਆਵਾਜ਼ ਸੁਰੀਲੀ ਸੀ। ਉਸ ਨੂੰ ਗੁਰਦੁਆਰੇ ਕੀਰਤਨ ਸੁਣਨਾ ਚੰਗਾ ਲਗਦਾ। ਭਾਨ ਸਿੰਘ ਦੇ ਇਸ ਝੁਕਾਅ ਨੂੰ ਵੇਖ ਕੇ ਵੱਡੀ ਭਰਜਾਈ ਨੇ ਉਸ ਨੂੰ ਇਕ ਸ਼ਬਦ ਯਾਦ ਕਰਵਾ ਦਿੱਤਾ। ਜਦੋਂ ਉਸ ਨੇ ਗੁਰਦੁਆਰੇ ਇਹ ਸ਼ਬਦ ਗਾਇਆ ਤਾਂ ਸੰਗਤ ਤੋਂ ਬਹੁਤ ਪਿਆਰ ਮਿਲਿਆ। ਕਿਸੇ ਸੱਜਣ ਪਾਸੋਂ ਇਕ ਰੁਪਈਆ ਇਨਾਮ ਵੀ ਮਿਲਿਆ। ਸਕੂਲੀ ਪੜ੍ਹਾਈ ਸਮੇਂ ਬਾਲ ਸਭਾਵਾਂ ਵਿਚ ਗਾਉਣ ਕਾਰਨ ਉਸ ਦਾ ਸ਼ੌਕ ਹੋਰ ਵਧਦਾ ਗਿਆ। ਛੋਟੀ ਉਮਰੇ ਹੀ ਉਸ ਨੇ ਗਵੰਤਰੀ ਪਾਲ ਸਿੰਘ ਜੰਡਿਆਲਾ ਮੰਜਕੀ, ਜੋ ਤੂੰਬੇ ਨਾਲ ਗਾਉਂਦੇ ਸਨ, ਪਾਸੋਂ ਗਾਇਕੀ ਦੀ ਤਲੀਮ ਲੈਣੀ ਸ਼ੁਰੂ ਕੀਤੀ। ਭਾਨ ਸਿੰਘ ਆਪਣੇ ਉਸਤਾਦ ਨਾਲ ਘੁੰਗਰੂ ਵਜਾਉਂਦਾ ਤੇ ਗਾਉਂਦਾ। ਇਸ ਦੇ ਨਾਲ ਹੀ ਉਸ ਨੇ ਤੂੰਬੀ ਵਜਾਉਣੀ ਵੀ ਸਿੱਖ ਲਈ। ਉਸਤਾਦ ਨੇ ਭਾਨ ਸਿੰਘ ਨੂੰ ਬਹੁਤ ਸਾਰੀਆਂ ਲੋਕ-ਗਾਥਾਵਾਂ ਯਾਦ ਕਰਵਾਈਆਂ, ਜਿਨ੍ਹਾਂ ਵਿਚ ਹੀਰ-ਰਾਂਝਾ, ਮਿਰਜ਼ਾ, ਸੱਸੀ, ਸੋਹਣੀ, ਦਹੂਦ ਬਾਦਸ਼ਾਹ, ਦੁੱਲਾ ਭੱਟੀ ਆਦਿ ਸ਼ਾਮਲ ਸਨ। ਇਹ ਸਾਰੀਆਂ ਉਸ ਨੇ ਉਸਤਾਦ ਨਾਲ ਰੇਡੀਓ 'ਤੇ ਗਾਈਆਂ ਤੇ ਭਾਨ ਸਿੰਘ ਮਾਹੀ ਬਣ ਗਿਆ।

### ਗੀਤਾਂ ਦੀ ਰਿਕਾਰਡਿੰਗ

1955 ਵਿਚ ਦਸਵੀਂ ਪਾਸ ਕਰਨ ਤੋਂ ਬਾਅਦ ਭਾਨ ਸਿੰਘ ਨੇ ਉਸਤਾਦ ਪਾਲ ਸਿੰਘ ਦੀ ਛਤਰ ਛਾਇਆ ਹੇਠ ਪੰਜਾਬ ਤੋਂ ਬਾਹਰ ਦਿੱਲੀ, ਭੁਪਾਲ, ਕਾਸ਼ੀ, ਬਿਲਾਸਪੁਰ, ਭੁਵਨੇਸ਼ਵਰ, ਕਲਕੱਤਾ ਆਦਿ ਸ਼ਹਿਰਾਂ ਵਿਚ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ। 1959-60 ਵਿਚ ਕਲਕੱਤੇ ਬੈਰਕਪੁਰ ਗੁਰਦੁਆਰਾ ਵਿਚ ਕੁਝ ਸਮਾਂ ਗ੍ਰੰਥੀ ਦੀ ਸੇਵਾ ਵੀ ਨਿਭਾਈ। ਏਥੇ ਉਹ ਆਪਣੇ ਆਪ ਨੂੰ ਬੰਨ੍ਹਿਆ-ਬੰਨ੍ਹਿਆ ਮਹਿਸੂਸ ਕਰਦਾ ਸੀ। ਉਸਤਾਦ ਉਸ ਦੀ ਮਨੋਦਸ਼ਾ ਨੂੰ ਸਮਝ ਗਿਆ ਤੇ ਉਸ ਨੂੰ ਗਾਇਕੀ ਵੱਲ ਪਰਤਣ ਲਈ ਕਿਹਾ। ਫਿਰ ਮਾਹੀ ਨੇ ਮੁੜ ਗਾਇਕੀ ਵੱਲ ਮੁਹਾਰਾਂ ਮੋੜ ਲਈਆਂ ਤੇ ਪੰਜਾਬ ਆ ਕੇ ਜਲੰਧਰ ਵਿਖੇ ਰਿਹਾਇਸ਼ ਕਰ ਲਈ। ਇਥੇ ਢੋਲਕ ਮਾਸਟਰ ਮੰਗਤ ਰਾਮ ਨੂੰ ਨਾਲ ਅਖਾੜੇ ਲਗਾਉਣੇ ਸ਼ੁਰੂ ਕੀਤੇ। 1960-61 ਵਿਚ ਮਾਹੀ ਨੇ ਜਲੰਧਰ ਰੇਡੀਓ ਤੋਂ ਗਾਉਣਾ ਸ਼ੁਰੂ ਕੀਤਾ।

ਇਸੇ ਸਮੇਂ ਦੌਰਾਨ ਹੀ ਭਾਨ ਸਿੰਘ ਮਾਹੀ ਦੀ ਐੱਚਐੱਮਵੀ ਕੰਪਨੀ ਵਿਚ ਰਿਕਾਰਡ ਹੋਇਆ। ਉਸ ਸਮੇਂ ਸੰਤ ਰਾਮ ਕੰਪਨੀ ਦਾ ਡਾਇਰੈਕਟਰ ਸੀ। ਮਾਹੀ ਦੀ ਆਵਾਜ਼ ਵਿਚ ਜੋ ਪਹਿਲਾ ਗੀਤ ਰਿਕਾਰਡ ਹੋਇਆ, ਉਹ ਸਮਰ ਕਰਤਾਰਪੁਰੀ ਦੀ ਰਚਨਾ ਸੀ। ਗੀਤ ਦੇ ਬੋਲ ਸਨ 'ਸ਼ਹਿਰ ਨੂੰ ਨਾ ਜਾਈਂ ਗੋਰੀਏ, ਪੈਰੀਂ ਪਾ ਕੇ ਸਲੀਪਰ ਕਾਲੇ'। ਇਹ ਤਵਾ ਹਰ ਸਪੀਕਰ ਵਾਲੇ ਦੀ ਪੇਟੀ ਦਾ ਸ਼ਿੰਗਾਰ ਬਣਿਆ। ਓਦੋਂ ਪੰਜ ਦੀ ਥਾਂ ਪੱਚੀ ਰੁਪਏ ਤਕ ਬਲੈਕ ਵਿਚ ਇਹ ਤਵਾ ਵਿਕਿਆ। ਇਸ ਤਵੇ ਨਾਲ ਮਾਹੀ ਦੀ ਆਵਾਜ਼ ਘਰ-ਘਰ ਪਹੁੰਚ ਗਈ।

### ਚਰਚਿਤ ਗੀਤ

ਭਾਨ ਸਿੰਘ ਮਾਹੀ ਵੱਲੋਂ ਰਿਕਾਰਡ ਕਰਵਾਏ ਗੀਤਾਂ 'ਚ ਮਸ਼ਹੂਰ ਰਹੇ ਗੀਤਾਂ 'ਚ 'ਰਾਤੀਂ ਜਾਗ ਹੰਝੂਆਂ ਦਾ ਕਿਸ ਲਾਇਆ, ਦੁੱਧ ਨੂੰ ਮਧਾਣੀ ਪੁੱਛਦੀ', 'ਤੇਰੀ ਦੀਦ ਬਾਝੋਂ ਅੱਖੀਆਂ ਤਿਹਾਈਆਂ ਰਾਂਝਣਾ', 'ਕਿਥੋਂ ਤੇ ਆਈ ਕਾਲੀ ਬਦਲੀ ਸੁਦਾਗਰ ਮੀਆਂ', 'ਤੇਰੇ ਕੰਨਾਂ ਨੂੰ ਸੋਹਣੇ ਬੁੰਦੇ ਨੀ ਹੱਥੀਂ ਲਾਈ ਅੱਜ ਮਹਿੰਦੀ', 'ਫੁੱਲ ਚਿੜੀਆਂ ਕੰਘੀ ਨਾਲ ਪਾਵੇ, ਚਾਅ ਮੁਕਲਾਵੇ ਦਾ', 'ਲਾਡੋ ਸੱਸ ਦੀ ਨਜ਼ਰ ਨਾ ਆਵੇ, ਮੱਸਿਆ ਸਵੇਰ ਦੀ ਵਗੇ', 'ਭਾਬੀਏ ਨੀ ਘੁੰਡ ਕੱਢ ਲੈ, ਵੈਰੀ ਰੂਪ ਦਾ ਸੁਣੀਂਦਾ ਜਗ ਨੀਂ', 'ਵੰਗ ਛਣਕੀ ਵੰਗਾਂ ਦੇ ਨਾਲ ਵੱਜ ਕੇ', 'ਨੀ ਗੁੱਤਾਂ ਨੂੰ ਵਲਾਵੇਂ ਮਾਰ ਲੈ','ਤੇਰੀ ਸਿਖਰੋਂ ਪੀਂਘ ਟੁੱਟ ਜਾਵੇ, ਨੀ ਨਿੰਮ ਨਾਲ ਝੂਟਦੀਏ' ਪ੍ਰਮੁੱਖ ਤੌਰ 'ਤੇ ਸ਼ਾਮਲ ਹਨ।

### ਵਿਦੇਸ਼ ਜਾ ਕੇ ਵੱਸਣਾ

ਉਨ੍ਹਾਂ ਸਮਿਆਂ ਦੇ ਪ੍ਰਸਿੱਧ ਕਵੀਆਂ ਤੇ ਗੀਤਕਾਰਾਂ ਦੀਆਂ ਮਹਿਫ਼ਲਾਂ ਵਿਚ ਵੀ ਭਾਨ ਸਿੰਘ ਦੀ ਆਉਣੀ-ਜਾਣੀ ਲੱਗੀ ਰਹਿੰਦੀ ਸੀ। ਇਨ੍ਹਾਂ ਮਹਿਫ਼ਲਾਂ ਵਿਚ ਗੁਰਦੇਵ ਸਿੰਘ ਮਾਨ, ਕਰਤਾਰ ਸਿੰਘ ਬਲੱਗਣ, ਗੁਰਦਿੱਤ ਸਿੰਘ ਕੁੰਦਨ, ਵਿਧਾਤਾ ਸਿੰਘ ਤੀਰ, ਬਰਕਤ ਰਾਮ, ਚਰਨ ਸਿੰਘ ਸਫ਼ਰੀ, ਨਰਾਇਣ ਸਿੰਘ ਦਰਦੀ ਆਦਿ ਸ਼ਾਇਰ ਸ਼ਾਮਲ ਹੁੰਦੇ ਸਨ। ਆਮ ਤੌਰ ਤੇ ਪ੍ਰੋਗਰਾਮ ਤੋਂ ਬਾਅਦ ਖਾਣ-ਪੀਣ ਦਾ ਦੌਰ ਵੀ ਚਲਦਾ। ਕਈ ਵਾਰ ਇਹ ਮਹਿਫ਼ਲਾਂ ਅੱਧੀ-ਅੱਧੀ ਰਾਤ ਤਕ ਚੱਲਦੀਆਂ ਰਹਿੰਦੀਆਂ। 1976-77 ਤਕ ਭਾਨ ਸਿੰਘ ਮਾਹੀ ਨੇ ਜੀਅ ਭਰ ਕੇ ਗਾਇਆ, ਅਖਾੜੇ ਲਾਏ, ਰਿਕਾਰਡਿੰਗ ਕਰਵਾਈ ਤੇ ਕਮਾਈ ਵੀ ਕੀਤੀ। 1977 ਵਿਚ ਉਸ ਦਾ ਦਾਣਾ-ਪਾਣੀ ਉਸ ਨੂੰ ਅਮਰੀਕਾ ਲੈ ਗਿਆ। ਉੱਥੇ ਉਸ ਨੂੰ ਸੈੱਟ ਹੋਣ ਲਈ ਕਈ ਪਾਪੜ ਵੇਲਣੇ ਪਏ ਤੇ ਅਖ਼ੀਰ ਸਰਕਾਰੀ ਨੌਕਰੀ ਕਰ ਕੇ ਸੇਵਾ ਮੁਕਤ ਹੋਇਆ। ਛੁੱਟੀ ਵਾਲੇ ਦਿਨ ਗੁਰੂ ਘਰਾਂ ਵਿਚ ਪ੍ਰੋਗਰਾਮ ਕਰਦਾ ਰਿਹਾ। ਇਸ ਤਰ੍ਹਾਂ ਮਾਹੀ ਦੀ ਗਾਇਕੀ ਦਾ ਸਿਲਸਿਲਾ ਲਗਾਤਾਰ ਜਾਰੀ ਹੈ।

ਭਾਨ ਸਿੰਘ ਮਾਹੀ ਨੇ ਜਿਥੇ ਪ੍ਰਸਿੱਧ ਸ਼ਾਇਰਾਂ ਦੀਪਕ ਜੈਤੋਈ, ਚਰਨ ਸਿੰਘ ਸਫ਼ਰੀ, ਰਾਮ ਸ਼ਰਨ ਜੋਸ਼ੀਲਾ ਦੇ ਬੋਲਾਂ ਨੂੰ ਆਵਾਜ਼ਾਂ ਦਿੱਤੀਆਂ ਹਨ, ਉੱਥੇ ਹੀ ਆਮ ਲੋਕਾਂ ਲਈ ਅਣਜਾਣ ਗੀਤਕਾਰ ਓਮ ਪ੍ਰਕਾਸ਼ ਸਮਰ ਦੇ ਰਚੇ ਗੀਤ ਗਾਏ ਹਨ। ਮਾਹੀ ਦੇ ਗਾਏ ਗੀਤਾਂ ਦੇ ਵਿਸ਼ੇ ਭਾਵੇਂ ਵੱਖ-ਵੱਖ ਹਨ ਅਤੇ ਪੰਜਾਬੀ ਸੱਭਿਆਚਾਰ ਦੇ ਬਹੁਤ ਸਾਰੇ ਪੱਖਾਂ ਨਾਲ ਸਬੰਧਤ ਹਨ, ਪਰੰਤੂ ਇਨ੍ਹਾਂ ਵਿਚੋਂ ਬਹੁਤਿਆਂ ਦੀਆਂ ਤਰਜ਼ਾਂ ਅਤੇ ਗਾਉਣ ਦਾ ਅੰਦਾਜ਼ ਲਗਪਗ ਇਕੋ ਜਿਹਾ ਹੈ। ਹਾਂ, ਕੁਝ ਇਕ ਗੀਤਾਂ ਦੀਆਂ ਤਰਜ਼ਾਂ ਤੇ ਨਿਭਾਅ ਬਾਕਮਾਲ ਹੈ। ਦੀਪਕ ਜੈਤੋਈ ਦੇ ਲਿਖੇ ਤੇ ਭਾਨ ਸਿੰਘ ਦੇ ਗਾਏ ਗੀਤ 'ਵੇ ਸੌਦਾਗਰ ਮੀਆਂ ਛਮ ਛਮ ਆ ਗਿਆ ਏ ਮੀਂਹ' ਅਤੇ 'ਤੇਰੇ ਕੰਨਾਂ ਨੂੰ ਸੋਹਣੇ ਬੁੰਦੇ' ਲੋਕ ਗੀਤਾਂ ਦੇ ਹਾਣ ਦੇ ਹਨ। ਅੱਜ ਕੱਲ੍ਹ ਮਾਹੀ ਨਿਊਯਾਰਕ (ਅਮਰੀਕਾ) ਵਿਖੇ ਰਹਿ ਰਿਹਾ ਹੈ। ਕਦੇ ਕਦਾਈਂ ਏਧਰ ਵੀ ਗੇੜਾ ਮਾਰ ਜਾਂਦਾ ਹੈ। •

84271-00341

### ਦੋਗਾਣਾ ਗਾਇਕੀ ਵੱਲ ਝੁਕਾਅ

ਪਹਿਲੇ ਰਿਕਾਡਰ ਤੋਂ ਬਾਅਦ ਭਾਨ ਸਿੰਘ ਮਾਹੀ ਦਾ ਮੇਲ ਉਸ ਸਮੇਂ ਦੇ ਪ੍ਰਸਿੱਧ ਕਲਾਕਾਰਾਂ ਨਾਲ ਹੋਣ ਲੱਗਾ ਜਿਨ੍ਹਾਂ 'ਚ ਆਸਾ ਸਿੰਘ ਮਸਤਾਨਾ, ਨਿਰਮਲ ਸਿੰਘ ਨਿਰਮਲ, ਸੁਰਿੰਦਰ ਕੌਰ, ਪ੍ਰਕਾਸ਼ ਕੌਰ, ਮੋਹਣੀ ਨਰੂਲਾ ਆਦਿ ਪ੍ਰਮੁੱਖ ਸਨ। ਉਦੋਂ ਬੰਬਈ ਵਸਦੇ ਪੰਜਾਬੀ ਫਿਲਮੀ ਕਲਾਕਾਰ ਸਮੇਂ-ਸਮੇਂ ਤੇ ਪ੍ਰੋਗਰਾਮ ਕਰਵਾ ਕੇ ਪੰਜਾਬੀ ਗਾਇਕਾਂ ਨੂੰ ਬੰਬਈ ਬੁਲਾਉਂਦੇ ਸਨ। ਇਕ ਵਾਰ ਦੂਜੇ ਕਲਾਕਾਰਾਂ ਦੇ ਨਾਲ ਮਾਹੀ ਨੂੰ ਵੀ ਸੱਦਿਆ ਗਿਆ। ਏਥੇ ਮਾਹੀ ਦੀ ਤੂੰਬੀ ਦੀ ਟੁਣਕਾਰ ਨੂੰ ਸੁਣ ਕੇ ਸੰਗੀਤਕਾਰ ਐੱਸ ਮਹਿੰਦਰ ਬਹੁਤ ਖ਼ੁਸ਼ ਹੋਏ। ਉਨ੍ਹਾਂ ਨੇ ਆਪਣੇ ਇਕ ਫਿਲਮੀ ਗਾਣੇ ਵਿਚ ਤੂੰਬੀ ਵਜਾਉਣ ਲਈ ਮਾਹੀ ਨੂੰ ਕਿਹਾ। ਦੂਸਰੇ ਦਿਨ ਫਿਲਮ 'ਚੰਬੇ ਦੀ ਕਲੀ' ਦਾ ਇਹ ਗੀਤ ਮੁਹੰਮਦ ਰਫ਼ੀ ਤੇ ਊਸ਼ਾ ਮੰਗੇਸ਼ਕਰ ਦੀਆਂ ਆਵਾਜ਼ਾਂ ਵਿਚ ਰਿਕਾਰਡ ਹੋਇਆ। ਗੀਤ ਦੇ ਬੋਲ ਸਨ 'ਚੁਣ ਚੁਣ ਤਾਰਿਆਂ ਨੂੰ।' ਇਸ ਵਿਚ ਮਾਹੀ ਨੇ ਤੂੰਬੀ ਵਜਾਈ। ਇਸ ਸਮੇਂ ਦੋਗਾਣਾ ਗਾਇਕੀ ਨੇ ਜ਼ੋਰ ਫੜ ਲਿਆ ਸੀ। ਕਈ ਦੋਗਾਣਾ ਜੋੜੀਆਂ ਗਾਇਕੀ ਦੇ ਖੇਤਰ ਵਿਚ ਪ੍ਰਵੇਸ਼ ਕਰ ਚੁੱਕੀਆਂ ਸਨ। ਮਾਹੀ ਨੇ ਵੀ ਪੌੜ੍ਹ ਅਖਾੜਿਆਂ ਵਿਚ ਦੋਗਾਣੇ ਗਾਉਣੇ ਸ਼ੁਰੂ ਕਰ ਦਿੱਤੇ। ਜਿਨ੍ਹਾਂ ਗਾਇਕਾਵਾਂ ਨਾਲ ਮਾਹੀ ਨੇ ਅਖਾੜਿਆਂ ਵਿਚ ਦੋਗਾਣੇ ਗਾਏ, ਉਨ੍ਹਾਂ ਵਿਚ ਸਵਰਨ ਲਤਾ, ਰਾਜਿੰਦਰ ਰਾਜਨ, ਚੰਦਰ ਕਾਂਤਾ ਕਪੂਰ ਆਦਿ ਸ਼ਾਮਲ ਸਨ।

## ਸੰਪਾਦਕੀ

# ਅਮਰੀਕੀ ਰਾਸ਼ਟਰਪਤੀ ਡੋਨਾਲਲਡ ਟਰੰਪ ਦੇ 100 ਦਿਨ

ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਦੀ ਦੂਜੀ ਵਾਰੀ ਹੁਣ ਤੱਕ ਕਾਫ਼ੀ ਉਥਲ-ਪੁਥਲ ਵਾਲੀ ਸਾਬਿਤ ਹੋਈ ਹੈ। ਉਨ੍ਹਾਂ ਨੂੰ ਸੱਤਾ ਸੰਭਾਲਿਆਂ ਸੌ ਦਿਨ ਪੂਰੇ ਹੋ ਗਏ ਹਨ ਪਰ ਇਸ ਦੌਰਾਨ ਟਰੰਪ ਪ੍ਰਤੀ ਲੋਕਾਂ ਦਾ ਉਤਸ਼ਾਹ ਲੋਕ ਰੋਹ ਵਿੱਚ ਤਬਦੀਲ ਹੁੰਦਾ ਜਾ ਰਿਹਾ ਹੈ। ਟਰੰਪ ਦੀ ਲੋਕਪ੍ਰਿਅਤਾ ਦੀ ਦਰਜਾਬੰਦੀ ਘਟ ਰਹੀ ਹੈ ਅਤੇ ਔਰਤਾਂ, ਸਪੇਨੀ ਭਾਸ਼ਾ ਬੋਲਣ ਵਾਲੇ ਅਮਰੀਕਨਾਂ ਅਤੇ ਆਜ਼ਾਦ ਵਰਗਾਂ ਨਾਲ ਸਬੰਧਿਤ ਵੋਟਰ ਸਮੂਹਾਂ ਅੰਦਰ ਨਾਰਾਜ਼ਗੀ ਵਧ ਰਹੀ ਹੈ ਅਤੇ ਇਨ੍ਹਾਂ ਵਰਗਾਂ ਨੇ ਹੀ ਉਨ੍ਹਾਂ ਦੀ ਚੁਣਾਵੀ ਜਿੱਤ ਵਿੱਚ ਅਹਿਮ ਭੂਮਿਕਾ ਨਿਭਾਈ ਸੀ ਅਤੇ ਜੇ ਇਹ ਰੁਝਾਨ ਜਾਰੀ ਰਹਿੰਦਾ ਹੈ ਤਾਂ ਉਨ੍ਹਾਂ ਲਈ ਮੁਸ਼ਕਿਲਾਂ ਵਧ ਜਾਣਗੀਆਂ। ਆਪਣੇ ਦੂਜੇ ਕਾਰਜਕਾਲ ਵਿੱਚ ਟਰੰਪ ਨੇ ਟੈਰਿਫ (ਬਾਹਰੋਂ ਆਉਣ ਵਾਲੇ ਸਾਮਾਨ ਤੇ ਸੇਵਾਵਾਂ ਉੱਪਰ ਮਹਿਸੂਲ) 'ਤੇ ਬਹੁਤ ਹੀ ਜ਼ਾਰਿਹਾਨਾ ਢੰਗ ਨਾਲ ਕੰਮ ਕੀਤਾ ਅਤੇ ਅਰਥਚਾਰੇ ਨੂੰ ਸੁਰਜੀਤ ਕਰਨ ਦੇ ਜੋ ਵਾਅਦੇ ਕੀਤੇ ਹਨ, ਉਨ੍ਹਾਂ ਕਰ ਕੇ ਬਾਜ਼ਾਰ ਵਿੱਚ ਤਰਥੱਲੀ ਮੱਚ ਗਈ ਅਤੇ ਮਹਿੰਗਾਈ ਵਧਣ ਦੇ ਆਸਾਰ ਪੈਦਾ ਹੋ ਗਏ ਹਨ। ਅਰਥਚਾਰੇ ਨੂੰ ਸੁਚੱਜੀ ਸੇਧ ਦੇਣ ਦੇ ਉਨ੍ਹਾਂ ਦੇ ਭਰੋਸੇ ਡਗਮਗਾ ਰਹੇ ਹਨ। ਇਸੇ ਦੌਰਾਨ ਉਨ੍ਹਾਂ ਦੀਆਂ ਸਖ਼ਤ ਆਵਾਸ ਨੀਤੀਆਂ ਕਰ ਕੇ ਲੋਕ ਰਾਏ ਵੰਡੀ ਗਈ ਹੈ। ਇਸ ਮਾਮਲੇ ਵਿੱਚ ਧੜਾਧੜ ਸਰਕਾਰੀ ਆਦੇਸ਼ਾਂ ਅਤੇ ਵੱਡੇ ਪੱਧਰ 'ਤੇ ਗ਼ੈਰ-ਕਾਨੂੰਨੀ ਪਰਵਾਸੀਆਂ ਨੂੰ ਵਾਪਸ ਭੇਜਣ ਦੇ ਕਦਮਾਂ ਨੂੰ ਅਦਾਲਤਾਂ ਅਤੇ ਲੋਕ ਪ੍ਰਦਰਸ਼ਨਾਂ ਜ਼ਰੀਏ ਤਿੱਖੀ ਚੁਣੌਤੀ ਮਿਲ ਰਹੀ ਹੈ ਜਿਸ ਨਾਲ ਅਮਰੀਕੀ ਸਮਾਜ ਵਿੱਚ ਵੰਡੀਆਂ ਹੋਰ ਵਧ ਗਈਆਂ ਹਨ ਪਰ ਇਨ੍ਹਾਂ ਮਸਲਿਆਂ ਦੇ ਕੋਈ ਸਾਰਥਿਕ ਹੱਲ ਨਜ਼ਰ ਨਹੀਂ ਆ ਰਹੇ। ਨੌਜਵਾਨ ਅਤੇ ਘੱਟਗਿਣਤੀ ਸਮੂਹਾਂ ਦੇ ਵੋਟਰਾਂ ਵਿੱਚ ਟਰੰਪ ਸਰਕਾਰ ਪ੍ਰਤੀ ਰੋਸ ਫੈਲਦਾ ਜਾ ਰਿਹਾ ਹੈ। ਜਿੱਥੋਂ ਤੱਕ ਆਲਮੀ ਮੰਜ਼ਰ ਦਾ ਤਾਅਲੁਕ ਹੈ ਤਾਂ ਟਰੰਪ ਦੀ ਵਿਦੇਸ਼ ਨੀਤੀ ਵੀ ਵੰਡਪਾਊ ਸਾਬਿਤ ਹੋ ਰਹੀ ਹੈ। ਅਮਰੀਕਾ ਦੇ ਰਵਾਇਤੀ ਇਤਹਾਦੀ ਮੁਲਕਾਂ ਨਾਲ ਸਬੰਧਾਂ ਵਿੱਚ ਤਰੇੜਾਂ ਪੈ ਗਈਆਂ ਹਨ ਕਿਉਂਕਿ ਉਸ ਦੀ ਅਖੌਤੀ 'ਅਮਰੀਕਾ ਫਸਟ' ਨੀਤੀ ਵਿੱਚ ਕੂਟਨੀਤਕ ਨਫ਼ਾਸਤਾਂ ਲਈ ਕੋਈ ਥਾਂ ਨਹੀਂ ਹੈ। ਗ੍ਰੀਨਲੈਂਡ 'ਤੇ ਕਬਜ਼ਾ ਕਰਨ ਅਤੇ ਪਨਾਮਾ ਨਹਿਰ ਨੂੰ ਅਮਰੀਕਾ ਦੇ ਕੰਟਰੋਲ ਕਰਨ ਜਿਹੇ ਟਰੰਪ ਦੇ ਬਿਆਨਾਂ ਨਾਲ ਅਮਰੀਕਾ ਪ੍ਰਤੀ ਬੇਭਰੋਸਗੀ ਵਿੱਚ ਹੀ ਵਾਧਾ ਕੀਤਾ ਹੈ। ਸਾਰਾ ਧਿਆਨ ਸ਼ਾਸਨ ਨੂੰ ਸੰਭਾਲਣ ਦੀ ਥਾਂ ਸੁਰਖੀਆਂ ਨੂੰ ਸੰਭਾਲਣ 'ਤੇ ਲੱਗਾ ਹੋਇਆ ਹੈ। ਟਰੰਪ ਦਾ ਇਹ ਖ਼ਾਸ ਅੰਦਾਜ਼ ਬਣ ਗਿਆ ਹੈ ਪਰ ਇਸ ਨੂੰ ਲੈ ਕੇ ਪਹਿਲਾਂ ਜਿੱਥੇ ਅਕਸਰ ਹੀ ਬੇਪ੍ਰਵਾਹ ਰਹਿੰਦੇ ਸਨ ਪਰ ਹੁਣ ਉਨ੍ਹਾਂ ਨੂੰ ਚੋਭਾਂ ਮਹਿਸੂਸ ਹੋਣ ਲੱਗ ਪਈਆਂ ਹਨ। ਹਾਲਾਂਕਿ ਉਨ੍ਹਾਂ ਦਾ ਵਫ਼ਾਦਾਰ ਰਿਪਬਲਿਕਨ ਆਧਾਰ ਕਾਇਮ ਹੈ ਪਰ ਕੌਮੀ ਪੱਧਰ 'ਤੇ ਵਿਆਪਕ ਭਰੋਸਾ ਡਿੱਗ ਰਿਹਾ ਹੈ। ਅਜਿਹੀ ਵੰਡਪਾਊ ਕਾਰਕਰਦਗੀ ਦੇ ਆਧਾਰ 'ਤੇ ਸਫ਼ਲਤਾ ਦੀ ਤਾਂ ਗੱਲ ਹੀ ਛੱਡ ਦਿਓ, ਸਗੋਂ ਉਨ੍ਹਾਂ ਦੇ ਕਾਰਜਕਾਲ ਦੀ ਅਉਧ ਕਾਇਮ ਰਹਿਣੀ ਮੁਸ਼ਕਿਲ ਹੋ ਜਾਵੇਗੀ। ਜੇ ਟਰੰਪ ਦੇ ਦੂਜੇ ਕਾਰਜਕਾਲ ਦੇ ਪਹਿਲੇ ਸੌ ਦਿਨਾਂ ਦੀ ਕਾਰਗੁਜ਼ਾਰੀ ਦੇ ਸ਼ੁਰੂਆਤੀ ਸੰਕੇਤ ਦੇਖੇ ਜਾਣ ਤਾਂ ਆਉਣ ਵਾਲੇ ਸਮੇਂ ਦਾ ਝਲਕਾਰਾ ਮਿਲ ਜਾਂਦਾ ਹੈ। ਟਰੰਪ ਦੇ ਮਾਮਲੇ ਇਹ ਦੱਸ ਰਹੇ ਹਨ ਕਿ ਉਨ੍ਹਾਂ ਨੂੰ ਆਪਣੇ ਪੱਕੇ ਹਮਾਇਤੀਆਂ ਤੋਂ ਪਰ੍ਹੇ ਹਮਾਇਤ ਜੁਟਾਉਣ ਵਿੱਚ ਸੰਘਰਸ਼ ਕਰਨਾ ਪਵੇਗਾ, ਅਰਥਚਾਰੇ ਦੇ ਮੁਹਾਜ਼ 'ਤੇ ਹੋਰ ਝਟਕੇ ਲੱਗ ਸਕਦੇ ਹਨ, ਆਵਾਸ ਵਿਵਾਦਾਂ ਵਿੱਚ ਵਾਧਾ ਹੋ ਸਕਦਾ ਹੈ ਅਤੇ ਵਿਦੇਸ਼ ਨੀਤੀ ਦੇ ਖੇਤਰ ਵਿੱਚ ਨਮੋਸ਼ੀਆਂ ਪੱਲੇ ਪੈ ਸਕਦੀਆਂ ਹਨ। ਜੇ ਟਰੰਪ ਵੱਲੋਂ ਆਪਣੇ ਰਾਹ ਨੂੰ ਦਰੁਸਤ ਕਰਨ ਲਈ ਗੰਭੀਰਤਾ ਨਾਲ ਸੋਚ ਵਿਚਾਰ ਨਹੀਂ ਕੀਤੀ ਜਾਂਦੀ ਤਾਂ ਉਨ੍ਹਾਂ ਦਾ ਅਗਲਾ ਸਫ਼ਰ ਹੋਰ ਵੀ ਉਥਲ-ਪੁਥਲ ਭਰਿਆ ਸਾਬਿਤ ਹੋ ਸਕਦਾ ਹੈ।

## ਜੰਮੂ ਕਸ਼ਮੀਰ ਸਰਕਾਰ ਵੱਲੋਂ ਫ਼ਿਰਕੂ ਸਦਭਾਵਨਾ ਦਾ ਇੱਕ ਮਜ਼ਬੂਤ ਸੰਦੇਸ਼

ਕੇਂਦਰ ਸ਼ਾਸਿਤ ਪ੍ਰਦੇਸ਼ ਜੰਮੂ ਕਸ਼ਮੀਰ ਦੀ ਵਿਧਾਨ ਸਭਾ ਨੇ ਪਹਿਲਗਾਮ ਹਮਲੇ ਦੇ ਮੱਦੇਨਜ਼ਰ ਸ਼ਾਂਤੀ ਅਤੇ ਫ਼ਿਰਕੂ ਸਦਭਾਵਨਾ ਦਾ ਇੱਕ ਮਜ਼ਬੂਤ ਸੰਦੇਸ਼ ਦਿੱਤਾ ਹੈ। ਸਦਨ ਦੇ ਵਿਸ਼ੇਸ਼ ਤੌਰ 'ਤੇ ਬੁਲਾਏ ਗਏ ਸੈਸ਼ਨ ਵਿੱਚ ਸਰਬਸੰਮਤੀ ਨਾਲ ਪਾਸ ਕੀਤੇ ਗਏ ਇੱਕ ਮਤੇ ਵਿੱਚ ਇਸ ਕਤਲੇਆਮ ਦੀ ਨਿਖੇਧੀ ਕੀਤੀ ਗਈ ਹੈ ਜਿਸ ਨੂੰ ਲੈ ਕੇ ਨਾ ਕੇਵਲ ਜੰਮੂ ਕਸ਼ਮੀਰ ਸਗੋਂ ਸਮੁੱਚਾ ਦੇਸ਼ ਹੀ ਸਦਮੇ ਵਿੱਚ ਹੈ। 2019 ਵਿੱਚ ਧਾਰਾ 370 ਨੂੰ ਤੋੜਨ ਦੀ ਕਾਰਵਾਈ ਤਹਿਤ ਜੰਮੂ ਕਸ਼ਮੀਰ ਨੂੰ ਦੋ ਹਿੱਸਿਆਂ ਵਿੱਚ ਵੰਡ ਕੇ ਅਤੇ ਰਾਜ ਤੋਂ ਯੂਟੀ ਵਿੱਚ ਤਬਦੀਲ ਕੀਤੇ ਜਾਣ ਤੋਂ ਬਾਅਦ ਛੇ ਕੁ ਮਹੀਨੇ ਪਹਿਲਾਂ ਹੋਈਆਂ ਚੋਣਾਂ ਵਿੱਚ ਉਮਰ ਅਬਦੁੱਲ੍ਹਾ ਦੀ ਅਗਵਾਈ ਹੇਠ ਨਵੀਂ ਸਰਕਾਰ ਦਾ ਚਾਰਜ ਸੰਭਾਲਿਆ ਸੀ।

ਇਸ ਸਮੇਂ ਮੁੱਖ ਮੰਤਰੀ ਦੇ ਤੌਰ 'ਤੇ ਉਨ੍ਹਾਂ ਸਾਹਮਣੇ ਸਭ ਤੋਂ ਵੱਡੀ ਚੁਣੌਤੀ ਇਹ ਹੈ ਕਿ ਜੰਮੂ ਕਸ਼ਮੀਰ ਵਿੱਚ ਸੁਰਜੀਤ ਹੋਈ ਜਮਹੂਰੀ ਪ੍ਰਕਿਰਿਆ ਇੱਕ ਵਾਰ ਫਿਰ ਅਧਵਾਟੇ ਹੀ ਖ਼ਤਮ ਨਾ ਹੋ ਜਾਵੇ। ਪਹਿਲਗਾਮ ਦੁਖਾਂਤ ਤੋਂ ਬਾਅਦ ਕਸ਼ਮੀਰ ਦੇ ਅਵਾਮ ਨੇ ਜਿਸ ਢੰਗ ਨਾਲ ਆਪਣੇ ਜਜ਼ਬਾਤ ਦਾ ਇਜ਼ਹਾਰ ਕੀਤਾ ਹੈ ਅਤੇ ਇਸ ਤੋਂ ਪਹਿਲਾਂ ਸੈਲਾਨੀਆਂ ਨੂੰ ਬਚਾਉਣ ਲਈ ਆਮ ਲੋਕਾਂ ਵੱਲੋਂ ਜਿਵੇਂ ਮਦਦ ਪਹੁੰਚਾਈ ਗਈ, ਉਹ ਵਾਕਈ ਕਸ਼ਮੀਰੀਅਤ ਤੇ ਇਨਸਾਨੀਅਤ ਦੀ ਮਿਸਾਲ ਪੇਸ਼ ਕਰਦੀ ਹੈ ਅਤੇ ਜੰਮੂ ਕਸ਼ਮੀਰ ਦੀ ਸਿਆਸੀ ਹਕੂਮਤ ਲਈ ਇੱਕ ਉਮੀਦ ਦਾ ਸਬੱਬ ਬਣਦੀ ਹੈ। ਉਮਰ ਨੇ ਇਹ ਗੱਲ ਆਖੀ ਕਿ "ਹਰੇਕ ਮਸਜਿਦ ਵਿੱਚ ਮਰਨ ਵਾਲਿਆਂ ਲਈ ਮੌਨ ਧਾਰਨ ਕੀਤਾ ਗਿਆ ਹੈ।" ਦਰਅਸਲ, ਇਹ ਸੰਕੇਤ ਹੈ ਕਿ ਹਾਲੇ ਵੀ ਬਹੁਤ ਕੁਝ ਬਚਿਆ ਹੋਇਆ ਹੈ। ਏਕਤਾ, ਕਰੁਣਾ ਅਤੇ ਤਹੱਮਲ ਦੀ ਭਾਵਨਾ ਨਾਲ ਉਨ੍ਹਾਂ ਤਾਕਤਾਂ ਦਾ ਟਾਕਰਾ ਕੀਤਾ ਜਾ ਸਕਦਾ ਹੈ ਜੋ ਜੰਮੂ ਕਸ਼ਮੀਰ ਨੂੰ ਹਨੇਰੀ ਗਲੀ 'ਚੋਂ ਨਿਕਲਣ ਨਹੀਂ ਦੇਣਾ ਚਾਹੁੰਦੀਆਂ। ਉਮਰ ਨੇ ਸਾਫ਼ਗੋਈ ਨਾਲ ਮੰਨਿਆ ਹੈ ਕਿ ਉਹ ਸੈਲਾਨੀਆਂ ਨੂੰ ਸਹੀ ਸਲਾਮਤ ਆਪਣੇ ਘਰ ਵਾਪਸ ਤੋਰਨ ਦੀ ਆਪਣੀ ਜ਼ਿੰਮੇਵਾਰੀ ਵਿੱਚ ਨਾਕਾਮ ਹੋਏ ਹਨ। ਇਸ ਦੇ ਨਾਲ ਹੀ ਉਨ੍ਹਾਂ ਐਲਾਨ ਕੀਤਾ ਹੈ ਕਿ ਉਹ ਇਸ ਵਕਤ ਰਾਜ ਦਾ ਦਰਜਾ ਵਾਪਸ ਲੈਣ ਦੀ ਮੰਗ 'ਤੇ ਜ਼ੋਰ ਨਹੀਂ ਪਾਉਣਗੇ ਕਿਉਂਕਿ ਇਹ ਸਿਆਸੀ ਅਤੇ ਨੈਤਿਕ ਤੌਰ 'ਤੇ ਸਹੀ ਨਹੀਂ ਹੋਵੇਗਾ। ਇਸ ਤੋਂ ਜ਼ਾਹਿਰ ਹੁੰਦਾ ਹੈ ਕਿ ਜੰਮੂ ਕਸ਼ਮੀਰ ਨੂੰ ਕੇਂਦਰ ਸ਼ਾਸਿਤ ਪ੍ਰਦੇਸ਼ ਦਾ ਦਰਜਾ ਉਦੋਂ ਤੱਕ ਖ਼ਤਮ ਨਹੀਂ ਹੋਵੇਗਾ ਜਦੋਂ ਤੱਕ ਦਹਿਸ਼ਤਗਰਦੀ ਦਾ ਪੂਰੀ ਤਰ੍ਹਾਂ ਸਫ਼ਾਇਆ ਨਹੀਂ ਹੋ ਜਾਂਦਾ। ਉਂਝ, ਕਸ਼ਮੀਰੀ ਲੋਕਾਂ ਅਤੇ ਉਨ੍ਹਾਂ ਦੇ ਚੁਣੇ ਹੋਏ ਨੁਮਾਇੰਦਿਆਂ ਵੱਲੋਂ ਦਹਿਸ਼ਤਗਰਦੀ ਖ਼ਿਲਾਫ਼ ਜੱਦੋਜਹਿਦ ਵਿੱਚ ਦਿਲ ਖੋਲ੍ਹ ਕੇ ਸ਼ਿਰਕਤ ਕਰਨ ਨਾਲ ਜ਼ਮੀਨੀ ਪੱਧਰ 'ਤੇ ਫ਼ਰਕ ਪਵੇਗਾ। ਇਸ ਦਾ ਬਹੁਤਾ ਦਾਰੋਮਦਾਰ ਇਸ ਗੱਲ 'ਤੇ ਰਹੇਗਾ ਕਿ ਕੇਂਦਰ ਸਰਕਾਰ ਅਤੇ ਦੂਜੇ ਰਾਜਾਂ ਵੱਲੋਂ ਜੰਮੂ ਕਸ਼ਮੀਰ ਨੂੰ ਕਿਹੋ ਜਿਹੀ ਮਦਦ ਦਿੱਤੀ ਜਾਂਦੀ ਹੈ। ਇਸ ਮਾਮਲੇ ਵਿੱਚ ਪੰਜਾਬ ਤੋਂ ਸਬਕ ਲਿਆ ਜਾਣਾ ਚਾਹੀਦਾ ਹੈ ਜਿੱਥੇ ਪਹਿਲਗਾਮ ਹਮਲੇ ਤੋਂ ਬਾਅਦ ਕਸ਼ਮੀਰੀ ਕਾਰੋਬਾਰੀਆਂ ਅਤੇ ਵਿਦਿਆਰਥੀਆਂ ਦੀ ਸੁਰੱਖਿਆ ਅਤੇ ਮਦਦ ਲਈ ਕਈ ਲੋਕ ਅਤੇ ਸੰਗਠਨ ਖੁੱਲ੍ਹ ਕੇ ਸਾਹਮਣੇ ਆਏ ਹਨ ਜਦੋਂਕਿ ਕੁਝ ਰਾਜਾਂ ਵਿੱਚ ਫ਼ਿਰਕੂ ਜਨੂੰਨ ਤਹਿਤ ਉਨ੍ਹਾਂ ਨੂੰ ਹਾਲੇ ਵੀ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਅਜਿਹੇ ਸਨਕੀਆਂ ਖ਼ਿਲਾਫ਼ ਕੇਂਦਰ ਅਤੇ ਸਬੰਧਿਤ ਰਾਜ ਸਰਕਾਰਾਂ ਨੂੰ ਸਖ਼ਤ ਕਾਰਵਾਈ ਕਰ ਕੇ ਸਪੱਸ਼ਟ ਸੰਦੇਸ਼ ਦੇਣਾ ਚਾਹੀਦਾ ਹੈ ਕਿ ਇਸ ਬਿਪਤਾ ਦੀ ਘੜੀ ਵਿੱਚ ਲੋਕਾਂ ਦੀ ਏਕਤਾ ਨੂੰ ਤੋੜਨ ਵਾਲੀ ਕੋਈ ਵੀ ਕਾਰਵਾਈ ਦੇਸ਼ ਹਿੱਤ ਵਿੱਚ ਨਹੀਂ ਹੋ ਸਕਦੀ।

# ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ ਤੇ ਨਹੀਂ ਬਖਸ਼ਿਆ ਜਾਵੇਗਾ: ਐਸ ਪੀ ਹੈਡਕੁਆਰਟਰ ਵੈਭਵ ਚੋਧਰੀ



ਪਟਿਆਲਾ, 2 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਨਸ਼ਿਆਂ ਵਿਰੁੱਧ ਲੰਮੇ ਸਮੇਂ ਤੋਂ ਕੰਮ ਕਰ ਰਹੀਆਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ , ਪਾਵਰ ਹਾਊਸ ਯੂਥ ਕਲੱਬ ਦੇ ਸਰਪ੍ਰਸਤਾ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਐਸ ਪੀ ਹੈਡਕੁਆਰਟਰ -ਕਮ-ਜਿਲਾ ਕਮਾਊਨਟੀ ਅਫਸਰ ਵੈਭਵ ਚੋਧਰੀ ਆਈ ਪੀ ਐਸ ਨਾਲ ਮੁਲਾਕਾਤ ਕੀਤੀ ਅਤੇ ਵਿਸਥਾਰਪੂਰਵਕ ਉਹਨਾਂ ਦੀ ਟੀਮ ਵੱਲੋਂ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਕੰਮਾਂ ਬਾਰੇ ਜਾਣਕਾਰੀ ਦਿੱਤੀ, ਇਸ ਮੌਕੇ ਰੁਦਰਪ੍ਰਤਾਪ ਸਿੰਘ ਪ੍ਰਧਾਨ ਯੁਵਕ ਸੇਵਾਵਾਂ ਕਲੱਬ ਦੀਪ ਨਗਰ, ਲੱਕੀ ਹਰਦਾਸਪੁਰ, ਹਰਮਨਜੀਤ ਸਿੰਘ ਰੰਧਾਵਾ ,ਲਿਪਿਸਾ ਕਾਬੋਜ,ਆਨਿਕਾ ਭੱਟੀ,ਮਾਨਿਕ ਵਰਮਾ ਨੇ ਸ਼ਿਰਕਤ ਕੀਤੀ, ਇਸ ਮੌਕੇ ਐਸ ਪੀ ਹੈਡਕੁਆਰਟਰ ਵੈਭਵ ਚੋਧਰੀ ਨੇ ਕਿਹਾ ਕਿ ਮਾਨਯੋਗ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ, ਡਾਇਰੈਕਟਰ ਜਨਰਲ ਆਫ਼ ਪੁਲਿਸ ਗੋਰਵ ਯਾਦਵ, ਐਸ ਐਸ ਪੀ ਪਟਿਆਲਾ ਨਾਨਕ ਸਿੰਘ ਜੀ ਵਲੋਂ ਸਖਤ ਹਿਦਾਇਤਾਂ ਹਨ ਕਿ ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ ਤੇ ਨਾ ਬਖਸ਼ਿਆ ਜਾਵੇ ਅਤੇ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਸੀਲ ਕੀਤੀਆਂ ਜਾਣ, ਉਹਨਾਂ ਕਿਹਾ ਕਿ ਨਸ਼ੇ ਸਾਡੇ ਸਮਾਜ ਨੂੰ ਘੁਣ ਵਾਂਗ ਖੋਖਲਾ ਕਰਦੇ ਜਾ ਰਹੇ ਹਨ, ਉਹਨਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਇੱਕਜੁੱਟ ਹੋ ਕੇ ਨਸ਼ਿਆਂ ਵਿਰੁੱਧ ਲੜਾਈ ਲੜਨ ਲਈ ਅੱਗੇ ਆਉਣਾ ਪਵੇਗਾ ਤਾਂ ਹੀ ਅਸੀਂ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਨਸਾ ਮੁਕਤ ਸਮਾਜ ਦੇ ਸਕਾਂਗੇ,,ਉਹਨਾਂ ਕਿਹਾ ਕਿ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਵਿੱਚ ਪਬਲਿਕ ਅਤੇ ਨੌਜਵਾਨਾਂ ਨੂੰ ਅੱਗੇ ਆ ਕੇ ਸਹਿਯੋਗ ਕਰਨਾ ਚਾਹੀਦਾ ਹੈ ਉਹਨਾਂ ਕਿਹਾ ਕਿ ਨਸ਼ਾ ਤਸਕਰਾਂ ਦੀ ਸੂਚਨਾ ਦੇਣ ਵਾਲੇ ਵਿਅਕਤੀ ਦਾ ਨਾਮ ਪੁਲਿਸ ਵੱਲੋਂ ਗੁਪਤ ਰੱਖਿਆ ਜਾਂਦਾ ਹੈ ਇਸ ਲਈ ਬਗੈਰ ਕਿਸੇ ਡਰ ਭੈ ਤੋਂ ਨਸ਼ਾ ਤਸਕਰਾਂ ਦੀ ਸੂਚਨਾ ਪੁਲਿਸ ਨੂੰ ਦਿੱਤੀ ਜਾਵੇ ਤਾ ਅਸੀਂ ਨਸ਼ਿਆਂ ਨੂੰ ਪੰਜਾਬ ਵਿਚੋਂ ਜੜ੍ਹੋਂ ਖਤਮ ਕਰ ਸਕਾਂਗੇ, ਉਹਨਾਂ ਪਰਮਿੰਦਰ ਭਲਵਾਨ ਅਤੇ ਜਤਵਿੰਦਰ ਗਰੇਵਾਲ, ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਇਹਨਾਂ ਵਲੋਂ ਜੋ ਨਸ਼ਿਆਂ ਵਿਰੁੱਧ ਮੁਹਿੰਮ ਛੇੜੀ ਹੋਈ ਹੈ ਉਹੋ ਬਹੁਤ ਹੀ ਸ਼ਲਾਘਾਯੋਗ ਹੈ ਅਤੇ ਉਹੋ ਇਸ ਮੁਹਿੰਮ ਵਿਚ ਹਰ ਸੰਭਵ ਮਦਦ ਕਰਨਗੇ। ਇਸ ਮੌਕੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਨੇ ਕਿਹਾ ਕਿ ਉਹਨਾਂ ਦੀ ਟੀਮ ਨਸ਼ਿਆਂ ਵਿਰੁੱਧ ਪੰਜਾਬ ਪੁਲਿਸ ਨਾਲ ਮਿਲਕੇ ਕੰਮ ਕਰ ਰਹੀ ਹੈ ਅਤੇ ਅੱਗੇ ਤੋਂ ਵੀ ਲਗਾਤਾਰ ਕਰਦੀ ਰਹੇਗੀ।

# ਮਗਨਰੇਗਾ ਯੋਜਨਾ ਤਹਿਤ ਨਵੇਂ ਮੇਟਾਂ ਦੀ ਰਜਿਸਟ੍ਰੇਸ਼ਨ ਲਈ ਪਿੰਡਾਂ ਦੇ ਗ੍ਰਾਮ ਸਭਾਵਾਂ ਦੇ ਇਜਲਾਸ ਬੁਲਾਉਣ ਦਾ ਸ਼ਡਿਊਲ ਜਾਰੀ

ਫਾਜ਼ਿਲਕਾ, 2 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਫਾਜ਼ਿਲਕਾ ਜ਼ਿਲ੍ਹੇ ਵਿੱਚ ਜਿਨਾਂ ਪਿੰਡਾਂ ਵਿੱਚ ਮੇਟ ਦੀ ਘਾਟ ਜਾਂ ਪਹਿਲਾਂ ਤੋਂ ਕੰਮ ਕਰ ਰਹੇ ਮੇਟ ਸਬੰਧੀ ਮਗਨਰੇਗਾ ਕਰਮੀਆਂ ਵਿੱਚ ਅਸਹਿਮਤੀ ਸੀ ਉੱਥੇ ਨਵੇਂ ਮੇਟ ਬਣਾਉਣ ਲਈ ਪਿੰਡਾਂ ਦੀਆਂ ਗ੍ਰਾਮ ਸਭਾਵਾਂ ਦੇ ਇਜਲਾਸ ਬੁਲਾਉਣ ਸਬੰਧੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਇਹ ਜਾਣਕਾਰੀ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸ਼੍ਰੀ ਸੁਭਾਸ਼ ਚੰਦਰ ਨੇ ਦਿੱਤੀ। ਉਹਨਾਂ ਨੇ ਦੱਸਿਆ ਕਿ ਇਸ ਗ੍ਰਾਮ ਸਭਾ ਵਿੱਚ ਨਰੇਗਾ ਕਰਮੀਆਂ ਦੀ ਸਹਿਮਤੀ ਨਾਲ ਨਵੇਂ ਮੇਟ ਰਜਿਸਟਰਡ ਕੀਤੇ ਜਾਣਗੇ। ਇਸ ਤੋਂ ਬਿਨਾਂ ਉਹਨਾਂ ਨੇ ਕਿਹਾ ਹੈ ਕਿ ਸਾਲ ਵਿੱਚ 100 ਦਿਨ ਕੰਮ ਦੇਣ ਦਾ ਨਿਯਮ ਹੈ ਅਤੇ ਕੰਮ ਦੀ ਉਪਲਬਧਤਾ ਅਨੁਸਾਰ ਸਾਲ ਭਰ ਵਿੱਚ ਇਸ ਟੀਚੇ ਨੂੰ ਪੂਰਾ ਕੀਤਾ ਜਾਂਦਾ ਹੈ। ਉਹਨਾਂ ਨੇ ਇਸ ਮੌਕੇ ਇਹ ਵੀ ਹਦਾਇਤ ਕੀਤੀ ਕਿ ਪਿੰਡਾਂ ਵਿੱਚ ਸਾਂਝੀਆਂ ਥਾਵਾਂ ਤੇ ਕੰਮ ਦੀ ਡਿਮਾਂਡ ਨੋਟ ਕੀਤੀ ਜਾਂਦੀ ਹੈ ਇਸ ਲਈ ਜਦੋਂ ਪਿੰਡ ਵਿੱਚ ਸਾਂਝੀ ਥਾਂ ਤੇ ਡਿਮਾਂਡ ਨੋਟ ਕੀਤੀ ਜਾ ਰਹੀ ਹੋਵੇ ਤਾਂ ਮਗਨਰੇਗਾ ਮਜ਼ਦੂਰ ਉਸ ਥਾਂ ਤੇ ਆਪਣੀ ਕੰਮ ਦੀ ਮੰਗ ਨੋਟ ਕਰਵਾ ਸਕਦੇ ਹਨ। ਉਹਨਾਂ ਨੇ ਕਿਹਾ ਕਿ ਇਸ ਸਬੰਧੀ ਸਮੂਹ ਪੰਚਾਇਤਾਂ ਅਤੇ ਗ੍ਰਾਮ ਰੋਜ਼ਗਾਰ ਸੇਵਕਾਂ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ।



ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 50 ਜੋਬ ਕਾਰਡ ਪਿੱਛੇ ਇੱਕ ਮੇਟ ਹੋਣਾ ਚਾਹੀਦਾ ਹੈ। ਮੇਟ ਰੱਖਣ ਲਈ ਮੇਟ ਦਾ ਖੁਦ ਦਾ ਜੋਬ ਕਾਰਡ ਹੋਣਾ ਜਰੂਰੀ ਹੈ। ਉਸ ਵੱਲੋਂ ਮਨਰੇਗਾ ਤਹਿਤ ਕੰਮ ਕੀਤਾ ਗਿਆ ਹੋਵੇ। ਪਿੰਡ ਵਿੱਚ ਮਹਿਲਾ ਮੇਟ ਨੂੰ ਪਹਿਲ ਦਿੱਤੀ ਜਾਵੇਗੀ ਅਤੇ ਮੇਟ ਰੱਖਣ ਸਮੇਂ ਗ੍ਰਾਮ ਸਭਾ ਵਿੱਚ ਮਤਾ ਪਾਸ ਕਰਾਉਣਾ ਜਰੂਰੀ ਹੈ। ਉਹਨਾਂ ਨੇ ਕਿਹਾ ਕਿ ਇਸ ਲਈ ਵੱਖ-ਵੱਖ ਪਿੰਡਾਂ ਵਿੱਚ ਗ੍ਰਾਮ ਸਭਾਵਾਂ ਬੁਲਾਏ ਜਾਣ ਲਈ ਸ਼ਡਿਊਲ ਜਾਰੀ ਕੀਤਾ ਗਿਆ ਹੈ, ਜਿਸ ਤਹਿਤ 30 ਅਪ੍ਰੈਲ ਨੂੰ ਮੰਡੀ ਹਜੂਰ ਸਿੰਘ, 2 ਮਈ ਨੂੰ ਨਵਾਂ ਮੁੰਬੇਕੀ 3 ਮਈ ਨੂੰ ਬਖੂ ਸ਼ਾਹ, 5 ਮਈ ਨੂੰ ਨਵਾਂ ਮੌਜਮ, 6 ਮਈ ਨੂੰ ਹਸਤਾਕਲਾਂ, 7 ਮਈ ਨੂੰ ਕਰਨੀ ਖੇੜਾ, 8 ਮਈ ਨੂੰ ਚਾਨਣ ਵਾਲਾ, 9 ਮਈ ਨੂੰ ਤੇਜਾ ਰੋਹੇਲਾ, 12 ਮਈ ਨੂੰ ਦੋਨਾਂ ਨਾਨਕਾ ਅਤੇ 14 ਮਈ ਨੂੰ ਢਾਣੀ ਮੋਹਣਾ ਰਾਮ ਵਿਖੇ ਗ੍ਰਾਮ ਸਭਾ ਦੇ ਇਜਲਾਸ ਬੁਲਾਏ ਗਏ ਹਨ ਤਾਂ ਜੋ ਇੱਥੇ ਪਿੰਡ ਦੇ ਨਰੇਗਾ ਮਜ਼ਦੂਰਾਂ ਦੀ ਸਹਿਮਤੀ ਨਾਲ ਨਵੇਂ ਮੇਟ ਚੁਣੇ ਜਾ ਸਕਣ।

ਇਸੇ ਤਰ੍ਹਾਂ ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਵੱਖ-ਵੱਖ ਪਿੰਡਾਂ ਤੋਂ ਕੰਮ ਦੀ ਮੰਗ ਸਬੰਧੀ ਬੇਨਤੀਆਂ ਪ੍ਰਾਪਤ ਹੋਈਆਂ ਸਨ ਜਿਸ ਸਬੰਧੀ ਇਹ ਸਮੁੱਚੀਆਂ ਪ੍ਰਤੀ ਬੇਨਤੀਆਂ ਸੰਬੰਧਿਤ ਗ੍ਰਾਮ ਪੰਚਾਇਤ ਅਤੇ ਸੰਬੰਧਿਤ ਪਿੰਡ ਦੇ ਗ੍ਰਾਮ ਰੋਜ਼ਗਾਰ ਸੇਵਕ ਨੂੰ ਭੇਜ ਕੇ ਇਹਨਾਂ ਨੂੰ ਤਸਦੀਕ ਕਰਨ ਅਤੇ ਜਲਦੀ ਤੋਂ ਜਲਦੀ ਇਹਨਾਂ ਨੂੰ ਕੰਮ ਮੁਹਈਆ ਕਰਵਾਉਣ ਲਈ ਭੇਜ ਦਿੱਤੀਆਂ ਗਈਆਂ ਹਨ। ਉਹਨਾਂ ਨੇ ਕਿਹਾ ਕਿ ਸਰਕਾਰੀ ਨਿਯਮਾਂ ਦੀ ਸਖਤੀ ਨਾਲ ਪਾਲਣਾ ਕਰਦਿਆਂ ਮੰਗ ਅਨੁਸਾਰ ਨਰੇਗਾ ਮਜ਼ਦੂਰਾਂ ਨੂੰ ਕੰਮ ਮੁਹਈਆ ਕਰਵਾਇਆ ਜਾ ਰਿਹਾ ਹੈ। ਉਹਨਾਂ ਨੇ ਅਪੀਲ ਕੀਤੀ ਕਿ ਨਰੇਗਾ ਕਰਮੀ ਕਿਸੇ ਦੇ ਬਹਿਕਾਵੇ ਵਿੱਚ ਨਾ ਆਉਣ ਸਗੋਂ ਜਦੋਂ ਸਾਂਝੀ ਥਾਂ ਤੇ ਕੰਮ ਦੀ ਮੰਗ ਭਰੀ ਜਾਵੇ ਤਾਂ ਮੰਗ ਦਰਜ ਕਰਵਾਉਣ ਅਤੇ ਜਦੋਂ ਕੰਮ ਦਿੱਤਾ ਜਾਵੇ ਤਾਂ ਕੰਮ ਤੇ ਜਰੂਰ ਪਹੁੰਚਣ। ਉਹਨਾਂ ਨੇ ਕਿਹਾ ਕਿ ਸਰਕਾਰ ਨਰੇਗਾ ਮਜ਼ਦੂਰਾਂ ਦੀ ਭਲਾਈ ਲਈ ਦ੍ਰਿੜ ਸੰਕਲਪਿਤ ਹੈ।

# ਮਨਪ੍ਰੀਤ ਸਿੰਘ ਸੋਮਲ ਨੇ ਮਾਰਕੀਟ ਕਮੇਟੀ ਬਸੀ ਪਠਾਣਾਂ ਦੇ ਚੇਅਰਮੈਨ ਵਜੋਂ ਅਹੁਦਾ ਸੰਭਾਲਿਆ



ਫ਼ਤਹਿਗੜ੍ਹ ਸਾਹਿਬ, 2 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਮਾਰਕੀਟ ਕਮੇਟੀ ਬਸੀ ਪਠਾਣਾਂ ਦੇ ਨਵ ਨਿਯੁਕਤ ਚੇਅਰਮੈਨ ਮਨਪ੍ਰੀਤ ਸਿੰਘ ਸੋਮਲ ਨੇ ਅੱਜ ਵਿਧਾਇਕ ਰੁਪਿੰਦਰ ਸਿੰਘ ਹੈਪੀ, ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ, ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਜੈ ਸਿੰਘ ਲਿਬੜਾ ਅਤੇ ਮਾਰਕੀਟ ਕਮੇਟੀ ਸਰਹਿੰਦ ਦੇ ਚੇਅਰਮੈਨ ਗੁਰਵਿੰਦਰ ਸਿੰਘ ਢਿੱਲੋਂ ਦੀ ਹਾਜ਼ਰੀ ਵਿੱਚ ਆਪਣਾ ਅਹੁਦਾ ਸੰਭਾਲਿਆ। ਇਨ੍ਹਾਂ ਸਖਸ਼ੀਅਤਾਂ ਨੇ ਚੇਅਰਮੈਨ ਮਨਪ੍ਰੀਤ ਸਿੰਘ ਸੋਮਲ ਨੂੰ ਮੁਬਾਰਕਾਂ ਦਿੰਦਿਆਂ ਨਵੀਂ ਜ਼ਿੰਮੇਵਾਰੀ ਨੂੰ ਬਾਖੂਬੀ ਨਿਭਾਉਣ ਦਾ ਸੱਦਾ ਦਿੱਤਾ।

ਇਸ ਮੌਕੇ ਵਿਧਾਇਕ ਰੁਪਿੰਦਰ ਸਿੰਘ ਹੈਪੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਹਮੇਸ਼ਾਂ ਹੀ ਮਿਹਨਤੀ ਤੇ ਇਮਾਨਦਾਰ ਵਰਕਰਾਂ ਨੂੰ ਮਾਣ ਸਨਮਾਨ ਦੇ ਕੇ ਨਿਵਾਜਿਆ ਹੈ। ਉਹਨਾਂ ਨੇ ਕਿਹਾ ਕਿ ਮਨਪ੍ਰੀਤ ਸਿੰਘ ਸੋਮਲ ਪਾਰਟੀ ਦੇ ਵਫਾਦਾਰ ਸਿਪਾਹੀ ਹਨ, ਜਿਨ੍ਹਾਂ ਨੇ ਪਾਰਟੀ ਦੀ ਚੜ੍ਹਦੀ ਕਲਾ ਲਈ ਪੂਰੀ ਇਮਾਨਦਾਰੀ ਤੇ ਲਗਨ ਨਾਲ ਕੰਮ ਕੀਤਾ ਹੈ। ਵਿਧਾਇਕ ਹੈਪੀ ਨੇ ਹਲਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਮਾਰਕੀਟ ਕਮੇਟੀ ਦੇ ਕੰਮਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਨਵ ਨਿਯੁਕਤ ਚੇਅਰਮੈਨ ਮਨਪ੍ਰੀਤ ਸਿੰਘ ਸੋਮਲ ਦਾ ਪੂਰੀ ਤਰ੍ਹਾਂ ਸਹਿਯੋਗ ਦਿੱਤਾ ਜਾਵੇ ਤਾਂ ਜੋ ਬੱਸੀ ਪਠਾਣਾਂ ਦੀ ਮਾਰਕੀਟ ਕਮੇਟੀ ਨੂੰ ਵਿਕਾਸ ਪੱਖੋਂ ਸਿਖਰਾਂ 'ਤੇ ਪਹੁੰਚਾਇਆ ਜਾ ਸਕੇ।

ਇਸ ਮੌਕੇ ਮਨਪ੍ਰੀਤ ਸਿੰਘ ਸੋਮਲ ਨੇ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਵੀ ਕੀਤਾ। ਉਨ੍ਹਾਂ ਨੇ ਵਿਸ਼ਵਾਸ ਦਿਵਾਇਆ ਕਿ ਪਾਰਟੀ ਨੇ ਉਹਨਾਂ ਨੂੰ ਜੋ ਜ਼ਿੰਮੇਵਾਰੀ ਸੌਂਪੀ ਹੈ ਉਹ ਉਸਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਉਪਰੰਤ ਅਰਦਾਸ ਕੀਤੀ ਗਈ ਅਤੇ ਰਾਗੀ ਸਿੰਘਾਂ ਵੱਲੋਂ ਰਸਭਿੰਨਾ ਕੀਰਤਨ ਕੀਤਾ ਗਿਆ।

ਇਸ ਮੌਕੇ ਡਾਇਰੈਕਟਰ ਲੇਬਰ ਵੈੱਲਫੇਅਰ ਬੋਰਡ ਰਾਜ ਪੁਰੀ, ਡਾਇਰੈਕਟਰ ਮੰਡੀ ਬੋਰਡ ਇੰਦਰਜੀਤ ਸਿੰਘ , ਜਸਵੀਰ ਸਿੰਘ, ਜਸਵਿੰਦਰ ਪਿੰਕਾ, ਕਸ਼ਮੀਰ ਸਿੰਘ, ਪਰਵਿੰਦਰ ਸਿੰਘ ਸੱਲ੍ਹ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਆਗੂ ਤੇ ਪਤਵੰਤੇ ਹਾਜ਼ਰ ਸਨ।

# ਸਹਾਇਕ ਕਮਿਸ਼ਨਰ ਹਿਤੇਸ਼ਵੀਰ ਵੱਲੋਂ ਦਿਸ਼ਾ ਕਲੱਸਟਰ ਅਧੀਨ ਚੱਲ ਰਹੇ ਐਚ.ਆਈ.ਵੀ/ਏਡਜ ਰੋਕਥਾਮ ਪ੍ਰੋਜੈਕਟਾਂ ਬਾਰੇ ਜਾਗਰੂਕਤਾ ਲਈ ਮੀਟਿੰਗ



ਮੋਗਾ, 2 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਟੇਟ ਏਡਜ ਕੰਟਰੋਲ ਸੁਸਾਇਟੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਹਾਇਕ ਕਮਿਸ਼ਨਰ (ਜ) ਸ਼੍ਰੀ ਹਿਤੇਸ਼ ਵੀਰ ਗੁਪਤਾ ਵੱਲੋਂ ਦਿਸ਼ਾ ਕਲੱਸਟਰ ਫਿਰੋਜ਼ਪੁਰ ਅਧੀਨ ਚੱਲ ਰਹੇ ਐਚ.ਆਈ.ਵੀ/ਏਡਜ ਰੋਕਥਾਮ ਪ੍ਰੋਜੈਕਟਾਂ ਬਾਰੇ ਜਾਗਰੂਕ ਕਰਨ ਲਈ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ।

ਇਸ ਮੀਟਿੰਗ ਵਿੱਚ ਸਿਹਤ ਵਿਭਾਗ ਦੇ ਸਮੂਹ ਸੀਨੀਅਰ ਅਧਿਕਾਰੀਆਂ ਸਿਵਲ ਸਰਜਨ ਮੋਗਾ ਡਾ ਜਯੋਤੀ, ਡਿਪਟੀ ਮੈਡੀਕਲ ਕਮਿਸ਼ਨਰ ਡਾ ਰਾਜੇਸ਼ ਮਿੱਤਲ, ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ ਅਸ਼ੋਕ ਸਿੰਗਲਾ, ਜ਼ਿਲ੍ਹਾ ਸਿਹਤ ਡਾ ਸੰਦੀਪ, ਸਮੂਹ ਐਸ ਐਮ ਓਜ, ਡੀਟੀਓ ਕਮ ਡੈਕੋ ਮੋਗਾ ਆਦਿ ਤੋਂ ਇਲਾਵਾ ਪੁਲਿਸ ਪ੍ਰਸ਼ਾਸਨ ਦੇ ਅਧਿਕਾਰੀ ਵੀ ਮੀਟਿੰਗ ਵਿੱਚ ਹਾਜ਼ਰ ਸਨ ।ਦਿਸ਼ਾ ਕਲੱਸਟਰ ਫਿਰੋਜ਼ਪੁਰ ਦੇ ਸੀ.ਪੀ.ਐਮ. ਅੰਮ੍ਰਿਤਪਾਲ ਸਿੰਘ ਨੇ ਦੱਸਿਆ ਕਿ ਪੰਜਾਬ ਸਟੇਟ ਏਡਜ ਕੰਟਰੋਲ ਸੁਸਾਇਟੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਮੋਗਾ ਜਿਲੇ ਵਿਖੇ ਐਚ ਆਈ.ਵੀ ਰੋਕਥਾਮ ਲਈ ਦੋ ਟੀ.ਆਈ ਪ੍ਰੋਜੈਕਟ ਅਤੇ ਇੱਕ ਲਿੰਕ ਵਰਕਰ ਸਕੀਮ ਪ੍ਰੋਜੈਕਟ ਵੱਖ ਵੱਖ ਐਨਜੀਓ ਦੇ ਸਹਿਯੋਗ ਨਾਲ ਚਲਾਏ ਜਾ ਰਹੇ ਹਨ ਜਿਨਾਂ ਦਾ ਮੁੱਖ ਉਦੇਸ਼ ਐਚ.ਆਈ.ਵੀ. ਏਡਜ਼ ਦੀ ਰੋਕਥਾਮ ਕਰਨਾ ਹੈ।

ਇਨਾ ਪ੍ਰੋਜੈਕਟਾਂ ਦੇ ਅੰਤਰਗਤ ਹਾਈ ਰਿਸਕ ਗਰੁੱਪ ਦੇ ਲੋਕਾਂ ਨੂੰ ਐਚ ਆਈ ਵੀ ਰੋਕਥਾਮ ਨਾਲ ਸੰਬੰਧਿਤ ਸਹੂਲਤਾਂ ਪ੍ਰਦਾਨ ਕੀਤੀਆਂ ਜਾਂਦੀਆਂ ਹਨ। ਇਸ ਪ੍ਰੋਗਰਾਮ ਵਿੱਚ ਐਨ.ਜੀ.ਓ ਸੈਂਟਰਲ ਕਲੱਬ ਮੋਗਾ ਡੋਨ ਬੋਸਕੋ ਨਵਜੀਵਨ ਸੁਸਾਇਟੀ ਅਤੇ ਸਵੇਰਾ ਲਿੰਕ ਵਰਕਰ ਦੇ ਫੀਲਡ ਸਟਾਫ ਨੇ ਫੀਲਡ ਵਿੱਚ ਕੰਮ ਕਰਨ ਵਿੱਚ ਆਉਣ ਵਾਲੀਆਂ ਪਰੇਸ਼ਾਨੀਆਂ ਬਾਰੇ ਨੂੰ ਜਾਣੂੰ ਕਰਵਾਇਆ।

ਸ਼੍ਰੀ ਹਿਤੇਸ਼ ਵੀਰ ਗੁਪਤਾ ਨੇ ਜਲਦੀ ਤੋਂ ਜਲਦੀ ਸਬੰਧਿਤ ਵਿਭਾਗਾਂ ਨੂੰ ਹਦਾਇਤਾਂ ਕਰਕੇ ਅਤੇ ਇਹਨਾਂ ਐਨ.ਜੀ.ਓ. ਨੂੰ ਪੂਰਨ ਸਹਿਯੋਗ ਦੇਣ ਦੀ ਗੱਲਬਾਤ ਕਹੀ ਤਾਂ ਜੋ ਐਚ.ਆਈ.ਵੀ ਏਡਜ ਦੀ ਰੋਕਥਾਮ ਲਈ ਜੋ ਪ੍ਰੋਜੈਕਟ ਚਲਾਏ ਜਾ ਰਹੇ ਹਨ ਉਹ ਸਫਲਤਾ ਪੂਰਵਕ ਆਪਣੇ ਟੀਚੇ ਨੂੰ ਪ੍ਰਾਪਤ ਕਰਨ।

# ਵਿਸ਼ਾਲ ਮਾਂ ਭਗਵਤੀ ਜਾਗਰਣ 3 ਮਈ ਨੂੰ ਭਨੂਪਲੀ ਟੱਪਰੀਆਂ ਵਿਖੇ ਹੋਵੇਗਾ

ਸ੍ਰੀ ਆਨੰਦਪੁਰ ਸਾਹਿਬ, 2 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਸ.ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਨੇ ਭਨੂਪਲੀ ਟੱਪਰੀਆਂ ਮੇਨ ਬਜ਼ਾਰ ਵਿੱਚ 3 ਮਈ ਨੂੰ ਹੋਣ ਜਾ ਰਹੇ ਵਿਸ਼ਾਲ ਮਾਂ ਭਗਵਤੀ ਜਾਗਰਣ ਅਤੇ ਵਿਸ਼ਾਲ ਭੰਡਾਰੇ ਦਾ ਪੋਸਟਰ ਜਾਰੀ ਕੀਤਾ। ਉਨ੍ਹਾਂ ਨੇ ਸਮੂਹ ਇਲਾਕਾ ਨਿਵਾਸੀਆਂ ਨੂੰ ਇਸ ਪਵਿੱਤਰ ਧਾਰਮਿਕ ਸਮਾਰੋਹ ਦਾ ਆਯੋਜਨ ਕਰਨ ਲਈ ਵਧਾਈ ਦਿੱਤੀ।

ਦੀਪਕ ਸੋਨੀ ਮੀਡੀਆ ਕੋਆਰਡੀਨੇਟਰ, ਮਨੂੰ ਪੁਰੀ, ਸਾਤਵਿਕ ਸੋਨੀ, ਅੰਸ਼ੁਲ ਸੋਨੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 3 ਮਈ ਨੂੰ ਮੇਨ ਬਜਾਰ ਭਨੂਪਲੀ, ਟੱਪਰੀਆਂ ਵਿਖੇ ਹੋਣ ਜਾ ਰਹੇ ਮਾਂ ਭਗਵਤੀ ਜਾਗਰਣ ਲਈ ਜੋਤ ਮੰਦਿਰ ਮਾਤਾ ਸ੍ਰੀ ਨੈਣਾ ਦੇਵੀ ਹਿਮਾਚਲ ਪ੍ਰਦੇਸ਼ ਤੋ ਲਿਆਦੀ ਜਾਵੇਗੀ। ਉਨ੍ਹਾਂ ਨੇ ਦੱਸਿਆ ਕਿ ਸਾਰੀ ਰਾਤ ਮਾਤਾ ਦਾ ਗੁਣਗਾਨ ਗੋਤਮ ਜਲੰਧਰੀ ਤੇ ਬੰਟੀ ਸ਼ਹਿਜਾਦਾ ਨੰਗਲ ਕਰਨਗੇ। ਉਨ੍ਹਾਂ ਨੇ ਦੱਸਿਆ ਕਿ ਮੇਨ ਬਜਾਰ ਵਿਚ ਜਾਗਰਣ ਦਾ ਆਯੋਜਨ ਹੋਵੇਗਾ ਅਤੇ ਵਿਸਾਲ ਭੰਡਾਰਾ ਕਰਵਾਇਆ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਸਮੂਹ ਇਲਾਕਾ ਨਿਵਾਸੀਆਂ ਨੂੰ ਇਸ ਧਾਰਮਿਕ ਸਮਾਰੋਹ ਵਿੱਚ ਹਾਜ਼ਰੀ ਲਗਵਾਉਣ ਲਈ ਬੇਨਤੀ ਕੀਤੀ ਗਈ ਹੈ।

# ਐਨਸੀਸੀ ਕੈਂਪ 'ਚ ਰੌਣਕ ਭਰੀ ਰੰਗਾਰੰਗ ਕੈਂਪ ਫਾਇਰ ਸ਼ਾਮ ਆਯੋਜਿਤ ਕੀਤੀ



ਰੂਪਨਗਰ, 2 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਨੇਵਲ ਯੂਨਿਟ ਐਨਸੀਸੀ ਨਵਾਂ ਨੰਗਲ ਵੱਲੋਂ ਐਨਸੀਸੀ ਟ੍ਰੇਨਿੰਗ ਅਕੈਡਮੀ ਰੂਪਨਗਰ ਵਿਖੇ ਚੱਲ ਰਹੇ 10 ਦਿਨਾਂ ਦੇ ਐਨਸੀਸੀ ਟ੍ਰੇਨਿੰਗ ਕੈਂਪ ਵਿਚ ਬੀਤੀ ਰਾਤ ਇੱਕ ਰੰਗਾਰੰਗ ਕੈਂਪ ਫਾਇਰ ਸਮਾਰੋਹ ਦਾ ਆਯੋਜਨ ਕੀਤਾ ਗਿਆ।

ਇਸ ਰੌਸ਼ਨੀ ਭਰੀ ਸ਼ਾਮ ਦੀ ਸ਼ੁਰੂਆਤ ਕੈਂਪ ਕਮਾਂਡੈਂਟ ਕੈਪਟਨ ਹਰਜੀਤ ਸਿੰਘ ਦਿਓਲ ਵੱਲੋਂ ਅੱਗ ਲਗਾ ਕੇ ਕੀਤੀ ਗਈ। ਇਸ ਮੌਕੇ 'ਤੇ ਵੱਖ ਵੱਖ ਸਕੂਲਾਂ ਤੋਂ ਆਏ ਕੈਡਿਟਾਂ ਦੁਆਰਾ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ ਜਿਸ ਵਿੱਚ ਗੀਤ, ਨਾਟਕ, ਭੰਗੜਾ, ਗਿੱਧਾ, ਦੇਸ਼ ਭਗਤੀ ਦੇ ਗੀਤਾਂ ਤੇ ਨਾਚ ਅਤੇ ਕੋਰਿਓਗ੍ਰਾਫੀ ਪੇਸ਼ ਕੀਤੀ ਗਈ।

ਕੈਂਪ ਕਮਾਂਡੈਂਟ ਨੇ ਕੈਂਪ ਫਾਇਰ ਦੌਰਾਨ ਆਪਣੇ ਭਾਸ਼ਣ ਵਿੱਚ ਕਿਹਾ ਕਿ, ÷ਇਸ ਤਰ੍ਹਾਂ ਦੇ ਸਮਾਗਮ ਕੈਡਿਟਾਂ ਨੂੰ ਸਿਰਫ ਮਨੋਰੰਜਨ ਹੀ ਨਹੀਂ ਦਿੰਦੇ, ਸਗੋਂ ਉਨ੍ਹਾਂ ਵਿੱਚ ਏਕਤਾ, ਨੇਤ੍ਰਤਵ ਤੇ ਸਾਂਝ ਦਾ ਭਾਵਨਾ ਵੀ ਪੈਦਾ ਕਰਦੇ ਹਨ।

ਅਖੀਰ ਵਿਚ ਕੈਂਪ ਕਮਾਂਡੈਂਟ ਵੱਲੋਂ ਕੈਂਪ ਦੌਰਾਨ ਵਧੀਆ ਪ੍ਰਦਰਸ਼ਨ ਕਰਨ ਵਾਲੀ ਕੰਪਨੀ ਨੂੰ ਜੇਤੂ ਟਰਾਫੀ ਦਿੱਤੀ ਗਈ। ਉਸ ਤੋਂ ਬਾਅਦ ਸਾਰੇ ਕੈਡਿਟਾਂ, ਐਨਸੀਸੀ ਅਫਸਰਾਂ ਤੇ ਪੀਆਈ ਸਟਾਫ ਨੇ ਇੱਕਠੇ ਭੰਗੜਾ ਪਾ ਕੇ ਇਸ ਕੈਂਪ ਨੂੰ ਇੱਕ ਯਾਦਗਾਰ ਬਣਾ ਦਿੱਤਾ।

ਅਖੀਰ ਵਿੱਚ ਕੈਂਪ ਕਮਾਂਡੈਂਟ ਨੇ ਕਿਹਾ ਕਿ ਇਹ ਕੈਂਪ ਫਾਇਰ ਕੇਵਲ ਇੱਕ ਸਮਾਰੋਹ ਨਹੀਂ ਸੀ, ਸਗੋਂ ਯਾਦਗਾਰ ਲਹਿਜਾ ਸੀ, ਜੋ ਹਰ ਕੈਡਿਟ ਦੇ ਦਿਲ ਵਿਚ ਹਮੇਸ਼ਾਂ ਲਈ ਰਹਿ ਜਾਵੇਗਾ।

ਇਸ ਮੌਕੇ ਤੇ ਚੀਫ਼ ਇੰਸਟਰਕਟਰ ਪ੍ਰਸ਼ਕ ਰਾਜ, ਚੀਫ ਐਨਸੀਸੀ ਅਫਸਰ ਸ਼ੁਗਨਪਾਲ ਸ਼ਰਮਾ, ਚੀਫ ਅਫਸਰ ਪ੍ਰੀਤਮ ਦਾਸ ਡੀਏਵੀ ਸਕੂਲ ਡੇਰਾਬੱਸੀ, ਐਨਸੀਸੀ ਅਫਸਰ ਸੋਹਣ ਸਿੰਘ ਚਾਹਲ ਆਦਰਸ਼ ਸਕੂਲ ਲੋਧੀਪੁਰ, ਡਿਪਟੀ ਕੈਂਪ ਕਮਾਂਡੈਂਟ ਵੈਭਵ ਵਿਆਸ, ਮਨਦੀਪ ਕੁਮਾਰ ਆਰਮੀ ਪਬਲਿਕ ਸਕੂਲ ਪਟਿਆਲਾ, ਅਮਰਜੀਤ ਸਿੰਘ ਕੀਰਤਪੁਰ ਸਾਹਿਬ, ਕੈਂਪ ਐਜੂਟੈਂਟ ਦਵਿੰਦਰ ਦੱਤ ਪੀਪੀਐਸ ਨਾਭਾ, ਗੁਰਦੀਪ ਸਿੰਘ ਗੋਸਲ ਪੁਲਿਸ ਡੀਏਵੀ ਲੁਧਿਆਣਾ, ਜਸਕੀਰਤ ਸਿੰਘ ਕੈਮਰੇਜ ਗਲੋਬਲ ਸਕੂਲ ਰੱਖੜਾ, ਰਾਹੁਲ ਡੀਏਵੀ ਪਬਲਿਕ ਸਕੂਲ ਪਟਿਆਲਾ, ਜਸਜੋਤ ਸਿੰਘ ਬ੍ਰਿਟਿਸ਼ ਕੋਐਡ ਹਾਈ ਸਕੂਲ ਪਟਿਆਲਾ, ਸਾਗਰ ਸੈਣੀ ਸੇਂਟ ਸ਼ੋਲਜਰ ਨੰਗਲ, ਸੁਖਦੇਵ ਸਿੰਘ ਆਰਿਆ ਸਕੂਲ ਸੁਹਾਨਾ, ਨੇਹਾ ਨਨਕਾਣਾ ਸਾਹਿਬ ਈਸੜੂ, ਗੀਤਿਕਾ ਨੇਗੀ ਡੀਏਵੀ ਰੋਪੜ, ਰਵਨੀਤ ਨੇਗੀ ਦੇਸ਼ ਭਗਤ ਗਲੋਬਲ ਸਕੂਲ ਮੰਡੀ ਗੋਬਿੰਦਗੜ੍ਹ, ਜੀਸੀਆਈ ਸੁਖਲੀਨ ਕੌਰ, ਪੇਟੀ ਅਫ਼ਸਰ ਸੁਮਿਤ, ਪੇਟੀ ਅਫ਼ਸਰ ਵਿਸ਼ਾਲ ਜਰਿਆਲ, ਪੇਟੀ ਅਫ਼ਸਰ ਅਨੁਪਮ, ਪੇਟੀ ਅਫ਼ਸਰ ਸਾਹਿਲ ਕੁਮਾਰ, (ਜੀਐਸ), ਪੇਟੀ ਅਫ਼ਸਰ ਅਸ਼ੀਸ਼ ਰਾਣਾ, ਐਲ.ਸੀ.ਓ.ਐਮ, ਪੇਟੀ ਅਫ਼ਸਰ ਲੋਕਰੇਂਦਰਾ, ਪੇਟੀ ਅਫ਼ਸਰ ਦੀਪਕ, ਪੇਟੀ ਅਫ਼ਸਰ ਮੋਹਿਤ ਸਿੰਘ, ਐਲ.ਐਸ, ਸੁਪਰਡੈਂਟ ਬਲਵੀਰ ਸਿੰਘ, ਸਹਾਇਕ ਕਿਸ਼ਨ ਅਤੇ ਹੋਰ ਸਟਾਫ਼ ਮੈਂਬਰ ਮੌਜੂਦ ਸਨ।

# ਪੰਜਾਬ ਸਰਕਾਰ ਵੱਲੋਂ ਬੀ.ਟੀ. ਨਰਮੇ ਦੇ ਬੀਜਾਂ ਉਪਰ ਦਿੱਤੀ ਜਾ ਰਹੀ 33 ਫੀਸਦੀ ਸਬਸਿਡੀ

ਮੋਗਾ, 2 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਵੱਲੋਂ ਸਾਉਣੀ-2025 ਦੌਰਾਨ ਬੀ.ਟੀ. ਨਰਮੇ ਦੀ ਕਾਸ਼ਤ ਕਰਨ ਵਾਲੇ ਕਿਸਾਨਾਂ ਨੂੰ ਬੀ.ਟੀ. ਨਰਮੇ ਦੇ ਬੀਜਾਂ ਤੇ 33 ਫੀਸਦੀ ਸਬਸਿਡੀ ਦਿੱਤੀ ਜਾ ਰਹੀ ਹੈ। ਇਹ ਸਬਸਿਡੀ ਪ੍ਰਾਪਤ ਕਰਨ ਲਈ ਆਨਲਾਈਨ ਅਪਲਾਈ ਕਰਨਾ ਜਰੂਰੀ ਹੈ ਅਤੇ ਪੋਰਟਲ ਤੇ ਰਜਿਸਟ੍ਰੇਸ਼ਨ ਕਰਨ ਦੀ ਆਖਰੀ ਮਿਤੀ 32 ਮਈ 2025 ਹੈ।ਇਹ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫ਼ਸਰ ਮੋਗਾ ਡਾ. ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਇਸ ਸਬਸਿਡੀ ਨੂੰ ਪ੍ਰਾਪਤ ਕਰਨ ਲਈ ਕਿਸਾਨ https://agrisubsidy.agrimachinerypb.com ਪੋਰਟਲ ਤੇ ਅਪਲਾਈ ਕਰ ਸਕਦੇ ਹਨ। ਇੱਕ ਕਿਸਾਨ ਵੱਧ ਤੋਂ ਵੱਧ 5 ਏਕੜ ਜਾਂ 10 ਪੈਕਟ ਬੀ.ਟੀ. ਹਾਈਬ੍ਰਿਡ ਬੀਜ ਉੱਤੇ ਸਬਸਿਡੀ ਲੈ ਸਕਦਾ ਹੈ। ਜੇਕਰ ਕਿਸੇ ਕਿਸਾਨ ਦਾ ਵੇਰਵਾ ਅਨਾਜ ਖਰੀਦ ਪੋਰਟਲ ਤੇ ਅਪਲੋਡ ਨਹੀਂ ਹੈ ਤਾਂ ਉਹ ਕਿਸਾਨ ਪੋਰਟਲ ਤੇ ਦਰਸਾਏ ਅਨੁਸਾਰ ਨਿਊ ਰਜਿਸਟ੍ਰੇਸ਼ਨ ਕਰਕੇ ਅਪਲਾਈ ਕਰ ਸਕਦਾ ਹੈ। ਨਰਮਾ ਕਾਸ਼ਤਕਾਰ ਕਿਸਾਨ ਸਬਸਿਡੀ ਲੈਣ ਲਈ 32 ਮਈ, 2025 ਸ਼ਾਮ 5 ਵਜੇ ਤੱਕ ਅਰਜੀ ਆਨਲਾਈਨ ਪੋਰਟਲ ਤੇ ਦੇ ਸਕਦੇ ਹਨ। ਉਹਨਾਂ ਦੱਸਿਆ ਕਿ ਪੰਜਾਬ ਸਰਕਾਰੀ ਵੱਲੋਂ ਕਿਸਾਨਾਂ ਨੂੰ ਕਣਕ ਝੋਨੇ ਦੇ ਰਿਵਾਇਤੀ ਚੱਕਰ ਵਿੱਚੋਂ ਬਾਹਰ ਕੱਢ ਕੇ ਹੋਰ ਲਾਹੇਯੋਗ ਫਸਲਾਂ ਬੀਜਣ ਵੱਲ ਪ੍ਰੇਰਿਤ ਕਰ ਰਹੀ ਹੈ ਜਿਸ ਤਹਿਤ ਇਹ ਉਪਰਾਲਾ ਕੀਤਾ ਜਾ ਰਿਹਾ ਹੈ।ਉਹਨਾਂ ਦੱਸਿਆ ਕਿ ਵਧੇਰੇ ਜਾਣਕਾਰੀ ਲਈ ਕਿਸਾਨ ਬਲਾਕ ਖੇਤੀਬਾੜੀ ਅਫ਼ਸਰ ਜਾਂ ਮੁੱਖ ਖੇਤੀਬਾੜੀ ਅਫ਼ਸਰ ਦਫ਼ਤਰ ਨਾਲ ਸੰਪਰਕ ਕਰ ਸਕਦੇ ਹਨ। ਉਹਨਾਂ ਜ਼ਿਲ੍ਹਾ ਮੋਗਾ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਵੱਧ ਇਸ ਸਕੀਮ ਦਾ ਲਾਹਾ ਲੈਣ ਨੂੰ ਯਕੀਨੀ ਬਣਾਉਣ।

# ਸ਼੍ਰੀ ਮਹਾਂਦੇਵ ਮੰਦਿਰ ਗੁਰਬਖ਼ਸ਼ ਕਲੋਨੀ ਵਿਖੇ ਗੁੰਬਦ ਦੀ ਉਸਾਰੀ ਅਤੇ ਲੱਕੜ ਦੀ ਨਿਕਾਸੀ ਦਾ ਕੰਮ ਸ਼ੁਰੂ



ਪਟਿਆਲਾ, 2 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਤ੍ਰੇਤਾ ਯੁੱਗ ਦੇ ਭਗਵਾਨ ਸ਼੍ਰੀ ਪਰਸ਼ੂਰਾਮ ਜੀ ਦੇ ਜਨਮ ਦਿਹਾੜੇ ਸ਼੍ਰੀ ਮਹਾਂਦੇਵ ਮੰਦਿਰ ਗੁਰਬਕਸ਼ ਕਲੋਨੀ ਗਲੀ ਨੰਬਰ ਚਾਰ ਪਟਿਆਲਾ ਵਿੱਖੇ ਸ਼੍ਰੀ ਮਹਾਂਦੇਵ ਮੰਦਿਰ ਚੈਰੀਟੇਬਲ ਟਰੱਸਟ ਸਹਿਯੋਗੀ ਸ਼ਿਵ ਸ਼ਕਤੀ ਸੇਵਾ ਸਮਿਤੀ ਵੱਲੋਂ ਮੰਦਿਰ ਦੇ ਲੰਬੇ ਸਮੇਂ ਤੋਂ ਬੰਦ ਰਹੇ ਗੁੰਬਦ ਦੀ ਉਸਾਰੀ ਦੇ ਕੰਮ ਨੂੰ ਡੇਰਾ ਆਪੋ ਆਪ ਅਚਾਰ ਬਜਾਰ ਸ਼੍ਰੀ ਹਨੂਮਾਨ ਮੰਦਿਰ ਬ੍ਰਹਮਲੀਨ ਸ਼੍ਰੀ ਸ਼੍ਰੀ 1008 ਸੋਹਣ ਗਿਰੀ ਜੀ ਮਹਾਰਾਜ ਦੇ ਚੇਲੇ ਵਲੋਂ ਗੁਮਬੰਦ ਦਾ ਸ਼੍ਰੀ ਗਣੇਸ਼ ਕਰਵਾਇਆ ਗਿਆ ਅਤੇ ਨਾਲ ਹੀ ਲੱਕੜ ਦੀ ਨਿਕਾਸੀ ਦਾ ਕੰਮ ਵੀ ਸ਼ੁਰੂ ਕਰਵਾਇਆ ਗਿਆ। ਜਿਸ ਮੌਕੇ ਸ਼ਿਵ ਸ਼ਕਤੀ ਸੇਵਾ ਸਮਿਤੀ ਦੇ ਪ੍ਰਧਾਨ ਸੁਮਿਤ ਸ਼ਰਮਾ, ਯਾਦਵਿੰਦਰ ਕਾਂਸਲ, ਗੁਰਵਿੰਦਰ ਕਾਂਸਲ, ਸ਼ਿਵ ਸ਼ਰਮਾ, ਰਾਕੇਸ਼ ਕਪਿਲਾ, ਅਰੁਣ ਸ਼ਰਮਾ, ਰਾਜ ਕੁਮਾਰ ਸ਼ਰਮਾ, ਮਹੇਸ਼ ਤਿਵਾੜੀ, ਸੁਧੀਰ ਪੰਥ, ਵਿਪਨ ਕੋਹਲੀ, ਵਿਨੀਤ ਸਹਿਗਲ, ਸੁਸ਼ੀਲ ਜਿੰਦਲ, ਸ਼ਾਮ ਲਾਲ ਮਿੱਤਲ, ਮਦਨ ਲਾਲ ਕਾਂਸਲ, ਸੰਜੀਵ ਸ਼ਰਮਾ, ਸੁਨੀਲ ਸ਼ਰਮਾ, ਵਧੇਰਾ ਜੀ, ਅਨੂਪ ਸਿੰਗਲਾ ਅਤੇ ਸ਼੍ਰੀ ਮਹਾਂਦੇਵ ਮੰਦਿਰ ਚੈਰੀਟੇਬਲ ਟਰੱਸਟ ਸਹਿਯੋਗੀ ਸ਼ਿਵ ਸ਼ਕਤੀ ਸੇਵਾ ਸਮਿਤੀ ਦੇ ਹੋਰ ਵੀ ਅਹੁਦੇਦਾਰ ਅਤੇ ਮੈਂਬਰ ਮੌਜੂਦ ਸਨ।

# ਕਿਸਾਨਾਂ ਨੂੰ 871.52 ਕਰੋੜ ਰੁਪਏ ਦੀ ਰਾਸ਼ੀ ਦਾ ਕੀਤਾ ਭੁਗਤਾਨ

ਗੁਰਦਾਸਪੁਰ, 2 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਸੂਬੇ ਦੇ ਖ਼ੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਵੱਲੋਂ ਅੱਜ ਸੂਬੇ ਦੇ ਸਮੂਹ ਡਿਪਟੀ ਕਮਿਸ਼ਨਰਾਂ ਨਾਲ ਵੀਡੀਓ ਕਾਨਫ਼ਰੰਸ ਰਾਹੀਂ ਕਣਕ ਦੀ ਚੱਲ ਰਹੀ ਖ਼ਰੀਦ ਦਾ ਜਾਇਜ਼ਾ ਲਿਆ। ਇਸ ਮੌਕੇ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਹਦਾਇਤ ਕੀਤੀ ਕਿ ਮੰਡੀਆਂ ਵਿੱਚ ਖ਼ਰੀਦੀ ਗਈ ਕਣਕ ਦੀ ਲਿਫ਼ਟਿੰਗ ਵਿੱਚ ਤੇਜ਼ੀ ਲਿਆਂਦੀ ਜਾਵੇ।

ਇਸ ਮੌਕੇ ਜ਼ਿਲ੍ਹਾ ਗੁਰਦਾਸਪੁਰ ਵਿੱਚ ਕਣਕ ਦੀ ਖ਼ਰੀਦ ਅਤੇ ਲਿਫ਼ਟਿੰਗ ਬਾਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਣਕ ਦੀ ਆਮਦ ਦਾ ਅੰਕੜਾ 4.26 ਲੱਖ ਮੀਟਰਿਕ ਟਨ ਤੋਂ ਪਾਰ ਹੋ ਗਿਆ ਹੈ ਅਤੇ ਇਸ ਵਿਚੋਂ 388029 ਮੀਟਰਿਕ ਟਨ ਕਣਕ ਖ਼ਰੀਦੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਖ਼ਰੀਦ ਏਜੰਸੀ ਪਨਗਰੇਨ ਨੇ 114400 ਮੀਟਰਿਕ ਟਨ, ਮਾਰਕਫ਼ੈਡ ਨੇ 107425 ਮੀਟਰਿਕ ਟਨ, ਪਨਸਪ ਨੇ 91415 ਮੀਟਰਿਕ ਟਨ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਨੇ 55869 ਮੀਟਰਿਕ ਟਨ ਅਤੇ ਐੱਫ਼.ਸੀ.ਆਈ. ਨੇ 16560 ਮੀਟਰਿਕ ਟਨ ਕਣਕ ਖ਼ਰੀਦੀ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕਿਸਾਨਾਂ ਨੂੰ ਖ਼ਰੀਦੀ ਗਈ ਕਣਕ ਦੀ ਅਦਾਇਗੀ ਵੀ 24 ਘੰਟੇ ਦੇ ਅੰਦਰ-ਅੰਦਰ ਕੀਤੀ ਜਾ ਰਹੀ ਹੈ ਅਤੇ ਬੀਤੀ ਸ਼ਾਮ ਤੱਕ 871.52 ਕਰੋੜ ਰੁਪਏ ਦੀ ਰਾਸ਼ੀ ਦਾ ਭੁਗਤਾਨ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਕੀਤਾ ਜਾ ਚੁੱਕਾ ਹੈ।ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਬੀਤੇ ਦਿਨਾਂ ਦੌਰਾਨ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਣਕ ਦੀ ਆਮਦ ਪੂਰੀ ਪੀਕ 'ਤੇ ਸੀ ਅਤੇ ਇਸਦੇ ਬਾਵਜੂਦ ਵੀ ਵੱਖ-ਵੱਖ ਖ਼ਰੀਦ ਏਜੰਸੀਆਂ ਵੱਲੋਂ ਕਿਸਾਨਾਂ ਦੀ ਫ਼ਸਲ ਬਿਨ੍ਹਾਂ ਕਿਸੇ ਦੇਰੀ ਖ਼ਰੀਦ ਕਰਕੇ ਉਨ੍ਹਾਂ ਨੂੰ ਨਾਲ ਦੀ ਨਾਲ ਭੁਗਤਾਨ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹੁਣ ਖ਼ਰੀਦੀ ਗਈ ਕਣਕ ਦੀ ਲਿਫ਼ਟਿੰਗ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ ਅਤੇ ਬੀਤੇ ਕੱਲ੍ਹ ਤੱਕ 123805 ਮੀਟਰਿਕ ਟਨ ਦੀ ਲਿਫ਼ਟਿੰਗ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਅਗਲੇ ਦਿਨਾਂ ਦੌਰਾਨ ਲਿਫ਼ਟਿੰਗ ਨੂੰ ਹੋਰ ਤੇਜ਼ ਕਰਦੇ ਹੋਏ ਸਮੇਂ ਸਿਰ ਇਸ ਟਾਸਕ ਨੂੰ ਵੀ ਪੂਰਾ ਕਰ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਿਸਾਨਾਂ ਨੂੰ ਮੰਡੀਆਂ ਵਿੱਚ ਕਣਕ ਦੀ ਫ਼ਸਲ ਵੇਚਣ ਸਮੇਂ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ।


# ਹਜ਼ਰਤ ਸ਼ਮਸ-ਅਲ-ਦੀਨ ਮੁਹੰਮਦ ਤਬਰੀਜ਼ੀ

ਪ੍ਰਿੰ. ਗੁਰਚਰਨ ਸਿੰਘ ਤਲਵਾੜਾ

ਹਜ਼ਰਤ ਮੌਲਾਨ ਸ਼ਮਸ-ਅਲ-ਦੀਨ ਮੁਹੰਮਦ ਤਬਰੀਜ਼ੀ ਨੂੰ ਭਾਰਤ ਤੇ ਪਾਕਿਸਤਾਨ ਵਿਚ 'ਸ਼ਮਸ ਤਬਰੇਜ਼' ਦੇ ਨਾਂ ਨਾਲ ਵੀ ਜਾਣਿਆ ਜਾਂਦਾ ਹੈ। ਆਪ ਸੂਫ਼ੀ ਦਰਵੇਸ਼ ਹਜ਼ਰਤ ਮੌਲਾਨਾ ਜਲਾਲੁੱਦੀਨ ਰੂਮੀ ਦੇ ਪੀਰ-ਏ-ਤਰੀਕਤ ਸਨ।

ਆਪ ਦਾ ਜਨਮ 1184 ਈਸਵੀ ਦੇ ਆਸ-ਪਾਸ ਈਰਾਨ ਦੇ ਸੂਬਾ ਅਜ਼ਰਬਾਈਜਾਨ ਦੀ ਰਾਜਧਾਨੀ ਤਬਰੀਜ਼ ਵਿਖੇ ਹੋਇਆ। ਮੁੱਢਲੀ ਸਿੱਖਿਆ ਆਪ ਨੇ ਸ਼ੇਖ਼ ਅਬੂ ਬਕਰ ਸੱਲਹਬਾਫ਼ ਕੋਲੋਂ ਹਾਸਲ ਕੀਤੀ। ਹਜ਼ਰਤ ਸ਼ਮਸ-ਅਲ-ਦੀਨ ਮੁਹੰਮਦ ਤਬਰੀਜ਼ੀ ਨੇ ਰੂਹਾਨੀ ਤਾਲੀਮ ਲਈ ਹਜ਼ਰਤ ਕਮਾਲੁੱਦੀਨ ਜੁਨੈਦੀ ਨੂੰ ਆਪਣਾ ਪੀਰੋ-ਮੁਰਸ਼ਦ ਬਣਾਇਆ।

ਆਪ 1244 ਵਿਚ ਮੌਲਾਨਾ ਜਲਾਲੁੱਦੀਨ ਰੂਮੀ ਨਾਲ ਮੁਲਾਕਾਤ ਕਰਨ ਤੁਰਕੀ ਦੇ ਸ਼ਹਿਰ ਕੋਨੀਆ ਗਏ। ਆਪ ਤੋਂ ਪ੍ਰਭਾਵਿਤ ਹੋ ਕੇ ਮੌਲਾਨਾ ਰੂਮ ਆਪ ਦਾ ਮੁਰੀਦ ਹੋ ਗਿਆ। ਮੌਲਾਨਾ ਰੂਮ ਨੇ ਆਪਣੇ ਪੀਰ ਦੀ ਸੁਹਬਤ ਵਿਚ ਦੁਨਿਆਵੀ ਕੰਮਾਂ-ਕਾਰਾਂ ਅਤੇ ਸ਼ਾਗਿਰਦਾਂ ਪ੍ਰਤੀ ਦਿਲਚਸਪੀ ਘਟਾ ਲਈ ਅਤੇ ਇਬਾਦਤ ਤੇ ਰਿਆਜ਼ਤ ਵਿਚ ਲੱਗ ਗਏ।




ਮੌਲਾਨਾ ਰੂਮੀ ਦੇ ਪਰਿਵਾਰਕ ਮੈਂਬਰਾਂ ਤੇ ਸ਼ਾਗਿਰਦਾਂ ਨੇ ਇਹ ਸਮਝ ਕੇ ਕਿ ਸ਼ਮਸ ਤਬਰੇਜ਼ ਨੇ ਮੌਲਾਨਾ 'ਤੇ ਜਾਦੂ ਕਰ ਦਿੱਤਾ ਹੈ, ਆਪ ਨੂੰ ਤੰਗ-ਪਰੇਸ਼ਾਨ ਕਰਨਾ ਸ਼ੁਰੂ ਕਰ ਦਿੱਤਾ। ਸ਼ਮਸ ਤਬਰੇਜ਼ ਇਸ ਵਰਤਾਰੇ ਕਾਰਨ ਉੱਥੋਂ ਦਮਿਸ਼ਕ ਚਲੇ ਗਏ। ਮੌਲਾਨਾ ਰੂਮ ਦੀ ਆਪਣੇ ਪੀਰ ਦੇ ਵਿਛੋੜੇ ਵਿਚ ਵਿਆਕੁਲਤਾ ਨੂੰ ਦੇਖ ਕੇ ਮੌਲਾਨਾ ਦਾ ਪੁੱਤਰ ਅਤੇ ਸ਼ਾਗਿਰਦ ਸ਼ਮਸ ਤਬਰੇਜ਼ ਨੂੰ ਵਾਪਸ ਲੈ ਆਏ। ਮੌਲਾਨਾ ਰੂਮ ਨੇ ਇਕ ਲੜਕੀ ਨੂੰ ਪਾਲਿਆ ਹੋਇਆ ਸੀ, ਜਿਸ ਦਾ ਨਾਂ ਕੀਮੀਆ ਖ਼ਾਤੂਨ ਸੀ, ਉਸ ਦਾ ਨਿਕਾਹ ਸ਼ਮਸ ਤਬਰੇਜ਼ ਨਾਲ ਕਰ ਦਿੱਤਾ।

ਮੌਲਾਨਾ ਰੂਮ ਦੇ ਪੁੱਤਰ ਅਲਾਉਦੀਨ ਚਿਲਪੀ ਨੇ ਸ਼ਮਸ ਤਬਰੇਜ਼ ਨੂੰ ਪਰੇਸ਼ਾਨ ਕਰਨਾ ਜਾਰੀ ਰੱਖਿਆ, ਕੀਮੀਆ ਖ਼ਾਤੂਨ ਦੀ ਮੌਤ ਹੋ ਚੁੱਕੀ ਸੀ। ਇਸ ਤੋਂ ਬਾਅਦ ਸ਼ਮਸ ਤਬਰੇਜ਼ ਕੋਨੀਆ ਤੋਂ ਐਸੇ ਗਏ ਕਿ ਮੁੜ ਕੇ ਉਨ੍ਹਾਂ ਦਾ ਕੋਈ ਪਤਾ ਨਾ ਲੱਗਾ। ਇਕ ਰਵਾਇਤ ਮੁਤਾਬਿਕ ਮੌਲਾਨਾ ਰੂਮ ਦੇ ਪਰਿਵਾਰਕ ਮੈਂਬਰਾਂ ਅਤੇ ਸ਼ਾਗਿਰਦਾਂ ਨੇ ਹਜ਼ਰਤ ਸ਼ਮਸ ਤਬਰੇਜ਼ ਦਾ ਕਤਲ ਕਰਵਾ ਦਿੱਤਾ ਸੀ। •

94634-63193

# ਸੁਲਤਾਨ-ਉਲ-ਕੌਮ ਸਰਦਾਰ ਜੱਸਾ ਸਿੰਘ ਆਹਲੂਵਾਲੀਆ

ਧਰਮਿੰਦਰ ਸਿੰਘ ਚੱਬਾ



3 ਮਈ, ਜਨਮ ਦਿਨ 'ਤੇ

ਸਰਦਾਰ ਜੱਸਾ ਸਿੰਘ ਆਹਲੂਵਾਲੀਆ ਦਾ ਜਨਮ 3 ਮਈ 1718 ਈਸਵੀ ਨੂੰ ਪਿਤਾ ਸਰਦਾਰ ਬਦਰ ਸਿੰਘ ਅਤੇ ਮਾਤਾ ਜੀਵਨ ਕੌਰ ਦੇ ਘਰ ਪਿੰਡ ਆਹਲੂ ਜ਼ਿਲ੍ਹਾ ਲਾਹੌਰ (ਪਾਕਿਸਤਾਨ) ਵਿਖੇ ਹੋਇਆ। ਆਪ ਪੰਜ ਸਾਲ ਦੇ ਹੀ ਸਨ ਕਿ ਆਪ ਦੇ ਪਿਤਾ ਰੱਬ ਨੂੰ ਪਿਆਰੇ ਹੋ ਗਏ।

ਆਪ ਨੂੰ ਆਪ ਜੀ ਦੀ ਮਾਤਾ ਨੇ ਆਪਣੇ ਭਰਾ ਸ. ਭਾਗ ਸਿੰਘ ਦੀ ਸਹਾਇਤਾ ਨਾਲ ਦਿੱਲੀ ਵਿਖੇ ਮਾਤਾ ਸੁੰਦਰੀ ਜੀ ਕੋਲ ਭੇਜ ਦਿੱਤਾ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਮਹਿਲ ਮਾਤਾ ਸੁੰਦਰੀ ਜੀ ਕੋਲ ਰਹਿ ਕੇ ਆਪ ਸੇਵਾ ਸਿਮਰਨ ਕਰਦੇ ਰਹੇ। ਮਾਤਾ ਸੁੰਦਰੀ ਜੀ ਆਪ ਜੀ ਦੀ ਨੇਕ-ਨੀਤੀ ਤੋਂ ਬੇਹੱਦ ਖ਼ੁਸ਼ ਹੋਏ ਤੇ ਆਪ ਨੂੰ ਆਪਣੇ ਪੁੱਤਰਾਂ ਵਾਂਗ ਪਿਆਰ ਕਰਦੇ ਸਨ। ਆਪ ਕਾਫ਼ੀ ਸਮਾਂ ਮਾਤਾ ਸੁੰਦਰੀ ਜੀ ਕੋਲ ਰਹੇ। ਇਸ ਦੌਰਾਨ ਆਪ ਜੀ ਨੇ ਕਈ ਭਸ਼ਾਵਾਂ ਦਾ ਗਿਆਨ ਪ੍ਰਾਪਤ ਕੀਤਾ,।ਸ਼ਸਤਰ ਵਿੱਦਿਆ ਵੀ ਆਪ ਨੇ ਮਾਤਾ ਸੁੰਦਰੀ ਜੀ ਦੀ ਦੇਖ-ਰੇਖ ਵਿਚ ਹੀ ਪ੍ਰਾਪਤ ਕੀਤੀ। ਜਦੋਂ ਆਪ ਮਾਤਾ ਸੁੰਦਰੀ ਜੀ ਕੋਲੋਂ ਵਿਦਾ ਹੋਣ ਲੱਗੇ ਤਾਂ ਮਾਤਾ ਜੀ ਨੇ ਆਪ ਦੇ ਸਿੱਖੀ ਸਿਦਕ ਤੇ ਉੱਚੇ-ਸੁੱਚੇ ਜੀਵਨ ਨੂੰ ਦੇਖਦਿਆਂ ਆਪ ਨੂੰ ਢਾਲ, ਕਿਰਪਾਨ, ਗੁਰਜ, ਤੀਰ-ਕਮਾਨ ਤੇ ਚਾਂਦੀ ਦੀ ਇਕ ਚੋਬ ਦੇ ਕੇ ਨਵਾਜਿਆ।

ਆਪ ਦਿੱਲੀ ਤੋਂ ਪੰਜਾਬ ਪਹੁੰਚੇ ਤੇ ਪੰਜਾਬ ਆਉਂਦਿਆ ਹੀ ਨਵਾਬ ਕਪੂਰ ਸਿੰਘ ਦੇ ਜਥੇ 'ਚ ਸ਼ਾਮਲ ਹੋ ਗਏ। ਜਲਦੀ ਹੀ ਆਪ ਨੇ ਆਪਣੇ ਨੇਕ ਸੁਭਾਅ ਤੇ ਤੇਜ਼ ਬੁੱਧੀ ਸਦਕਾ ਨਵਾਬ ਕਪੂਰ ਸਿੰਘ ਦੇ ਦਿਲ ਵਿਚ ਖ਼ਾਸ ਥਾਂ ਬਣਾ ਲਈ। 1748 ਈਸਵੀ ਨੂੰ ਨਵਾਬ ਕਪੂਰ ਸਿੰਘ ਤੇ ਜੱਸਾ ਸਿੰਘ ਆਹਲੂਵਾਲੀਆ ਨੇ ਮੁਗ਼ਲ ਸਲਾਬਤ ਖ਼ਾਨ ਨੂੰ ਹਰਾਇਆ ਤੇ ਵਿਸਾਖੀ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ 65 ਜਥਿਆਂ ਨੂੰ 11 ਮਿਸਲਾਂ (12ਵੀਂ ਮਿਸਲ ਫੂਲਕੀਆ ਪਾ ਕੇ) ਵਿਚ ਵੰਡਿਆ ਤੇ ਦਲ ਖ਼ਾਲਸਾ ਦੀ ਸਥਾਪਨਾ ਕੀਤੀ।

ਇਸ ਮੌਕੇ ਕਾਇਮ ਕੀਤੀਆਂ ਗਈਆਂ ਮਿਸਲਾਂ ਦੇ ਨਾਂ ਅਤੇ ਉਨ੍ਹਾਂ ਦੇ ਮੁਖੀ ਇਸ ਪ੍ਰਕਾਰ ਸਨ : ਮਿਸਲ ਸਿੰਘਪੁਰੀਆ ਜਾਂ ਫੈਜ਼ਲਪੁਰੀਆ-ਜਥੇਦਾਰ ਨਵਾਬ ਕਪੂਰ ਸਿੰਘ, ਮਿਸਲ ਆਹਲੂਵਾਲੀਆ-ਸ. ਜੱਸਾ ਸਿੰਘ ਆਹਲੂਵਾਲੀਆ, ਮਿਸਲ ਭੰਗੀਆਂ-ਜਥੇਦਾਰ ਹਰੀ ਸਿੰਘ ਭੰਗੀ, ਮਿਸਲ ਸ਼ੁਕਰਚੱਕੀਆ-ਸ. ਚੜ੍ਹਤ ਸਿੰਘ, ਮਿਸਲ ਨਿਸ਼ਾਨਾਂ ਵਾਲੀ-ਸ. ਦਸੌਂਧਾ ਸਿੰਘ, ਮਿਸਲ ਰਾਮਗੜ੍ਹੀਆ-ਸ. ਜੱਸਾ ਸਿੰਘ ਰਾਮਗੜ੍ਹੀਆ, ਮਿਸਲ ਸ਼ਹੀਦਾਂ-ਬਾਬਾ ਦੀਪ ਸਿੰਘ ਜੀ ਸ਼ਹੀਦ, ਮਿਸਲ ਕਨ੍ਹਈਆ-ਸ. ਜੈ ਸਿੰਘ ਕਾਨ੍ਹਾ, ਮਿਸਲ ਡੱਲੇਵਾਲੀਆ-ਸ. ਤਾਰਾ ਸਿੰਘ, ਮਿਸਲ ਨਕਈਆਂ-ਸ. ਹੀਰਾ ਸਿੰਘ ਲਾਹੌਰ ਅਤੇ ਮਿਸਲ ਕਰੋੜਸਿੰਘੀਆ-ਕਰੋੜਾ ਸਿੰਘ ਪੰਜਗੜ੍ਹ, ਗੁਰਦਾਸਪੁਰ ਸ਼ਾਮਲ ਸਨ। ਇਸ ਤੋਂ ਇਲਾਵਾ ਪਟਿਆਲਾ, ਨਾਭਾ, ਜੀਂਦ, ਫੂਲਕੀਆ ਤੇ ਫ਼ਰੀਦਕੋਟ ਦੇ ਰਾਜਿਆਂ ਦੀ ਮਿਸਲ ਫੂਲਕੀਆ ਹੋਂਦ ਵਿਚ ਆਈ।

ਇਨ੍ਹਾਂ ਮਿਸਲਾਂ ਦੇ ਸਰਦਾਰਾਂ ਨੇ ਮਿਲ ਕੇ ਪੰਜਾਬ ਵਿਚ ਦੂਰ-ਦੂਰ ਤਕ ਇਲਾਕੇ ਵੰਡ ਲਏ ਤੇ ਆਪਣੀ-ਆਪਣੀ ਸ਼ਕਤੀ ਨਾਲ ਕਬਜ਼ੇ ਕਰ ਲਏ। ਅਹਿਮਦ ਸ਼ਾਹ ਅਬਦਾਲੀ ਹੜ੍ਹ ਵਾਂਗ ਲਾਹੌਰ ਤੋਂ ਵਧਿਆ ਤੇ ਦਿੱਲੀ ਪਹੁੰਚ ਗਿਆ ਤੇ ਲੁੱਟ-ਮਾਰ ਸ਼ੁਰੂ ਕਰ ਦਿੱਤੀ, ਬਹੂ-ਬੇਟੀਆਂ ਦੀ ਇੱਜ਼ਤ ਰੋਲੀ। ਬਾਦਸ਼ਾਹ ਆਲਮਗੀਰ ਦੀ ਖ਼ੂਬਸੂਰਤ ਤੇ ਜਵਾਨ ਬੇਟੀ ਜ਼ੁਹਰਾ ਬੇਗਮ ਦਾ ਨਿਕਾਹ ਜ਼ਬਰਦਸਤੀ ਆਪਣੇ ਪੁੱਤਰ ਤੈਮੂਰ ਸ਼ਾਹ ਨਾਲ ਕਰ ਦਿੱਤਾ। ਦਿੱਲੀ ਤੋਂ ਬਾਅਦ ਉਸ ਨੇ ਆਗਰਾ ਵੀ ਲੁੱਟਿਆ। ਹੋਲੀਆਂ ਦੇ ਦਿਨਾਂ ਵਿਚ ਮਥੁਰਾ ਬ੍ਰਿੰਦਾਬਨ ਪਹੁੰਚ ਕੇ ਹਿੰਦੂਆਂ ਦੇ ਮੰਦਰ ਲੁੱਟੇ। ਸੋਨੇ-ਚਾਂਦੀ ਦੀਆਂ ਮੂਰਤੀਆਂ ਲੁੱਟ ਲਈਆਂ। ਖ਼ੂਬਸੂਰਤ ਨੌਜਵਾਨ ਲੜਕੀਆਂ ਦੀ ਬੇਪਤੀ ਕੀਤੀ।

ਲੁੱਟ-ਮਾਰ ਕਰ ਕੇ ਅਬਦਾਲੀ ਫਿਰ ਦਿੱਲੀ ਪਹੁੰਚ ਗਿਆ। ਕੁਝ ਦਿਨ ਦਿੱਲੀ ਰਹਿ ਕੇ ਬਜ਼ੁਰਗ ਪੀਰ ਦੀ ਲੜਕੀ ਜੈਨਾ ਨੂੰ ਫੜਿਆ। ਮੁਹੰਮਦ ਸ਼ਾਹ ਦੀ 16 ਸਾਲ ਦੀ ਲੜਕੀ ਬੇਪਤੀ ਕਰਦਾ ਰਿਹਾ। ਸ਼ਾਹੀ ਖ਼ਾਨਦਾਨ ਦੀਆਂ 17 ਜਵਾਨ ਸ਼ਹਿਜ਼ਾਦੀਆਂ, 20 ਹਜ਼ਾਰ ਹਿੰਦੂ ਲੜਕੀਆਂ ਤੇ ਔਰਤਾਂ ਨੂੰ ਕਬਜ਼ੇ 'ਚ ਲੈ ਕੇ ਕਰੋੜਾਂ ਰੁਪਏ ਦਾ ਲੁੱਟਿਆ ਮਾਲ, ਮੱਝਾਂ-ਗਾਵਾਂ, ਬਹੂ-ਬੇਟੀਆਂ ਦੇ ਹੱਥ-ਪੈਰ ਬੰਨ੍ਹ ਕੇ ਗੱਡਿਆਂ 'ਤੇ ਬਿਠਾ ਕੇ, ਫ਼ੌਜ ਦੇ ਪਹਿਰੇ ਹੇਠ ਅਪ੍ਰੈਲ 1757 ਨੂੰ ਦਿੱਲੀ ਤੋਂ ਕਾਬਲ ਵੱਲ ਚੱਲ ਪਿਆ। ਇਸ ਗੱਲ ਦਾ ਪਤਾ ਸ. ਜੱਸਾ ਸਿੰਘ ਆਹਲੂਵਾਲੀਆ ਨੂੰ ਲੱਗਾ ਤਾਂ ਉਨ੍ਹਾਂ ਨੇ ਸਿੰਘਾਂ ਨੂੰ ਲਲਕਾਰਿਆ ਤੇ ਜਿੱਥੇ-ਜਿੱਥੇ ਵੀ ਸਿੰਘ ਸਨ, ਸੁਨੇਹੇ ਭੇਜੇ ਕਿ ਜੇ ਅਬਦਾਲੀ ਪੰਜਾਬ ਵਿਚੋਂ ਦੀ ਲੁੱਟ ਦਾ ਮਾਲ ਤੇ ਬਹੂ-ਬੇਟੀਆਂ ਨੂੰ ਲੈ ਗਿਆ ਤਾਂ ਅਸੀ ਕਲਗੀਧਰ ਪਾਤਸ਼ਾਹ ਨੂੰ ਕੀ ਮੂੰਹ ਦਿਖਾਵਾਂਗੇ। ਸੁਨੇਹੇ ਮਿਲਦਿਆਂ ਹੀ ਖ਼ਾਲਸਾ ਤਿਆਰ ਹੋ ਗਿਆ।

***ਖ਼ਾਲਸਾ ਸੋਇ ਜੋ ਚੜ੍ਹਹਿ ਤੁਰੰਗ।***
***ਖ਼ਾਲਸਾ ਸੋ ਜੋ ਕਰੈ ਨਿਤ ਜੰਗ।***

ਅਬਦਾਲੀ ਨੇ ਭਾਰਤ ਉੱਪਰ 1747 ਤੋਂ 1769 ਤਕ ਕੁੱਲ ਦਸ ਹਮਲੇ ਕੀਤੇ। ਉਸ ਨੇ ਪਹਿਲਾ ਹਮਲਾ 1747 ਈਸਵੀ, ਦੂਜਾ 1749, ਤੀਜਾ 1751 ਤੇ1752, ਚੌਥਾ 1756 ਤੇ 1757, ਪੰਜਵਾਂ 1759 ਤੇ 1761, ਛੇਵਾਂ 1762, ਸੱਤਵਾਂ 1764 ਤੇ 1765, ਅੱਠਵਾਂ 1767, ਨੌਵਾਂ 1768 ਅਤੇ ਦੱਸਵਾਂ ਹਮਲਾ 1769 ਈਸਵੀ ਵਿਚ ਕੀਤਾ। ਸ. ਜੱਸਾ ਸਿੰਘ ਆਹਲੂਵਾਲੀਆ ਨੇ ਬਾਬਾ ਦੀਪ ਸਿੰਘ ਜੀ ਨਾਲ ਮਿਲ ਕੇ ਅਬਦਾਲੀ ਦੀ ਲੁੱਟ ਦਾ ਮਾਲ ਲੁੱਟ ਕੇ, ਬਹੂ-ਬੇਟੀਆਂ ਨੂੰ ਛੁਡਵਾ ਕੇ ਉਸ ਦੀ ਫ਼ੌਜ ਦਾ ਭਾਰੀ ਨੁਕਸਾਨ ਕੀਤਾ। ਅਬਦਾਲੀ ਮੁਸ਼ਕਲ ਨਾਲ ਜਾਨ ਬਚਾ ਕੇ ਦੌੜਿਆ। ਸ. ਜੱਸਾ ਸਿੰਘ ਆਹਲੂਵਾਲੀਆ ਨੂੰ ਕੌਮ ਨੇ 'ਸੁਲਤਾਨ-ਉਲ-ਕੌਮ' ਤੇ 'ਬੰਦੀ ਛੋੜ' ਦਾ ਖ਼ਿਤਾਬ ਦਿੱਤਾ

1762 ਵਿਚ ਅਬਦਾਲੀ ਨੇ ਫਿਰ ਭਾਰਤ 'ਤੇ ਹਮਲਾ ਕੀਤਾ। ਅਬਦਾਲੀ ਨੇ 20 ਹਜ਼ਾਰ ਦੇ ਕਰੀਬ ਬੱਚੇ, ਬੁੱਢੇ, ਔਰਤਾਂ ਤੇ ਜਵਾਨਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਇਹ ਸਿੱਖ ਇਤਿਹਾਸ ਵਿਚ 'ਵੱਡਾ ਘੱਲੂਘਾਰਾ' ਕਰ ਕੇ ਜਾਣਿਆ ਜਾਂਦਾ ਹੈ। ਇਸ ਜੰਗ ਵਿਚ ਸ. ਜੱਸਾ ਸਿੰਘ ਆਹਲੂਵਾਲੀਆ ਦੇ ਸਰੀਰ 'ਤੇ 22 ਫੱਟ ਲੱਗੇ ਸਨ। ਵਾਪਸ ਮੁੜਦਿਆਂ ਅਬਦਾਲੀ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੂੰ ਬਾਰੂਦ ਨਾਲ ਉਡਾ ਦਿੱਤਾ ਤੇ ਸਰੋਵਰ ਮਿੱਟੀ ਨਾਲ ਭਰ ਦਿੱਤਾ। ਸ. ਜੱਸਾ ਸਿੰਘ ਆਹਲੂਵਾਲੀਆ ਨੇ ਮੁੜ 'ਦਲ ਖ਼ਾਲਸਾ' ਸੁਰਜੀਤ ਕੀਤਾ ਤੇ 1764 ਨੂੰ ਸਰਹਿੰਦ 'ਤੇ ਹਮਲਾ ਕਰ ਕੇ ਫ਼ੌਜਦਾਰ ਜੈਨ ਖ਼ਾਂ ਨੂੰ ਮਾਰ ਦਿੱਤਾ। 1765 ਵਿਚ ਅਬਦਾਲੀ ਨੇ ਫਿਰ ਹਮਲਾ ਕੀਤਾ। ਇਸ ਹਮਲੇ ਦੌਰਾਨ ਅਬਦਾਲੀ ਨੇ ਸਿੱਖਾਂ ਦੀ ਵਧਦੀ ਹੋਈ ਸ਼ਕਤੀ ਨੂੰ ਵੇਖਦਿਆਂ ਸਮਝੌਤਾ ਕਰਨ ਦਾ ਯਤਨ ਕੀਤਾ ਤਾਂ ਸ. ਜੱਸਾ ਸਿੰਘ ਆਹਲੂਵਾਲੀਆ ਨੇ ਇਹ ਪੇਸ਼ਕਸ਼ ਠੁਕਰਾ ਦਿੱਤੀ

1774 ਈਸਵੀ ਨੂੰ ਸ. ਜੱਸਾ ਸਿੰਘ ਨੇ ਕਪੂਰਥਲਾ ਨੂੰ ਆਪਣੀ ਰਾਜਧਾਨੀ ਬਣਾਇਆ। ਸ. ਜੱਸਾ ਸਿੰਘ ਆਹਲੂਵਾਲੀਆ ਇਕ ਮਹਾਨ ਜਰਨੈਲ ਤੇ ਧਰਮੀ ਪੁਰਖ ਸਨ, ਜਿਨ੍ਹਾਂ ਨੇ ਆਪਣੀ ਸਾਰੀ ਉਮਰ ਗੁਰੂ ਘਰ ਦੇ ਲੇਖੇ ਲਾ ਕੇ ਸਿੱਖੀ ਦੀ ਆਨ ਤੇ ਸ਼ਾਨ ਨੂੰ ਬਰਕਰਾਰ ਰੱਖਿਆ। ਅੰਤ 20 ਅਕਤੂਬਰ 1783 ਨੂੰ ਇਹ ਮਹਾਨ ਜਰਨੈਲ ਸਦਾ ਲਈ ਸਾਡੇ ਕੋਲੋਂ ਵਿੱਛੜ ਗਿਆ। ਅੰਮ੍ਰਿਤਸਰ ਵਿਚ ਬਾਬਾ ਅਟੱਲ ਰਾਏ ਜੀ ਦੇ ਅਸਥਾਨ ਨੇੜੇ ਉਨ੍ਹਾਂ ਦੀ ਸਮਾਧ ਸਥਿਤ ਹੈ। ਇਸ ਮਹਾਨ ਜਰਨੈਲ ਨੂੰ ਕੋਟਿਨ-ਕੋਟਿ ਪ੍ਰਣਾਮ। •

## ਦਿੱਲੀ ਫ਼ਤਹਿ

ਪੰਜਾਬ ਅਤੇ ਆਸ-ਪਾਸ ਦੇ ਇਲਾਕਿਆਂ ਨੂੰ ਆਪਣੇ ਰਾਜ ਦਾ ਹਿੱਸਾ ਬਣਾਉਣ ਤੋਂ ਬਾਅਦ ਜਦ ਬਾਰਾਂ ਮਿਸਲਾਂ ਦੇ ਸਰਦਾਰਾਂ ਨੇ ਦਿੱਲੀ ਉੱਪਰ ਚੜ੍ਹਾਈ ਕੀਤੀ ਤਾਂ ਉਸ ਸਮੇਂ ਸਰਦਾਰ ਬਘੇਲ ਸਿੰਘ ਤੋਂ ਇਲਾਵਾ ਸਰਦਾਰ ਜੱਸਾ ਸਿੰਘ ਆਹਲੂਵਾਲੀਆ, ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਆਦਿ ਨੇ ਸਰਗਰਮ ਭੂਮਿਕਾ ਨਿਭਾਈ ਤੇ ਦਿੱਲੀ ਦੇ ਲਾਲ ਕਿਲ੍ਹੇ ਉੱਪਰ ਕੇਸਰੀ ਨਿਸ਼ਾਨ ਸਾਹਿਬ ਲਹਿਰਾਇਆ। ਇਸ ਮੁਹਿੰਮ 'ਚ ਫ਼ਤਹਿ ਪ੍ਰਾਪਤ ਕਰਨ ਤੋਂ ਬਾਅਦ ਬਾਕੀ ਸਿੱਖ ਸਰਦਾਰ ਤਾਂ ਪੰਜਾਬ ਪਰਤ ਆਏ ਅਤੇ ਸਰਦਾਰ ਬਘੇਲ ਸਿੰਘ ਦੀ ਅਗਵਾਈ ਵਿਚ ਦਿੱਲੀ ਵਿਖੇ ਗੁਰੂ ਸਾਹਿਬਾਨ ਨਾਲ ਸਬੰਧਤ ਗੁਰਦੁਆਰਾ ਸਾਹਿਬਾਨ ਸਥਾਪਿਤ ਹੋਏ।

# ਮਹਾਨ ਸਿੱਖ ਜਰਨੈਲ ਸਰਦਾਰ ਹਰੀ ਸਿੰਘ ਨਲੂਆ

ਗੁਰਜੀਵਨ ਸਿੰਘ ਸਿੱਧੂ ਨਥਾਣਾ



ਸਿੱਖ ਧਰਮ ਮਹਾਨ ਯੋਧਿਆਂ ਦੀ ਬਦੌਲਤ ਸੰਸਾਰ ਵਿਚ ਅੱਵਲ ਸਥਾਨ 'ਤੇ ਹੈ। ਸੰਸਾਰ ਦੇ ਜਾਂਬਾਜ਼ ਯੋਧਿਆਂ 'ਚ ਖ਼ਾਲਸਾ ਰਾਜ ਦੇ ਮਹਾਨ ਜਰਨੈਲ ਸਰਦਾਰ ਹਰੀ ਸਿੰਘ ਨਲੂਆ ਦਾ ਨਾਂ ਬੜੇ ਫ਼ਖ਼ਰ ਨਾਲ ਲਿਆ ਜਾਂਦਾ ਹੈ। ਹਰੀ ਸਿੰਘ ਨਲੂਆ ਦਾ ਜਨਮ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੇ ਰਾਜ ਸਮੇਂ ਪਿੰਡ ਗੁਜਰਾਂਵਾਲੇ ਦੇ ਵਸਨੀਕ ਤੇ 'ਸ਼ੁੱਕਰਚੱਕੀਆ ਮਿਸਲ' ਦੇ ਕੁਮੇਦਾਨ ਸ. ਗੁਰਦਿਆਲ ਸਿੰਘ ਤੇ ਮਾਤਾ ਧਰਮ ਕੌਰ ਦੇ ਗ੍ਰਹਿ ਵਿਖੇ 1791 ਈਸਵੀ 'ਚ ਹੋਇਆ। ਸ. ਗੁਰਦਿਆਲ ਸਿੰਘ ਨੇ ਹਰੀ ਸਿੰਘ ਦੀ ਪੜ੍ਹਾਈ ਲਿਖਾਈ ਲਈ ਘਰ ਵਿਚ ਹੀ ਚੰਗੇ ਵਿਦਵਾਨ ਦਾ ਪ੍ਰੰਬਧ ਕਰ ਦਿੱਤਾ। ਸਰਦਾਰ ਹਰੀ ਸਿੰਘ ਨੇ ਧਾਰਮਿਕ ਵਿੱਦਿਆ ਦੇ ਨਾਲ-ਨਾਲ ਹੋਰਨਾਂ ਭਸ਼ਾਵਾਂ ਦਾ ਗਿਆਨ ਵੀ ਹਾਸਲ ਕੀਤਾ। ਹਰੀ ਸਿੰਘ ਬਚਪਨ ਤੋਂ ਹੀ ਤੀਖਣ ਬੁੱਧੀ ਤੇ ਜੋਸ਼ੀਲੇ ਸੁਭਾਅ ਵਾਲੇ ਸਨ। ਉਨ੍ਹਾਂ ਦੀ ਯਾਦਦਾਸ਼ਤ ਇੰਨੀ ਤਕੜੀ ਸੀ ਕਿ ਇਕ ਵਾਰ ਜੋ ਪੜ੍ਹ ਲੈਂਦਾ, ਉਸ ਨੂੰ ਭੁੱਲਦੇ ਨਹੀਂ ਸਨ।

ਸਰਦਾਰ ਹਰੀ ਸਿੰਘ ਸੱਤ ਸਾਲ ਦੇ ਹੀ ਸਨ ਕਿ ਪਿਤਾ ਸਰਦਾਰ ਗੁਰਦਿਆਲ ਸਿੰਘ ਦਾ ਦੇਹਾਂਤ ਹੋ ਗਿਆ। ਪਿਤਾ ਦੇ ਅਕਾਲ ਚਲਾਣੇ ਪਿੱਛੋਂ ਹਰੀ ਸਿੰਘ ਨੂੰ ਆਪਣੀ ਮਾਤਾ ਧਰਮ ਕੌਰ ਨਾਲ ਆਪਣੇ ਨਾਨਕੇ ਘਰ ਰਹਿਣਾ ਪਿਆ। ਛੋਟੀ ਉਮਰ ਵਿਚ ਹੀ ਉਨ੍ਹਾਂ ਨੇ ਘੋੜਸਵਾਰੀ, ਨੇਜ਼ੇਬਾਜ਼ੀ, ਤੀਰਅੰਦਾਜ਼ੀ ਆਦਿ ਯੁੱਧ ਕਲਾਵਾਂ 'ਚ ਮੁਹਾਰਤ ਹਾਸਲ ਕਰ ਲਈ ਸੀ। ਤੇਜ਼ ਜਾਹੋ-ਜਲਾਲ ਵਾਲਾ ਸਰਦਾਰ ਹਰੀ ਸਿੰਘ ਨਲੂਆ ਚੜ੍ਹਦੀ ਉਮਰੇ ਹੀ ਚੰਗੇ ਕੱਦ-ਕਾਠ ਵਾਲਾ ਸੋਹਣਾ-ਸੁਨੱਖਾ ਨੌਜਵਾਨ ਬਣ ਗਿਆ। ਸਰਦਾਰ ਹਰੀ ਸਿੰਘ ਨਲੂਆ ਦਾ ਚਿਹਰਾ ਇੰਨਾਂ ਰੋਹਬ-ਦਾਬ ਵਾਲ ਸੀ ਕਿ ਕੋਈ ਵੀ ਵਿਅਕਤੀ ਉਨ੍ਹਾਂ ਦੀ ਅੱਖ 'ਚ ਅੱਖ ਪਾ ਕੇ ਗੱਲ ਕਰਨ ਦੀ ਹਿੰਮਤ ਨਹੀਂ ਸੀ ਕਰ ਸਕਦਾ।

ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਵੱਲੋਂ ਨੌਜਵਾਨਾਂ ਨੂੰ ਫ਼ੌਜ 'ਚ ਭਰਤੀ ਕਰਨ ਲਈ ਸਾਲ 'ਚ ਪੰਦਰਾਂ ਦਿਨਾਂ ਦਾ ਕੈਂਪ ਲਗਾਇਆ ਜਾਂਦਾ ਸੀ, ਜਿਸ ਵਿਚ ਨੌਜਵਾਨ ਸਰੀਰਕ ਤੇ ਜੰਗੀ ਕਰਤਬ ਵਿਖਾਉਂਦੇ ਸਨ। ਅਜਿਹੇ ਹੀ ਇਕ ਕੈਂਪ ਵਿਚ ਸਰਦਾਰ ਹਰੀ ਸਿੰਘ ਨੇ ਵੀ ਵਿਲੱਖਣ ਜੰਗੀ ਕਰਤਬ ਵਿਖਾਏ। ਸਰਦਾਰ ਹਰੀ ਸਿੰਘ ਦੀ ਵਿਲੱਖਣ ਪ੍ਰਤਿਭਾ ਤੇ ਜੰਗੀ ਸੂਝ-ਬੂਝ ਨੂੰ ਵੇਖਦੇ ਹੋਏ ਮਹਾਰਾਜਾ ਰਣਜੀਤ ਸਿੰਘ ਨੇ ਉਨ੍ਹਾਂ ਨੂੰ ਫ਼ੌਜ ਵਿਚ ਖ਼ਾਸ ਰੁਤਬੇ 'ਤੇ ਭਰਤੀ ਕਰ ਲਿਆ।

ਇਕ ਦਿਨ ਮਹਾਰਾਜਾ ਰਣਜੀਤ ਸਿੰਘ ਜੰਗਲ 'ਚ ਸ਼ਿਕਾਰ ਖੇਡਣ ਗਏ। ਸਰਦਾਰ ਹਰੀ ਸਿੰਘ ਵੀ ਉਨ੍ਹਾਂ ਦੇ ਨਾਲ ਸੀ। ਅਚਾਨਕ ਇਕ ਸ਼ੇਰ ਨੇ ਸਰਦਾਰ ਹਰੀ ਸਿੰਘ ਉੱਪਰ ਹਮਲਾ ਕਰ ਦਿੱਤਾ। ਸ਼ੇਰ ਦਾ ਹਮਲਾ ਇੰਨਾਂ ਤੇਜ਼ ਸੀ ਕਿ ਸਰਦਾਰ ਹਰੀ ਸਿੰਘ ਨੂੰ ਮਿਆਨ 'ਚੋਂ ਕਿਰਪਾਨ ਕੱਢਣ ਦਾ ਵੀ ਮੌਕਾ ਨਾ ਮਿਲਿਆ। ਉਨ੍ਹਾਂ ਨੇ ਨਿਡਰਤਾ ਤੇ ਫੁਰਤੀ ਨਾਲ ਸ਼ੇਰ ਨੂੰ ਜਬਾੜਿਆਂ ਤੋਂ ਫੜ ਕੇ ਇੰਨੇ ਜ਼ੋਰ ਨਾਲ ਜ਼ਮੀਨ 'ਤੇ ਪਟਕਿਆ ਅਤੇ ਮਿਆਨ 'ਚੋਂ ਕਿਰਪਾਨ ਕੱਢ ਕੇ ਇੱਕੋ ਵਾਰ ਨਾਲ ਸ਼ੇਰ ਦਾ ਸਿਰ ਧੜ ਨਾਲੋਂ ਵੱਖ ਕਰ ਦਿੱਤਾ। ਮਹਾਰਾਜਾ ਰਣਜੀਤ ਸਿੰਘ ਨੇ ਇਸ ਘਟਨਾ ਨੂੰ ਅੱਖੀ ਵੇਖਣ ਤੋਂ ਬਾਅਦ ਸਰਦਾਰ ਹਰੀ ਸਿੰਘ ਦੇ ਨਾਂ ਨਾਲ 'ਨਲੂਆ' ਸ਼ਬਦ ਵੀ ਜੋੜ ਦਿੱਤਾ। ਮਹਾਰਾਜਾ ਰਣਜੀਤ ਸਿੰਘ ਨੇ ਭਰੇ ਦਰਬਾਰ ਵਿਚ ਸ਼ੇਰ ਨੂੰ ਮਾਰਨ ਵਾਲੀ ਘਟਨਾ ਤੇ ਸਰਦਾਰ ਹਰੀ ਸਿੰਘ ਨਲੂਆ ਦੀ ਬਹਾਦਰੀ ਦਾ ਜ਼ਿਕਰ ਕੀਤਾ ਤੇ ਉਨ੍ਹਾਂ ਨੂੰ 800 ਸੈਨਿਕਾਂ ਦੇ ਜਥੇ ਦਾ ਸਰਦਾਰ ਐਲਾਨ ਦਿੱਤਾ।

ਸਰਦਾਰ ਹਰੀ ਸਿੰਘ ਨਲੂਆ ਨੇ 1807 ਵਿਚ ਕਸੂਰ ਦੇ ਮੈਦਾਨ ਵਿਚ ਜੀਵਨ ਦੀ ਪਹਿਲੀ ਲੜਾਈ ਲੜੀ, ਜਿਸ ਵਿਚ ਨਵਾਬ ਕੁਤਬਦੀਨ ਖ਼ਾਨ ਦੀਆਂ ਫ਼ੌਜਾਂ ਨੂੰ ਖ਼ਾਲਸਾ ਫ਼ੌਜ ਨੇ ਇੰਨੀ ਜ਼ਬਰਦਸਤ ਟੱਕਰ ਦਿੱਤੀ ਕਿ ਨਵਾਬ ਦੀਆਂ ਫ਼ੌਜਾਂ ਮੋਰਚੇ ਛੱਡ ਕੇ ਕਸੂਰ ਦੇ ਕਿਲ੍ਹੇ ਵੱਲ ਭੱਜ ਪਈਆਂ। ਭੱਜਦੀ ਹੋਈ ਫ਼ੌਜ ਦਾ ਪਿੱਛਾ ਕਰ ਕੇ ਹਰੀ ਸਿੰਘ ਨਲੂਆ ਨੇ ਦੋ ਸੈਂਕੜੇ ਤੋਂ ਵੱਧ ਗਾਜ਼ੀਆਂ ਨੂੰ ਬੰਦੀ ਬਣਾ ਕੇ ਉਨ੍ਹਾਂ ਦੇ ਹਥਿਆਰ ਜ਼ਬਤ ਕਰ ਲਏ ਤੇ ਉਨ੍ਹਾਂ ਨੂੰ ਖ਼ਾਲਸਾ ਦਰਬਾਰ ਵਿਚ ਮਹਾਰਾਜੇ ਦੇ ਅੱਗੇ ਪੇਸ਼ ਕੀਤਾ। ਮਹਾਰਾਜਾ ਰਣਜੀਤ ਸਿੰਘ ਨੇ ਹਰੀ ਸਿੰਘ ਨਲੂਆ ਦੀ ਇਸ ਬਹਾਦਰੀ ਤੋਂ ਖ਼ੁਸ਼ ਹੋ ਕੇ ਉਨ੍ਹਾਂ ਨੂੰ ਕਈ ਪਿੰਡਾਂ ਦੀ ਜਾਗੀਰ ਬਖ਼ਸ਼ੀ।

ਨਵਾਬ ਕੁਤਬਦੀਨ ਖ਼ਾਨ ਜਦ ਕਸੂਰ ਦੇ ਕਿਲ੍ਹੇ 'ਚ ਜਾ ਵੜਿਆ ਤਾਂ ਕਿਲ੍ਹੇ ਨੂੰ ਤੋੜਨ ਲਈ ਸਿੱਖ ਫ਼ੌਜ ਨੇ ਹਰੀ ਸਿੰਘ ਨਲੂਆ ਦੀ ਅਗਵਾਈ ਵਿਚ ਕਿਲ੍ਹੇ ਦੀਆਂ ਨੀਹਾਂ ਵਿਚ ਬਰੂਦ ਭਰ ਕੇ ਕੰਧਾਂ ਉਡਾ ਦਿੱਤੀਆਂ ਤੇ ਕਿਲ੍ਹੇ ਅੰਦਰ ਧਾਵਾ ਬੋਲ ਦਿੱਤਾ। ਕਿਲ੍ਹੇ ਅੰਦਰ ਖ਼ਾਲਸੇ ਦੀ ਚੜ੍ਹਤ ਨੂੰ ਵੇਖਦਿਆਂ ਨਵਾਬ ਕੁਤਬਦੀਨ ਖ਼ਾਨ ਨੇ ਕਿਲ੍ਹੇ ਵਿਚੋਂ ਭੱਜਣ ਦੀ ਕੋਸ਼ਿਸ਼ ਕੀਤੀ ਪਰ ਹਰੀ ਸਿੰਘ ਨਲਵਾ ਦੀ ਫ਼ੌਜ ਨੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ। ਕੁਤਬਦੀਨ ਨੂੰ ਖ਼ਾਲਸਾ ਦਰਬਾਰ ਵਿਚ ਪੇਸ਼ ਕੀਤਾ ਗਿਆ। ਸ਼ੇਰ-ਏ-ਪੰਜਾਬ ਨੇ ਹਰੀ ਸਿੰਘ ਨਲਵਾ ਦੀ ਬਹਾਦਰੀ ਤੋਂ ਖ਼ੁਸ਼ ਹੋ ਕੇ 30 ਹਜ਼ਾਰ ਰੁਪਏ ਸਾਲਾਨਾ ਦੀ ਜਾਗੀਰ ਦੀ ਬਖ਼ਸ਼ਿਸ਼ ਕੀਤੀ ਗਈ। ਇਸ ਲੜਾਈ ਵਿਚ ਹਰੀ ਸਿੰਘ ਨਲੂਆ ਗੰਭੀਰ ਰੂਪ 'ਚ ਜ਼ਖ਼ਮੀ ਹੋ ਗਏ ਸਨ।

1810 ਵਿਚ ਮੁਲਤਾਨ ਦੀ ਜੰਗ 'ਚ ਹਰੀ ਸਿੰਘ ਨਲੂਆ ਨੇ ਜਾਨ ਦੀ ਬਾਜ਼ੀ ਲਗਾਉਂਦਿਆਂ ਅਦੁੱਤੀ ਨਿਰਭੈਤਾ ਤੇ ਸੂਰਮਗਤੀ ਦਾ ਸਬੂਤ ਦਿੱਤਾ। ਇਸ ਜੰਗ ਤੋਂ ਬਾਅਦ ਸ਼ੇਰ-ਏ-ਪੰਜਾਬ 'ਤੇ ਉਨ੍ਹਾਂ ਦੀਆਂ ਫ਼ੌਜਾਂ ਵਿਚ ਸਰਦਾਰ ਹਰੀ ਸਿੰਘ ਨਲੂਆ ਨੂੰ ਬੜੀ ਇੱਜ਼ਤ ਨਾਲ ਵੇਖਿਆ ਜਾਣ ਲੱਗਾ। ਮਹਾਰਾਜਾ ਨੇ 20 ਹਜ਼ਾਰ ਰੁਪਏ ਸਾਲਾਨਾ ਦੀ ਜਾਗੀਰ ਤੇ ਫ਼ੌਜ ਵਿਚ ਉਨ੍ਹਾਂ ਦਾ ਰੁਤਬਾ ਵੀ ਵਧਾ ਦਿੱਤਾ ਗਿਆ। 1812 ਵਿਚ ਹਰੀ ਸਿੰਘ ਨਲੂਆ ਨੇ ਆਪਣੇ ਬਾਹੂਬਲ ਤੇ ਦੂਰ-ਅੰਦੇਸ਼ੀ ਨਾਲ ਮਿੱਠੇ ਟਿਵਾਣੇ ਦੇ ਇਲਾਕੇ 'ਤੇ ਕਬਜ਼ਾ ਕਰ ਕੇ ਖ਼ਾਲਸਾ ਰਾਜ ਦਾ ਕੇਸਰੀ ਪਰਚਮ ਲਹਿਰਾਇਆ। ਅਟਕ ਦਾ ਇਤਿਹਾਸਿਕ ਕਿਲ੍ਹਾ ਦਰਿਆ ਸਿੰਧ ਦੇ ਪੱਤਣ 'ਤੇ ਬਣਿਆ ਹੈ। ਇਸ ਕਿਲ੍ਹੇ ਨੂੰ ਫ਼ਤਹਿ ਕਰਨ ਲਈ ਸ਼ੇਰ-ਏ-ਪੰਜਾਬ ਨੇ ਹਰੀ ਸਿੰਘ ਨਲੂਆ ਨੂੰ ਜ਼ਿੰਮੇਵਾਰੀ ਸੌਂਪੀ। ਸਰਦਾਰ ਹਰੀ ਸਿੰਘ ਨਲੂਆ ਨੇ ਸੰਨ 1813 ਵਿਚ ਬਹਾਦਰੀ ਨਾਲ ਅਫ਼ਗਾਨਾਂ ਨਾਲ ਗਹਿਗੱਚ ਲੜਾਈ ਲੜੀ।

***ਜਮਰੌਦ ਦੀ ਜੰਗ ਦੌਰਾਨ ਗੋਲੀਆਂ ਲੱਗਣ ਨਾਲ ਸ. ਹਰੀ ਸਿੰਘ ਨਲੂਆ ਸ਼ਹਾਦਤ ਦਾ ਜਾਮ ਪੀ ਗਏ। ਉਨ੍ਹਾਂ ਦੀ ਮੌਤ 'ਤੇ ਮਹਾਰਾਜਾ ਰਣਜੀਤ ਸਿੰਘ ਨੇ ਕਿਹਾ ਸੀ ਕਿ ਅੱਜ ਖ਼ਾਲਸਾ ਰਾਜ ਦੇ ਕਿਲ੍ਹੇ ਦਾ ਵੱਡਾ ਬੁਰਜ ਢਹਿ ਗਿਆ ਹੈ...***



ਇਹ ਲੜਾਈ ਦੋਹਾਂ ਧਿਰਾਂ ਲਈ ਜ਼ਿੰਦਗੀ-ਮੌਤ ਦਾ ਸਵਾਲ ਸੀ। ਸ. ਨਲੂਆ ਨੇ ਆਪਣੀ ਫ਼ੌਜ ਨੂੰ ਲਗਾਤਾਰ ਅੱਗੇ ਵਧਣ ਲਈ ਉਤਸ਼ਾਹਿਤ ਕੀਤਾ। ਇਸ ਜੰਗ ਵਿਚ ਕਈ ਨਾਮੀ ਸਿੱਖ ਯੋਧੇ ਸ਼ਹਾਦਤ ਦਾ ਜਾਮ ਪੀ ਗਏ ਪਰ ਸਰਦਾਰ ਹਰੀ ਸਿੰਘ ਨਲੂਆ ਦੇ ਦ੍ਰਿੜ ਇਰਾਦਿਆਂ ਨੇ ਇਹ ਜੰਗ ਜਿੱਤ ਲਈ ਤੇ ਅਟਕ ਦੇ ਕਿਲ੍ਹੇ ਉੱਪਰ ਖ਼ਾਲਸਾਈ ਝੰਡਾ ਬੁਲੰਦ ਕੀਤਾ।

ਅਟਕ ਦੀ ਜਿੱਤ ਉਪਰੰਤ ਸਰਦਾਰ ਹਰੀ ਸਿੰਘ ਨਲੂਆ ਨੇ ਕਸ਼ਮੀਰ ਨੂੰ ਖ਼ਾਲਸਾ ਰਾਜ 'ਚ ਸ਼ਾਮਲ ਕੀਤਾ। ਸ਼ੇਰ-ਏ-ਪੰਜਾਬ ਨੇ ਹਰੀ ਸਿੰਘ ਨਲੂਆ ਦੀ ਕਾਬਲੀਅਤ ਨੂੰ ਵੇਖਦੇ ਹੋਏ 1820 ਵਿਚ ਉਨ੍ਹਾਂ ਨੂੰ ਕਸ਼ਮੀਰ ਦਾ ਗਵਰਨਰ ਬਣਾ ਦਿੱਤਾ। ਇਸ ਮਹਾਨ ਜਰਨੈਲ ਨੇ ਕਸ਼ਮੀਰ ਦਾ ਰਾਜ ਪ੍ਰਬੰਧ ਇੰਨੇ ਚੰਗੇ ਤੇ ਨਿਰਪੱਖ ਢੰਗ ਨਾਲ ਚਲਾਇਆ ਕਿ ਸਭ ਵਰਗਾਂ ਦੇ ਮਨ ਜਿੱਤ ਲਏ। ਕਸ਼ਮੀਰ ਦੇ ਜੋ ਲੋਕ ਜ਼ੁਲਮ ਅਤੇ ਅੱਤਿਆਚਾਰ ਤੋਂ ਪਰੇਸ਼ਾਨ ਹੋ ਕੇ ਹਿਜਰਤ ਕਰ ਗਏ ਸਨ, ਉਹ ਮੁੜ ਕਸ਼ਮੀਰ ਪਰਤ ਆਏ ਸਨ। ਕਸ਼ਮੀਰ ਦੇ ਚੰਗੇ ਪ੍ਰਬੰਧਾਂ ਨੂੰ ਵੇਖਦੇ ਹੋਏ ਮਹਾਰਾਜਾ ਰਣਜੀਤ ਸਿੰਘ ਨੇ ਸਰਦਾਰ ਹਰੀ ਸਿੰਘ ਨਲੂਆ ਨੂੰ ਉੱਥੇ ਆਪਣੇ ਨਾਂ ਦਾ ਸਿੱਕਾ ਜਾਰੀ ਕਰਨ ਦਾ ਅਧਿਕਾਰ ਵੀ ਦੇ ਦਿੱਤਾ। ਖ਼ਾਲਸਾ ਕੌਮ ਦੇ ਇਸ ਅਦੁੱਤੀ ਜਰਨੈਲ ਨੇ 1821 ਵਿਚ ਮਾਂਗਲੀ ਘਾਟੀ 'ਤੇ ਜਿੱਤ ਦਾ ਪਰਚਮ ਲਹਿਰਾਉਣ ਮਗਰੋਂ ਖ਼ੁਸ਼ਾਬ ਦੇ ਮੁਕਾਮ 'ਤੇ ਸ਼ੇਰ-ਏ-ਪੰਜਾਬ ਨਾਲ ਮੁਲਕਾਤ ਕੀਤੀ ਤਾਂ ਇਸ ਮੌਕੇ ਉਨ੍ਹਾਂ ਨੂੰ ਤੋਪਾਂ ਦੀ ਸਲਾਮੀ ਦਿੱਤੀ ਗਈ। ਮਾਹਰਾਜੇ ਨੇ ਸਰਦਾਰ ਹਰੀ ਸਿੰਘ ਨੂੰ ਆਪਣੀ ਛਾਤੀ ਨਾਲ ਲਾ ਕੇ ਅਖਿਆ, 'ਮੇਰਾ ਬਹਾਦਰ ਜਰਨੈਲ ਖ਼ਾਲਸੇ ਦਾ ਨਾਂ ਸੂਰਜ ਦੀ ਤਰ੍ਹਾਂ ਸੰਸਾਰ 'ਚ ਰੌਸ਼ਨ ਕਰ ਰਿਹਾ ਹੈ।'

ਸਰਦਾਰ ਹਰੀ ਸਿੰਘ ਨੇ ਹਜ਼ਾਰਾ ਸਮੇਤ ਕਈ ਖੇਤਰਾਂ ਵਿਚ ਖ਼ਾਲਸਾ ਰਾਜ ਕਾਇਮ ਕੀਤਾ। ਇਨ੍ਹਾਂ ਖੇਤਰਾਂ ਦਾ ਪ੍ਰਬੰਧ ਵੀ ਮਹਾਰਾਜਾ ਵੱਲੋਂ ਸਰਦਾਰ ਹਰੀ ਸਿੰਘ ਦੇ ਹਵਾਲੇ ਕਰ ਦਿੱਤਾ ਗਿਆ। ਇਸ ਨਿਡਰ ਸਿੱਖ ਜਰਨੈਲ ਨੇ 1823 ਵਿਚ ਗਾਜ਼ੀਆਂ, ਪਠਾਣਾਂ ਤੇ ਅਫ਼ਗਾਨਾਂ ਨੂੰ ਹਰਾ ਕੇ ਖ਼ਾਲਸਾ ਫ਼ੌਜ ਦੀ ਧਾਕ ਜਮਾਈ। ਮਹਾਰਾਜੇ ਦੇ ਹੁਕਮਾਂ 'ਤੇ 1828 ਵਿਚ ਇਸ ਮਹਾਨ ਜਰਨੈਲ ਨੇ ਕਟੋਚੀਆਂ ਦੇ ਇਲਾਕੇ ਬਾਈਧਾਰ ਦੇ ਰਾਜਿਆਂ ਉੱਪਰ ਚੜ੍ਹਾਈ ਕੀਤੀ। ਖ਼ਾਲਸਾ ਫ਼ੌਜ ਨੇ ਸੀਬਾ, ਗੁਲੇਰ, ਨਦੌਣ, ਲੰਬਾਗਾਉਂ ਦੀ ਰਾਜਧਾਨੀ 'ਤੇ ਕਬਜ਼ਾ ਕਰ ਲਿਆ। 1834 ਵਿਚ ਮਹਾਰਾਜਾ ਨੇ ਜਦ ਹਰੀ ਸਿੰਘ ਨਲਵਾ ਨੂੰ ਪਿਸ਼ਾਵਰ 'ਤੇ ਧਾਵਾ ਬੋਲਣ ਦਾ ਹੁਕਮ ਦਿੱਤਾ ਤਾਂ ਇਹ ਵੀ ਐਲਾਨ ਕੀਤਾ ਕਿ ਸਰਦਾਰ ਹਰੀ ਸਿੰਘ ਨਲੂਆ ਹੁਣ ਤੋਂ ਖ਼ਾਲਸਾ ਫ਼ੌਜ ਦੇ ਕਮਾਂਡਰ ਇਨ ਚੀਫ਼ ਹੈ।

ਇਸ ਅਦੁੱਤੀ ਜਰਨੈਲ ਦੀ ਕਮਾਂਡ ਵਿਚ ਖ਼ਾਲਸਾ ਫ਼ੌਜ ਨੇ ਪਿਸ਼ਾਵਰ 'ਤੇ ਹਮਲਾ ਕੀਤਾ। ਪਠਾਣਾਂ ਨੇ ਖ਼ਾਲਸਾ ਫ਼ੌਜ ਦਾ ਬਹਾਦਰੀ ਨਾਲ ਲੜਦਿਆਂ ਰਾਹ ਰੋਕਣ ਦੀ ਕੋਸ਼ਿਸ਼ ਕੀਤੀ ਪਰ ਇਸ ਜੋਸ਼ੀਲੇ ਜਰਨੈਲ ਦੀ ਫ਼ੌਜ ਨੇ ਪਠਾਣਾਂ ਦੇ ਮੋਰਚਿਆਂ ਨੂੰ ਤਹਿਸ-ਨਹਿਸ ਕਰ ਦਿੱਤਾ। ਪਿਸ਼ਾਵਰ 'ਤੇ ਕਬਜ਼ਾ ਹੁੰਦਿਆਂ ਹੀ ਇਲਾਕੇ ਦੇ ਪਠਾਣਾਂ ਦੇ ਦਿਲਾਂ ਵਿਚ ਖ਼ਾਲਸਾ ਫ਼ੌਜ ਤੇ ਹਰੀ ਸਿੰਘ ਨਲੂਆ ਦੇ ਨਾਂ ਦਾ ਡਰ ਸਦਾ ਲਈ ਬੈਠ ਗਿਆ। ਪਿਸ਼ਾਵਰ ਦਾ ਗਵਰਨਰ ਵੀ ਸਰਦਾਰ ਨਲੂਆ ਨੂੰ ਬਣਾਇਆ ਗਿਆ। ਅਮੀਰ ਦੋਸਤ ਮੁਹੰਮਦ ਖ਼ਾਨ ਨੇ ਆਪਣੀ ਹਾਰ ਦਾ ਬਦਲਾ ਲੈਣ ਲਈ ਇਕ ਤਕੜੀ ਫ਼ੌਜ ਤਿਆਰ ਕੀਤੀ। ਪਰ ਉਹ ਆਪ ਸਰਦਾਰ ਨਲੂਆ ਦਾ ਸਾਹਮਣਾ ਕਰਨ ਤੋਂ ਝਿਜਕਦਾ ਸੀ। ਇਸ ਲਈ ਅਮੀਰ ਦੋਸਤ ਮੁਹੰਮਦ ਖ਼ਾਨ ਨੇ ਆਪਣੇ ਪੁੱਤਰ ਅਕਬਰ ਖ਼ਾਨ ਦੀ ਅਗਵਾਈ ਵਿਚ 1837 ਵਿਚ ਸਰਦਾਰ ਹਰੀ ਸਿੰਘ ਨਲੂਆ ਦੀ ਗ਼ੈਰ ਹਾਜ਼ਰੀ ਦਾ ਫ਼ਾਇਦਾ ਉਠਾਦਿਆਂ ਜਮਰੌਦ ਦੇ ਕਿਲ੍ਹੇ 'ਤੇ ਹਮਲਾ ਕਰਵਾ ਦਿੱਤਾ। ਕਿਲ੍ਹੇ 'ਚ ਮੌਜੂਦ ਖ਼ਾਲਸਾ ਫ਼ੌਜ ਨੇ ਹਮਲਵਾਰਾਂ ਦਾ ਡਟ ਕੇ ਮੁਕਾਬਲਾ ਕੀਤਾ ਤੇ ਸਰਦਾਰ ਨਲੂਆ ਨੂੰ ਹਮਲੇ ਦੀ ਖ਼ਬਰ ਭੇਜੀ। ਜੰਗ ਦੇ ਤੀਜੇ ਦਿਨ ਅਫ਼ਗਾਨ ਜਮਰੌਦ ਦੇ ਕਿਲ੍ਹੇ ਦੇ ਨਜ਼ਦੀਕ ਹਮਲਾ ਕਰਨ ਦੀਆਂ ਤਿਆਰੀਆਂ ਕਰ ਰਹੇ ਸਨ ਕਿ ਹਰੀ ਸਿੰਘ ਨਲੂਆ ਵੀ ਫ਼ੌਜ ਸਮੇਤ ਮੌਕੇ 'ਤੇ ਪਹੁੰਚ ਗਿਆ।

ਸਰਦਾਰ ਨਲੂਆ ਦੀ ਆਮਦ ਦਾ ਪਤਾ ਲਗਦਿਆਂ ਹੀ ਵੈਰੀ ਫ਼ੌਜ ਮੈਦਾਨ ਛੱਡ ਕੇ ਭੱਜਣੀ ਸ਼ੁਰੂ ਹੋ ਗਈ। ਨਲੂਆ ਦੀ ਫ਼ੌਜ ਨੇ ਦੁਸ਼ਮਣ ਫ਼ੌਜ ਦਾ ਕਾਫ਼ੀ ਜੰਗੀ ਸਮਾਨ ਖੋਹ ਲਿਆ। ਜੰਗ 'ਚੋਂ ਦੁਸਮਣਾਂ ਨੂੰ ਭਜਾ ਕੇ ਜਦ ਉਹ ਵਾਪਸ ਜਮਰੌਦ ਦੇ ਕਿਲ੍ਹੇ ਵੱਲ ਜਾ ਰਹੇ ਸਨ ਤਾਂ ਇਕ ਗੁਫ਼ਾ 'ਚ ਲੁਕੇ ਹੋਏ ਗਾਜ਼ੀਆਂ ਨੇ ਉਨ੍ਹਾਂ ਉੱਪਰ ਗੋਲੀ ਚਲਾ ਦਿੱਤੀ। ਗੋਲੀ ਉਨ੍ਹਾਂ ਦੇ ਅੰਗ ਰੱਖਿਅਕ ਨੂੰ ਲੱਗੀ। ਹਰੀ ਸਿੰਘ ਨਲੂਆ ਨੇ ਆਪਣਾ ਘੋੜਾ ਗੁਫ਼ਾ ਵੱਲ ਮੋੜਿਆ ਤਾਂ ਗੁਫ਼ਾ ਵਿਚੋਂ ਗਾਜ਼ੀਆਂ ਨੇ ਫਿਰ ਦੋ ਗੋਲੀਆਂ ਚਲਾਈਆਂ, ਜੋ ਹਰੀ ਸਿੰਘ ਨਲੂਆ ਦੀ ਛਾਤੀ ਅਤੇ ਵੱਖੀ ਵਿਚ ਵੱਜੀਆਂ। ਉਹ ਆਪਣੇ ਘੋੜੇ ਨੂੰ ਮੋੜ ਕੇ ਜਮਰੌਦ ਦੇ ਕਿਲ੍ਹੇ ਅੰਦਰ ਲੈ ਗਏ। ਕਿਲ੍ਹੇ ਅੰਦਰ ਮਹਾਂ ਸਿੰਘ ਨੇ ਸਰਦਾਰ ਨਲੂਆ ਦਾ ਇਲਾਜ ਸ਼ੁਰੂ ਕੀਤਾ। ਹਰੀ ਸਿੰਘ ਨਲੂਆ ਨੇ ਅੰਤਮ ਸਮਾਂ ਨਜ਼ਦੀਕ ਵੇਖਦਿਆਂ ਖ਼ਾਲਸਾ ਫ਼ੌਜ ਦੇ ਸਰਦਾਰਾਂ ਨੂੰ ਹਦਾਇਤ ਕੀਤੀ ਕਿ ਮਹਾਰਾਜਾ ਰਣਜੀਤ ਸਿੰਘ ਦੇ ਆਉਣ ਤਕ ਉਨ੍ਹਾਂ ਦੀ ਸ਼ਹਾਦਤ ਦੀ ਖ਼ਬਰ ਕਿਲ੍ਹੇ ਤੋਂ ਬਾਹਰ ਨਾ ਜਾਵੇ। ਇਹ ਗੱਲ ਆਖ ਕੇ ਖ਼ਾਲਸਾ ਫ਼ੌਜ ਦਾ ਇਹ ਮਹਾਨ ਜਰਨੈਲ 30 ਅਪ੍ਰੈਲ 1837 ਨੂੰ ਸ਼ਹੀਦ ਹੋ ਗਿਆ। ਇਹ ਖ਼ਬਰ ਜਦ ਮਹਾਰਜਾ ਰਣਜੀਤ ਸਿੰਘ ਕੋਲ ਪੁੱਜੀ ਤਾਂ ਦਰਬਾਰ 'ਚ ਸੰਨਾਟਾ ਛਾ ਗਿਆ। ਮਹਾਰਾਜੇ ਨੇ ਵੈਰਾਗਮਈ ਆਵਾਜ਼ 'ਚ ਕਿਹਾ ਕਿ ਅੱਜ ਖ਼ਾਲਸਾ ਰਾਜ ਦੇ ਕਿਲ੍ਹੇ ਦਾ ਇਕ ਵੱਡਾ ਬੁਰਜ ਢਹਿ ਗਿਆ ਹੈ। •

94170-79435

## ਚਾਣਕਯ ਨੀਤੀ




ਆਚਾਰਿਆ ਚਾਣਕਯ ਭਾਰਤ ਦੇ ਅਮੀਰ ਇਤਿਹਾਸਕ ਵਿਰਸੇ ਦੀ ਇਕ ਮਹਾਨ ਸ਼ਖ਼ਸੀਅਤ, ਵਿਦਵਾਨ ਸਿਆਸਤਦਾਨ, ਕੂਟ ਨੀਤੀਵਾਨ, ਨਿਪੁੰਨ ਪ੍ਰਬੰਧਕ ਤੇ ਸਾਦਾ ਜੀਵਨ ਜਿਉਣ ਵਾਲੇ ਪੰਡਿਤ ਸਨ। ਉਨ੍ਹਾਂ ਦੀ ਜੀਵਨ ਕਾਲ 350-283 ਪੂਰਵ ਈਸਵੀ ਸੀ। ਉਨ੍ਹਾਂ ਦੁਆਰਾ ਰਚਿਤ 'ਚਾਣਕਯ ਨੀਤੀ' ਵਡਮੁੱਲੀਆਂ ਸਿੱਖਿਆਵਾਂ ਵਾਲੀ ਪੁਸਤਕ ਹੈ। ਇਸ ਵਿਚ 17 ਅਧਿਆਏ ਤੇ ਕੁੱਲ 333 ਸਲੋਕ ਹਨ। ਇਨ੍ਹਾਂ ਸਲੋਕਾਂ ਵਿਚ ਉਨ੍ਹਾਂ ਨੇ ਜ਼ਿੰਦਗੀ, ਘਰ, ਪਰਿਵਾਰ, ਸਮਾਜ ਤੇ ਉੱਚੀਆਂ-ਸੁੱਚੀਆਂ ਨੈਤਿਕ ਕਦਰਾਂ ਕੀਮਤਾਂ ਨੂੰ ਅਟੱਲ ਸੱਚਾਈਆਂ ਦੇ ਰੂਪ 'ਚ ਪੇਸ਼ ਕੀਤਾ ਹੈ।

**ਸਲੋਕ (3.04)**

ਦੁਰਜਨਸ੍ਯ ਚ ਸਪਰ੍ਸ੍ਯ ਵਰਮ੍ ਸਰ੍ਪੋ ਨ ਦੁਰ੍ਜਨਹ.
ਸਰ੍ਪੋ ਦੰਸਤਿ ਕਾਲੇਨ ਦੁਰਜਸ੍ਤੁ ਪਦੇ ਪਦੇ॥

**ਅਰਥ**

ਦੁਰਜਨ ਅਤੇ ਸੱਪ ਨਾਲੋਂ, ਸੱਪ ਚੰਗਾ ਹੈ, ਦੁਰਜਨ ਨਹੀਂ, ਕਿਉਂਕਿ ਸੱਪ ਤਾਂ ਸਮਾਂ ਆਉਣ 'ਤੇ ਹੀ ਕੱਟਦਾ ਹੈ, ਅਥਵਾ ਡੰਗ ਮਾਰਦਾ ਹੈ ਪਰੰਤੂ ਦੁਰਜਨ ਹਰ ਸਮੇਂ ਪੈਰ-ਪੈਰ 'ਤੇ ਨੁਕਸਾਨ ਕਰਨ ਦੀ ਝਾਕ 'ਚ ਰਹਿੰਦਾ ਹੈ।



ਡਾ. ਅਮਰ ਕੋਮਲ
84378-73565

**ਵਿਆਖਿਆ**

ਜਿਸ ਵਿਅਕਤੀ ਅੰਦਰ ਵਿਕਾਰਾਂ ਦੀ ਅੱਗ ਤੇ ਬਦਲੇ ਦੀ ਜਵਾਲਾ ਹੈ। ਪਿਆਰ ਉਪਕਾਰ ਕਰੁਣਾ, ਸੇਵਾ ਤੇ ਹਮਦਰਦੀ ਦੀ ਘਾਟ ਹੈ, ਉਹ ਵਿਅਕਤੀ ਦੁਸ਼ਟ ਦੁਰਜਨ ਹੈ। ਅਜਿਹਾ ਵਿਅਕਤੀ ਹਰ ਸਮੇਂ ਬੁਰਾਈ ਕਰਨ ਦੀ ਗੱਲ ਸੋਚਦਾ ਹੈ। ਉਹ ਸੱਪ ਨਾਲੋਂ ਵੀ ਭੈੜਾ ਹੈ ਕਿਉਂਕਿ ਸੱਪ ਤਾਂ ਸਮਾਂ ਆਉਣ 'ਤੇ ਹੀ ਡੰਗ ਮਾਰਦਾ ਹੈ, ਪਰੰਤੂ ਦੁਰਜਨ ਤਾਂ ਹਰ ਸਮੇਂ ਦੂਜਿਆਂ ਦਾ ਬੁਰਾ ਸੋਚ ਕੇ, ਉਨ੍ਹਾਂ ਦਾ ਨੁਕਸਾਨ ਕਰਦਾ ਹੈ। •

84378-73565

# ਬ੍ਰਹਮਲੀਨ ਸਤਿਗੁਰੂ ਬ੍ਰਹਮਾ ਨੰਦ ਭੂਰੀਵਾਲੇ

ਸ਼ਾਮ ਸੁੰਦਰ ਮੀਲੂ

ਲੰਬੀ ਸਾਧਨਾ ਤੋਂ ਬਾਅਦ ਸੰਤ ਦਾ ਦਰਜਾ ਉਨ੍ਹਾਂ ਮਹਾਪੁਰਸ਼ਾਂ ਨੂੰ ਮਿਲਦਾ ਹੈ, ਜਿਹੜੇ ਇਸ ਸਮਾਜ ਦੇ ਹਨੇਰੇ ਕੋਨਿਆਂ ਨੂੰ ਅੱਖਰੀ ਤੇ ਅਧਿਆਤਮਕ ਗਿਆਨ ਨਾਲ ਰੋਸ਼ਨ ਕਰਦੇ ਹਨ। ਸਤਿਗੁਰੂ ਭੂਰੀਵਾਲੇ ਗੁਰਗੱਦੀ ਪਰੰਪਰਾ (ਗ਼ਰੀਬਦਾਸੀ ਸੰਪ੍ਰਦਾਇ) 'ਚ ਨਾਮ ਦੇ ਪੁਜਾਰੀ, ਸਿੱਖਿਆ ਦਾਨੀ, ਮਾਨਵਤਾਵਾਦੀ, ਕਰਮਯੋਗੀ, ਬ੍ਰਹਮ ਗਿਆਨੀ ਬ੍ਰਹਮਾ ਨੰਦ ਮਹਾਰਾਜ ਭੂਰੀਵਾਲੇ (ਗਊਆਂ ਵਾਲੇ) ਵੀ ਅਜਿਹੇ ਹੀ ਮਹਾਪੁਰਸ਼ ਹੋਏ ਹਨ।

ਸਤਿਗੁਰੂ ਬ੍ਰਹਮਾ ਨੰਦ ਭੂਰੀ ਵਾਲਿਆਂ ਦਾ ਸਮੁੱਚਾ ਜੀਵਨ ਲੋਕਾਈ ਦੇ ਭਲੇ, ਗਊ-ਗ਼ਰੀਬ ਤੇ ਕੰਨਿਆਵਾਂ ਦੀ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਸਮਰਪਿਤ ਰਿਹਾ। ਆਪ ਜੀ ਦਾ ਜਨਮ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਤਹਿਸੀਲ ਬਲਾਚੌਰ ਦੇ ਪਿੰਡ ਚੂਹੜਪੁਰ (ਬ੍ਰਹਮਪੁਰੀ) ਵਿਖੇ 1912 ਵਿਚ ਮਾਤਾ ਰਾਮਦੇਈ ਅਤੇ ਪਿਤਾ ਸ੍ਰੀ ਧਨੀ ਰਾਮ ਜੀ ਦੇ ਗ੍ਰਹਿ ਵਿਖੇ ਹੋਇਆ। ਉਨ੍ਹਾਂ ਨੇ ਉੱਤਰ ਪ੍ਰਦੇਸ਼ ਦੇ ਜ਼ਿਲ੍ਹਾ ਨੈਨੀਤਾਲ (ਹੁਣ ਉੱਤਰਾਖੰਡ) ਨੂੰ ਆਪਣੀ ਕਰਮਭੂਮੀ ਬਣਾਇਆ।

ਸੁਖੀ ਗ੍ਰਹਿਸਥ ਜੀਵਨ, ਸਮਾਜ 'ਚ ਚੋਖਾ ਆਦਰ ਸਤਿਕਾਰ, ਚੰਗਾ ਸਮਾਜਿਕ ਰੁਤਬਾ, ਸੈਂਕੜੇ ਏਕੜ ਜ਼ਮੀਨ ਹੋਣ ਦੇ ਬਾਵਜੂਦ ਆਪ ਦੀ ਆਤਮਾ ਪਰਮ ਪੁਰਖ ਪਰਮਾਤਮਾ ਦੀ ਪ੍ਰਾਪਤੀ ਲਈ ਜਾਗੀ। ਇਸ ਭਾਵਨਾ ਦੇ ਉਤਪੰਨ ਹੋਣ ਦੇ ਪਿੱਛੇ ਆਪ ਉੱਪਰ ਭੂਰੀਵਾਲੇ ਗੁਰਗਦੀ ਪਰੰਪਰਾ ਦੇ ਦੂਜੇ ਸਤਿਗੁਰੂ ਲਾਲ ਦਾਸ ਜੀ ਭੂਰੀਵਾਲਿਆਂ ਦੀ ਰੂਹਾਨ ਸ਼ਖ਼ਸੀਅਤ ਦਾ ਅਹਿਮ ਪ੍ਰਭਾਵ ਸੀ। ਸਤਿਗੁਰੂ ਲਾਲ ਦਾਸ ਭੂਰੀਵਾਲਿਆਂ ਦੀ ਕ੍ਰਿਪਾ ਦ੍ਰਿਸ਼ਟੀ ਸਦਕਾ ਜੂਨ 1962 ਦੇ ਵਿਚ ਉੱਤਰ ਪ੍ਰਦੇਸ਼ ਦੇ ਜ਼ਿਲ੍ਹਾ ਬੁਲੰਦਸ਼ਹਿਰ ਦੇ ਕਸਬਾ ਜਗੀਰਾਬਾਦ ਦੀ ਕੁਟੀਆ 'ਚ ਸੰਨਿਆਸ ਧਾਰਨ ਕਰਨ ਉਪਰੰਤ ਆਪ ਨੇ ਗਿਰਧਾਰੀ ਸਿੰਘ ਤੋਂ ਸਵਾਮੀ ਬ੍ਰਹਮਾ ਨੰਦ ਦੇ ਰੂਪ 'ਚ ਸੰਗਤ ਵਿਚ ਵਿਚਰੇ। ਸਤਿਗੁਰੂ ਬ੍ਰਹਮਾ ਨੰਦ ਭੂਰੀਵਾਲੇ ਗਊ, ਗ਼ਰੀਬ ਅਤੇ ਕੰਨਿਆਵਾਂ ਦੀ ਰੱਖਿਆ ਤੇ ਭਲਾਈ ਦੇ ਹਾਮੀ ਸਨ। ਇਸ ਗੱਲ ਦੇ ਪ੍ਰਚਾਰ ਦੇ ਨਾਲ-ਨਾਲ ਆਪ ਨੇ ਇਸ ਨੂੰ ਅਮਲੀ ਜਾਮਾ ਵੀ ਪਹਿਨਾਇਆ

14 ਅਗਸਤ 1975 ਨੂੰ ਸਤਿਗੁਰੂ ਲਾਲ ਦਾਸ ਭੂਰੀਵਾਲਿਆਂ ਦੇ ਪੰਜ ਭੌਤਿਕ ਸਰੀਰ ਤਿਆਗਣ ਉਪਰੰਤ ਸਤਿਗੁਰੂ ਲਾਲ ਦਾਸ ਭੂਰੀਵਾਲਿਆਂ ਦੀ ਇੱਛਾ ਅਨੁਸਾਰ ਹਰਿਦੁਆਰ ਦੇ ਸ੍ਰੀ ਬ੍ਰਹਮ ਨਿਵਾਸ ਆਸ਼ਰਮ 'ਚ ਖਟ ਦਰਸ਼ਨ ਸਾਧੂ ਸਮਾਜ ਗ਼ਰੀਬਦਾਸੀ ਸੰਪ੍ਰਦਾਇ ਪੀਠ ਦੇ ਤਤਕਾਲੀ ਪੀਠਾਧੀਸ਼ਵਰ ਮਹੰਤ ਗੰਗਾ ਸਾਗਰ ਅਤੇ ਭੂਰੀਵਾਲੇ ਭੇਖ ਦੇ ਸਮੁੱਚੇ ਸੰਤਾਂ ਵੱਲੋਂ ਵਿਸ਼ਾਲ ਸੰਗਤ ਦੀ ਮੌਜੂਦਗੀ ਵਿਚ ਆਪ ਨੂੰ ਇਸ ਤੀਸਰੇ ਗੱਦੀ-ਨਸ਼ੀਨ ਥਾਪਿਆ ਗਿਆ। ਇਸ ਉਪਰੰਤ ਆਪ ਨੇ ਸਮਾਜ ਦੀ ਨੁਹਾਰ ਬਦਲਣ 'ਚ ਅਹਿਮ ਯੋਗਦਾਨ ਪਾਇਆ। ਅਧਿਆਤਮ ਦੀ ਲੋਅ ਵੰਡਣ ਲਈ ਆਪ ਨੇ ਪਿੰਡਾਂ ਵਿਚ ਕੁਟੀਆ ਸਥਾਪਿਤ ਕਰਵਾਈਆਂ ਤੇ ਟੂਣੇ-ਟਾਮਣਿਆਂ 'ਚ ਫਸੇ ਲੋਕਾਂ ਨੂੰ ਜਗਤ ਗੁਰੂ ਬਾਬਾ ਗ਼ਰੀਬਦਾਸ ਜੀ ਦੀ ਬਾਣੀ ਨਾਲ ਜੋੜਿਆ।



ਸੰਨ 1984 ਵਿਚ ਸਿੱਖਿਆ ਦੇ ਪ੍ਰਚਾਰ ਪ੍ਰਸਾਰ ਲਈ ਆਪ ਨੇ ਮਹਾਰਾਜ ਭੂਰੀਵਾਲੇ ਗ਼ਰੀਬਦਾਸੀ ਐਜੂਕੇਸ਼ਨ ਟਰੱਸਟ ਦਾ ਗਠਨ ਕੀਤਾ। ਆਪ ਨੇ ਕਸਬਾ ਪੋਜੇਵਾਲ ਵਿਖੇ ਕੋ-ਐਜੂਕੇਸ਼ਨ ਕਾਲਜ ਸਥਾਪਿਤ ਕਰ ਕੇ ਸਰਕਾਰ ਨੂੰ ਸੌਂਪਿਆ, ਜੋ ਅੱਜ 'ਮਹਾਰਾਜ ਭੂਰੀਵਾਲੇ ਗ਼ਰੀਬਦਾਸੀ ਸਰਕਾਰੀ ਕਾਲਜ ਪੋਜੇਵਾਲ' ਦੇ ਨਾਂ 'ਤੇ ਵਿੱਦਿਆ ਦਾ ਚਾਨਣ ਫੈਲਾ ਰਿਹਾ ਹੈ। ਇਸ ਤੋਂ ਇਲਾਵਾ ਆਪ ਨੇ ਕੇਂਦਰੀ ਵਿੱਦਿਅਕ ਸੰਸਥਾ ਜਵਾਹਰ ਨਵੋਦਿਆ ਵਿਦਿਆਲਿਆ ਪੋਜੇਵਾਲ ਵਿਖੇ ਖੁਲ੍ਹਵਾਉਣ ਲਈ ਵੀ ਵਿਸ਼ੇਸ਼ ਯੋਗਦਾਨ ਪਾਇਆ ਅਤੇ ਇਸ ਵਿੱਦਿਅਕ ਸੰਸਥਾ ਲਈ 27 ਏਕੜ ਜ਼ਮੀਨ ਟਰੱਸਟ ਵੱਲੋਂ ਮੁਫ਼ਤ ਮੁਹੱਈਆ ਕਰਵਾਈ। ਆਪ ਨੇ ਕੰਢੀ ਬੀਤ ਦੂਣੀ ਦੇ ਇਲਾਕਿਆਂ ਵਿਚ ਕੁੜੀਆਂ ਨੂੰ ਸਿੱਖਿਅਤ ਕਰਨ ਲਈ 5 ਡਿਗਰੀ ਕਾਲਜ, ਇਕ ਬੀਐੱਡ ਕਾਲਜ, 5 ਪਬਲਿਕ ਸਕੂਲ ਖੁੱਲ੍ਹਵਾਏ ਤੇ ਤਿੰਨ ਚੈਰੀਟੇਬਲ ਹਸਪਤਾਲਾਂ ਦਾ ਨਿਰਮਾਣ ਕਰਵਾਇਆ। ਆਪ ਨੇ ਵੱਖ-ਵੱਖ ਸੂਬਿਆਂ ਵਿਚ ਗਊਸ਼ਾਲਾਵਾਂ ਦਾ ਵੀ ਨਿਰਮਾਣ ਕਰਵਾਇਆ। ਗਊਆਂ ਪ੍ਰਤੀ ਆਪ ਦੇ ਪ੍ਰੇਮ ਕਾਰਨ ਹੀ ਸ਼ਰਧਾਲੂ ਆਪ ਨੂੰ 'ਗਊਆਂ ਵਾਲੇ ਸਤਿਗੁਰੂ' ਆਖ ਕੇ ਵੀ ਸਤਿਕਾਰ ਦਿੰਦੇ ਹਨ।

**ਸਤਿਗੁਰ ਬ੍ਰਹਮਾ ਨੰਦ ਭੂਰੀ ਵਾਲਿਆਂ ਨੇ ਜਿੱਥੇ ਦੁਨੀਆ ਨੂੰ ਅਧਿਆਤਮਕ ਗਿਆਨ ਦਿੱਤਾ ਉੱਥੇ ਸਿੱਖਿਆ ਦੇ ਪ੍ਰਚਾਰ ਪ੍ਰਸਾਰ ਲਈ ਕਈ ਵਿੱਦਿਅਕ ਸੰਸਥਾਵਾਂ ਅਤੇ ਹਸਪਤਾਲਾਂ ਦਾ ਵੀ ਨਿਰਮਾਣ ਕਰਵਾਇਆ...**

ਸਤਿਗੁਰੂ ਬ੍ਰਹਮਾ ਨੰਦ ਭੂਰੀਵਾਲੇ ਜ਼ਿਲ੍ਹਾ ਹੁਸ਼ਿਆਰਪੁਰ ਦੇ ਸ੍ਰੀ ਲਾਲਪੁਰੀ ਧਾਮ ਭਵਾਨੀਪੁਰ (ਬੀਤ) ਵਿਖੇ 1 ਮਈ 2002 ਨੂੰ ਪੰਜ ਭੌਤਿਕ ਸਰੀਰ ਤਿਆਗ ਕੇ ਬ੍ਰਹਮਲੀਨ ਹੋਏ। ਆਪ ਨੇ ਆਪਣੇ ਜੀਵਨ ਕਾਲ ਦੌਰਾਨ ਹੀ ਸੰਨ 1993 ਵਿਚ ਵੇਦਾਂਤ ਅਚਾਰੀਆ ਸਵਾਮੀ ਚੇਤਨਾ ਨੰਦ ਭੂਰੀਵਾਲਿਆਂ ਨੂੰ ਚੌਥਾ ਗੱਦੀਨਸ਼ੀਨ ਥਾਪ ਦਿੱਤਾ ਸੀ, ਜੋ ਵਰਤਮਾਨ ਸਮੇਂ 'ਚ ਸੰਗਤਾਂ ਦੀ ਸੁਯੋਗ ਰਹਿਨੁਮਾਈ ਕਰ ਰਹੇ ਹਨ।

ਸਤਿਗੁਰੂ ਬ੍ਰਹਮਾ ਨੰਦ ਜੀ ਦੀ 17ਵੀਂ ਬਰਸੀ ਮੌਕੇ ਸ੍ਰੀ ਗੁਰੂ ਤੇਗ ਬਹਾਦਰ ਗੜ੍ਹਸ਼ੰਕਰ-ਅਨੰਦਪੁਰ ਸਾਹਿਬ ਮਾਰਗ ਸਥਿਤ ਸ੍ਰੀ ਬ੍ਰਹਮ ਸਰੂਪ ਧਾਮ ਪੋਜੇਵਾਲ ਵਿਖੇ ਤਿੰਨ ਰੋਜ਼ਾ ਸੰਤ ਸਮਾਗਮ 29 ਅਪ੍ਰੈਲ ਤੋਂ ਪਹਿਲੀ ਮਈ ਤਕ ਵੇਦਾਂਤ ਅਚਾਰੀਆ ਸਵਾਮੀ ਚੇਤਨਾ ਨੰਦ ਭੂਰੀਵਾਲਿਆਂ ਦੀ ਸਰਪ੍ਰਸਤੀ ਹੇਠ ਹੋ ਰਿਹਾ ਹੈ। 30 ਅਪ੍ਰੈਲ ਨੂੰ ਪੀਜੀਆਈ ਦੀ ਟੀਮ ਵੱਲੋਂ ਵਿਸ਼ਾਲ ਖ਼ੂਨਦਾਨ ਕੈਂਪ, ਮੁਫ਼ਤ ਹੋਮਿਓਪੈਥੀ ਤੇ ਆਯੁਰਵੈਦਿਕ ਮੈਡੀਕਲ ਕੈਂਪ ਲਗਾਇਆ ਜਾਵੇਗਾ। ਪਹਿਲੀ ਮਈ ਨੂੰ ਸੰਤ ਸਮਾਗਮ ਦੀ ਸਮਾਪਤੀ ਮੌਕੇ ਦੇਸ਼ ਵਿਦੇਸ਼ ਤੋਂ ਪੁੱਜੀਆਂ ਸੰਗਤਾਂ, ਸਿਆਸੀ ਅਤੇ ਆਗੂ ਸਮਾਜ ਸੇਵੀ ਸੰਸਥਾਵਾਂ ਦੇ ਆਗੂ ਸਤਿਗੁਰੂ ਬ੍ਰਹਮਾ ਨੰਦ ਜੀ ਭੂਰੀਵਾਲਿਆਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੇ। •

94634-42400

*ਕਿਸਾਨਾਂ ਨੂੰ ਕਣਕ-ਝੋਨੇ ਦੇ ਫ਼ਸਲੀ ਚੱਕਰ 'ਚੋਂ ਕੱਢਣ ਲਈ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਸਬਜ਼ੀਆਂ ਦੀਆਂ ਨਵੀਆਂ ਕਿਸਮਾਂ ਈਜਾਦ ਕੀਤੀਆਂ ਗਈਆਂ ਹਨ। ਇਹ ਕਿਸਮਾਂ ਉਤਪਾਦਨ ਪੱਖੋਂ ਮਿਆਰੀ ਤੇ ਪੌਸ਼ਟਿਕ ਗੁਣਾਂ ਨਾਲ ਭਰਪੂਰ ਹਨ...*

# ਮੀਲ-ਪੱਥਰ ਸਾਬਤ ਹੋਣਗੀਆਂ ਸਬਜ਼ੀਆਂ ਦੀਆਂ ਨਵੀਆਂ ਕਿਸਮਾਂ

• ਡਾ. ਜਗਵਿੰਦਰ ਸਿੰਘ

ਮਨੁੱਖੀ ਸਿਹਤ ਲਈ ਸਬਜ਼ੀਆਂ ਦਾ ਮਹੱਤਵ ਪਿਛਲੇ ਕੁਝ ਸਾਲਾਂ ਤੋਂ ਉਭਰਵੇਂ ਰੂਪ 'ਚ ਸਾਹਮਣੇ ਆਇਆ ਹੈ। ਨਵੀਂ ਜੀਵਨ-ਸ਼ੈਲੀ ਕਾਰਨ ਪੈਦਾ ਹੋਣ ਵਾਲੀਆਂ ਸਿਹਤ ਸਮੱਸਿਆਵਾਂ ਦੇ ਹੱਲ ਲਈ ਮਾਹਿਰਾਂ ਨੇ ਸਬਜ਼ੀਆਂ ਨੂੰ ਖ਼ੁਰਾਕ ਦਾ ਹਿੱਸਾ ਬਣਾਉਣ 'ਤੇ ਬਲ ਦਿੱਤਾ ਹੈ। ਆਪਣੇ ਗੁਣਾਂ ਕਾਰਨ ਸਬਜ਼ੀਆਂ ਨੂੰ ਮੁਕੰਮਲ ਭੋਜਨ ਮੰਨਿਆ ਜਾਂਦਾ ਹੈ। ਕੁਝ ਸਾਲਾਂ ਤੋਂ ਪੰਜਾਬ ਦੇ ਖੇਤੀ-ਚੱਕਰ ਵਿਚ ਸਬਜ਼ੀਆਂ ਦੇ ਉਤਪਾਦਨ ਨੂੰ ਸ਼ਾਮਿਲ ਕਰਨ ਸਬੰਧੀ ਮਾਹਿਰਾਂ ਦੀਆਂ ਸਿਫ਼ਾਰਸ਼ਾਂ ਲਗਾਤਾਰ ਸਾਹਮਣੇ ਆਈਆਂ ਹਨ। ਇਸ ਦੇ ਫਲਸਰੂਪ ਪੰਜਾਬ ਵਿਚ ਸਬਜ਼ੀਆਂ ਹੇਠਲੇ ਰਕਬੇ 'ਚ ਵਾਧਾ ਹੋਇਆ ਹੈ। ਇਸ ਦੇ ਫਲਸਰੂਪ ਸਬਜ਼ੀਆਂ ਦੀ ਖੇਤੀ ਹੇਠ ਪੰਜਾਬ ਦੇ ਰਕਬੇ 'ਚ ਵਾਧਾ ਵੀ ਦਰਜ ਕੀਤਾ ਗਿਆ ਹੈ। 2000-2001 ਵਿਚ ਸਬਜ਼ੀਆਂ ਹੇਠ ਕੁੱਲ ਰਕਬਾ 1.10 ਲੱਖ ਹੈਕਟੇਅਰ ਸੀ, ਜੋ 2016-17 ਵਿਚ ਵਧ ਕੇ 2.43 ਲੱਖ ਹੈਕਟੇਅਰ ਹੋਇਆ।

ਸਬਜ਼ੀਆਂ ਦੀ ਪੈਦਾਵਾਰ ਵਿਚ ਵੀ ਇਸ ਵਾਧੇ ਨਾਲ ਤਬਦੀਲੀ ਦਰਜ ਹੋਈ। 2016-17 ਵਿਚ ਸਬਜ਼ੀਆਂ ਦਾ ਕੁੱਲ ਉਤਪਾਦਨ 48.21 ਲੱਖ ਟਨ ਸੀ, ਤਾਂ ਵੀ ਖੇਤੀ ਮਾਹਿਰ ਇਸ ਗੱਲ ਲਈ ਕੋਸ਼ਿਸ਼ ਕਰਦੇ ਰਹੇ ਹਨ ਕਿ ਸਬਜ਼ੀਆਂ ਦੀ ਖੇਤੀ ਨੂੰ ਨਵੀਂ ਵਿਕਸਿਤ ਖੋਜ ਤੇ ਤਕਨੀਕ ਨਾਲ ਜੋੜ ਕੇ ਐਸੀਆਂ ਕਿਸਮਾਂ ਪੈਦਾ ਕੀਤੀਆਂ ਜਾਣ ਜਿਨ੍ਹਾਂ ਨਾਲ ਕਿਸਾਨਾਂ ਦਾ ਮੁਨਾਫ਼ਾ ਹੋਰ ਵਧੇ। ਇਹ ਕਿਸਾਨ ਨੂੰ ਕਣਕ-ਝੋਨੇ ਦੇ ਰਵਾਇਤੀ ਫ਼ਸਲੀ ਚੱਕਰ ਵਿੱਚੋਂ ਕੱਢਣ ਦੀਆਂ ਕੋਸ਼ਿਸ਼ਾਂ ਦੀ ਹੀ ਇਕ ਲੜੀ ਹੈ। ਇਹ ਕਿਸਮਾਂ ਪੰਜਾਬ ਵਿਚ ਸਬਜ਼ੀਆਂ ਦੀ ਖੇਤੀ ਨੂੰ ਨਵੇਂ ਰਸਤੇ 'ਤੇ ਤੋਰਨ ਵਾਲੀਆਂ ਹਨ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਵਿਗਿਆਨੀਆਂ ਨੇ ਇਸੇ ਸਿਲਸਿਲੇ ਵਿਚ ਕੁਝ ਨਵੀਆਂ ਕਿਸਮਾਂ ਵਿਕਸਿਤ ਕੀਤੀਆਂ ਹਨ। ਇਨ੍ਹਾਂ ਕਿਸਮਾਂ ਨੂੰ ਬੀਤੇ ਦਿਨੀਂ ਪ੍ਰਵਾਨਗੀ ਦੇਣ ਵਾਲੀ ਸੂਬਾ ਪੱਧਰੀ ਕਮੇਟੀ ਨੇ ਵੀ ਪ੍ਰਵਾਨ ਕਰ ਲਿਆ ਹੈ। ਪੀਏਯੂ ਨੇ ਕਿਸਾਨਾਂ ਨੂੰ ਇਨ੍ਹਾਂ ਕਿਸਮਾਂ ਦੀ ਬਿਜਾਈ ਲਈ ਸਿਫ਼ਾਰਸ਼ ਕਰਦਿਆਂ ਇਨ੍ਹਾਂ ਦੇ ਵਿਲੱਖਣ ਗੁਣਾਂ ਉਪਰ ਝਾਤ ਪੁਆਈ ਹੈ :



### ਪੀਏਯੂ ਮਗਜ਼ ਕੱਦੂ-1

*ਇਹ ਖਾਣ ਵਾਲੇ ਬੀਜਾਂ ਦੇ ਤੌਰ 'ਤੇ ਬੇਹੱਦ ਢੁਕਵੀਂ ਕਿਸਮ ਹੈ। ਇਸ ਦੀ ਵਰਤੋਂ ਮਗਜ਼ ਤੇ ਸਨੈਕਸ ਲਈ ਕੀਤੀ ਜਾ ਸਕਦੀ ਹੈ। ਬੀਜ ਛਿਲਕਾ ਰਹਿਤ ਹੁੰਦਾ ਹੈ, ਵੇਲਾਂ ਛੋਟੀਆਂ ਤੇ ਪੱਤੇ ਗੂੜ੍ਹੇ ਹਰੇ ਹੁੰਦੇ ਹਨ। ਫਲ ਦਰਮਿਆਨੇ ਗੋਲ ਤੇ ਪੱਕਣ ਤੋਂ ਬਾਅਦ ਪੀਲੇ ਹੋ ਜਾਂਦੇ ਹਨ। ਇਸ ਦੇ ਬੀਜਾਂ 'ਚ ਓਮੇਗਾ-6 ਦੀ ਔਸਤ ਮਾਤਰਾ 32 ਫ਼ੀਸਦੀ, ਪ੍ਰੋਟੀਨ 3 ਫ਼ੀਸਦੀ ਤੇ ਤੇਲ 27 ਫ਼ੀਸਦੀ ਹੁੰਦਾ ਹੈ। ਪ੍ਰਤੀ ਏਕੜ 2.9 ਕੁਇੰਟਲ ਬੀਜ ਇਸ ਕਿਸਮ ਤੋਂ ਮਿਲ ਸਕਦਾ ਹੈ।*

### ਕੁਫ਼ਰੀ ਗੰਗਾ

ਆਲੂਆਂ ਦੀ ਇਹ ਕਿਸਮ ਮੋਟੇ, ਚਿੱਟੀ ਛਿੱਲ ਵਾਲੇ, ਅੰਡਾਕਾਰ ਤੇ ਗੁੱਦੇ ਵਾਲੇ ਫਲਾਂ ਲਈ ਜਾਣੀ ਜਾਂਦੀ ਹੈ। ਔਸਤ ਝਾੜ 187 ਕੁਇੰਟਲ ਪ੍ਰਤੀ ਏਕੜ ਹੈ।

### ਪੰਜਾਬ ਖੀਰਾ-1



ਇਹ ਕਿਸਮ ਖੀਰਿਆਂ ਦੀਆਂ ਉੱਨਤ ਕਿਸਮਾਂ ਵਿੱਚੋਂ ਇਕ ਹੈ। ਇਸ ਦੀ ਖੇਤੀ ਲਈ ਪੌਲੀ ਹਾਊਸ ਦੀ ਸਿਫ਼ਾਰਸ਼ ਕੀਤੀ ਜਾਂਦੀ ਹੈ। ਇਸ ਕਿਸਮ ਦੇ ਫਲ ਗੂੜ੍ਹੇ ਹਰੇ, ਨਰਮ, ਕੁੜੱਤਣ ਤੇ ਬੀਜਾਂ ਤੋਂ ਰਹਿਤ ਅਤੇ ਦਰਮਿਆਨੇ ਆਕਾਰ ਦੇ ਹੁੰਦੇ ਹਨ। ਫਲ ਦਾ ਔਸਤ ਭਾਰ 125 ਗ੍ਰਾਮ ਹੁੰਦਾ ਹੈ। ਇਸ ਕਿਸਮ ਨੂੰ ਸਾਲ 'ਚ ਦੋ ਵਾਰ ਸਤੰਬਰ ਅਤੇ ਜਨਵਰੀ ਵਿਚ ਬੀਜਿਆ ਜਾ ਸਕਦਾ ਹੈ। ਸਤੰਬਰ ਵਿਚ ਬੀਜੀ ਫ਼ਸਲ ਦੀ ਪਹਿਲੀ ਤੁੜਾਈ 45 ਦਿਨ ਬਾਅਦ ਹੁੰਦੀ ਹੈ ਤੇ ਔਸਤ ਝਾੜ 304 ਕੁਇੰਟਲ ਪ੍ਰਤੀ ਏਕੜ ਰਹਿੰਦਾ ਹੈ। ਜਨਵਰੀ ਵਾਲੀ ਫ਼ਸਲ ਦੀ ਤੁੜਾਈ 60 ਦਿਨ ਬਾਅਦ ਹੁੰਦੀ ਹੈ ਤੇ ਔਸਤ ਝਾੜ 370 ਕੁਇੰਟਲ ਪ੍ਰਤੀ ਏਕੜ ਹੈ।



### ਪੰਜਾਬ ਸਵਰਨਾ

*ਟਮਾਟਰ ਦੀ ਇਹ ਕਿਸਮ ਬੀਜਣ ਤੋਂ 120 ਦਿਨ ਬਾਅਦ ਤਿਆਰ ਹੋ ਜਾਂਦੀ ਹੈ। ਇਸ ਦੇ ਫਲ ਗੁੱਛਿਆਂ ਵਿਚ ਲਗਦੇ ਹਨ ਤੇ ਹਰ ਗੁੱਛੇ 'ਚ ਔਸਤ 8-10 ਫਲ ਹੁੰਦੇ ਹਨ। ਇਸ ਕਿਸਮ ਦੇ ਫਲਾਂ 'ਚ ਔਸਤ ਟੀਐੱਸਐੱਸ 4 ਫ਼ੀਸਦੀ ਅਤੇ ਕੈਰੋਟੀਨ ਦੀ ਮਾਤਰਾ 14 ਮਿਲੀਗ੍ਰਾਮ ਪ੍ਰਤੀ 100 ਗ੍ਰਾਮ ਹੁੰਦੀ ਹੈ। ਔਸਤ ਝਾੜ 166 ਕੁਇੰਟਲ ਤੋਂ 1087 ਕੁਇੰਟਲ ਪ੍ਰਤੀ ਏਕੜ ਤਕ ਗਿਣਿਆ ਜਾਂਦਾ ਹੈ।*

### ਪੰਜਾਬ ਰੌਣਕ

ਲੰਬੇ ਬੈਂਗਣਾਂ ਦੀ ਇਹ ਕਿਸਮ ਜਲਦੀ ਤਿਆਰ ਹੋਣ ਵਾਲੀ ਹੈ। ਇਸ ਕਿਸਮ ਦੇ ਪੱਤੇ ਹਰੇ, ਫਲ ਦਰਮਿਆਨੇ ਆਕਾਰ ਵਾਲੇ ਗੂੜ੍ਹੇ ਜਾਮਣੀ ਹੁੰਦੇ ਹਨ। ਔਸਤ ਝਾੜ 242 ਕੁਇੰਟਲ ਪ੍ਰਤੀ ਏਕੜ ਹੈ।

### ਪੰਜਾਬ ਟੀਂਡਾ-1

ਇਹ ਅਗੇਤੀ ਕਿਸਮ ਹੈ ਤੇ ਬਹਾਰ ਰੁੱਤ 'ਚ ਇਸ ਦੀ ਬਿਜਾਈ ਬਹੁਤ ਢੁਕਵੀਂ ਹੈ। ਇਸ ਕਿਸਮ ਦੇ ਫਲ ਗੋਲ, ਚਮਕੀਲੇ, ਨਰਮ ਤੇ ਚਿੱਟੇ ਗੁੱਦੇ ਵਾਲੇ ਹੁੰਦੇ ਹਨ। ਫਲ ਦਾ ਔਸਤ ਭਾਰ 60 ਗ੍ਰਾਮ ਹੁੰਦਾ ਹੈ। 72 ਕੁਇੰਟਲ ਪ੍ਰਤੀ ਏਕੜ ਝਾੜ ਦੇਣ ਵਾਲੀ ਇਹ ਕਿਸਮ ਬਿਜਾਈ ਤੋਂ 54 ਦਿਨ ਬਾਅਦ ਪਹਿਲੀ ਤੁੜਾਈ ਲਈ ਤਿਆਰ ਹੁੰਦੀ ਹੈ। •

83605-79037



# ਬਾਸਮਤੀ ਸੁਚੱਜੇ ਮੰਡੀਕਰਨ ਲਈ ਸੀਮਤ ਰੱਖੋ ਰਕਬਾ

ਬਾਸਮਤੀ ਦੀ ਕਾਸ਼ਤ ਪੰਜਾਬ, ਹਰਿਆਣਾ, ਦਿੱਲੀ, ਹਿਮਾਚਲ ਪ੍ਰਦੇਸ਼, ਉੱਤਰਾਖੰਡ, ਪੱਛਮੀ ਉੱਤਰ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਦੇ ਦੋ ਜ਼ਿਲ੍ਹਿਆਂ ਵਿਚ ਪ੍ਰਮੁੱਖਤਾ ਨਾਲ ਕੀਤੀ ਜਾਂਦੀ ਹੈ। ਚੌਲਾਂ ਦੀ ਸ਼੍ਰੇਣੀ ਵਿਚ ਇਸ ਨੂੰ 'ਮਹਾਰਾਣੀ' ਦਾ ਦਰਜਾ ਹਾਸਲ ਹੈ। 2017-18 ਦੌਰਾਨ ਭਾਰਤ ਵਿੱਚੋਂ ਲਗਪਗ 40.52 ਲੱਖ ਮੀਟਰਿਕ ਟਨ ਬਾਸਮਤੀ ਐਕਸਪੋਰਟ ਕੀਤੀ ਗਈ, ਜਿਸ ਤੋਂ 26,841 ਕਰੋੜ ਰੁਪਏ ਦੀ ਆਮਦਨ ਹੋਈ। ਪਿਛਲੇ ਸਾਲ ਦੇ ਮੁਕਾਬਲੇ 2017-18 ਦੌਰਾਨ ਬਾਸਮਤੀ ਦੇ ਭਾਅ ਵਿਚ 35-40 ਫ਼ੀਸਦੀ ਦੀ ਤੇਜ਼ੀ ਰਹੀ। ਇਹ ਆਉਣ ਵਾਲੇ ਸੀਜ਼ਨ ਲਈ ਸ਼ੁਭ ਸੰਕੇਤ ਮੰਨਿਆ ਜਾ ਰਿਹਾ ਹੈ।

### ਫ਼ਸਲ ਦੀ ਭਰਮਾਰ, ਕੀਮਤ 'ਚ ਗਿਰਾਵਟ

ਬਾਸਮਤੀ ਦੀ ਕੀਮਤ ਵਿਚ ਹੋਏ ਵਾਧੇ ਦਾ ਕਾਰਨ ਬਾਸਮਤੀ ਦੀ ਕਾਸ਼ਤ ਅਧੀਨ ਪਿਛਲੇ ਦੋ ਸਾਲਾਂ ਦੌਰਾਨ ਰਕਬੇ ਦਾ ਘਟਣਾ ਵੀ ਹੈ। ਪੰਜਾਬ ਦੇ ਕਿਸਾਨ ਇਸ ਤੱਥ ਤੋਂ ਵੀ ਵਾਕਿਫ਼ ਹਨ ਕਿ ਪਿਛਲੇ ਕਈ ਸਾਲਾਂ ਦੌਰਾਨ ਬਾਸਮਤੀ ਦੇ ਭਾਅ 'ਚ ਕਾਫ਼ੀ ਉਤਰਾਅ-ਚੜ੍ਹਾਅ ਆਉਂਦੇ ਰਹੇ ਹਨ। ਜੇ ਪਿਛਲੇ ਕੁਝ ਸਾਲਾਂ ਦੇ ਮੰਡੀਕਰਨ ਦਾ ਵਿਸ਼ਲੇਸ਼ਣ ਕੀਤਾ ਜਾਵੇ ਤਾਂ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਜਦੋਂ ਵੀ ਬਾਸਮਤੀ ਦੀ ਕਾਸ਼ਤ ਅਧੀਨ ਰਕਬਾ ਘਟਿਆ ਹੈ ਤਾਂ ਕਿਸਾਨਾਂ ਨੂੰ ਇਸ ਦਾ ਵਧੀਆ ਮੁੱਲ ਮਿਲਿਆ ਹੈ। ਸਾਲ 2014-15 ਵਿਚ ਬਾਸਮਤੀ ਅਧੀਨ ਇਸ ਤੋਂ ਪਿਛਲੇ ਵਰ੍ਹੇ ਦੇ ਮੁਕਾਬਲੇ 55 ਫ਼ੀਸਦੀ ਵਧ ਕੇ 8.62 ਲੱਖ ਹੈਕਟੇਅਰ ਹੋ ਗਿਆ ਸੀ। ਜਿਸ ਕਾਰਨ ਮੰਡੀਆਂ 'ਚ ਬਾਸਮਤੀ ਦੀ ਭਰਮਾਰ ਹੋ ਗਈ ਤੇ ਦੇਸ਼ ਭਰ ਦੀਆਂ ਮੰਡੀਆਂ 'ਚ ਬਾਸਮਤੀ ਦੇ ਭਾਅ 'ਚ ਕਾਫ਼ੀ ਗਿਰਾਵਟ ਆ ਗਈ ਸੀ ਤੇ ਪੂਸਾ ਬਾਸਮਤੀ-1509 ਦਾ ਭਾਅ 900 ਤੋਂ 1100 ਰੁਪਏ ਪ੍ਰਤੀ ਕੁਇੰਟਲ ਰਹਿ ਗਿਆ ਸੀ। ਇਸ ਕਾਰਨ ਕਿਸਾਨਾਂ ਨੂੰ ਆਰਥਿਕ ਨੁਕਸਾਨ ਝੱਲਣਾ ਪਿਆ। ਮੰਦੀ ਦੀ ਇਸ ਸਥਿਤੀ ਨੂੰ ਦੇਖਦੇ ਹੋਏ ਕੇਂਦਰ ਸਰਕਾਰ ਨੇ ਦਖ਼ਲ ਦੇ ਕੇ ਪੰਜਾਬ ਤੇ ਹਰਿਆਣਾ ਦੀਆਂ ਖ਼ਰੀਦ ਏਜੰਸੀਆਂ ਨੂੰ ਪੂਸਾ ਬਾਸਮਤੀ-1509 ਨੂੰ ਪਰਮਲ ਝੋਨੇ ਦੇ ਭਾਅ (1450 ਰੁਪਏ/ਕੁਇੰਟਲ) 'ਤੇ ਖ਼ਰੀਦਣ ਲਈ ਕਿਹਾ। 2017 ਦੌਰਾਨ ਪੰਜਾਬ, ਹਰਿਆਣਾ ਤੇ ਉੱਤਰ ਪ੍ਰਦੇਸ਼ ਵਿਚ ਬਾਸਮਤੀ ਅਧੀਨ ਰਕਬੇ 'ਚ ਕ੍ਰਮਵਾਰ 8.7, 9.4 ਅਤੇ 3.91 ਫ਼ੀਸਦੀ ਦੀ ਗਿਰਾਵਟ ਆਈ ਤੇ ਪੂਰੇ ਮੁਲਕ ਵਿਚ ਇਹ ਗਿਰਾਵਟ 7.84 ਫ਼ੀਸਦੀ ਸੀ। ਰਕਬਾ ਘਟਣ ਕਾਰਨ ਕਿਸਾਨਾਂ ਨੂੰ ਬਾਸਮਤੀ ਦਾ ਚੰਗਾ ਭਾਅ ਮਿਲਿਆ। ਇਸ ਸਾਲ ਬਾਸਮਤੀ ਦਾ ਔਸਤ ਭਾਅ 2650 ਤੋਂ 3300 ਰੁਪਏ ਪ੍ਰਤੀ ਕੁਇੰਟਲ ਦੇ ਦਰਮਿਆਨ ਰਿਹਾ।

### ਕੌਮਾਂਤਰੀ ਮਾਪਦੰਡ


ਵਿਸ਼ਵ ਪੱਧਰ 'ਤੇ ਯੂਰਪੀਅਨ ਯੂਨੀਅਨ ਵੱਲੋਂ ਟ੍ਰਾਈਸਾਈਕਲਾਜ਼ੋਲ ਦਵਾਈ, ਜੋ ਕਿ ਭੁਰੜ (ਘੰਢੀ) ਰੋਗ ਦੀ ਰੋਕਥਾਮ ਲਈ ਵਰਤੀ ਜਾਂਦੀ ਹੈ, ਦੀ ਵੱਧ ਤੋਂ ਵੱਧ ਰਹਿੰਦ-ਖੂੰਹਦ ਦੀ ਹੱਦ 1.0 ਮਿਲੀਗ੍ਰਾਮ ਪ੍ਰਤੀ ਕਿੱਲੋ ਤੋਂ ਘਟਾ ਕੇ 0.01 ਮਿਲੀਗ੍ਰਾਮ ਪ੍ਰਤੀ ਕਿੱਲੋ ਕਰ ਦਿੱਤੀ ਗਈ ਹੈ। ਇਸ ਨਾਲ ਬਾਸਮਤੀ ਦੇ ਵਪਾਰ ਉੱਤੇ ਮਾੜਾ ਅਸਰ ਪੈ ਸਕਦਾ ਹੈ। ਯੂਰਪੀਅਨ ਯੂਨੀਅਨ ਵੱਲੋਂ ਵਿਰਾਸਤੀ ਬਾਸਮਤੀ ਕਿਸਮਾਂ ਦੀ ਹੀ ਮੰਗ ਹੈ। ਇਸ ਵਿਚ ਪੂਸਾ ਬਾਸਮਤੀ-1 ਤੇ ਪੂਸਾ-1401 (ਪੂਸਾ ਬਾਸਮਤੀ-6) ਕਿਸਮਾਂ ਪ੍ਰਮੁੱਖ ਹਨ। ਪੰਜਾਬ ਦੇ ਦੱਖਣੀ ਜ਼ਿਲ੍ਹਿਆਂ ਮਾਨਸਾ, ਸੰਗਰੂਰ, ਪਟਿਆਲਾ ਆਦਿ ਦੇ ਕੁਝ ਹਿੱਸਿਆਂ 'ਚ ਵੀ ਪੂਸਾ-1401 ਦੀ ਕਾਸ਼ਤ ਹੁੰਦੀ ਹੈ। ਕਿਸਾਨਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕੀ ਭੁਰੜ ਰੋਗ ਦੀ ਰੋਕਥਾਮ ਲਈ ਐਮੀਸਟਾਰ ਟੌਪ 325 ਐੱਸਸੀ 200 ਮਿਲੀਲੀਟਰ ਦਵਾਈ ਨੂੰ 200 ਲੀਟਰ ਪਾਣੀ 'ਚ ਘੋਲ ਕੇ ਪ੍ਰਤੀ ਏਕੜ ਦੇ ਹਿਸਾਬ ਨਾਲ, ਜਦੋਂ ਬੂਟਿਆਂ ਨੇ ਪੂਰਾ ਜਾੜ ਮਾਰ ਲਿਆ ਹੋਵੇ ਅਤੇ ਫਿਰ ਸਿੱਟੇ ਨਿਕਲਣ ਵੇਲੇ ਛਿੜਕਾਅ ਕਰੋ। ਦਵਾਈ ਦਾ ਪਛੇਤਾ ਛਿੜਕਾਅ ਨਹੀ ਕਰਨਾ ਚਾਹੀਦਾ ਕਿਉਂਕਿ ਇਹ ਦਵਾਈ ਦੀ ਰਹਿੰਦ-ਖੂੰਹਦ ਦਾ ਕਾਰਨ ਬਣਦਾ ਹੈ।

ਪਰਮਲ ਝੋਨੇ ਤੋਂ ਪ੍ਰਾਪਤ ਹੋ ਰਿਹਾ ਮੁਨਾਫ਼ਾ, ਬਾਸਮਤੀ ਦੇ ਮੁਨਾਫ਼ੇ ਲਈ ਮਾਪਦੰਡ ਦਾ ਕੰਮ ਕਰਦਾ ਹੈ। ਜੇ ਬਾਸਮਤੀ ਦਾ ਘੱਟੋ-ਘੱਟ ਮੁੱਲ 2534 ਰੁਪਏ ਹੋਵੇਗਾ ਤਦ ਹੀ ਇਸ ਦੀ ਕਾਸ਼ਤ ਲਾਹੇਵੰਦ ਹੋ ਸਕਦੀ ਹੈ। ਬਾਸਮਤੀ ਤੇ ਪਰਮਲ ਝੋਨੇ ਅਧੀਨ ਰਕਬੇ 'ਚ ਤਬਦੀਲੀ ਇਸ ਤੋਂ ਪੈਦਾ ਹੋਣ ਵਾਲੀ ਆਮਦਨ ਦੇ ਵਕਫ਼ੇ ਨੂੰ ਘੱਟ ਕਰਦੀ ਹੈ। ਭਾਵੇਂ ਵਾਤਾਵਰਨ ਦੀ ਸਾਂਭ-ਸੰਭਾਲ ਦੇ ਮੱਦੇਨਜ਼ਰ ਬਾਸਮਤੀ ਦੀ ਕਾਸ਼ਤ ਪਰਮਲ ਝੋਨੇ ਨਾਲੋਂ ਲਾਹੇਵੰਦ ਹੈ ਪ੍ਰੰਤੂ ਬਾਸਮਤੀ ਦੀ ਕਾਸ਼ਤ ਅਧੀਨ ਰਕਬੇ 'ਚ ਇਹ ਵਾਧਾ ਹੌਲੀ-ਹੌਲੀ ਹੋਣਾ ਚਾਹੀਦਾ ਹੈ ਜੋ ਕਿ ਇਸ ਦੀ ਵੱਧਦੀ ਖਪਤ ਨਾਲ ਮੇਲ ਖਾਵੇ। •



ਸੀਮਤ ਰਕਬਾ, ਸੁਚੱਜਾ ਮੰਡੀਕਰਨ

*ਪਿਛਲੇ ਸਾਲ ਬਾਸਮਤੀ ਦੇ ਭਾਅ 'ਚ ਤੇਜ਼ੀ ਨੂੰ ਦੇਖਦੇ ਹੋਏ ਅਨੁਮਾਨ ਲਗਾਇਆ ਜਾ ਰਿਹਾ ਹੈ ਕਿ ਇਸ ਸਾਲ ਬਾਸਮਤੀ ਅਧੀਨ ਰਕਬਾ ਵਧੇਗਾ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਲਗਾਏ ਜਾਂਦੇ ਕਿਸਾਨ ਮੇਲਿਆਂ ਦੌਰਾਨ ਬੀਜ ਦੀ ਵਿਕਰੀ ਤੋਂ ਵੀ ਅਜਿਹੇ ਸੰਕੇਤ ਮਿਲ ਰਹੇ ਹਨ। 2016 ਅਤੇ 2017 ਦੌਰਾਨ ਪਰਮਲ ਤੇ ਬਾਸਮਤੀ ਦੇ ਬੀਜ ਦੀ ਵਿਕਰੀ ਕ੍ਰਮਵਾਰ 81:19 ਤੇ 83:17 ਦੇ ਅਨੁਪਾਤ ਵਿਚ ਹੋਈ ਪ੍ਰੰਤੂ ਇਸ ਸਾਲ ਇਹ ਅਨੁਪਾਤ 76:24 ਰਿਹਾ। ਪੰਜਾਬ ਦੇ ਕਿਸਾਨਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਉਕਤ ਤੱਥਾਂ ਨੂੰ ਧਿਆਨ 'ਚ ਰੱਖਣ। ਜੇ ਬਾਸਮਤੀ ਅਧੀਨ ਰਕਬਾ 5 ਤੋਂ 5.5 ਲੱਖ ਹੈਕਟੇਅਰ (ਝੋਨੇ ਹੇਠਲੇ ਕੁੱਲ ਰਕਬੇ ਦਾ 15 ਤੋਂ 18 ਫ਼ੀਸਦੀ) ਤੋਂ ਵਧੇਗਾ ਤਾਂ ਇਸ ਦੇ ਮੰਡੀਕਰਨ 'ਚ ਸਮੱਸਿਆ ਆਵੇਗੀ। ਕਿਸਾਨਾਂ ਨੂੰ ਚਾਹੀਦਾ ਹੈ ਕਿ ਉਹ ਆਪਣੇ ਵੱਲੋਂ ਲਗਾਏ ਜਾ ਰਹੇ ਰਕਬੇ ਨੂੰ ਸੀਮਿਤ ਰੱਖਣ। ਇਹ ਵੀ ਜ਼ਿਕਰਯੋਗ ਹੈ ਕਿ ਵਿਦੇਸ਼ਾਂ ਨੂੰ ਬਰਾਮਦ ਕੀਤੀ ਜਾ ਰਹੀ ਬਾਸਮਤੀ ਦੀ ਮਾਤਰਾ ਵੀ ਪਿਛਲੇ ਕੁਝ ਸਾਲਾਂ ਤੋਂ 40 ਲੱਖ ਮੀਟਰਿਕ ਟਨ 'ਤੇ ਹੀ ਸੀਮਿਤ ਹੈ। ਇਹ ਵੀ ਬਾਸਮਤੀ ਅਧੀਨ ਰਕਬੇ ਨੂੰ ਸੀਮਤ ਰੱਖੇ ਜਾਣ ਦਾ ਇਕ ਵੱਡਾ ਸੰਕੇਤ ਹੈ।*



*ਬਾਸਮਤੀ ਵਿਚ ਕੁਝ ਬਿਮਾਰੀਆਂ ਬੀਜ ਤੇ ਜੜ੍ਹਾਂ ਜ਼ਰੀਏ ਫ਼ੈਲਦੀਆਂ ਹਨ। ਬਾਸਮਤੀ ਦੀ ਪਨੀਰੀ ਬੀਜਣ ਤੋਂ ਪਹਿਲਾਂ ਜੇ ਬੀਜ ਅਤੇ ਪਨੀਰੀ ਦੀਆਂ ਜੜ੍ਹਾਂ ਨੂੰ ਦਵਾਈਆਂ ਨਾਲ ਸੋਧ ਲਿਆ ਜਾਵੇ ਤਾਂ ਇਸ ਨਾਲ ਘਾਤਕ ਝੰਡਾ ਰੋਗ ਉੱਪਰ ਕਾਰਗਰ ਢੰਗ ਨਾਲ ਕਾਬੂ ਪਾਇਆ ਜਾ ਸਕਦਾ ਹੈ...*



# ਝੰਡਾ ਰੋਗ ਦੀ ਰੋਕਥਾਮ ਲਈ ਜ਼ਰੂਰੀ ਹੈ ਬੀਜ ਤੇ ਪਨੀਰੀ ਦੀ ਸੋਧ

• ਨਰਿੰਦਰ ਸਿੰਘ, ਦਲਜੀਤ ਸਿੰਘ ਬੁੱਟਰ


ਬਾਸਮਤੀ ਪੰਜਾਬ ਦੇ ਨਾਲ-ਨਾਲ ਪੂਰੇ ਭਾਰਤ ਦੀ ਅਹਿਮ ਫ਼ਸਲ ਹੈ। ਇਹ ਕੁਦਰਤ ਦੀ ਭਾਰਤੀ ਖੇਤਰ ਲਈ ਵਡਮੁੱਲੀ ਦੇਣ ਹੈ। ਇਸ ਦੇ ਚੌਲ ਲੰਬੇ ਤੇ ਆਸਾਨੀ ਨਾਲ ਪੱਕਣ, ਫੁੱਲਣ ਅਤੇ ਖ਼ਾਸ ਸੁਗੰਧੀ ਵਾਲੇ ਹੋਣ ਕਾਰਨ ਇਸ ਨੂੰ ਦੁਨੀਆ ਭਰ 'ਚ ਅਹਿਮ ਬਣਾਉਂਦੇ ਹਨ ਤੇ ਅੰਤਰਰਾਸ਼ਟਰੀ ਮੰਡੀ ਵਿਚ ਇਸ ਦਾ ਆਮ ਝੋਨੇ ਨਾਲੋਂ ਤਿੰਨ ਗੁਣਾ ਜ਼ਿਆਦਾ ਮੁੱਲ ਹੁੰਦਾ ਹੈ। ਭਾਰਤ ਬਾਸਮਤੀ ਨੂੰ ਬਰਾਮਦ ਕਰਨ ਵਾਲਾ ਮੁੱਖ ਦੇਸ਼ ਹੈ। ਭਾਰਤ ਨੇ ਪਿਛਲੇ ਸਾਲ 39.9 ਲੱਖ ਟਨ ਬਾਸਮਤੀ ਚੌਲ ਵਿਦੇਸ਼ਾਂ ਨੂੰ ਬਰਾਮਦ ਕੀਤੇ। ਪੰਜਾਬ ਵਿਚ ਬੀਤੇ ਵਰ੍ਹੇ ਬਾਸਮਤੀ ਝੋਨੇ ਹੇਠ 5.52 ਲੱਖ ਹੈਕਟੇਅਰ ਰਕਬਾ ਸੀ ਤੇ ਇਸ ਦੀ 20.9 ਲੱਖ ਟਨ ਪੈਦਾਵਾਰ ਹੋਈ ਸੀ।

### ਰੋਗ ਦੇ ਕਾਰਨ

ਝੰਡਾ ਰੋਗ ਕਾਰਨ ਬਾਸਮਤੀ ਦੇ ਉਤਪਾਦਨ 'ਚ ਕਾਫ਼ੀ ਗਿਰਾਵਟ ਆਉਂਦੀ ਹੈ ਤੇ ਇਸ ਦਾ ਮਿਆਰ ਵੀ ਡਿੱਗਦਾ ਹੈ। ਝੰਡਾ ਰੋਗ ਇਕ ਉੱਲੀ ਰੋਗ ਹੈ। ਪੰਜਾਬ ਵਿਚ ਬਾਸਮਤੀ ਦੀਆਂ ਪੂਸਾ-1121 ਤੇ ਪੂਸਾ-1509 ਲਗਾਉਣ ਨਾਲ ਇਹ ਰੋਗ ਵੱਡਾ ਖ਼ਤਰਾ ਬਣਿਆ ਹੈ। ਬਿਮਾਰੀ ਵਾਲਾ ਬੀਜ ਇਸ ਰੋਗ ਦਾ ਮੁੱਖ ਕਾਰਨ ਹੈ। ਇਸ ਰੋਗ ਦੇ ਜੀਵਾਣੂ ਬਾਸਮਤੀ ਦਾ ਝਾੜ ਘਟਾਉਣ ਤੋਂ ਇਲਾਵਾ ਇਕ ਮਾਈਕ੍ਰੋਟੌਕਸਿਨ (ਜ਼ਹਿਰੀਲਾ ਮਾਦਾ) ਪੈਦਾ ਕਰਦਾ ਹੈ ਜੋ ਮਨੁੱਖਾਂ ਤੇ ਜਾਨਵਰਾਂ ਦੀ ਸਿਹਤ ਲਈ ਵੱਡਾ ਖ਼ਤਰਾ ਹੈ। ਇਸ ਰੋਗ ਦੀ ਉੱਲੀ ਫ਼ੂਜ਼ੇਰੀਅਮ ਮੋਨੀਲੀਫਾਰਮੀ ਦੇ ਕਣ ਬੀਜ ਤੇ ਮਿੱਟੀ ਰਾਹੀਂ ਫੈਲਦੀ ਹੈ। ਇਹ ਕਣ ਝੋਨੇ ਦੀ ਪਨੀਰੀ ਤੇ ਦਾਣੇ ਦੇ ਪੁੰਗਰਨ ਸਮੇਂ ਜੜ੍ਹਾਂ ਜਾਂ ਧਰਤੀ ਨਾਲ ਲਗਦੇ ਤਣੇ ਰਾਹੀਂ ਪੌਦੇ 'ਤੇ ਹਮਲਾ ਕਰਦੇ ਹਨ। ਇਸ ਦੇ ਹਮਲੇ ਨਾਲ ਪ੍ਰਭਾਵਿਤ ਬੂਟੇ ਪੀਲੇ ਪੈ ਜਾਂਦੇ ਹਨ ਤੇ ਹੇਠਾਂ ਤੋਂ ਉੱਪਰ ਵੱਲ ਨੂੰ ਮੁਰਝਾਉਣ ਤੋਂ ਬਾਅਦ ਸੁੱਕ ਜਾਂਦੇ ਹਨ। ਬਿਮਾਰੀ ਵਾਲੇ ਬੂਟੇ ਦੂਜਿਆਂ ਨਾਲੋਂ ਉੱਚੇ ਹੁੰਦੇ ਹਨ ਤੇ ਜ਼ਮੀਨ ਉੱਪਰਲੀਆਂ ਪੋਰੀਆਂ ਤੋਂ ਜੜ੍ਹਾਂ ਬਣਾ ਲੈਂਦੇ ਹਨ। ਬੂਟਿਆਂ ਦੇ ਤਣੇ 'ਤੇ ਗੁਲਾਬੀ ਰੰਗ ਦੀ ਉੱਲੀ ਵੇਖੀ ਜਾ ਸਕਦੀ ਹੈ। ਇਹ ਉੱਲੀ ਜੇ ਸਾਰੇ ਖੇਤ ਵਿਚ ਫ਼ੈਲ ਜਾਵੇ ਤਾਂ ਉਤਪਾਦਨ ਅਤੇ ਆਰਥਿਕਤਾ ਲਈ ਵੱਡੇ ਨੁਕਸਾਨ ਦਾ ਕਾਰਨ ਬਣਦੀ ਹੈ। ਇਸ ਲਈ ਸਮਾਂ ਰਹਿੰਦਿਆਂ ਜੇ ਬੀਜ ਅਤੇ ਪਨੀਰੀ ਦੀਆਂ ਜੜ੍ਹਾਂ ਦੀ ਸੋਧ ਕਰ ਕੇ ਖੇਤ ਵਿਚ ਬੀਜਿਆ ਜਾਵੇ ਤਾਂ ਇਸ ਰੋਗ ਉੱਪਰ ਵੱਡੇ ਪੱਧਰ 'ਤੇ ਕਾਬੂ ਪਾਇਆ ਜਾ ਸਕਦਾ ਹੈ।

### ਰੋਕਥਾਮ ਲਈ ਜ਼ਰੂਰੀ ਨੁਕਤੇ

ਝੰਡਾ ਰੋਗ ਦੀ ਰੋਕਥਾਮ ਲਈ ਜ਼ਰੂਰੀ ਹੈ ਕਿ ਰੋਗ ਰਹਿਤ ਬੀਜ ਦੀ ਵਰਤੋਂ ਕੀਤੀ ਜਾਵੇ। ਇਸ ਲਈ ਜ਼ਰੂਰੀ ਹੈ ਕਿ ਬੀਜ ਕਿਸੇ ਭਰੋਸੇਯੋਗ ਏਜੰਸੀ ਤੋਂ ਹੀ ਖ਼ਰੀਦਿਆ ਜਾਵੇ। ਬੀਜ ਨੂੰ ਬੀਜਣ ਤੋਂ ਪਹਿਲਾਂ ਬਾਵਿਸਟਨ 50 ਡਬਲਿਊਪੀ 0.2 ਫ਼ੀਸਦੀ (20 ਗ੍ਰਾਮ+ਸਟ੍ਰੈਪਟੋਸਾਈਕਲਿਨ 0.01 ਫ਼ੀਸਦੀ ਪ੍ਰਤੀ ਇਕ ਗ੍ਰਾਮ) 10 ਲੀਟਰ ਪਾਣੀ ਦੇ ਘੋਲ ਵਿਚ 12 ਘੰਟੇ ਲਈ ਡੁਬੋ ਦਿਉ। ਪਨੀਰੀ ਨੂੰ ਖੇਤ 'ਚ ਲਗਾਉਣ ਤੋਂ ਪਹਿਲਾਂ ਉਸ ਦੀਆਂ ਜੜ੍ਹਾਂ ਨੂੰ ਬਾਵਿਸਟਨ 50 ਡਬਲਿਊਪੀ (0.2 ਫ਼ੀਸਦੀ) ਦੇ ਘੋਲ 'ਚ 6 ਘੰਟੇ ਲਈ ਡੁਬੋ ਲਵੋ ਜਾਂ ਬੀਜ ਨੂੰ ਬੀਜਣ ਤੋਂ ਪਹਿਲਾਂ ਬਾਵਿਸਟਨ 0.05 ਫ਼ੀਸਦੀ (5 ਗ੍ਰਾਮ+ਸਟ੍ਰੈਪਟੋਸਾਈਕਲੀਨ 1 ਗ੍ਰਾਮ) ਨੂੰ 10 ਲੀਟਰ ਪਾਣੀ ਵਿਚ 12 ਘੰਟੇ ਲਈ ਡੁਬੋ ਲਉ। ਬੀਜਣ ਤੋਂ ਪਹਿਲਾਂ ਟਰਾਈਕੋਡਰਮਾ ਹਰਜ਼ੀਐਨਮ 15 ਗ੍ਰਾਮ ਪ੍ਰਤੀ ਕਿੱਲੋ ਬੀਜ ਦੇ ਹਿਸਾਬ ਨਾਲ ਸੋਧ ਲਉ। ਪਨੀਰੀ ਨੂੰ ਖੇਤ 'ਚ ਲਗਾਉਣ ਤੋਂ ਪਹਿਲਾਂ ਉਸ ਦੀਆਂ ਜੜ੍ਹਾਂ ਨੂੰ ਵੀ ਟਰਾਈਕੋਡਰਮਾ ਹਾਰਜ਼ੀਐਨਮ 15 ਗ੍ਰਾਮ ਪ੍ਰਤੀ ਲੀਟਰ ਦੇ ਹਿਸਾਬ ਨਾਲ ਪਾਣੀ ਵਿਚ 6 ਘੰਟੇ ਲਈ ਡੁਬੋ ਲਵੋ। ਪਨੀਰੀ ਦੇ ਬਿਮਾਰੀ ਵਾਲੇ ਬੂਟਿਆਂ ਨੂੰ ਖੇਤ ਵਿੱਚੋਂ ਪੁੱਟ ਕੇ ਨਸ਼ਟ ਕਰ ਦੇਵੋ। ਨਸ਼ਟ ਕਰਨ ਲਈ ਉਨ੍ਹਾਂ ਨੂੰ ਜ਼ਮੀਨ ਵਿਚ ਡੂੰਘਾ ਟੋਆ ਪੁੱਟ ਕੇ ਨੱਪ ਦੇਵੋ। ਬੀਜ ਵਾਲੀ ਫ਼ਸਲ 'ਤੇ ਬਿਮਾਰੀ ਰਹਿਤ ਬੀਜ ਪੈਦਾ ਕਰਨ ਲਈ ਟਿਲਟ 25 ਈਸੀ ਦੀ 200 ਮਿਲੀਲੀਟਰ ਮਾਤਰਾ ਨੂੰ 200 ਲੀਟਰ ਪਾਣੀ 'ਚ ਘੋਲ ਕੇ ਫ਼ਸਲ ਦੇ ਨਿਸਾਰ ਸਮੇਂ ਸਪਰੇਅ ਕਰੋ। •



### ਜ਼ਰੂਰੀ ਹੈ ਪਨੀਰੀ ਦੀਆਂ ਜੜ੍ਹਾਂ ਦੀ ਸੋਧ

*ਇਹ ਬਿਮਾਰੀ ਬਾਸਮਤੀ ਦੀਆਂ ਮਧਰੀਆਂ ਕਿਸਮਾਂ ਦੀ ਖੇਤੀ ਕਰਨ ਕਰਕੇ ਹਰ ਸਾਲ ਆਉਂਦੀ ਹੈ ਤੇ ਇਹ ਬਾਸਮਤੀ ਦੀ ਖੇਤੀ ਲਈ ਨੁਕਸਾਨ ਦਾ ਵੱਡਾ ਕਾਰਨ ਬਣ ਰਹੀ ਹੈ। 2016-17 ਵਿਚ ਝੰਡਾ ਰੋਗ ਦਾ ਮੁੱਖ ਹਮਲਾ ਅਬੋਹਰ, ਫਾਜ਼ਿਲਕਾ, ਫ਼ਰੀਦਕੋਟ, ਗੁਰਦਾਸਪੁਰ ਤੇ ਅੰਮ੍ਰਿਤਸਰ ਜ਼ਿਲ੍ਹਿਆਂ 'ਚ ਨਾਮਾਤਰ ਤੋਂ 60 ਫ਼ੀਸਦੀ ਤਕ ਦੇਖਣ ਨੂੰ ਮਿਲਿਆ। ਵੇਖਣ 'ਚ ਆਇਆ ਹੈ ਕਿ ਇਨ੍ਹਾਂ ਜ਼ਿਲ੍ਹਿਆਂ ਦੇ ਕਿਸਾਨਾਂ ਨੇ ਸਿਰਫ਼ ਬਾਸਮਤੀ ਦੇ ਬੀਜ ਦੀ ਸੋਧ ਤਕਨੀਕ ਹੀ ਅਪਣਾਈ ਪਰ ਪਨੀਰੀ ਦੀਆਂ ਜੜ੍ਹਾਂ ਦੀ ਸੋਧ ਨਹੀਂ ਕੀਤੀ, ਜਿਸ ਕਰਕੇ ਉਨ੍ਹਾਂ ਦੇ ਖੇਤਾਂ 'ਚ ਝੰਡਾ ਰੋਗ ਕਾਫ਼ੀ ਵੇਖਣ ਨੂੰ ਮਿਲਿਆ। ਇਸ ਰੋਗ ਨੂੰ ਜੇ ਸਮੇਂ ਸਿਰ ਕਾਬੂ ਨਾ ਕੀਤਾ ਜਾਵੇ ਤਾਂ ਇਹ ਬਾਸਮਤੀ ਦੇ ਝਾੜ ਨੂੰ ਬਹੁਤ ਘਟਾ ਦਿੰਦਾ ਹੈ। ਇਸ ਦੀ ਰੋਕਥਾਮ ਲਈ ਜ਼ਰੂਰੀ ਹੈ ਕਿ ਬੀਜ ਅਤੇ ਪਨੀਰੀ ਨੂੰ ਸੋਧ ਕੇ ਬੀਜਿਆ ਜਾਵੇ।*

*ਬਾਗ਼ਾਂ ਨੂੰ ਪਾਣੀ ਲਗਾਉਣ ਸਮੇਂ ਮੌਸਮ, ਸਿੰਚਾਈ ਦੇ ਸਮੇਂ ਅਤੇ ਤਰੀਕਿਆਂ ਦਾ ਧਿਆਨ ਰੱਖਣਾ ਬੇਹੱਦ ਲਾਜ਼ਮੀ ਹੈ। ਇਸ ਨਾਲ ਜਿੱਥੇ ਪਾਣੀ ਦੀ ਸੁਚੱਜੀ ਵਰਤੋਂ ਹੋਵੇਗੀ, ਉੱਥੇ ਫਲਾਂ ਦਾ ਮਿਆਰੀ ਉਤਪਾਦਨ ਲਿਆ ਜਾ ਸਕਦਾ ਹੈ...*



# ਫਲਦਾਰ ਬੂਟਿਆਂ ਲਈ ਪਾਣੀ ਦਾ ਸੁਚੱਜਾ ਪ੍ਰਬੰਧ

• ਗੁਰਤੇਗ ਸਿੰਘ, ਐੱਚਐੱਸ ਰਤਨਪਾਲ
98150-98883

ਫਲਦਾਰ ਬੂਟਿਆਂ ਤੋਂ ਵਧੀਆ ਤੇ ਨਿਰੰਤਰ ਝਾੜ ਲੈਣ ਲਈ ਪਾਣੀ ਦਾ ਸੁਚੱਜਾ ਪ੍ਰਬੰਧ ਬਹੁਤ ਜ਼ਰੂਰੀ ਹੈ। ਮਨੁੱਖੀ ਜੀਵਨ ਵਾਂਗ ਬੂਟਿਆਂ 'ਚ ਵੀ ਪਾਣੀ ਦੀ ਅਹਿਮ ਭੂਮਿਕਾ ਹੈ। ਬੂਟੇ ਪਾਣੀ ਦੁਆਰਾ ਹੀ ਮਿੱਟੀ 'ਚੋਂ ਖ਼ੁਰਾਕੀ ਤੱਤ ਲੈ ਕੇ ਅਪਣਾ ਜੀਵਨ-ਕਾਲ ਪੂਰਾ ਕਰਦੇ ਹਨ। ਫਲਦਾਰ ਬੂਟਿਆਂ ਲਈ ਪਾਣੀ ਦੀ ਸੁਚੱਜੀ ਵਰਤੋਂ ਕਰ ਕੇ ਜਿੱਥੇ ਚੰਗਾ ਮੁਨਾਫ਼ਾ ਕਮਾ ਸਕਦੇ ਹਾਂ ਉੱਥੇ ਕੁਦਰਤੀ ਸੋਮਿਆਂ ਦੀ ਸੰਭਾਲ ਵੀ ਕਰ ਸਕਦੇ ਹਾਂ। ਬਾਗ਼ਾਂ ਨੂੰ ਪਾਣੀ ਲਗਾ ਦੇਣਾ ਹੀ ਕਾਫ਼ੀ ਨਹੀਂ ਸਗੋਂ ਸਿੰਚਾਈ ਦੀ ਲੋੜ, ਸਮਾਂ ਤੇ ਤਰੀਕਿਆਂ ਬਾਰੇ ਜਾਣਕਾਰੀ ਹੋਣਾ ਬੇਹੱਦ ਜ਼ਰੂਰੀ ਹੈ।

### ਨਿੰਬੂ ਜਾਤੀ ਦੇ ਬੂਟੇ

ਛੋਟੇ ਬੂਟਿਆਂ ਨੂੰ ਤਿੰਨ-ਚਾਰ ਸਾਲਾਂ ਤਕ ਹਰ ਹਫ਼ਤੇ ਅਤੇ ਪੁਰਾਣੇ ਬੂਟਿਆਂ ਨੂੰ ਦੋ-ਤਿੰਨ ਹਫ਼ਤਿਆਂ ਪਿੱਛੋਂ ਮੌਸਮ, ਬਰਸਾਤ ਤੇ ਮਿੱਟੀ ਦੀ ਕਿਸਮ ਅਨੁਸਾਰ ਪਾਣੀ ਦੇਣਾ ਚਾਹੀਦਾ ਹੈ। ਫਰਵਰੀ ਵਿਚ ਕਰੂੰਬਲਾਂ ਫੁੱਟਣ ਤੋਂ ਪਹਿਲਾਂ, ਅਪ੍ਰੈਲ ਵਿਚ ਫਲ ਲੱਗਣ ਤੋਂ ਬਾਅਦ ਅਤੇ ਗਰਮੀ ਦੇ ਮੌਸਮ ਵਿਚ ਸਿੰਚਾਈ ਕਰਨੀ ਬਹੁਤ ਜ਼ਰੂਰੀ ਹੈ। ਗਰਮੀ ਕਾਰਨ ਫੁੱਲ ਅਤੇ ਫਲ ਝੜਨ ਦਾ ਖ਼ਤਰਾ ਵਧ ਜਾਂਦਾ ਹੈ। ਕਿੰਨੂ ਦੇ ਬਾਗ਼ਾਂ 'ਚ ਤੁਪਕਾ ਸਿੰਚਾਈਅ ਤਕਨੀਕ ਰਾਹੀਂ ਪਾਣੀ ਦੀ ਸੁਚੱਜੀ ਵਿਉਂਤਬੰਦੀ ਕਰ ਕੇ ਫਲ ਦੀ ਗੁਣਵੱਤਾ ਤੇ ਝਾੜ ਵਧਾਇਆ ਜਾ ਸਕਦਾ ਹੈ। ਅਲੱਗ-ਅਲੱਗ ਮਹੀਨਿਆਂ ਵਿਚ ਬੂਟੇ ਦੀ ਉਮਰ ਅਨੁਸਾਰ ਪਾਣੀ ਦੀ ਜ਼ਰੂਰਤ ਹੁੰਦੀ ਹੈ। ਡਿੱਗੀ ਵਿੱਚੋਂ ਨਹਿਰੀ ਪਾਣੀ ਚੁੱਕਣ ਵਾਸਤੇ 2 ਹਾਰਸ ਪਾਵਰ ਦਾ ਬੂਸਟਰ ਪੰਪ, ਜੋ ਸੂਰਜੀ ਬਿਜਲੀ ਨਾਲ ਚੱਲਦਾ ਹੋਵੇ, 10 ਏਕੜ ਕਿੰਨੂ ਦੇ ਬਾਗ਼ ਵਾਸਤੇ ਲਾਹੇਵੰਦ ਹੈ ਪਰ 15 ਅਤੇ 25 ਏਕੜ ਦੇ ਬਗ਼ੀਚੇ ਵਾਸਤੇ ਕ੍ਰਮਵਾਰ 3 ਤੇ 5 ਹਾਰਸ ਪਾਵਰ ਦੀ ਮੋਟਰ ਨਾਲ ਬੂਸਟਰ ਪੰਪ ਦੀ ਲੋੜ ਹੈ। ਸ਼ੁਰੂ ਵਿਚ ਪ੍ਰਤੀ ਬੂਟਾ 1-2 ਡ੍ਰਿਪਰਜ਼ ਦੀ ਲੋੜ ਹੁੰਦੀ ਹੈ, ਜੋ ਬਾਅਦ ਵਿਚ ਮਿੱਟੀ ਦੀ ਕਿਸਮ ਤੇ ਬੂਟੇ ਦੀ ਉਮਰ ਅਨੁਸਾਰ 4-5 ਤਕ ਵਧਾਏ ਜਾ ਸਕਦੇ ਹਨ। ਪਾਣੀ ਦੇ ਸਹੀ ਵਰਤੋਂ ਵਾਸਤੇ ਹਰ ਬੂਟੇ ਦੇ ਦੁਆਲੇ ਡ੍ਰਿਪਰਾਂ ਦਾ ਪ੍ਰਯੋਗ ਇਕ ਚੱਕਰ (ਲੂਪ) ਵਿਚ ਕਰਨਾ ਲਾਹੇਵੰਦ ਹੁੰਦਾ ਹੈ।

### ਅਮਰੂਦ

ਨਵੇਂ ਬਾਗ਼ਾਂ ਨੂੰ ਗਰਮੀਆਂ ਵਿਚ ਹਫ਼ਤੇ ਪਿੱਛੋਂ ਤੇ ਸਰਦੀਆਂ 'ਚ ਦੋ-ਤਿੰਨ ਪਾਣੀਆਂ ਦੀ ਜ਼ਰੂਰਤ ਪੈਂਦੀ ਹੈ। ਫਲ ਦਿੰਦੇ ਬੂਟਿਆਂ ਨੂੰ ਚੰਗਾ ਫੁੱਲ ਪੈਣ ਅਤੇ ਫਲ ਲੱਗਣ ਵੇਲੇ ਗਰਮੀਆਂ ਵਿਚ 15 ਦਿਨਾਂ ਬਾਅਦ ਤੇ ਸਰਦੀਆਂ 'ਚ ਇਕ ਮਹੀਨੇ ਦੇ ਵਕਫ਼ੇ ਨਾਲ ਪਾਣੀ ਦੇਣਾ ਚਾਹੀਦਾ ਹੈ। ਫੁੱਲ ਪੈਣ ਤੇ ਭਰਵੀਂ ਸਿੰਚਾਈ ਨਹੀਂ ਕਰਨੀ ਚਹੀਦੀ ਕਿਉਂ ਕਿ ਇਸ ਨਾਲ ਫੁੱਲ ਝੜ ਜਾਂਦੇ ਹਨ।

### ਲੀਚੀ

ਲੀਚੀ ਦੇ ਛੋਟੇ ਬੂਟਿਆਂ ਨੂੰ ਅਪ੍ਰੈਲ ਤੋਂ ਜੂਨ ਤਕ ਹਫ਼ਤੇ ਵਿਚ ਦੋ ਪਾਣੀਆਂ ਦੀ ਲੋੜ ਪੈਂਦੀ ਹੈ। ਸਰਦੀਆਂ 'ਚ ਇਕ ਪਾਣੀ ਹੀ ਕਾਫ਼ੀ ਹੈ। ਫਲ ਦਿੰਦੇ ਬੂਟਿਆਂ ਨੂੰ ਮਈ ਤੋਂ ਜੂਨ ਦੇ ਅਖ਼ੀਰ ਤਕ ਪਾਣੀ ਦੀ ਖ਼ਾਸ ਲੋੜ ਹੁੰਦੀ ਹੈ। ਇਨ੍ਹਾਂ ਨੂੰ ਹਫ਼ਤੇ 'ਚ ਦੋ ਵਾਰ ਪਾਣੀ ਦੇਣ ਨਾਲ ਫਲ ਚੰਗੀ ਤਰ੍ਹਾਂ ਵਧਦੇ ਹਨ ਤੇ ਫਟਣ ਦੀ ਸਮੱਸਿਆ ਘਟ ਜਾਂਦੀ ਹੈ। ਬਰਸਾਤਾਂ ਵਿਚ ਮੌਸਮ ਤੇ ਜ਼ਮੀਨ ਦੀ ਨਮੀ ਅਨੁਸਾਰ ਬੂਟਿਆਂ ਨੂੰ ਪਾਣੀ ਦੇਣਾ ਚਾਹੀਦਾ ਹੈ। ਨਵੰਬਰ-ਦਸੰਬਰ ਵਿਚ ਬਾਗ਼ਾਂ ਨੂੰ ਕੋਰ੍ਹੇ ਤੋਂ ਬਚਾਉਣ ਲਈ ਭਰਵਾਂ ਪਾਣੀ ਲਗਾਉਣਾ ਚਾਹੀਦਾ ਹੈ।

### ਆੜੂ

ਫਲ ਪੱਕਣ ਤੋਂ ਮਹੀਨਾ ਪਹਿਲਾਂ ਦਾ ਸਮਾਂ ਸਿੰਚਾਈ ਦਾ ਸਭ ਤੋਂ ਨਾਜ਼ੁਕ ਸਮਾਂ ਹੈ। ਫਲ ਦੇ ਵਾਧੇ ਸਮੇਂ ਬੂਟਿਆਂ ਨੂੰ ਸਿੰਚਾਈ ਦੀ ਸਭ ਤੋਂ ਵੱਧ ਲੋੜ ਹੁੰਦੀ ਹੈ। ਫਲ ਪੈਣ ਮਗਰੋਂ ਪੱਕਣ ਤਕ ਤਿੰਨ-ਚਾਰ ਦਿਨਾਂ ਦੇ ਵਕਫ਼ੇ 'ਤੇ ਸਿੰਚਾਈ ਕਰਨੀ ਚਾਹੀਦੀ ਹੈ। ਕਿਸਮ ਅਨੁਸਾਰ ਅਪ੍ਰੈਲ ਦੇ ਅਖ਼ੀਰ ਤੋਂ ਲੈ ਕੇ ਜੁਲਾਈ ਦੇ ਸ਼ੁਰੂ ਤਕ ਸਿੰਚਾਈ ਦੀ ਵਧੇਰੇ ਲੋੜ ਪੈਂਦੀ ਹੈ। ਅਗੇਤੀਆਂ ਪੱਕਣ ਵਾਲੀਆਂ ਕਿਸਮਾਂ, ਜਿਵੇਂ ਪ੍ਰਤਾਪ ਤੇ ਫਲੋਰਿਡਾਪ੍ਰਿੰਸ ਨੂੰ ਮਾਰਚ ਅਖ਼ੀਰ ਤੋਂ ਅਪ੍ਰੈਲ ਦੇ ਤੀਜੇ ਹਫ਼ਤੇ ਵਿਚ ਸਿੰਚਾਈ ਦੀ ਵਧੇਰੇ ਲੋੜ ਪੈਂਦੀ ਹੈ। ਸ਼ਾਨ-ਏ-ਪੰਜਾਬ ਤੇ ਅਰਲੀ-ਗਰੈਂਡ ਨੂੰ ਅਪ੍ਰੈਲ ਅੱਧ ਤੋਂ ਮਈ ਦੇ ਪਹਿਲੇ ਹਫ਼ਤੇ ਵਿਚ ਅਤੇ ਖੁਰਮਾਨੀ ਅਤੇ ਸ਼ਰਬਤੀ ਨੂੰ ਮਈ ਤੋਂ ਜੂਨ-ਅੰਤ ਤਕ ਪਾਣੀ ਦੀ ਵਧੇਰੇ ਲੋੜ ਪੈਂਦੀ ਹੈ। ਜਨਵਰੀ ਵਿਚ ਕਾਂਟ-ਛਾਂਟ ਤੋਂ ਬਾਅਦ ਖਾਦਾਂ ਪਾ ਕੇ ਸਿੰਚਾਈ ਕਰਨੀ ਚਾਹੀਦੀ ਹੈ।

### ਅੰਬ

ਛੋਟੇ ਬੂਟਿਆਂ ਨੂੰ ਖ਼ੁਸ਼ਕ ਤੇ ਗਰਮੀ ਵਾਲੇ ਮੌਸਮ 'ਚ ਜ਼ਿਆਦਾ ਪਾਣੀ ਦੀ ਲੋੜ ਹੁੰਦੀ ਹੈ ਪਰ ਵੱਡੇ ਬੂਟੇ, ਜਿਨ੍ਹਾਂ ਦੀਆਂ ਜੜ੍ਹਾਂ ਡੂੰਘੀਆਂ ਹੁੰਦੀਆਂ ਹਨ, ਉਨ੍ਹਾਂ ਨੂੰ ਆਮ ਤੌਰ ਤੇ ਫਲ ਦੇ ਵਾਧੇ ਸਮੇਂ ਮਾਰਚ ਤੋਂ ਜੂਨ ਦੇ ਅਖ਼ੀਰ ਤਕ 10-12 ਦਿਨਾਂ ਬਾਅਦ ਪਾਣੀ ਵਾਸ਼ਪੀਕਰਣ ਦੇ ਅਨੁਸਾਰ ਦਿਉ। ਜੁਲਾਈ ਤੋਂ ਸਤੰਬਰ ਤਕ ਬਰਸਾਤ ਰੁੱਤ ਵਿਚ ਪਾਣੀ ਮੌਸਮ ਦੇ ਹਿਸਾਬ ਨਾਲ ਦਿਉ। ਅਕਤੂਬਰ ਤੋਂ ਦਸੰਬਰ ਤਕ ਪਾਣੀ ਦੀ ਲੋੜ ਨਹੀਂ ਪੈਂਦੀ ਪਰ ਕੋਰ੍ਹੇ ਤੋਂ ਬਚਾਅ ਲਈ ਇਕ ਭਰਵਾਂ ਪਾਣੀ ਅਖ਼ੀਰ-ਦਸੰਬਰ ਜਾਂ ਜਨਵਰੀ ਵਿਚ ਲਗਾ ਦੇਣਾ ਚਾਹੀਦਾ ਹੈ। ਖਾਦਾਂ ਪਾਉਣ ਸਮੇਂ ਫਰਵਰੀ ਵਿਚ ਬੂਟਿਆਂ ਨੂੰ ਇਕ ਪਾਣੀ ਜ਼ਰੂਰ ਦੇਣਾ ਚਾਹੀਦਾ ਹੈ।

### ਬੇਰ

ਫਲਾਂ ਦੇ ਵਾਧੇ ਸਮੇਂ ਅਕਤੂਬਰ ਤੋਂ ਫਰਵਰੀ ਤਕ ਤਿੰਨ-ਚਾਰ ਹਫ਼ਤਿਆਂ ਦੇ ਵਕਫ਼ੇ ਤੇ ਸਿੰਚਾਈ ਕਰਨੀ ਚਾਹੀਦੀ ਹੈ। ਇਸ ਨਾਲ ਫਲਾਂ ਦਾ ਕਿਰਨਾਂ ਘਟ ਜਾਂਦਾ ਹੈ ਤੇ ਫਲਾਂ ਦੇ ਆਕਾਰ ਤੇ ਗੁਣਾਂ 'ਚ ਸੁਧਾਰ ਹੁੰਦਾ ਹੈ। ਮਾਰਚ ਦੇ ਦੂਜੇ ਪੰਦਰਵਾੜੇ ਪਾਣੀ ਦੇਣਾ ਬੰਦ ਕਰ ਦੇਣਾ ਚਾਹੀਦਾ ਹੈ ਤਾਂ ਜੋ ਜ਼ਮੀਨ ਤੇ ਵਿਛੀਆਂ ਟਹਿਣੀਆਂ ਦਾ ਫਲ ਖ਼ਰਾਬ ਨਾ ਹੋਵੇ ਤੇ ਫਲ ਦੇ ਪੱਕਣ 'ਚ ਦੇਰੀ ਨਾ ਹੋਵੇ।

### ਅਲੂਚਾ

ਅਲੂਚੇ ਦੇ ਛੋਟੇ ਬੂਟਿਆਂ ਨੂੰ ਅਪ੍ਰੈਲ ਤੋਂ ਜੂਨ ਤਕ ਹਰ ਤਿੰਨ-ਚਾਰ ਦਿਨਾਂ ਮਗਰੋਂ ਅਤੇ ਫਲ ਲੱਗਣ ਵਾਲੇ ਵੱਡੇ ਬੂਟਿਆਂ ਨੂੰ ਹਫ਼ਤੇ ਮਗਰੋਂ ਸਿੰਚਾਈ ਕਰਨੀ ਚਾਹੀਦੀ ਹੈ। ਬਰਸਾਤ ਨਾ ਹੋਣ 'ਤੇ ਸਤੰਬਰ-ਅਕਤੂਬਰ ਵਿਚ ਤਿੰਨ-ਚਾਰ ਹਲਕੀਆਂ ਸਿੰਚਾਈਆਂ ਕਰੋ। ਨਵੰਬਰ ਵਿਚ ਜ਼ਮੀਨ ਦੀ ਕਿਸਮ ਅਨੁਸਾਰ ਦੋ-ਤਿਨ ਵਾਰ ਹਲਕੀ ਸਿੰਚਾਈ ਕਰੋ। ਦਸੰਬਰ ਵਿਚ ਬੂਟਿਆਂ ਨੂੰ ਪਾਣੀ ਦੀ ਲੋੜ ਨਹੀਂ ਪੈਂਦੀ ਕਿਉਂਕਿ ਬੂਟੇ ਪੱਤੇ ਝਾੜ ਕੇ ਨੀਂਦਰ ਅਵਸਥਾ 'ਚ ਹੁੰਦੇ ਹਨ। ਜਨਵਰੀ ਵਿਚ ਕਾਂਟ-ਛਾਂਟ ਮਗਰੋਂ ਖਾਦਾਂ ਪਾ ਕੇ ਭਰਵੀਂ ਸਿੰਚਾਈ ਕਰੋ। ਫਰਵਰੀ ਵਿਚ ਫੁੱਲ ਪੈਣ 'ਤੇ ਸਿੰਚਾਈ ਨਾ ਕਰੋ, ਇਸ ਨਾਲ ਫੁੱਲ ਝੜਦੇ ਹਨ। ਫਲ ਲੱਗਣ ਤੋਂ ਲੈ ਕੇ ਪੱਕਣ ਤਕ ਚਾਰ-ਪੰਜ ਦਿਨਾਂ ਬਾਅਦ ਸਿੰਚਾਈ ਕਰਦੇ ਰਹੋ।

### ਕੇਲਾ

ਕੇਲੇ ਦੇ ਬਾਗ਼ ਨੂੰ ਪਾਣੀ ਦੀ ਬਹੁਤ ਲੋੜ ਪੈਂਦੀ ਹੈ। ਪਾਣੀ ਦੀ ਕਮੀ ਕਾਰਨ ਬੂਟੇ ਦਾ ਹਰਾਪਣ, ਫਲ ਦਾ ਆਕਾਰ ਤੇ ਗੁਣਵੱਤਾ ਘਟਦੀ ਹੈ। ਲੋੜ ਤੋਂ ਵੱਧ ਪਾਣੀ ਨਾਲ ਬੂਟਾ ਜੜ੍ਹੋਂ ਟੁੱਟ ਜਾਂਦਾ ਹੈ। ਬੂਟੇ ਲਗਾਉਣ ਤੋਂ ਬਾਅਦ ਮਾਰਚ-ਅਪ੍ਰੈਲ ਵਿਚ ਇਕ ਹਫ਼ਤੇ ਦੇ ਵਕਫ਼ੇ 'ਤੇ ਅਤੇ ਮਈ-ਜੂਨ ਵਿਚ ਚਾਰ ਤੋਂ ਛੇ ਦਿਨ੍ਹਾਂ ਦੇ ਫ਼ਰਕ 'ਤੇ ਪਾਣੀ ਦੇਵੋ। ਜੁਲਾਈ ਤੋਂ ਸਤੰਬਰ ਦਰਮਿਆਨ ਮੌਸਮ ਤੇ ਜ਼ਮੀਨ ਦੀ ਨਮੀਂ ਅਨੁਸਾਰ ਬੂਟਿਆਂ ਨੂੰ ਹਫ਼ਤੇ ਦੇ ਵਕਫ਼ੇ 'ਤੇ ਪਾਣੀ ਦੇਣਾ ਚਾਹੀਦਾ ਹੈ। ਅਕਤੂਬਰ-ਨਵੰਬਰ ਵਿਚ 10-15 ਦਿਨਾਂ ਬਾਅਦ ਸਿੰਚਾਈ ਕਰੋ। •

*ਨਾਖਾਂ ਦੇ ਬੂਟਿਆਂ ਨੂੰ ਲਗਾਉਣ ਤੋਂ ਮਗਰੋਂ ਜਲਦੀ ਪਾਣੀ ਲਗਾਉਣਾ ਚਾਹੀਦਾ ਹੈ। ਗਰਮੀਆਂ ਵਿਚ ਇਕ ਹਫ਼ਤੇ ਦੇ ਵਕਫ਼ੇ 'ਤੇ ਅਤੇ ਅਗਸਤ-ਸਤੰਬਰ ਵਿਚ 15 ਦਿਨਾਂ ਦੇ ਵਕਫ਼ੇ 'ਤੇ ਪਾਣੀ ਲਗਾਉ। ਜਨਵਰੀ ਦੇ ਮਹੀਨੇ ਪਾਣੀ ਨਾ ਦੇਵੋ। ਫਲ ਬਣਨ ਮਗਰੋਂ ਗਰਮੀਆਂ 'ਚ ਖੁੱਲ੍ਹਾ ਪਾਣੀ ਲਗਾਉਣ ਨਾਲ ਫਲ ਦਾ ਝਾੜ ਤੇ ਗੁਣਵੱਤਾ ਵਧਾਈ ਜਾ ਸਕਦੀ ਹੈ।*



ਨਾਖਾਂ

*ਕਾਂਟ-ਛਾਂਟ ਮਗਰੋਂ ਫਰਵਰੀ ਦੇ ਪਹਿਲੇ ਪੰਦਰਵਾੜੇ ਖਾਦਾਂ ਪਾਉਣ ਮਗਰੋਂ ਬੂਟਿਆਂ ਨੂੰ ਇਕ ਪਾਣੀ ਜ਼ਰੂਰ ਲਗਾਉਣਾ ਚਾਹੀਦਾ ਹੈ। ਮਾਰਚ ਵਿਚ ਇਕ ਪਾਣੀ ਅਤੇ ਅਪ੍ਰੈਲ ਵਿਚ ਫਲ ਲੱਗਣ ਤੋਂ ਬਾਅਦ ਮਈ ਦੇ ਪਹਿਲੇ ਹਫ਼ਤੇ ਤਕ 8-10 ਦਿਨਾਂ ਮਗਰੋਂ ਪਾਣੀ ਦੇਣਾ ਜ਼ਰੂਰੀ ਹੈ। ਬਾਕੀ ਸਾਰਾ ਮਈ ਹਰ ਹਫ਼ਤੇ ਅਤੇ ਜੂਨ ਵਿਚ ਤਿੰਨ-ਚਾਰ ਦਿਨਾਂ ਦੇ ਫ਼ਰਕ 'ਤੇ ਪਾਣੀ ਦੇਣਾ ਚਾਹੀਦਾ ਹੈ। ਜੁਲਾਈ-ਅਗਸਤ ਮਹੀਨੇ ਬਰਸਾਤ ਨਾ ਹੋਣ 'ਤੇ ਜ਼ਰੂਰਤ ਅਨੁਸਾਰ ਪਾਣੀ ਦਿਉ। ਜੇ ਨਵੰਬਰ-ਜਨਵਰੀ ਵਿਚ ਜ਼ਮੀਨ ਵਧੇਰੇ ਸੁੱਕੀ ਹੋਵੇ ਤਾਂ ਸਿੰਚਾਈ ਕਰੋ।*



ਅੰਗੂਰ

# ਬਿਜਲੀ ਮੁਲਾਜ਼ਮਾਂ ਨੇ ਨਿੱਜੀਕਰਨ ਖਿਲਾਫ਼ ਕਨਵੈਨਸ਼ਨ ਕਰਕੇ ਸੰਘਰਸ਼ ਦਾ ਵਿਗਲ ਵਜਾਇਆ

**ਪਟਿਆਲਾ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**




ਟੈਕਨੀਕਲ ਸਰਵਿਸ ਯੂਨੀਅਨ ਰਜਿ ਸਰਕਲ ਪਟਿਆਲਾ ਅਤੇ ਸੀ.ਐਚ.ਬੀ. ਕਾਮਿਆਂ ਵੱਲੋਂ ਪ੍ਰੈਸ ਦੇ ਨਾਂ ਬਿਆਨ ਜਾਰੀ ਕਰਦਿਆਂ ਸਾਥੀ ਹਰਜੀਤ ਸਿੰਘ ਪ੍ਰਧਾਨ ਟੀ.ਐਸ.ਯੂ. ਸਰਕਲ ਪਟਿਆਲਾ, ਸਾਬਕਾ ਮੀਤ ਪ੍ਰਧਾਨ ਪੰਜਾਬ ਵਿਜੇ ਦੇਵ, ਪਾਵਰਕਾਮ ਅਤੇ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਸਰਕਲ ਪਟਿਆਲਾ ਨੇ ਕਨਵੈਨਸ਼ਨ ਕਰਕੇ ਬਿਜਲੀ ਨਿਗਮ ਦੀਆਂ ਦੋ ਡਵੀਜ਼ਨਾਂ ਖਰੜ ਅਤੇ ਲਾਲੜੂ ਦੀ ਵਾਗਡੋਰ ਨਿੱਜੀ ਹੱਥਾਂ ਵਿੱਚ ਸੌਂਪਣ ਦੀ ਤਿਆਰੀ ਨੂੰ ਬਿਜਲੀ ਖੇਤਰ ਦੇ ਨਿਜੀਕਰਣ ਵੱਲ ਇੱਕ ਹੋਰ ਕਦਮ ਦੱਸਦਿਆਂ ਇਸ ਦੀ ਜ਼ੋਰਦਾਰ ਸ਼ਬਦਾਂ ਵਿੱਚ ਨਿਖੇਧੀ ਕਰਦੇ ਹੋਏ ਸਮੁੱਚੇ ਪਟਿਆਲਾ ਦੇ ਰੈਗੂਲਰ, ਆਊਸਟਸੋਰਸਡ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਸਰਕਾਰ ਦੇ ਇਸ ਮੁਲਾਜ਼ਮ, ਆਊਟਸੋਰਡ, ਪੈਨਸ਼ਨਰਜ਼ ਅਤੇ ਖਪਤਕਾਰ ਕਿਸਾਨ ਵਿਰੋਧੀ ਫੈਸਲੇ ਦੀ ਜ਼ੋਰਦਾਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਆਗੂਆਂ ਵੱਲੋਂ ਪ੍ਰੈਸ ਬਿਆਨ ਰਾਹੀਂ ਦੱਸਿਆ ਗਿਆ ਕਿ ਬਿਜਲੀ ਨਿਗਮ ਪੀ.ਡੀ.ਸੀ. (ਪੰਜਾਬ ਵਿਕਾਸ ਕਮਿਸ਼ਨ) ਦੀ ਸਿਫਾਰਿਸ਼ ਤੇ ਸੂਬੇ 'ਚ ਖਰੜ ਤੇ ਲਾਲੜੂ ਦੋ ਡਵੀਜ਼ਨਾਂ ਦਾ ਨਿੱਜੀਕਰਨ ਕਰਨ ਲਈ ਮਿਤੀ 21 ਅਪ੍ਰੈਲ ਨੂੰ ਇਕ ਮੀਟਿੰਗ 'ਚ ਬਿਜਲੀ ਨਿਗਮ ਦੇ ਅਧਿਕਾਰੀਆਂ ਨੇ ਆਂਕੜੇ ਪੇਸ਼ ਕਰਨੇ ਸਨ ਜੋ ਕਿ ਸਮੁੱਚੇ ਪੰਜਾਬ ਦੇ ਬਿਜਲੀ ਮੁਲਾਜ਼ਮਾ ਨੇ ਸਰਕਾਰ ਦੇ ਇਸ ਹਮਲੇ ਖਿਲਾਫ ਅਰਥੀਆਂ ਫੂਕ ਕੇ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਕਿਸੇ ਵੀ ਹਾਲਤ ਵਿੱਚ ਨਿਜੀਕਰਨ ਨੂੰ ਪ੍ਰਵਾਨ ਨਹੀਂ ਕੀਤਾ ਜਾਵੇਗਾ। ਜਿਸ ਦੇ ਸਿੱਟੇ ਵਜੋਂ ਮਨੇਜਮੈਂਟ ਨੂੰ ਮੀਟਿੰਗ ਰੱਦ ਕਰਨੀ ਪਈ।

ਅਸੀਂ ਪਟਿਆਲਾ ਸਰਕਲ ਦੇ ਸਮੂਹ ਟੈਕਨੀਕਲ ਸਰਵਿਸ ਯੂਨੀਅਨ ਦੇ ਕਾਮਿਆਂ, ਪੈਨਸ਼ਨਰਾਂ ਅਤੇ ਠੇਕਾ ਕਾਮਿਆਂ ਨੂੰ ਅਪੀਲ ਕਰਦੇ ਹਾਂ ਕਿ ਭਾਵੇਂ ਤੁਹਾਡੇ ਸੰਘਰਸ਼ ਦੇ ਬਦੌਲਤ ਮੈਨੇਜਮੈਂਟ ਨੂੰ ਯੂ ਟਰਨ ਲੈਣਾ ਪਿਆ ਪਰ ਉਹਨਾਂ ਨੇ ਆਪਣੀ ਲੋਕ ਵਿਰੋਧੀ ਨਿਜੀਕਰਣ ਦੀ ਨੀਤੀ ਨੂੰ ਤਿਆਗਿਆ ਨਹੀਂ ਹੈ ਇਸ ਲਈ ਸਾਰਿਆਂ ਨੂੰ ਤਿਆਰ ਰਹਿਣਾ ਚਾਹੀਦਾ ਹੈ ਕਿ ਨਿੱਜੀਕਰਨ ਦੀ ਨੀਤੀ ਨੂੰ ਰੱਦ ਕਰਵਾਉਣ ਲਈ ਇਕਜੁੱਟਤਾ ਅਤੇ ਵਿਸ਼ਾਲ ਸੰਘਰਸ਼ ਕਰਨ ਦੀ ਸਮੇਂ ਦੀ ਅਣਸਰਦੀ ਲੋੜ ਹੈ।

ਮੁਲਾਜ਼ਮ ਆਗੂਆਂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਚੰਡੀਗੜ੍ਹ ਬਿਜਲੀ ਬੋਰਡ ਦਾ ਪ੍ਰਾਈਵੇਟ ਕਰਨ ਤੋਂ ਬਾਅਦ ਅੱਜ ਉੱਥੇ ਰੈਗੂਲਰ ਮੁਲਾਜ਼ਮ, ਪੈਨਸ਼ਨਰ ਅਤੇ ਆਊਟਸੋਰਸ ਮੁਲਾਜ਼ਮਾਂ ਨੂੰ ਕੰਪਨੀ ਵੱਲੋਂ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ, ਉਨ੍ਹਾਂ ਦੀ ਪਿਛਲੀਆਂ ਸਰਵਿਸਾਂ ਭੰਗ ਕਰਕੇ ਉਨ੍ਹਾਂ ਨੂੰ ਇੱਕ ਸਾਲ ਦੇ ਪ੍ਰੋਵੇਸ਼ਨ ਪੀਰੀਅਡ ਤੇ ਬਹੁਤ ਘਣੋਨੀਆਂ ਸ਼ਰਤਾਂ ਤੇ ਰੱਖਿਆ ਹੈ।ਆਊਟਸੋਰਸ ਮੁਲਾਜ਼ਮਾਂ ਨੂੰ ਕੱਢਣ ਦੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ ਤੇ ਪੈਨਸ਼ਨਰਾਂ ਨੂੰ ਪੈਨਸ਼ਨਾਂ ਕਿਸਨੇ ਦੇਣੀਆਂ ਹਨ, ਇਹ ਵੀ ਅਜੇ ਤੱਕ ਤੈਅ ਨਹੀਂ ਹੋ ਸਕਿਆ। ਇਸ ਲਈ ਅਸੀਂ ਸਮੂਹ ਮੁਲਾਜ਼ਮਾਂ, ਪੈਨਸ਼ਨਰਾਂ ਅਤੇ ਖਪਤਕਾਰਾਂ ਦੇ ਉੱਤੇ ਬਹੁਤ ਵੱਡਾ ਹਮਲਾ ਇਸ ਸਰਕਾਰ ਅਤੇ ਮੈਨੇਜਮੈਂਟ ਵੱਲੋਂ ਕੀਤਾ ਗਿਆ ਹੈ। ਇਸਦਾ ਸਾਨੂੰ ਡਟਕੇ ਵਿਰੋਧ ਕਰਨਾ ਚਾਹੀਦਾ ਹੈ। ਕਿਸੇ ਵੀ ਸੂਰਤ ਵਿੱਚ ਨਿੱਜੀਕਰਨ ਨੂੰ ਪ੍ਰਵਾਨ ਨਹੀਂ ਕਰਨਾ ਚਾਹੀਦਾ। ਸੀ.ਐਚ. ਵੀ. ਕਾਮਿਆਂ ਦਾ ਜੋ ਠੇਕਾ 30 ਅਪ੍ਰੈਲ ਨੂੰ ਖਤਮ ਕਰ ਰਹੇ ਹਨ ਅਸੀਂ ਇਸ ਫੈਸਲੇ ਦਾ ਕਰੜਾ ਵਿਰੋਧ ਕਰਦੇ ਹਾਂ ਅਤੇ ਮੈਨੇਜਮੈਂਟ ਅਤੇ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਜਲਦ ਤੋਂ ਜਲਦ ਉਹਨਾਂ ਦੇ ਰੋਜ਼ਗਾਰ ਨੂੰ ਬਰਕਰਾਰ ਰੱਖਿਆ ਜਾਵੇ। ਅਸੀਂ ਇਸ ਨਿੱਜੀਕਰਨ ਦੀ ਨੀਤੀ ਨੂੰ ਰੱਦ ਕਰਾਉਣ ਲਈ ਪੂਰਾ ਤਾਨ ਲਾ ਦੇਵਾਂਗੇ।

ਅੱਜ ਦੀ ਕਨਵੈਂਸ਼ਨ ਵਿੱਚ ਦਿਲਪ੍ਰੀਤ ਸਿੰਘ, ਬਿੱਕਰ ਖਾਨ, ਕਰਮਜੀਤ ਸਿੰਘ, ਭਗਵਾਨ ਸਿੰਘ, ਵਿਜੇ ਦੇਵ, ਜਤਿੰਦਰ ਚੱਢਾ, ਗੁਰਦੀਪ ਸਿੰਘ, ਇੰਦਰਜੀਤ ਸਿੰਘ, ਬਰੇਸ਼ ਕੁਮਾਰ, ਸਾਥੀਆਂ ਨੇ ਸ਼ਮੂਲੀਅਤ ਕੀਤੀ। ਇਸ ਤੋਂ ਇਲਾਵਾ ਸੂਬਾ ਪ੍ਰਧਾਨ ਸ੍ਰੀ ਕ੍ਰਿਸ਼ਨ ਸਿੰਘ ਔਲਖ ਅਤੇ ਸੂਬਾ ਜਨਰਲ ਸਕੱਤਰ ਜਸਵਿੰਦਰ ਸਿੰਘ ਨੇ ਕਨਵੈਨਸ਼ਨ ਵਿੱਚ ਸੰਬੋਧਨ ਕੀਤਾ। ਸਮੁੱਚੇ ਆਗੂਆਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ 2 ਮਈ 2025 ਨੂੰ ਪਟਿਆਲਾ ਵਿਖੇ ਭਰਾਤਰੀ ਜਥੇਬੰਦੀਆਂ ਨਾਲ ਮਿਲਕੇ ਮਈ ਦਿਹਾੜਾ ਨਿਜੀਕਰਨ ਵਿਰੋਧੀ ਦਿਵਸ ਵਜੋ ਮਨਾਇਆ ਜਾਵੇਗਾ। ਇਸ ਵਿੱਚ ਪਾਵਰਕਾਮ ਐਂਡ ਟਰਾਂਸਕੋ ਠੇਕਾ ਮੁਲਾਜਮ ਯੂਨੀਅਨ, ਟੈਕਨੀਕਲ ਸਰਵਿਸ ਯੂਨੀਅਨ, ਜਲ ਸਪਲਾਈ ਯੂਨੀਅਨ, ਅਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਗੁਰਾਹਾ, ਪੈਸਕੋ ਯੂਨੀਅਨ ਸ਼ਮੂਲੀਅਤ ਕਰੇਗੀ।

# ਪੰਜਾਬ ਤੇ ਚੰਡੀਗੜ੍ਹ 'ਚ ਵੇਰਕਾ ਦਾ ਦੁੱਧ ਮਹਿੰਗਾ ਹੋਇਆ, ਭਲਕ ਤੋਂ ਲਾਗੂ ਹੋਣਗੇ ਨਵੇਂ ਰੇਟ

**ਚੰਡੀਗੜ੍ਹ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਮੇਤ ਚੰਡੀਗੜ੍ਹ ਵਿੱਚ ਵੇਰਕਾ ਵੱਲੋਂ ਭਲਕੇ 30 ਅਪਰੈਲ ਤੋਂ ਦੁੱਧ ਦੀਆਂ ਕੀਮਤਾਂ ਮਹਿੰਗੀਆਂ ਕੀਤੀਆਂ ਗਈਆਂ ਹਨ। ਪੰਜਾਬ ਦੇ ਮਿਲਕਫੈਡ ਦੇ ਅਦਾਰੇ ਵੇਰਕਾ ਨੇ ਆਪਣੇ ਖ਼ਪਤਕਾਰਾਂ ਨੂੰ ਤਕੜਾ ਝਟਕਾ ਦਿੰਦਿਆਂ ਦੁੱਧ ਦੀਆਂ ਕੀਮਤਾਂ ਨੂੰ ਵਿਚ ਪ੍ਰਤੀ ਲਿਟਰ 2 ਰੁਪਏ ਦਾ ਵਾਧਾ ਕੀਤਾ ਗਿਆ ਹੈ। ਦੂਜੇ ਪਾਸੇ ਉਤਰੀ ਭਾਰਤ ਵਿੱਚ ਪੈ ਰਹੀ ਅੱਤ ਦੀ ਗਰਮੀ ਕਾਰਨ ਪੇਂਡੂ ਖੇਤਰ ਵਿੱਚ ਦੁੱਧ ਦੀ ਥੁੜ੍ਹ ਪੈਦਾ ਹੋਣ ਲੱਗੀ ਹੈ।

ਵੇਰਕਾ ਦੇ ਮਾਨਸਾ ਸਥਿਤ ਵਿਕਰੇਤਾ ਡੀਲਰ ਸ਼ਿਵ ਕੁਮਾਰ ਨੇ ਦੱਸਿਆ ਕਿ ਹੁਣ ਨਵੀਆਂ ਕੀਮਤਾਂ ਤਹਿਤ ਦੁੱਧ ਪ੍ਰਤੀ ਲਿਟਰ ਫੁੱਲ ਕਰੀਮ 69 ਰੁਪਏ, 500 ਐਮਐਲ 35 ਰੁਪਏ, ਲਿਟਰ ਸਟੈਂਡਡ ਮਿਲਕ ਦਾ ਨਵਾਂ ਮੁੱਲ 63 ਰੁਪਏ ਲਿਟਰ, ਅੱਧਾ ਲਿਟਰ ਸਟੈਂਡਡ ਮਿਲਕ 32 ਰੁਪਏ ਲਾਗੂ ਕਰ ਦਿੱਤਾ ਗਿਆ ਹੈ।

ਇਸੇ ਤਰ੍ਹਾਂ ਵੇਰਕਾ ਦੇ ਡਬਲ ਟਾਊਨ ਮਿਲਕ 500 ਐਮਐਲ ਦਾ ਰੇਟ ਹੁਣ 26 ਰੁਪਏ ਹੋ ਗਿਆ ਹੈ।

ਉਧਰ ਵੇਰਕਾ ਦੇ ਬਰਾਬਰ ਦੁੱਧ ਵੇਚਣ ਵਾਲੀਆਂ ਕੰਪਨੀਆਂ ਅਮੂਲ ਅਤੇ ਮਦਰ ਡੇਅਰੀ ਵੱਲੋਂ ਅਜੇ ਤੱਕ ਦੁੱਧ ਦੀਆਂ ਕੀਮਤਾਂ ਨਹੀਂ ਵਧਾਈਆਂ ਗਈਆਂ ਹਨ। ਜਾਪਦਾ ਹੈ ਕਿ ਇਨ੍ਹਾਂ ਵੱਲੋਂ ਇੱਕ-ਦੋ ਦਿਨਾਂ ਤੱਕ ਕੀਮਤਾਂ ਵਿਚ ਇਜ਼ਾਫ਼ਾ ਕੀਤਾ ਜਾ ਸਕਦਾ ਹੈ।

ਉਧਰ ਵੇਰਕਾ ਦੇ ਬਠਿੰਡਾ ਪਲਾਂਟ ਸਥਿਤ ਉਚ ਅਧਿਕਾਰੀਆਂ ਨੇ ਦੱਸਿਆ ਕਿ ਬਜ਼ਾਰ ਵਿੱਚ ਪਸ਼ੂਆਂ ਦਾ ਹਰਾ ਚਾਰਾ, ਪਸ਼ੂ ਖੁਰਾਕ, ਤੂੜੀ ਦੇ ਭਾਅ ਉੱਚੇ ਚੜ੍ਹਨ ਕਾਰਨ ਕੀਮਤਾਂ ਨੂੰ ਵਧਾਉਣਾ ਪਿਆ ਹੈ। ਉਨ੍ਹਾਂ ਕਿਹਾ ਕਿ ਦੁੱਧ ਉਤਪਾਦਕ ਲੰਬੇ ਸਮੇਂ ਤੋਂ ਭਾਅ ਵਧਾਉਣ ਦੀ ਮੰਗ ਕਰ ਰਹੇ ਸਨ।

ਵੇਰਕਾ ਦੇ ਪ੍ਰਬੰਧਕਾਂ ਦਾ ਕਹਿਣਾ ਹੈ ਕਿ ਮੰਡੀ ਵਿੱਚ ਪਸ਼ੂਆਂ ਦੀ ਫੀਡ ਦੀ ਕੀਮਤ ਵਿੱਚ ਵਾਧਾ ਹੋਣ ਕਾਰਨ ਦੁੱਧ ਉਤਪਾਦਕ ਰੇਟ ਵਧਾਉਣ ਦੀ ਮੰਗ ਕਰ ਰਹੇ ਸਨ। ਉਨ੍ਹਾਂ ਦੱਸਿਆ ਕਿ ਇਸ ਸਮੇਂ ਸੁੱਕੇ ਚਾਰੇ ਦੇ ਭਾਅ ਅਸਮਾਨੀ ਚੜ੍ਹੇ ਹੋਏ ਹਨ।

**ਲੱਸੀ, ਦਹੀਂ, ਆਈਸਕ੍ਰੀਮ ਦੀਆਂ ਕੀਮਤਾਂ ਹਾਲੇ ਨਹੀਂ ਵਧੀਆਂ**

ਦੁੱਧ ਦੀਆਂ ਕੀਮਤਾਂ ਵਧਣ ਤੋਂ ਬਾਅਦ ਹੁਣ ਵੇਰਕਾ ਸਮੇਤ ਹੋਰਨਾਂ ਧਿਰਾਂ ਵੱਲੋਂ ਦੂਜੇ ਦੁੱਧ ਉਤਪਾਦਾਂ ਜਿਵੇਂ ਦਹੀਂ, ਲੱਸੀ, ਪਨੀਰ, ਖੀਰ, ਆਈਸਕ੍ਰੀਮ, ਕਰੀਮ, ਮੱਖਣ, ਘਿਓ ਅਤੇ ਮਠਿਆਈ ਦੀਆਂ ਕੀਮਤਾਂ ਉਪਰ ਜਾਣ ਦੀ ਸੰਭਾਵਨਾ ਵਧ ਗਈ ਹੈ। ਉਂਝ ਅਜੇ ਤੱਕ ਲੱਸੀ, ਦਹੀਂ, ਆਈਸਕ੍ਰੀਮ ਦੇ ਰੇਟਾਂ ਵਿੱਚ ਕੋਈ ਵਾਧਾ ਨਹੀਂ ਕੀਤਾ ਗਿਆ ਹੈ।

# ਬ੍ਰਾਹਮਣ ਭਾਈਚਾਰੇ ਨੇ ਮਨਾਇਆ ਭਗਵਾਨ ਪਰਸ਼ੂਰਾਮ ਦਾ ਜਨਮ ਉਤਸਵ

**ਗੋਨੇਆਣਾ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਅੱਜ ਗੋਨਿਆਣਾ ਮੰਡੀ 'ਚ ਬ੍ਰਾਹਮਣ ਭਾਈਚਾਰੇ ਵੱਲੋਂ ਭਗਵਾਨ ਵਿਸ਼ਨੂੰ ਜੀ ਦੇ ਛੇਵੇਂ ਅਵਤਾਰ ਭਗਵਾਨ ਸ਼੍ਰੀ ਪਰਸ਼ੂਰਾਮ ਜੀ ਦੀ ਜੈਅੰਤੀ ਸ਼੍ਰੀ ਦੁਰਗਾ ਮੰਦਰ ਗੋਨਿਆਣਾ ਮੰਡੀ ਵਿਖੇ ਬੜੀ ਧੂਮ-ਧਾਮ ਨਾਲ ਮਨਾਈ ਗਈ । ਇਸ ਦੌਰਾਨ ਸ਼੍ਰੀ ਦੁਰਗਾ ਮੰਦਰ ਵਿਖੇ ਰੱਖੇ ਗਏ ਸ਼੍ਰੀ ਰਮਾਇਣ ਜੀ ਪਾਠ ਦੇ ਭੋਗ ਪਾਏ ਗਏ ਤੇ ਮਹਿਲਾ ਮੰਡਲੀ ਵੱਲੋਂ ਸੰਕੀਰਤਨ ਕੀਤਾ ਗਿਆ । ਇਸ ਮੌਕੇ ਬਹੁਤ ਗਿਣਤੀ ਵਿੱਚ ਸ਼ਰਧਾਲੂਆਂ ਵੱਲੋਂ ਸ਼੍ਰੀ ਰਮਾਇਣ ਜੀ ਦੇ ਪਾਠ ਦੀ ਸਮਾਪਤੀ ਸਮੇਂ ਆਪਣੀ ਹਾਜ਼ਰੀ ਲਗਾਈ ਗਈ। ਬ੍ਰਾਹਮਣ ਭਾਈਚਾਰੇ ਵੱਲੋਂ ਸਮੂਹ ਸੰਗਤ ਨੂੰ ਲੰਗਰ ਵਰਤਾਇਆ ਗਿਆ ।ਇਸ ਮੌਕੇ ਸ਼੍ਰੀ ਦੁਰਗਾ ਮੰਦਰ ਦੇ ਪੁਜਾਰੀ



ਘਨਸ਼ਾਮ ਦਾਸ ਤ੍ਰਿਪਾਠੀ , ਸ਼੍ਰੀ ਗੀਤਾ ਭਵਨ ਦੇ ਪੂਜਾਰੀ ਆਚਾਰਿਆ ਗਜੇਂਦਰ ਦੱਤ ਸ਼ਾਸ਼ਤਰੀ, ਸ਼੍ਰੀ ਇਛਾਪੂਰਨ ਹਨੂੰਮਾਨ ਮੰਦਿਰ ਦੇ ਪੁਜਾਰੀ ਰਵੀਨੰਦਨ (ਰਵੀ) , ਓਮੈਕਸ ਸਿਟੀ ਵਿੱਖੇ ਸਥਿੱਤ ਸ਼ਿਵ ਮੰਦਿਰ ਦੇ ਪੁਜਾਰੀ ਪ੍ਰਭਾਕਰ ਜੀ , ਦੇਵੀ ਦਿਆਲ ਸ਼ਰਮਾ ਅਤੇ ਸਮੂਹ ਬ੍ਰਾਹਮਣ ਭਾਈਚਾਰੇ ਦੇ ਮੈਂਬਰ ਹਾਜ਼ਰ ਸਨ।

# ਔਰਤਾਂ ਅਤੇ ਲੜਕੀਆਂ ਵਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਿਆਂ ਦੇ ਖਾਤਮੇ ਲਈ ਅੱਗੇ ਆਉਣਾ ਸ਼ਲਾਘਾਯੋਗ : ਭਲਵਾਨ




**ਪਟਿਆਲਾ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹੇ ਦੀਆਂ ਨਾਮਵਰ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ,ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਅਤੇ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਦੇ ਇੰਚਾਰਜ ਸੁਖਜਿੰਦਰ ਸਿੰਘ ਦੇ ਸਹਿਯੋਗ ਨਾਲ ਯੁੱਧ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਵਿਚ ਮੁੱਖ ਮਹਿਮਾਨ ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ ਰਾਜ ਯੂਵਾ ਪੁਰਸਕਾਰ ਵਿਜੇਤਾ ਪਰਮਿੰਦਰ ਭਲਵਾਨ ਮੈਂਬਰ ਨਸਾ ਮੁਕਤ ਭਾਰਤ ਅਭਿਆਨ ਅਤੇ ਮੈਂਬਰ ਜ਼ਿਲ੍ਹਾ ਸਾਂਝ ਕੇਂਦਰ, ਮੈਂਬਰ ਯੁਵਾ ਸਾਂਝ ਕਮੇਟੀ ਨੇ ਸ਼ਿਰਕਤ ਕੀਤੀ ।

ਪ੍ਰੋਗਰਾਮ ਦਾ ਉਦਘਾਟਨ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸਾ ਮੁਕਤ ਭਾਰਤ ਅਭਿਆਨ ਨੇ ਕੀਤਾ, ਵਿਸ਼ੇਸ਼ ਤੌਰ ਤੇ ਭੁਪਿੰਦਰ ਕੌਰ ਸਾਬਕਾ ਸਰਪੰਚ ਕਰੋਜੀਵਾਲਾ, ਥਾਪਰ ਇੰਸਟੀਚਿਊਟ ਆਫ ਟੈਕਨਾਲੋਜੀ ਦੇ ਵਿਦਿਆਰਥੀ ਲਿਪਿਸਾ ਕਾਬੋਜ, ਪਰਵਨ ਚੈਹਿਲ, ਤੋਂ ਇਲਾਵਾ ਅਮਰੀਕ ਸਿੰਘ ਸਾਬਕਾ ਸਰਪੰਚ ਥਬਲਾਨ , ਰੁਦਰਪ੍ਰਤਾਪ ਸਿੰਘ ਪ੍ਰਧਾਨ ਯੁਵਕ ਸੇਵਾਵਾਂ ਦੀਪ ਨਗਰ,ਲੱਕੀ ਹਰਦਾਸਪੁਰ, ਹਰਮਨਜੀਤ ਸਿੰਘ ਰੰਧਾਵਾ, ਸਿੰਦਰ ਕੌਰ ਸਾਬਕਾ ਮੈਂਬਰ ਬਲਾਕ ਸੰਮਤੀ, ਅਮਰਜੀਤ ਕੌਰ,ਨੇ ਸ਼ਿਰਕਤ ਕੀਤੀ, ਇਸ ਮੌਕੇ ਸੰਬੋਧਨ ਕਰਦਿਆ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਵੱਲੋਂ ਸ਼ੁਰੂ ਕੀਤੀ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਔਰਤਾਂ ਅਤੇ ਲੜਕੀਆਂ ਦਾ ਨਸ਼ਿਆਂ ਵਿਰੁੱਧ ਲਾਮਬੰਦ ਹੋ ਕੇ ਅੱਗੇ ਆਉਣਾ ਸ਼ਲਾਘਾਯੋਗ ਉਪਰਾਲਾ ਹੈ, ਉਹਨਾਂ ਕਿਹਾ ਕਿ ਪੰਜਾਬ ਵਿਚੋਂ ਨਸ਼ੇ ਪਬਲਿਕ ਦੇ ਸਹਿਯੋਗ ਨਾਲ ਹੀ ਜੜੋਂ ਖਤਮ ਹੋ ਸਕਦੇ ਹਨ, ਉਹਨਾਂ ਕਿਹਾ ਕਿ ਨਸ਼ਿਆਂ ਕਾਰਨ ਹਰ ਰੋਜ਼ ਨੌਜਵਾਨਾਂ ਦੀਆਂ ਮੋਤਾ ਹੋ ਰਹੀਆਂ ਹਨ ਜੋਂ ਕਿ ਬਹੁਤ ਹੀ ਚਿੰਤਾ ਦਾ ਵਿਸ਼ਾ ਹੈ ,ਇਸ ਲਈ ਸਾਨੂੰ ਸਾਰਿਆਂ ਨੂੰ ਇੱਕਮੁੱਠ ਹੋ ਕੇ ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿਮ ਵਿੱਚ ਅੱਗੇ ਆਉਣਾ ਚਾਹੀਦਾ ਹੈ ਉਹਨਾਂ ਕਿਹਾ ਔਰਤਾਂ ਅਤੇ ਲੜਕੀਆਂ ਨੂੰ ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿਮ ਵਿੱਚ ਅੱਗੇ ਆਉਣਾ ਚਾਹੀਦਾ ਹੈ।ਇਸ ਮੌਕੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸਾ ਮੁਕਤ ਭਾਰਤ ਅਭਿਆਨ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸਾ ਮੁਕਤ ਭਾਰਤ ਅਭਿਆਨ ਨੇ ਦੱਸਿਆ ਕਿ ਹੁਣ ਤੱਕ 1000 ਤੋਂ ਉਪਰ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਪਟਿਆਲਾ ਪੁਲਿਸ ਦੇ ਸਹਿਯੋਗ ਨਾਲ ਜ਼ਿਲ੍ਹੇ ਦੇ ਵੱਖ ਵੱਖ ਖੇਤਰਾਂ ਵਿਚ ਕੀਤੇ ਜਾ ਚੁੱਕੇ ਹਨ ਅਤੇ ਇਹ ਮੁਹਿੰਮ ਲਗਾਤਾਰ ਜਾਰੀ ਹੈ।

# ਯੁੱਧ ਨਸ਼ਿਆਂ ਵਿਰੁੱਧ: ਨਸ਼ਿਆਂ ਦਾ ਕਾਲਾ ਕਾਰੋਬਾਰ ਕਰਨ ਵਾਲੇ ਬਖ਼ਸ਼ੇ ਨਹੀਂ ਜਾਣਗੇ: ਐਸ.ਪੀ. ਚੀਮਾ

## ਨਗਰ ਨਿਗਮ ਨੇ ਅਣ-ਅਧਿਕਾਰਤ ਦੁਕਾਨਾਂ 'ਤੇ ਪੁਲਿਸ ਦੀ ਇਮਦਾਦ ਨਾਲ ਚਲਾਇਆ ਪੀਲਾ ਪੰਜਾ

**ਪਟਿਆਲਾ, 2 ਮਈ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਨਗਰ ਨਿਗਮ ਨੇ ਇੱਥੇ ਬਾਬਾ ਦੀਪ ਸਿੰਘ ਨਗਰ ਵਿਖੇ ਅਣ-ਅਧਿਕਾਰਤ ਉਸਾਰੀਆਂ ਗਈਆਂ ਚਾਰ ਦੁਕਾਨਾਂ ਨੂੰ ਪਟਿਆਲਾ ਪੁਲਿਸ ਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਇਮਦਾਦ ਨਾਲ ਜੇ.ਸੀ.ਬੀ. ਚਲਾਉਂਦਿਆਂ ਢਹਿ ਢੇਰੀ ਕਰਵਾਇਆ। ਇਸ ਮੌਕੇ ਐਸ.ਪੀ. ਸਿਟੀ ਪਲਵਿੰਦਰ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਿਆਂ ਦੇ ਕਾਲੇ ਕਾਰੋਬਾਰ 'ਚ ਲਗੇ ਅਨਸਰ ਬਖ਼ਸ਼ੇ ਨਹੀਂ ਜਾਣਗੇ।


ਪਟਿਆਲਾ ਦੇ ਬਾਬਾ ਦੀਪ ਸਿੰਘ ਨਗਰ ਵਿਖੇ ਬਣੀਆਂ ਅਣ-ਅਧਿਕਾਰਤ ਦੁਕਾਨਾਂ ਨੂੰ ਪਟਿਆਲਾ ਪੁਲਿਸ ਦੀ ਮਦਦ ਨਾਲ ਢਾਹੁੰਦੀ ਹੋਈ ਨਗਰ ਨਿਗਮ ਦੀ ਟੀਮ।

ਐਸ.ਪੀ. ਸਿਟੀ ਨੇ ਦੱਸਿਆ ਕਿ ਥਾਣਾ ਅਰਬਨ ਅਸਟੇਟ ਅਧੀਨ ਆਉਂਦੇ ਬਾਬਾ ਦੀਪ ਸਿੰਘ ਨਗਰ ਦੀ ਗਲੀ ਨੰਬਰ 4 ਵਿਖੇ ਬਣੀਆਂ ਇਹ ਦੁਕਾਨਾਂ ਦੀ ਉਸਾਰੀ ਰਿਹਾਇਸ਼ੀ ਜਗ੍ਹਾ ਉਪਰ ਕਮਰਸ਼ੀਅਲ ਤੌਰ 'ਤੇ ਕੀਤੀ ਗਈ ਸੀ ਅਤੇ ਇਨ੍ਹਾਂ ਦੁਕਾਨਾਂ ਦੇ ਮਾਲਕ ਮਨਦੀਪ ਸਿੰਘ ਤੇ ਬਲਵਿੰਦਰ ਕੌਰ ਦੇ ਲੜਕੇ ਗੁਰਤੇਜ ਸਿੰਘ ਉਰਫ਼ ਬੰਟੀ ਵਿਰੁੱਧ ਨਸ਼ਾ ਤਸਕਰੀ ਦੇ ਦੋ ਮਾਮਲੇ ਦਰਜ ਹਨ। ਇਸ ਲਈ ਜ਼ਿਲ੍ਹਾ ਪ੍ਰਸ਼ਾਸਨ, ਨਗਰ ਨਿਗਮ ਤੇ ਪਟਿਆਲਾ ਪੁਲਿਸ ਦੀ ਟੀਮ ਨੇ ਸਾਂਝੀ ਕਾਰਵਾਈ ਕਰਕੇ ਨਸ਼ਾ ਤਸਕਰਾਂ ਨੂੰ ਇੱਕ ਸਖ਼ਤ ਸੁਨੇਹਾ ਦਿੱਤਾ ਹੈ।

ਪਲਵਿੰਦਰ ਸਿੰਘ ਚੀਮਾ ਨੇ ਮੀਡੀਆ ਨੂੰ ਦੱਸਿਆ ਕਿ ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਨਗਰ ਨਿਗਮ ਪਟਿਆਲਾ ਦੇ ਯੋਜਨਾਕਾਰ (ਟਾਊਨ ਪਲੈਨਰ) ਦੇ ਪੱਤਰ ਤਹਿਤ ਇਨ੍ਹਾਂ ਦੁਕਾਨਾਂ ਨੂੰ ਢਾਹੇ ਜਾਣ ਲਈ ਪੁਲਿਸ ਇਮਦਾਦ ਮੰਗੀ ਗਈ ਸੀ ਤੇ ਨਾਲ ਹੀ ਨਾਇਬ ਤਹਿਸੀਲਦਾਰ ਅਰਮਾਨ ਜੋਸ਼ਨ ਨੂੰ ਡਿਊਟੀ ਮੈਜਿਸਟ੍ਰੇਟ ਵਜੋਂ ਤਾਇਨਾਤ ਕੀਤਾ ਗਿਆ ਸੀ। ਐਸ.ਪੀ. ਚੀਮਾ ਨੇ ਅੱਗੇ ਦੱਸਿਆ ਕਿ ਨਗਰ ਨਿਗਮ ਕਮਿਸ਼ਨਰ ਵੱਲੋਂ ਫਾਇਨਲ ਡੈਮੋਲਿਸ਼ਨ ਨੋਟਿਸ ਨੰਬਰ 214/ ਬੀ.ਐਲ.ਡੀ. ਮਿਤੀ 11 ਅਪ੍ਰੈਲ 2025 ਨੂੰ ਜਾਰੀ ਕੀਤਾ ਗਿਆ ਸੀ, ਜਿਸ ਤਹਿਤ ਅੱਜ ਨਗਰ ਨਿਗਮ ਦੇ ਏ.ਟੀ.ਪੀ. ਕਰਨਜੀਤ ਸਿੰਘ ਤੇ ਬਿਕਰਮਜੀਤ ਸਿੰਘ ਦੀ ਟੀਮ ਵੱਲੋਂ ਅਮਨ-ਕਾਨੂੰਨ ਦੀ ਸਥਿਤੀ ਨੂੰ ਕਾਇਮ ਰੱਖਣ ਲਈ ਤਾਇਨਾਤ ਕੀਤੀ ਪਟਿਆਲਾ ਪੁਲਿਸ ਦੀ ਨਿਗਰਾਨੀ ਹੇਠ ਇਨ੍ਹਾਂ ਦੁਕਾਨਾਂ ਨੂੰ ਢਹਾ ਦਿੱਤਾ ਗਿਆ ਹੈ।

ਪੱਤਰਕਾਰਾਂ ਵੱਲੋਂ ਇਸ ਪਰਿਵਾਰ ਦੇ ਲੜਕੇ ਵਿਰੁੱਧ ਨਸ਼ਾ ਤਸਕਰੀ ਦੇ ਦਰਜ ਕੇਸ ਬਾਬਤ ਪੁੱਛਣ 'ਤੇ ਐਸ.ਪੀ. ਪਲਵਿੰਦਰ ਸਿੰਘ ਚੀਮਾ ਨੇ ਦੱਸਿਆ ਕਿ ਥਾਣਾ ਅਨਾਜ ਮੰਡੀ ਵਿਖੇ ਚਿੱਟੇ ਦੀ ਤਸਕਰੀ ਬਾਬਤ ਮੁਕਦਮਾ ਨੰਬਰ 154/21 ਐਨ.ਡੀ.ਪੀ.ਐਸ ਦੀਆਂ ਧਾਰਾਵਾਂ 21, 29, 61, 85 ਤਹਿਤ ਅਤੇ ਦੂਜਾ ਮਾਮਲਾ 81/24 ਪੀ.ਐਸ. ਅਰਬਨ ਅਸਟੇਟ ਵਿਖੇ ਐਨ.ਡੀ.ਪੀ.ਐਸ ਦੀ ਧਾਰਾ 22 ਤਹਿਤ ਨਸ਼ੀਲੀਆਂ ਗੋਲੀਆਂ ਦੀ ਕਮਰਸ਼ੀਅਲ ਬਰਾਮਦਗੀ ਤਹਿਤ ਦਰਜ ਹਨ। ਉਨ੍ਹਾਂ ਦੱਸਿਆ ਕਿ ਨਸ਼ਾ ਤਸਕਰੀ 'ਚ ਸ਼ਾਮਲ ਗੁਰਤੇਜ ਸਿੰਘ ਇਸ ਵੇਲੇ ਪਟਿਆਲਾ ਜੇਲ 'ਚ ਬੰਦ ਹੈ।

ਪਲਵਿੰਦਰ ਸਿੰਘ ਚੀਮਾ ਨੇ ਸਪੱਸ਼ਟ ਕੀਤਾ ਕਿ ਪਟਿਆਲਾ ਪੁਲਿਸ ਦਾ ਨਸ਼ਾ ਤਸਕਰੀ ਵਿਰੁੱਧ ਇਹ ਸਖ਼ਤ ਸੁਨੇਹਾ ਹੈ, ਕਿ ਜ਼ਿਲ੍ਹਾ ਪਟਿਆਲਾ ਪੁਲਿਸ ਵੱਲੋਂ ਐਸ.ਐਸ.ਪੀ. ਡਾ. ਨਾਨਕ ਸਿੰਘ ਦੀ ਅਗਵਾਈ ਹੇਠ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਡੀ.ਜੀ.ਪੀ. ਗੌਰਵ ਯਾਦਵ ਦੇ ਨਿਰਦੇਸ਼ਾਂ ਤਹਿਤ ਨਸ਼ਿਆਂ ਦੇ ਕਾਲੇ ਕਾਰੋਬਾਰ ਵਿੱਚ ਲੱਗੇ ਮਾੜੇ ਅਨਸਰਾਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਚੱਲ ਰਹੀ ਮੁਹਿੰਮ ਤਹਿਤ ਨਸ਼ਾ ਤਸਕਰੀ ਵਿਰੁੱਧ ਜ਼ੀਰੋ ਟਾਲਰੈਂਸ ਦੀ ਨੀਤੀ 'ਤੇ ਚਲਦਿਆਂ ਪਟਿਆਲਾ ਪੁਲਿਸ ਅਜਿਹੇ ਅਨਸਰਾਂ ਵਿਰੁੱਧ ਸਖ਼ਤ ਕਾਰਵਾਈ ਅਮਲ ਵਿੱਚ ਲਿਆ ਰਹੀ ਹੈ।

ਇਸ ਮੌਕੇ ਡੀ.ਐਸ.ਪੀ. ਸਿਟੀ-2 ਮਨੋਜ ਗੋਰਸੀ, ਬਤੌਰ ਡਿਊਟੀ ਮੈਜਿਸਟ੍ਰੇਟ ਨਾਇਬ ਤਹਿਸੀਲਦਾਰ ਅਰਮਾਨ ਜੋਸ਼ਨ, ਇੰਚਾਰਜ ਥਾਣਾ ਅਰਬਨ ਅਸਟੇਟ ਅਮਨਦੀਪ ਸਿੰਘ ਬਰਾੜ, ਐਸ.ਐਚ.ਓ. ਥਾਣਾ ਅਨਾਜ ਮੰਡੀ ਜਸਵਿੰਦਰ ਸਿੰਘ, ਐਸ.ਐਚ.ਓ. ਥਾਣਾ ਬਖ਼ਸ਼ੀਵਾਲਾ ਸੁਖਦੇਵ ਸਿੰਘ ਸਮੇਤ ਏ.ਟੀ.ਪੀਜ ਬਿਕਰਮਜੀਤ ਸਿੰਘ ਤੇ ਕਰਨਜੀਤ ਸਿੰਘ ਵੀ ਮੌਜੂਦ ਸਨ।

# ਵੇਦਾਂਤਾ ਪਾਵਰ ਦੇ ਯਤਨਾਂ ਸਦਕਾ ਪਰਾਲ਼ੀ ਸਾੜਣ ਦੀ ਸਮੱਸਿਆ ਨੂੰ ਨਜਿੱਠਣ ਵਾਸਤੇ ਸਥਾਪਿਤ ਕੀਤਾ ਗਿਆ ਪੰਜਾਬ ਦਾ ਸਭ ਤੋਂ ਵੱਡਾ ਟੋਰੇਫਾਈਡ ਬਾਇਓਮਾਸ ਪਲਾਂਟ

**ਬਠਿੰਡਾ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਤਲਵੰਡੀ ਸਾਬੋ ਪਾਵਰ ਲਿਮਿਟੇਡ (ਟੀਐਸਪੀਐਲ), ਉੱਤਰ ਭਾਰਤ ਦੀ ਸਭ ਤੋਂ ਵੱਡੀ ਨਿੱਜੀ ਥਰਮਲ ਪਾਵਰ ਉਤਪਾਦਕ ਦੇ ਯਤਨਾਂ ਨਾਲ ਮਾਨਸਾ ਸਥਿਤ ਉਨ੍ਹਾਂ ਦੇ 1980 MW ਦੇ ਥਰਮਲ ਪਲਾਂਟ ਦੇ ਨੇੜੇ ਪੰਜਾਬ ਦਾ ਸਭ ਤੋਂ ਵੱਡਾ ਬਾਇਓਮਾਸ ਉਤਪਾਦਨ ਪਲਾਂਟ ਸਥਾਪਿਤ ਕੀਤਾ ਗਿਆ ਹੈ। ਟੀਸਪੀਐਲ ਦੀ ਜੈਵਿਕ ਇੰਧਨ ਦੀ ਮੰਗ ਨੂੰ ਧਿਆਨ ਵਿੱਚ ਰੱਖਦੇ ਹੋਏ, ਇਹ ਪਲਾਂਟ ਉਨ੍ਹਾਂ ਦੇ ਰਣਨੀਤਿਕ ਕਾਰੋਬਾਰੀ ਸਾਥੀਆਂ (ਸਟ੍ਰੈਟੇਜੀਕ ਬਿਜਨੇਸ ਪਾਰਟਨਰਾਂ) ਦੁਆਰਾ ਲਗਾਇਆ ਗਿਆ ਹੈ, ਤਾਂ ਜੋ ਲੋੜੀਂਦਾ ਸਪਲਾਈ ਪੂਰੀ ਕੀਤੀ ਜਾ ਸਕੇ। ਟੋਰੇਫਾਈਡ ਬਾਇਓਮਾਸ ਇੱਕ ਉੱਚ-ਗੁਣਵੱਤਾ ਵਾਲਾ ਠੋਸ ਬਾਇਓਫਿਊਲ ਹੈ ਜੋ ਝੋਨੇ ਦੀ ਵਾਢੀ ਮਗਰੋਂ ਬਚੀ ਪਰਾਲ਼ੀ ਤੋਂ ਬਣਾਇਆ ਜਾਂਦਾ ਹੈ ਅਤੇ ਇਸ ਨੂੰ ਇੱਕ ਰਸਾਇਣਕ ਪ੍ਰਕਿਰਿਆ ਤੋਂ ਬਾਅਦ ਤਿਆਰ ਕੀਤਾ ਜਾਂਦਾ ਹੈ। ਇਹ ਉਤਪਾਦ ਊਰਜਾ ਘਣਤਾ ਵਿੱਚ ਬਹੁਤ ਜ਼ਿਆਦਾ ਹੈ, ਜਿਸ ਨਾਲ ਇਹ ਕੋਲ਼ੇ ਦੇ ਬਦਲੇ ਇੱਕ ਸਾਫ ਅਤੇ ਕਾਰਬਨ-ਨਿਊਟ੍ਰਲ ਵਿਕਲਪ ਦੇ ਤੌਰ 'ਤੇ ਕੰਮ ਕਰਦਾ ਹੈ। ਟੀਐਸਪੀਐਲ ਇੱਕ ਉੱਚ ਤਕਨੀਕ ਅਤੇ ਸੁਪਰਕ੍ਰਿਟੀਕਲ ਦਰਜੇ ਵਾਲਾ ਥਰਮਲ ਪਾਵਰ ਪਲਾਂਟ ਹੈ ਅਤੇ ਇਹ ਸਿਰਫ ਉੱਚ-ਗੁਣਵੱਤਾ ਵਾਲੇ ਬਾਇਓਫਿਊਲਜ਼ ਹੀ ਵਰਤ ਸਕਦਾ ਹੈ, ਜਿਵੇਂ ਕਿ ਟੋਰੇਫਾਈਡ ਬਾਇਓਮਾਸ ਜਾਂ ਬਾਇਓ-ਪੈਲੇਟ। ਇਸ ਨਵੇਂ ਪਲਾਂਟ ਦੀ ਬਾਇਓ-ਪੈਲੇਟ ਬਨਾਉਣ ਦੀ ਕੁੱਲ ਸਮਰੱਥਾ 500 ਟਨ ਪ੍ਰਤੀ ਦਿਨ ਹੈ।

ਇਹ ਉਪਰਾਲਾ ਵੇਦਾਂਤਾ ਦੇ ਡੀਕਾਰਬਨਾਈਜ਼ੇਸ਼ਨ ਦੇ ਟੀਚੇ ਨਾਲ ਸਿੱਧਾ ਜੁੜਿਆ ਹੋਇਆ ਹੈ, ਜਿਸ ਵਿੱਚ ਉਹ 2050 ਤੱਕ ਨੈੱਟ ਜ਼ੀਰੋ ਹੋਣ ਦਾ ਸੰਕਲਪ ਲੈ ਕੇ ਅੱਗੇ ਵੱਧ ਰਹੇ ਹਨ। ਨਵੇਂ ਬਣੇ ਇਹਨਾਂ ਪਲਾਂਟਾਂ ਦਾ ਉਦਘਾਟਨ ਬਤੌਰ ਮੁੱਖ ਮਹਿਮਾਨ ਪ੍ਰੋਫੈਸਰ (ਡਾ.) ਆਦਰਸ਼ ਪਾਲ ਵਿਗ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ (PPCB) ਦੇ ਚੇਅਰਮੈਨ ਨੇ ਕੀਤਾ 9 ਇਸ ਮੌਕੇ ਹੋਰ ਮਾਣਯੋਗ ਮਹਿਮਾਨ ਵੀ ਹਾਜ਼ਿਰ ਸੰਨ, ਜਿਹਨਾਂ ਵਿੱਚ ਸ਼੍ਰੀ ਪੰਕਜ ਸ਼ਰਮਾ, ਮੁੱਖ ਸੰਚਾਲਨ ਅਧਿਕਾਰੀ, ਟੀਐਸਪੀਐਲ; ਇੰਜੀਨੀਅਰ ਜੀ.ਐਸ. ਮਜੀਠਿਆ, ਮੈਂਬਰ ਸੈਕ੍ਰੇਟਰੀ, ਪੀ ਪੀ ਸੀ ਬੀ, ਇੰਜੀਨੀਅਰ ਰਾਕੇਸ਼ ਕੁਮਾਰ ਨੈਯਰ, ਮੁੱਖ ਵਾਤਾਵਰਣ ਇੰਜੀਨੀਅਰ, ਪੀ ਪੀ ਸੀ ਬੀ, ਇੰਜੀਨੀਅਰ ਸਮੀਤਾ, ਸੀਨੀਅਰ ਵਾਤਾਵਰਣ ਇੰਜੀਨੀਅਰ, ਪੀ ਪੀ ਸੀ ਬੀ ਅਤੇ ਇੰਜੀਨੀਅਰ ਰਮਨਦੀਪ ਸਿੰਘ, ਵਾਤਾਵਰਣ ਇੰਜੀਨੀਅਰ, ਪੀ ਪੀ ਸੀ ਬੀ। ਪੰਜਾਬ ਹਰ ਸਾਲ ਲਗਭਗ 15 ਤੋਂ 20 ਮਿਲੀਅਨ ਟਨ ਝੋਨੇ ਤੋਂ ਬਣੀ ਪਰਾਲ਼ੀ ਦਾ ਉਤਪਾਦਨ ਕਰਦਾ ਹੈ। ਜ਼ਿਆਦਾਤਰ ਖੇਤਰਾਂ ਵਿੱਚ ਇਸਨੂੰ ਖੇਤਾਂ ਵਿੱਚ ਹੀ ਜਲਾ ਦਿੱਤਾ ਜਾਂਦਾ ਹੈ, ਜਿਸ ਨਾਲ ਉੱਤਰੀ ਭਾਰਤ ਵਿੱਚ ਮੌਸਮੀ ਰੂਪ ਨਾਲ ਵਾਤਾਵਰਣ ਪ੍ਰਦੂਸ਼ਣ ਵੱਧਦਾ ਹੈ। ਟੀਐਸਪੀਐਲ ਇਸ ਬਾਇਓਮਾਸ ਨੂੰ ਆਪਣੇ ਮੌਜੂਦਾ ਬਾਲਣ ਵਿੱਚ ਸ਼ਾਮਿਲ ਕਰਕੇ ਆਪਣੇ ਕਾਰਬਨ ਫੁੱਟਪ੍ਰਿੰਟ ਨੂੰ ਦੋ ਤਰੀਕਿਆਂ ਨਾਲ ਘਟਾਉਂਦਾ ਹੈ। ਪਿਛਲੇ ਖਰੀਦ ਫਸਲ ਦੇ ਮੌਸਮ ਦੌਰਾਨ, ਟੀਐਸਪੀਐਲ ਨੇ ਆਪਣੇ ਰਣਨੀਤਿਕ ਵਪਾਰਕ ਸਾਥੀਆਂ ਨੂੰ ਪ੍ਰੋਤਸਾਹਿਤ ਕਰਕੇ ਲਗਭਗ 8 ਲੱਖ ਟਨ ਪਰਾਲੀ ਦੀ ਖਰੀਦ ਕੀਤੀ, ਜਿਸਨੂੰ ਕਰੀਬ 6.4 ਲੱਖ ਟਨ ਟੋਰੇਫਾਈਡ ਬਾਇਓ-ਪੈਲਟਸ ਵਿੱਚ ਬਦਲਿਆ ਜਾਵੇਗਾ। ਦੂਜਾ, ਕੰਪਨੀ ਆਪਣੇ ਰੋਜ਼ਾਨਾ ਕੋਲ ਦੀ ਵਰਤੋਂ ਵਿੱਚ ਕੁਲ 5% ਦੀ ਕਮੀ ਕਰੇਗੀ, ਜਿਸਨੂੰ ਸਮੇਂ ਦੇ ਨਾਲ-ਨਾਲ ਬਾਇਓਪੈਲਟਸ ਨਾਲ ਬਦਲਿਆ ਜਾਵੇਗਾ। ਇਹ ਦੋਨੋ ਤਰੀਕੇ ਮਿਲ ਕੇ ਲਗਭਗ 2.6 ਮਿਲੀਅਨ ਟਨ ਕਾਰਬਨ ਡਾਈਆਕਸਾਈਡ ਦੇ ਉਤਸਰਜਣ ਨੂੰ ਰੋਕਣ ਵਿੱਚ ਸਹਾਇਕ ਹੋਣਗੇ।

ਇਸਦੇ ਨਾਲ ਹੀ, ਟੀਐਸਪੀਐਲ ਹਰ ਦਿਨ ਲੱਗਭਗ 450 ਟਨ ਟੋਰੇਫਾਈਡ ਬਾਇਓਮਾਸ ਨੂੰ ਆਪਣੇ ਪਲਾਂਟ ਵਿੱਚ ਕੋ-ਫਾਇਰ (ਕੋਲ਼ੇ ਦੇ ਨਾਲ-ਨਾਲ ਵਰਤੋਂ) ਕਰਦਾ ਹੈ ਜੋ ਪਰਾਲ਼ੀ ਤੋਂ ਅਤੇ ਹੋਰ ਖੇਤੀਬਾੜੀ ਦੇ ਅਵਸ਼ੇਸ਼ਾਂ ਤੋਂ ਬਣਾਇਆ ਜਾਂਦਾ ਹੈ। ਇਸ ਤਰ੍ਹਾਂ ਦੇ ਉਪਰਾਲਿਆਂ ਨਾਲ ਕਿਸਾਨਾਂ ਲਈ ਆਪਣੀ ਪਰਾਲ਼ੀ ਨੂੰ ਖੇਤੀਬਾੜੀ ਦੇ ਖੇਤਰ ਵਿੱਚ ਲਾਭਕਾਰੀ ਬਣਾਏ ਜਾਣ ਦੀ ਇੱਕ ਪ੍ਰਣਾਲੀ ਬਣਾਈ ਜਾ ਰਹੀ ਹੈ, ਜਿਸ ਨਾਲ ਖੇਤਾਂ ਵਿੱਚ ਪਰਾਲੀ ਨੂੰ ਨਹੀਂ ਜਲਾਇਆ ਜਾਂਦਾ ਅਤੇ ਵੱਡੇ ਪੱਧਰ 'ਤੇ ਪ੍ਰਦੂਸ਼ਣ ਤੋਂ ਵੀ ਬਚਾਅ ਹੁੰਦਾ ਹੈ। ਟੀਐਸਪੀਐਲ ਆਪਣੀ ਬਾਇਓਮਾਸ ਦੀ ਕੋ-ਫਾਇਰਿੰਗ ਨੂੰ ਜਾਰੀ ਰੱਖੇਗਾ, ਜਿਸ ਨਾਲ ਥਰਮਲ ਪਾਵਰ ਜਨਰੇਸ਼ਨ ਨੂੰ ਡੀਕਾਰਬਨਾਈਜ਼ ਕੀਤਾ ਜਾ ਸਕੇਗਾ। ਟੋਰੇਫਾਈਡ ਬਾਇਓ-ਪੈਲਟਸ ਪਰਾਲੀ ਤੋਂ ਤਿਆਰ ਕੀਤੇ ਜਾਂਦੇ ਹਨ, ਜੋ ਕਿ ਟੀਐਸਪੀਐਲ ਦੇ ਵਿਸ਼ਾਲ ਪਰਾਲੀ ਪ੍ਰਬੰਧਨ ਅਭਿਆਨ ਰਾਹੀਂ ਇਕੱਠੀ ਕੀਤੀ ਗਈ ਸੀ। ਟੀਐਸਪੀਐਲ ਦੀ ਇਹ ਵਿਸ਼ਾਲ ਪਰਾਲੀ ਪ੍ਰਬੰਧਨ ਮੁਹਿੰਮ ਖੁੱਲ੍ਹੇ ਖੇਤਰਾਂ ਵਿੱਚ ਖੇਤੀਬਾੜੀ ਅਵਸ਼ੇਸ਼ਾਂ ਦੇ ਸਾੜਨ ਨੂੰ ਰੋਕਣ, ਹਵਾ ਦੀ ਗੁਣਵੱਤਾ ਵਿੱਚ ਸੁਧਾਰ ਲਿਆਉਣ ਅਤੇ ਸੂਬੇ ਦੇ ਸਾਫ਼ ਊਰਜਾ ਸੰਕਲਪ ਨੂੰ ਤੇਜ਼ੀ ਦੇਣ ਦਾ ਟੀਚਾ ਰੱਖਦੀ ਹੈ, ਜਿਸ ਨਾਲ ਕੰਪਨੀ ਨੂੰ ਸਥਾਈ ਬਾਇਓਮਾਸ-ਅਧਾਰਿਤ ਹੱਲ ਲਈ ਇੱਕ ਪ੍ਰਮੁੱਖ ਉਪਭੋਗਕਾਰੀ ਵਜੋਂ ਮੰਨਤਾ ਮਿਲਦੀ ਹੈ। ਡਾ. ਆਦਰਸ਼ ਪਾਲ ਵਿਗ, ਪੀ ਪੀ ਸੀ ਬੀ, ਦੇ ਚੇਅਰਮੈਨ ਨੇ ਕਿਹਾ, ਇਹਨਾਂ ਨਵੇਂ ਬਣੇ ਬਾਇਓਮਾਸ ਪਲਾਂਟਾਂ ਦੀ ਸਥਾਪਨਾ ਉਸ ਸਹਿਯੋਗੀ ਨਵੀਨਤਾ ਨੂੰ ਦਰਸਾਉਂਦੀ ਹੈ, ਜੋ ਪੰਜਾਬ ਅਤੇ ਗੁਆਂਢੀ ਰਾਜਾਂ ਵਿੱਚ ਹਵਾ ਦੀ ਗੁਣਵੱਤਾ ਵਿੱਚ ਸੁਧਾਰ ਲਈ ਲੋੜੀਂਦੀ ਹੈ।

# ਵਿਧਾਇਕ ਕੁਲਵੰਤ ਸਿੰਘ ਪੰਡੋਰੀ ਵਲੋਂ ਮਹਿਲ ਹਲਕੇ ਦੇ ਸਕੂਲਾਂ ਵਿਚ ਲੱਖਾਂ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦੇ ਉਦਘਾਟਨ

**ਬਰਨਾਲਾ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਧਾਇਕ ਮਹਿਲ ਕਲਾਂ ਅਤੇ ਚੇਅਰਮੈਨ ਵਿਸ਼ੇਸ਼ ਅਧਿਕਾਰ ਕਮੇਟੀ ਵਿਧਾਨ ਸਭਾ ਸ. ਕੁਲਵੰਤ ਸਿੰਘ ਪੰਡੋਰੀ ਵਲੋਂ ਅੱਜ ਪਿੰਡ ਗੁਰਮ, ਮਾਂਗੇਵਾਲ, ਠੁੱਲੀਵਾਲ ਦੇ ਸਕੂਲਾਂ ਦੇ ਲੱਖਾਂ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਗਏ।




ਇਸ ਮੌਕੇ ਸ ਸ ਸ ਸਕੂਲ ਠੁੱਲੀਵਾਲ ਵਿਚ ਸੰਬੋਧਨ ਕਰਦੇ ਹੋਏ ਸ. ਕੁਲਵੰਤ ਸਿੰਘ ਪੰਡੋਰੀ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵਲੋਂ ਸਰਕਾਰੀ ਸਕੂਲਾਂ ਦੀ ਕਾਇਆ ਕਲਪ ਕੀਤੀ ਜਾ ਰਹੀ ਹੈ ਅਤੇ ਅਧਿਆਪਕਾਂ ਨੂੰ ਉੱਚ ਦਰਜੇ ਦੀ ਸਿਖਲਾਈ ਦਿਵਾਈ ਜਾ ਰਹੀ ਹੈ, ਜਿਸ ਸਦਕਾ ਸਕੂਲਾਂ ਦੇ ਬੇਹਤਰੀਨ ਨਤੀਜੇ ਆ ਰਹੇ ਹਨ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵਲੋਂ ਇਸ ਵਾਰ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ 9000 ਦੇ ਕਰੀਬ ਸੁਰੱਖਿਆ ਗਾਰਡਾਂ ਅਤੇ ਸਫਾਈ ਸੇਵਕਾਂ ਦੀ ਭਰਤੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪਹਿਲੀ ਵਾਰ ਹੋਇਆ ਹੈ ਕਿ ਸਕੂਲਾਂ ਵਿਚ ਕੈਂਪਸ ਮੈਨੇਜਰ ਵੀ ਰੱਖੇ ਗਏ ਹਨ। ਉਨ੍ਹਾਂ ਕਿਹਾ ਕਿ ਹਲਕੇ ਦੇ ਸਕੂਲਾਂ ਵਿਚ ਕੋਈ ਘਾਟ ਨਹੀਂ ਰਹਿਣ ਦਿੱਤੀ ਜਾਵੇਗੀ। ਹਰ ਪਿੰਡ ਵਿਚ ਖੇਡ ਮੈਦਾਨ ਬਣੇਗਾ। ਉਨ੍ਹਾਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿਚ ਸਭ ਨੂੰ ਸਹਿਯੋਗ ਦੇਣ ਦਾ ਸੱਦਾ ਦਿੱਤਾ। ਅੱਜ ਉਨ੍ਹਾਂ ਸਰਕਾਰੀ ਹਾਈ ਸਕੂਲ ਮਾਂਗੇਵਾਲ ਵਿਚ 24.60 ਲੱਖ ਦੀ ਲਾਗਤ ਵਾਲੇ, ਪ੍ਰਾਇਮਰੀ ਸਕੂਲ ਮਾਂਗੇਵਾਲ ਵਿਚ 36 ਹਜ਼ਾਰ, ਸਰਕਾਰੀ ਹਾਈ ਸਕੂਲ ਗੁਰਮ ਦੇ 16.53 ਲੱਖ ਦੀ ਲਾਗਤ ਵਾਲੇ, ਸੀਨੀਅਰ ਸੈਕੰਡਰੀ ਸਕੂਲ ਠੁੱਲੀਵਾਲ ਦੇ 5.30 ਲੱਖ, ਪ੍ਰਾਇਮਰੀ ਸਕੂਲ ਠੁੱਲੀਵਾਲ ਦੇ 9.71 ਲੱਖ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ। ਜ਼ਿਲ੍ਹਾ ਸਿੱਖਿਆ ਅਫ਼ਸਰ ਮੈਡਮ ਇੰਦੂ ਸਿਮਕ ਦੀ ਅਗਵਾਈ ਹੇਠ ਹੋਏ ਪ੍ਰੋਗਰਾਮਾਂ ਵਿੱਚ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਬਰਜਿੰਦਰਪਾਲ ਸਿੰਘ, ਸ ਸ ਸ ਸਕੂਲ ਠੁੱਲੀਵਾਲ ਦੇ ਇੰਚਾਰਜ ਜੋਗਿੰਦਰ ਸਿੰਘ, ਸਰਕਾਰੀ ਹਾਈ ਸਕੂਲ ਮਾਂਗੇਵਾਲ ਦੇ ਜਸਵਿੰਦਰ ਸਿੰਘ, ਪ੍ਰਾਇਮਰੀ ਸਕੂਲ ਠੁੱਲੀਵਾਲ ਦੇ ਸਕੂਲ ਹੈੱਡ ਬਲਜੀਤ ਸਿੰਘ, ਪ੍ਰਾਇਮਰੀ ਸਕੂਲ ਮਾਂਗੇਵਾਲ ਦੇ ਭੁਪਿੰਦਰ ਸਿੰਘ, ਸਿੱਖਿਆ ਕੋਆਰਡੀਨੇਟਰ ਚਰਨਜੀਤ ਸਿੰਘ, ਬੀ ਐਨ ਓ ਜਸਵਿੰਦਰ ਸਿੰਘ, ਹੈਡਮਾਸਟਰ ਕੁਲਦੀਪ ਸਿੰਘ, ਸੀ ਐਚ ਟੀ ਰਿੰਪੀ ਰਾਣੀ, ਪੀ ਏ ਹਰਮਨਜੀਤ ਸਿੰਘ, ਬਿੰਦਰ ਸਿੰਘ ਤੇ ਹੋਰ ਪਤਵੰਤੇ ਹਾਜ਼ਰ ਸਨ।

# ਖਿਡਾਰੀਆਂ ਨੇ ਗੋਲਡ ਸਿਲਵਰ ਮੈਡਲ ਪ੍ਰਾਪਤ ਕੀਤੇ



**ਪਟਿਆਲਾ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਆਸਰਾ ਗਰੁੱਪ ਆਫ ਇੰਸਟੀਚਿਊਟ ਭਵਾਨੀਗੜ੍ਹ ਵਲੋਂ ਰਾਸ਼ਟਰੀ ਖੇਡ ਦਿਵਸ਼ ਮੌਕੇ ਤਰ੍ਹਾਂ ਤਰ੍ਹਾਂ ਦੇ ਖੇਡ ਮੁਕਾਬਲੇ ਕਰਵਾਏ ਜਿਨ੍ਹਾਂ ਵਿੱਚ ਪਟਿਆਲਾ ਸੰਗਰੂਰ ਬਰਨਾਲਾ ਅਤੇ ਕੁਝ ਹੋਰ ਤਸੀਲਾ ਤੋ ਵੱਖ ਵੱਖ ਸਕੂਲਾਂ ਕਾਲਜਾਂ ਦੇ 2500 ਖਿਡਾਰੀਆਂ ਨੇ ਭਾਗ ਲਿਤਾ। ਸੈਨੀ ਪਬਲਿਕ ਸਕੂਲ ਪਟਿਆਲਾ ਦੇ ਪ੍ਰਿੰਸੀਪਲ ਸ਼੍ਰੀਮਤੀ ਰਮਨਦੀਪ ਕੌਰ ਨੇ ਦੱਸਿਆ ਕਿ ਉਨ੍ਹਾਂ ਦੇ ਛੇ ਵਿਦਿਆਰਥੀਆਂ ਨੇ, ਜੂਨੀਅਰ ਗਰੁੱਪ ਵਿੱਚ ਸ਼੍ਰੀ ਵਰਿੰਦਰ ਸਿੰਘ ਕੋਚ ਦੀ ਟ੍ਰੇਨਿੰਗ, ਅਭਿਆਸ ਅਤੇ ਅਗਵਾਈ ਹੇਠ ਬੈਡਮਿੰਟਨ, ਤਾਈਕਵਾਡੋਂ ਬੋਕਸਿੰਗ ਵਿੱਚ ਆਪਣੇ ਜੋਹਰ ਦਿਖਾਏ। ਪ੍ਰਿੰਸੀਪਲ ਨੇ ਦੱਸਿਆ ਕਿ ਬੈਡਮਿੰਟਨ ਵਿਚ ਸੋਮਿਆਂ ਅਤੇ ਰੂਚੀ,ਨੇ ਗੋਲਡ ਮੈਡਲ, ਤਾਈਕਵਾਡੋਂ ਵਿਚ ਮਯੰਕ ਨੇ ਗੋਲਡ ਅਤੇ ਖੁਸ਼ੀ ਨੇ ਸਿਲਵਰ ਮੈਡਲ ਜਦਕਿ ਬੋਕਸਿੰਗ ਵਿਚ ਗੁਰਤੇਜ ਨੇ ਗੋਲਡ ਮੈਡਲ ਅਤੇ ਯੁਵਰਾਜ ਨੇ ਸਿਲਵਰ ਮੈਡਲ ਪ੍ਰਾਪਤ ਕੀਤੇ। ਸ਼੍ਰੀ ਕਾਕਾ ਰਾਮ ਵਰਮਾ ਸੇਵਾ ਮੁਕਤ ਟ੍ਰੇਨਿੰਗ ਸੁਪਰਵਾਈਜ਼ਰ ਰੈੱਡ ਕਰਾਸ ਨੇ ਸਕੂਲ ਵਿਖੇ ਪਹੁੰਚਕੇ, ਬੱਚਿਆਂ ਦੀ ਹੌਂਸਲਾ ਅਫਜ਼ਾਈ ਕੀਤੀ। ਸਕੂਲ ਦੇ ਪ੍ਰਿੰਸੀਪਲ ਚੈਅਰਮੈਨ ਸ਼੍ਰੀਮਤੀ ਅਮਰਜੀਤ ਕੌਰ ਅਤੇ ਸਾਰੇ ਅਧਿਆਪਕਾਂ ਵਿਦਿਆਰਥੀਆਂ ਨੂੰ ਵਧਾਈਆਂ ਦਿੱਤੀਆਂ। ਉਨ੍ਹਾਂ ਨੇ ਕਿਹਾ ਕਿ ਖੇਡ ਮੁਕਾਬਲੇ ਬਚਿਆ ਨੂੰ ਸਿਹਤਮੰਦ ਤਦੰਰੁਸਤ ਸਹਿਣਸ਼ੀਲ ਅਨੁਸ਼ਾਸਨ ਆਗਿਆ ਪਾਲਣ ਨਿਮਰਤਾ ਅਤੇ ਜ਼ਿੰਦਗੀ ਦੀ ਸਮਸਿਆਵਾਂ ਦਾ ਸਾਹਮਣਾ ਕਰਨ, ਨਸ਼ਿਆਂ ਅਪਰਾਧਾਂ ਤੋਂ ਬਚਣ ਲਈ ਉਤਸ਼ਾਹਿਤ ਕਰਦੇ ਹਨ।

# ਪਹਿਲਗਾਮ ਹਮਲੇ ਸਬੰਧੀ ਭਾਰਤ ਦੀ ਕਾਰਵਾਈ ਨੂੰ ਉਡੀਕ ਰਹੀ ਹੈ ਦੇਸ਼ ਦੀ ਜਨਤਾ: ਕੌਂਸਲਰ ਸੂਰਜ ਸ਼ਰਮਾ



**ਤਰਨ ਤਾਰਨ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜੰਮੂ-ਕਸ਼ਮੀਰ ਦਾ ਅਨੰਤਨਾਗ ਜ਼ਿਲ੍ਹੇ ਦੇ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ 'ਤੇ ਵਾਰਡ ਨੰਬਰ 20 ਦੇ ਕੌਂਸਲਰ ਸੂਰਜ ਸ਼ਰਮਾ ਅਤੇ ਉਨਾਂ ਦੀ ਸਾਥੀਆਂ ਨੇ ਕਰੜੀ ਨਿੰਦਾ ਕੀਤੀ ਹੈ।

ਤਰਨ ਤਰਨ ਵਿਖੇ ਚੋਣਵੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੌਂਸਲਰ ਸੂਰਜ ਸ਼ਰਮਾ ਨੇ ਕਿਹਾ ਕਿ ਅਨੰਤ ਨਾਗ ਵਿਖੇ ਸੈਲਾਨੀਆਂ ਉੱਪਰ ਕਾਇਰਨਾ ਹਮਲਾ ਕਰਨ ਵਾਲੇ ਅੱਤਵਾਦੀਆਂ ਖਿਲਾਫ ਦੇਸ਼ ਭਰ ਵਿੱਚ ਰੋਸ਼ ਵੱਧਦਾ ਜਾ ਰਿਹਾ ਹੈ ਹੁਣ ਸਾਰੇ ਦੇਸ਼ ਵਾਸੀਆਂ ਦੀਆਂ ਨਜ਼ਰਾਂ ਭਾਰਤ ਸਰਕਾਰ ਤੇ ਹੈ ਕਿ ਉਹ ਅੱਤਵਾਦੀਆਂ ਦੀ ਇਸ ਕਾਇਰਾਨਾ ਕਾਰਵਾਈ ਖਿਲਾਫ ਕਿਸ ਤਰ੍ਹਾਂ ਦਾ ਐਕਸ਼ਨ ਲੈਂਦੀ ਹੈ। ਕੌਂਸਲਰ ਸੂਰਜ ਸ਼ਰਮਾ ਨੇ ਕਿਹਾ ਕਿ ਇਸ ਘਟਨਾ ਤੋਂ ਬਾਅਦ ਪੂਰੇ ਦੇਸ਼ ਵਿੱਚ ਗੁੱਸਾ ਹੈ।

ਉਨ੍ਹਾਂ ਨੇ ਕਿਹਾ ਕਿ ਭਾਰਤ ਸਰਕਾਰ ਨੂੰ ਅੱਤਵਾਦੀਆਂ ਦੀਆਂ ਨਾਪਾਕ ਹਰਕਤਾਂ ਖਿਲਾਫ ਸਖਤ ਕਾਰਵਾਈ ਕਰਨੀ ਚਾਹੀਦੀ ਹੈ। ਅਜਿਹੇ ਅੱਤਵਾਦੀ ਹਮਲਿਆਂ ਨੇ ਸੈਲਾਨੀਆਂ ਦੀ ਸੁਰੱਖਿਆ 'ਤੇ ਵੀ ਸਵਾਲ ਖੜ੍ਹੇ ਕਰ ਦਿੱਤੇ ਹਨ। ਇਹ ਬਹੁਤ ਹੀ ਕਾਇਰਤਾ ਭਰੀ ਹਰਕਤ ਹੈ। ਇਸ ਦੇ ਲਈ ਪ੍ਰਧਾਨ ਮੰਤਰੀ ਨੂੰ ਢੁਕਵੇਂ ਕਦਮ ਚੁੱਕਣੇ ਚਾਹੀਦੇ ਹਨ। ਇਸ ਮੌਕੇ ਗਗਨਦੀਪ ਸਿੰਘ, ਗੁਰਮੀਤ ਸਿੰਘ ਰਾਜਪੂਤ, ਜਤਿਨ ਚਾਵਲਾ, ਮਨੀਸ਼ ਕੁਮਾਰ ,ਕਪਤਾਨ ਸਿੰਘ ਰੋਫੀ ਰਾਜਪੂਤ ਮੌਜੂਦ ਸਨ।

# ਹਿਊਮਨ ਸਰਵਿਸ ਸੋਸਾਇਟੀ ਵੱਲੋਂ ਜੰਮੂ ਕਸ਼ਮੀਰ ਦੇ ਪਹਿਲਗਾਮ ਹਮਲੇ ਵਿੱਚ ਮਾਰੇ ਗਏ ਲੋਕਾ ਨੂੰ ਦਿੱਤੀ ਸ਼ਰਧਾਂਜਲੀ




**ਪਟਿਆਲਾ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਟੀਮ ਹਿਊਮਨ ਸਰਵਿਸ ਸੋਸਾਇਟੀ ਵੱਲੋਂ ਪਹਿਲਗਾਮ ਹਮਲੇ ਵਿੱਚ ਅੱਤਵਾਦੀਆਂ ਵੱਲੋਂ ਜੋ (26) ਬੇਗੁਨਾਹ ਨਿਰਦੋਸ਼ ਲੋਕ ਮਾਰੇ ਗਏ। ਉਹਨਾਂ ਦੀ ਯਾਦ ਵਿੱਚ ਸ਼ਿਵ ਮੰਦਿਰ ਤ੍ਰਿਪੜੀ ਹਵਨਯੱਗ ਕਰਕੇ ਕੈਂਡਲ ਜਲਾ ਕੇ ਸ਼ਰਧਾਂਜਲੀ ਦਿੱਤੀ ਗਈ।

ਪੰਜਾਬ ਪ੍ਰਧਾਨ ਜਤਿੰਦਰ ਸ਼ਰਮਾ ਅਤੇ ਉਹਨਾਂ ਦੀ ਟੀਮ ਵੱਲੋਂ ਮੋਨ ਰੱਖਿਆ ਗਿਆ ਤੇ ਕਿਹਾ ਕਿ ਇਹ ਇੱਕ ਮੰਦਭਾਗੀ ਘਟਨਾ ਹੈ। ਜਿਵੇਂ 1984 ਵਿੱਚ ਨਿਰਦੋਸ਼ ਲੋਕ ਤੇ ਹੁਣ ਪਹਿਲਗਾਮ ਵਿੱਚ ਮਾਰੇ ਗਏ ਇਹ ਆਪਸੀ ਭਾਈਚਾਰਾ ਖਰਾਬ ਕਰਨ ਦੀ ਸੋਚੀ ਸਮਝੀ ਸਾਜਿਸ਼ ਹੈ। ਇਹਨਾਂ ਲੋਕਾਂ ਦਾ ਜੋ ਐਸਾ ਕੰਮ ਕਰਦੇ ਹਨ ਕੋਈ ਧਰਮ ਜਾਂ ਜਾਤ ਨਹੀਂ ਹੁੰਦੀ ਐਸੇ ਦੋਸ਼ੀਆਂ ਨੂੰ ਸਖਤ ਤੋਂ ਸਖਤ ਸਜਾ ਮਿਲਣੀ ਚਾਹੀਦੀ ਹੈ। ਸਾਡੀ ਭਾਰਤੀ ਫੋਜ ਤੇ ਸਾਨੂੰ ਪੂਰਾ ਵਿਸਵਾਸ਼ ਹੈ। ਉਹ ਇਹਨਾਂ ਆਂਤਕਵਾਦੀਆਂ ਨੂੰ ਮੂੰਹਤੋੜ ਜਵਾਬ ਦੇਵੇਗੀ। ਪ੍ਰਮਾਤਮਾ ਜੋ ਬੇਗੁਨਾਹ ਲੋਕ ਇਸ ਘਟਨਾ ਵਿੱਚ ਮਾਰੇ ਗਏ ਉਹਨਾਂ ਦੀ ਆਤਮਾ ਨੂੰ ਸ਼ਾਂਤੀ ਦੇਵੇ। ਜੈ ਹਿੰਦ ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਜਤਿੰਦਰ ਸ਼ਰਮਾ, ਨਿਰਮਲ ਜੈਨ, ਐਸ.ਐਸ.ਪੀ. ਪਵਨ ਕੁਮਾਰ, ਲੱਕੀ ਯਾਦਵ, ਮਨੀਸ਼ਾ ਉਪਲ, ਦਰਸ਼ਨਾ ਰਾਣੀ, ਕਿਰਨ ਠਾਕੁਰ, ਚੌਧਰੀ ਅਜੈ ਕੁਮਾਰ, ਕਰਮਜੀਤ ਲਚਕਾਣੀ ਅਤੇ ਹੋਰ ਟੀਮ ਮੈਂਬਰ ਮੌਜੂਦਰ ਰਹੇ।

# ਬੀਬੀਐੱਮਬੀ ਵਿਵਾਦ: ਪੰਜਾਬ ਦੇ ਹੱਕਾਂ 'ਤੇ ਡਾਕਾ ਬਰਦਾਸ਼ਤ ਨਹੀਂ ਕਰਾਂਗੇ: ਭਗਵੰਤ ਮਾਨ

## ਫੈਸਲੇ ਵਿਰੁੱਧ ਕੋਈ ਵੀ ਕੁਰਬਾਨੀ ਦੇਣ ਲਈ ਤਿਆਰ ਹਾਂ: ਅਮਨ ਅਰੋੜਾ

**ਚੰਡੀਗੜ੍ਹ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਬੀਬੀਐੱਮਬੀ ਦੇ ਹਰਿਆਣਾ ਨੂੰ 8,500 ਕਿਊਸਿਕ ਪਾਣੀ ਛੱਡਣ ਦੇ ਫੈਸਲੇ ਦਾ ਸਖ਼ਤ ਵਿਰੋਧ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਉਹ ਪੰਜਾਬ ਦੇ ਹੱਕਾਂ 'ਤੇ ਡਾਕਾ ਬਰਦਾਸ਼ਤ ਨਹੀਂ ਕਰਨਗੇ। ਜ਼ਿਕਰਯੋਗ ਹੈ ਕਿ ਹਰਿਆਣਾ ਨੂੰ ਪਾਣੀ ਛੱਡਣ ਦਾ ਫੈਸਲਾ ਬੁੱਧਵਾਰ ਸ਼ਾਮ ਨੂੰ ਭਾਖੜਾ ਬਿਆਸ ਪ੍ਰਬੰਧਨ ਬੋਰਡ (ਬੀਬੀਐੱਮਬੀ) ਦੀ ਤਕਨੀਕੀ ਕਮੇਟੀ ਦੀ ਪੰਜ ਘੰਟੇ ਚੱਲੀ ਮੀਟਿੰਗ ਵਿਚ ਲਿਆ ਗਿਆ।

ਸੂਤਰਾਂ ਨੇ ਦੱਸਿਆ ਕਿ ਬੀਬੀਐੱਮਬੀ ਮੀਟਿੰਗ ਦੌਰਾਨ ਪੰਜਾਬ ਸਰਕਾਰ ਦੇ ਅਧਿਕਾਰੀਆਂ ਨੇ ਹਰਿਆਣਾ ਨੂੰ ਹੋਰ ਪਾਣੀ ਛੱਡਣ 'ਤੇ ਸਖ਼ਤ ਇਤਰਾਜ਼ ਜਤਾਇਆ ਅਤੇ ਦਾਅਵਾ ਕੀਤਾ ਕਿ ਗੁਆਂਢੀ ਸੂਬਾ ਪਹਿਲਾਂ ਹੀ ਆਪਣੇ ਹਿੱਸੇ ਦੇ ਪਾਣੀ ਦੀ ਵਰਤੋਂ ਕਰ ਚੁੱਕਾ ਹੈ। ਬੀਬੀਐੱਮਬੀ ਦੇ ਫੈਸਲੇ 'ਤੇ ਪ੍ਰਤੀਕਿਰਿਆ ਦਿੰਦੇ ਹੋਏ ਮੁੱਖ ਮੰਤਰੀ ਮਾਨ ਨੇ ਵੀਰਵਾਰ ਨੂੰ ਹਰਿਆਣਾ ਨੂੰ 8,500 ਕਿਊਸਿਕ ਪਾਣੀ ਦੇਣ ਦੇ ਕਦਮ ਦਾ ਸਖ਼ਤ ਵਿਰੋਧ ਕੀਤਾ। ਉਨ੍ਹਾਂ ਕਿਹਾ, "ਪੂਰਾ ਪੰਜਾਬ ਬੀਬੀਐੱਮਬੀ ਰਾਹੀਂ ਹਰਿਆਣਾ ਨੂੰ ਪਾਣੀ, ਜੋ ਕਿ ਪੰਜਾਬ ਅਤੇ ਪੰਜਾਬੀਆਂ ਦਾ ਹੱਕ ਹੈ, ਦੇਣ ਦੇ ਫੈਸਲੇ ਦਾ ਸਖ਼ਤ ਵਿਰੋਧ ਕਰਦਾ ਹੈ। ਕੇਂਦਰ ਅਤੇ ਹਰਿਆਣਾ ਦੀ ਭਾਜਪਾ ਸਰਕਾਰ ਪੰਜਾਬ ਦੇ ਵਿਰੁੱਧ ਇੱਕਜੁੱਟ ਹੋ ਗਈ ਹੈ।"

ਪੰਜਾਬ ਤੇ ਪੰਜਾਬੀਆਂ ਦੇ ਹੱਕ ਦਾ ਪਾਣੀ 22$2 ਜ਼ਰੀਏ ਹਰਿਆਣੇ ਨੂੰ ਦੇਣ ਦੇ ਫ਼ੈਸਲੇ ਦਾ ਪੂਰਾ ਪੰਜਾਬ ਸਖ਼ਤ ਵਿਰੋਧ ਕਰਦਾ ਹੈ। ਕੇਂਦਰ ਤੇ ਹਰਿਆਣਾ ਦੀ ਬੀਜੇਪੀ ਸਰਕਾਰ ਪੰਜਾਬ ਖ਼ਿਲਾਫ਼ ਇੱਕਜੁੱਟ ਹੋ ਗਈ ਹੈ। ਬੀਜੇਪੀ ਦਾ ਸਾਡੇ ਹੱਕਾਂ 'ਤੇ ਇੱਕ ਹੋਰ ਡਾਕਾ ਅਸੀਂ ਕਿਸੇ ਕੀਮਤ 'ਤੇ ਬਰਦਾਸ਼ਤ ਨਹੀਂ ਕਰਾਂਗੇ। ਵਿਰੋਧ ਦਾ ਸਾਹਮਣਾ ਕਰਨ ਲਈ ਤਿਆਰ ਰਹੇ

ਮੁੱਖ ਮੰਤਰੀ ਨੇ ਐਕਸ ਪੋਸਟ ਵਿਚ ਕਿਹਾ, "ਅਸੀਂ ਕਿਸੇ ਵੀ ਕੀਮਤ 'ਤੇ ਭਾਜਪਾ ਵੱਲੋਂ ਆਪਣੇ ਹੱਕਾਂ ਦੀ ਇਕ ਹੋਰ ਲੁੱਟ ਬਰਦਾਸ਼ਤ ਨਹੀਂ ਕਰਾਂਗੇ। ਭਾਜਪਾ ਨੂੰ ਵਿਰੋਧ ਦਾ ਸਾਹਮਣਾ ਕਰਨ ਲਈ ਤਿਆਰ ਰਹਿਣਾ ਚਾਹੀਦਾ ਹੈ। ਭਾਜਪਾ ਕਦੇ ਵੀ ਪੰਜਾਬ ਅਤੇ ਪੰਜਾਬੀਆਂ ਦੀ ਨਹੀਂ ਹੋ ਸਕਦੀ।

ਭਾਜਪਾ ਅਤੇ ਕੇਂਦਰ ਸਰਕਾਰ ਵੱਲੋਂ ਪੰਜਾਬ ਦੀ ਪਿੱਠ ਵਿੱਚ ਛੁਰੇ ਮਾਰਨ ਦਾ ਕੰਮ ਰੁਕਣ ਦਾ ਨਾਂ ਨਹੀਂ ਲੈ ਰਿਹਾ।

ਬੀ.ਬੀ.ਐਮ.ਬੀ. ਵਿੱਚੋਂ ਪੰਜਾਬ ਦੇ ਸੀਨੀਅਰ ਨੁਮਾਇੰਦਿਆਂ ਨੂੰ ਹਟਾਇਆ ਜਾਣਾ ਇਸ ਦੀ ਤਾਜ਼ਾ ਮਿਸਾਲ ਹੈ।

ਸੁਨੀਲ ਜਾਖੜ ਤੇ ਰਵਨੀਤ ਬਿੱਟੂ ਜੇਕਰ ਪੰਜਾਬ ਦੇ ਪੁੱਤ ਹਨ ਤਾਂ ਅੱਜ ਹੀ ਭਾਜਪਾ ਨੂੰ ਅਲਵਿਦਾ ਕਹਿਣ।

ਕੈਬਨਿਟ ਮੰਤਰੀ ਅਤੇ ਪੰਜਾਬ 'ਆਪ' ਇਕਾਈ ਦੇ ਪ੍ਰਧਾਨ ਅਮਨ ਅਰੋੜਾ ਨੇ ਕਿਹਾ, ਅਸੀਂ ਭਾਜਪਾ ਅਤੇ ਕੇਂਦਰ ਸਰਕਾਰ ਵੱਲੋਂ ਬੀਬੀਐੱਮਬੀ ਦੀ ਬਾਂਹ ਮਰੋੜਨ ਅਤੇ ਹਰਿਆਣਾ ਨੂੰ ਪੰਜਾਬ ਦੇ ਹਿੱਸੇ ਵਿੱਚੋਂ 8500 ਕਿਊਸਿਕ ਵਾਧੂ ਪਾਣੀ ਛੱਡਣ ਲਈ ਮਜਬੂਰ ਕਰਨ ਦੇ ਫੈਸਲੇ ਵਿਰੁੱਧ ਕੋਈ ਵੀ ਕੁਰਬਾਨੀ ਦੇਣ ਲਈ ਤਿਆਰ ਹਾਂ। ਭਾਜਪਾ ਦੀ 'ਗੁੰਡਾਗਰਦੀ' (ਠੱਗੀ) ਦਾ ਢੁਕਵਾਂ ਜਵਾਬ ਦਿੱਤਾ ਜਾਵੇਗਾ।" ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ 'ਤੇ ਪੰਜਾਬ ਨਾਲ ਮੁੜ ਧੋਖਾ ਕਰਨ ਦਾ ਦੋਸ਼ ਲਗਾਇਆ। ਚੀਮਾ ਨੇ ਦੋਸ਼ ਲਗਾਇਆ, ਹਰਿਆਣਾ ਨੂੰ ਹੋਰ ਪਾਣੀ ਦੇ ਕੇ ਭਾਜਪਾ ਸਰਕਾਰ ਨੇ ਪੰਜਾਬ ਵਿਰੋਧੀ ਸਾਬਤ ਕਰ ਦਿੱਤਾ ਹੈ।

## ਵੰਡੀਆਂ ਪਾਉਣ ਤੋਂ ਗੁਰੇਜ਼ ਕਰੇ ਪੰਜਾਬ ਸਰਕਾਰ: ਨਾਇਬ ਸਿੰਘ ਸੈਣੀ

**ਚੰਡੀਗੜ੍ਹ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਅੱਜ ਵਾਧੂ ਪਾਣੀ ਦੇ ਮੁੱਦੇ 'ਤੇ ਕਿਹਾ ਕਿ ਪੰਜਾਬ ਦੇ ਉਨ੍ਹਾਂ ਦੇ ਹਮਰੁਤਬਾ ਭਗਵੰਤ ਮਾਨ ਨੂੰ ਸਿਆਸਤ ਤੋਂ ਉਪਰ ਉੱਠ ਕੇ ਮਾਨਵਤਾ ਦੇ ਹਿੱਤਾਂ ਲਈ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਪੰਜਾਬ ਅਤੇ ਹਰਿਆਣਾ ਵਿੱਚ ਵੰਡੀਆਂ ਖੜ੍ਹੀਆਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸਾਨੂੰ ਭਾਈ ਘਨੱਈਆ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਜਦੋਂ ਕਦੇ ਪੰਜਾਬ ਪਿਆਸਾ ਹੋਵੇਗਾ ਤਾਂ ਹਰਿਆਣਾ ਵੱਲੋਂ ਪਾਣੀ ਦਿੱਤਾ ਜਾਵੇਗਾ।

ਸੈਣੀ ਨੇ ਕਿਹਾ ਕਿ ਅਪਰੈਲ ਤੋਂ ਜੂਨ ਤੱਕ ਦੇ ਮਹੀਨੇ ਦਰਮਿਆਨ ਹਮੇਸ਼ਾ ਹੀ ਹਰਿਆਣਾ ਨੂੰ 9000 ਕਿਊਸਿਕ ਤੱਕ ਪਾਣੀ ਮਿਲਦਾ ਰਿਹਾ ਹੈ ਅਤੇ ਇਤਿਹਾਸ ਵਿੱਚ ਕਦੇ ਵੀ ਪਾਣੀ ਰੋਕਿਆ ਨਹੀਂ ਗਿਆ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਨੇ ਇਹ ਪਾਣੀ ਲੋਕਾਂ ਦੇ ਪੀਣ ਲਈ ਲਿਆ ਹੈ। ਸੈਣੀ ਨੇ ਕਿਹਾ ਕਿ ਪੰਜਾਬ ਹਰਿਆਣਾ ਦਾ ਵੱਡਾ ਭਰਾ ਹੈ ਅਤੇ ਇਨਸਾਨੀਅਤ ਦੇ ਨਾਤੇ ਇਸ ਮਾਮਲੇ ਨੂੰ ਦੇਖਣਾ ਚਾਹੀਦਾ ਹੈ ਅਤੇ ਇਸ 'ਤੇ ਕੋਈ ਸਿਆਸਤ ਨਹੀਂ ਕਰਨੀ ਚਾਹੀਦੀ ਹੈ।

ਸੈਣੀ ਨੇ ਕਿਹਾ ਕਿ ਅਸਲ ਗੱਲ ਇਹ ਹੈ ਕਿ ਆਮ ਆਦਮੀ ਪਾਰਟੀ ਨੂੰ ਦਿੱਲੀ ਵਿੱਚ ਮਿਲੀ ਹਾਰ ਬਰਦਾਸ਼ਤ ਨਹੀਂ ਹੋ ਰਹੀ ਹੈ ਅਤੇ ਹੁਣ ਪੰਜਾਬ ਦੇ ਜ਼ਰੀਏ ਅਰਵਿੰਦ ਕੇਜਰੀਵਾਲ ਇਹ ਬਖੇੜਾ ਖੜ੍ਹਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੂੰ ਕਿਸੇ ਦੇ ਪਿੱਛੇ ਲੱਗਣ ਦੀ ਥਾਂ ਖ਼ੁਦ ਦੇ ਵਿਵੇਕ ਤੋਂ ਕੰਮ ਲੈਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਵੰਡੀਆਂ ਪਾਉਣ ਤੋਂ ਪੰਜਾਬ ਸਰਕਾਰ ਗੁਰੇਜ਼ ਕਰੇ। ਸੈਣੀ ਨੇ ਕਿਹਾ ਕਿ ਜਿਹੜਾ 9000 ਕਿਊਸਿਕ ਪਾਣੀ ਹਰਿਆਣਾ ਨੂੰ ਮਿਲਦਾ ਰਿਹਾ ਹੈ, ਉਸ 'ਚੋਂ 500 ਕਿਊਸਿਕ ਪਾਣੀ ਦਿੱਲੀ ਨੂੰ ਅਤੇ 800 ਕਿਊਸਿਕ ਪਾਣੀ ਰਾਜਸਥਾਨ ਨੂੰ ਚਲਾ ਜਾਂਦਾ ਹੈ ਜਦੋਂ ਕਿ ਇਸ 'ਚੋਂ ਹੀ 400 ਕਿਊਸਿਕ ਪੰਜਾਬ ਨੂੰ ਮਿਲਦਾ ਹੈ।

# ਜਾਤ ਆਧਾਰਤ ਮਰਦਮਸ਼ੁਮਾਰੀ ਲਈ ਲੋੜੀਂਦੇ ਫੰਡ ਅਲਾਟ ਹੋਣ, ਮਿਆਦ ਮਿੱਥੀ ਜਾਵੇ: ਖੜਗੇ

**ਚੰਡੀਗੜ੍ਹ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਵੀਰਵਾਰ ਨੂੰ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਅਗਲੀ ਮਰਦਮਸ਼ੁਮਾਰੀ ਵਿੱਚ ਜਾਤੀ ਗਣਨਾ ਲਈ ਲੋੜੀਂਦੇ ਫੰਡ ਅਲਾਟ ਕੀਤੇ ਜਾਣ ਅਤੇ ਇਸ ਸਬੰਧੀ ਸਮਾਂ ਸੀਮਾ ਤੈਅ ਕੀਤੀ ਜਾਵੇ। ਗ਼ੌਰਤਲਬ ਹੈ ਕਿ ਬੀਤੇ ਦਿਨ ਕੇਂਦਰ ਸਰਕਾਰ ਨੇ ਆਗਾਮੀ ਮਰਦਮਸ਼ੁਮਾਰੀ ਵਿਚ ਜਾਤ ਆਧਾਰਤ ਗਿਣਤੀ ਕਰਾਉਣ ਦਾ ਫ਼ੈਸਲਾ ਕੀਤਾ ਹੈ। ਰਾਜ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਤੇ ਕਾਂਗਰਸ ਪ੍ਰਧਾਨ ਖੜਗੇ ਨੇ ਕਿਹਾ ਕਿ ਕਾਂਗਰਸ ਅਤੇ ਹੋਰ ਵਿਰੋਧੀ ਪਾਰਟੀਆਂ ਨੇ ਜਾਤੀ ਆਧਾਰਤ ਮਰਦਮਸ਼ੁਮਾਰੀ ਦੀ ਮੰਗ ਜ਼ੋਰ-ਸ਼ੋਰ ਨਾਲ ਕੀਤੀ ਸੀ ਅਤੇ ਦੇਸ਼ ਭਰ ਵਿੱਚ ਇਸ ਲਈ ਅੰਦੋਲਨ ਚਲਾਇਆਸੀ। ਉਨ੍ਹਾਂ ਕਿਹਾ ਕਿ ਹੁਣ ਉਹ ਖ਼ੁਸ਼ ਹਨ ਕਿ ਸਰਕਾਰ ਨੇ ਵਿਰੋਧੀ ਪਾਰਟੀਆਂ ਦੀ ਮੰਗ ਮੰਨ ਲਈ ਹੈ। ਖੜਗੇ ਨੇ ਕਿਹਾ, ਮੈਂ ਦੋ ਸਾਲ ਪਹਿਲਾਂ ਆਮ ਮਰਦਮਸ਼ੁਮਾਰੀ ਦੇ ਨਾਲ ਜਾਤੀ ਗਣਨਾ ਸਬੰਧੀ ਇੱਕ ਪੱਤਰ ਲਿਖਿਆ ਸੀ, ਪਰ ਉਹ (ਕੇਂਦਰ ਸਰਕਾਰ) ਉਦੋਂ ਸਹਿਮਤ ਨਹੀਂ ਸਨ, ਪਰ ਹੁਣ ਸਰਕਾਰ ਨੇ ਆਮ ਮਰਦਮਸ਼ੁਮਾਰੀ ਦੇ ਨਾਲ ਜਾਤੀ ਮਰਦਮਸ਼ੁਮਾਰੀ ਕਰਵਾਉਣ ਦਾ ਫੈਸਲਾ ਲਿਆ ਹੈ। ਇਹ ਚੰਗੀ ਗੱਲ ਹੈ ਅਤੇ ਅਸੀਂ ਇਸ ਲਈ ਪੂਰਾ ਸਹਿਯੋਗ ਦੇਵਾਂਗੇ, ਪਰ ਉਨ੍ਹਾਂ (ਭਾਜਪਾ) ਨੂੰ ਜਵਾਹਰ ਲਾਲ ਨਹਿਰੂ 'ਤੇ ਬੇਲੋੜੀ ਟਿੱਪਣੀ ਨਹੀਂ ਕਰਨੀ ਚਾਹੀਦੀ। ਉਨ੍ਹਾਂ ਕਿਹਾ ਕਿ ਉਹ ਅਜਿਹੀਆਂ ਚੀਜ਼ਾਂ ਦੇ ਖ਼ਿਲਾਫ਼ ਹਨ।

ਇੱਥੇ ਪੱਤਰਕਾਰਾਂ ਨਾਲ ਗੱਲ ਕਰਦਿਆਂ, ਉਨ੍ਹਾਂ ਕਿਹਾ ਕਿ ਜਨ ਸੰਘ ਅਤੇ ਆਰਐਸਐਸ ਮੁੱਢ ਤੋਂ ਹੀ ਰਾਖਵੇਂਕਰਨ ਦੇ ਵਿਰੁੱਧ ਹਨ ਅਤੇ ਅਜਿਹੇ ਲੋਕ ਕਾਂਗਰਸ ਦੇ ਜਾਤੀ ਗਣਨਾ ਦੇ ਹੱਕ ਵਿੱਚ ਨਾ ਹੋਣ ਬਾਰੇ ਗੱਲਾਂ ਕਰ ਰਹੇ ਹਨ। ਉਨ੍ਹਾਂ ਕਿਹਾ, ਜੇ ਅਸੀਂ ਜਾਤੀ ਮਰਦਮਸ਼ੁਮਾਰੀ ਖ਼ਿਲਾਫ਼ ਹੁੰਦੇ, ਤਾਂ ਕੀ ਮੈਂ ਦੋ ਸਾਲ ਪਹਿਲਾਂ ਪੱਤਰ ਲਿਖਦਾ ਜਾਂ ਅਸੀਂ ਇਸ ਲਈ ਕਈ ਅੰਦੋਲਨ ਕਰਦੇ? ਉਹ (ਭਾਜਪਾ) ਲੋਕਾਂ ਦੇ ਮਨਾਂ ਵਿੱਚ ਭੰਬਲਭੂਸਾ ਪੈਦਾ ਕਰਨ ਦੀ ਕੋਸ਼ਿਸ਼ ਕਰਦੇ ਹਨ ਅਤੇ ਇਹ ਦਿਖਾਉਣ ਦੀ ਕੋਸ਼ਿਸ਼ ਕਰਦੇ ਹਨ ਕਿ ਉਹ ਹੀ ਦੇਸ਼ ਦੇ ਭਲਾਈ ਵਿੱਚ ਦਿਲਚਸਪੀ ਰੱਖਣ ਵਾਲੇ ਲੋਕ ਹਨ। ਪਰ ਅਜਿਹਾ ਨਹੀਂ ਹੈ, ਮੈਂ ਸਹਿਮਤ ਨਹੀਂ ਹਾਂ। ਉਹ ਹਮੇਸ਼ਾ ਸਿਆਸੀ ਟੀਚਿਆਂ ਲਈ ਅਜਿਹੀਆਂ ਗੱਲਾਂ ਕਰਦੇ ਹਨ।

# ਤੁਸੀਂ ਸੁਰੱਖਿਆ ਬਲਾਂ ਦਾ ਹੌਸਲਾ ਨਹੀਂ ਡੇਗ ਸਕਦੇ; ਪਹਿਲਗਾਮ ਹਮਲੇ ਬਾਰੇ ਲੋਕ ਹਿੱਤ ਪਟੀਸ਼ਨ ਸੁਣਨ ਤੋਂ ਸੁਪਰੀਮ ਕੋਰਟ ਦੀ ਨਾਂਹ


**ਨਵੀਂ ਦਿੱਲੀ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਪਹਿਲਗਾਮ ਵਿਚ ਹੋਏ ਦਹਿਸ਼ਤੀ ਹਮਲੇ ਦੀ ਨਿਆਂਇਕ ਜਾਂਚ ਦੀ ਮੰਗ ਕਰਦੀ ਇਕ ਲੋਕਹਿੱਤ ਪਟੀਸ਼ਨ ਦੀ ਸੁਣਵਾਈ ਕਰਨ ਤੋਂ ਸੁਪਰੀਮ ਕੋਰਟ ਨੇ ਵੀਰਵਾਰ ਨੂੰ ਨਾਂਹ ਕਰ ਦਿੱਤੀ। ਗ਼ੌਰਤਲਬ ਹੈ ਕਿ ਇਸ ਦਹਿਸ਼ਤੀ ਹਮਲੇ ਵਿਚ 26 ਲੋਕ ਮਾਰੇ ਗਏ ਸਨ, ਜਿਨ੍ਹਾਂ ਵਿਚੋਂ ਬਹੁਤੇ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਉਥੇ ਘੁੰਮਣ ਗਏ ਸੈਲਾਨੀ ਸਨ।

ਜਸਟਿਸ ਸੂਰਿਆ ਕਾਂਤ ਅਤੇ ਜਸਟਿਸ ਐਨ. ਕੋਟੀਸ਼ਵਰ ਸਿੰਘ ਦੇ ਬੈਂਚ ਨੇ ਪਹਿਲਗਾਮ ਹਮਲੇ ਦੀ ਜਾਂਚ ਦੀ ਸੇਵਾਮੁਕਤ ਜੱਜ ਵੱਲੋਂ ਨਿਗਰਾਨੀ ਕੀਤੇ ਜਾਣ ਦੀ ਮੰਗ ਕਰਨ ਲਈ ਪਟੀਸ਼ਨਰਾਂ ਦੀ ਆਲੋਚਨਾ ਕੀਤੀ ਅਤੇ ਕਿਹਾ ਕਿ ਸੇਵਾਮੁਕਤ ਜੱਜ ਮਾਹਰ ਨਹੀਂ ਹਨ। ਬੈਂਚ ਨੇ ਪਟੀਸ਼ਨਰਾਂ ਨੂੰ ਫਿਟਕਾਰਦਿਆਂ ਕਿਹਾ, ਇਸ ਅਹਿਮ ਸਮੇਂ ਵਿੱਚ ਦੇਸ਼ ਦੇ ਹਰੇਕ ਨਾਗਰਿਕ ਨੇ ਅੱਤਵਾਦ ਨਾਲ ਲੜਨ ਲਈ ਇਕਜੁੱਟ ਹੈ। ਕੀ ਤੁਸੀਂ ਇਸ ਤਰ੍ਹਾਂ ਦੀ ਲੋਕ ਹਿੱਤ ਪਟੀਸ਼ਨ ਦਾਇਰ ਕਰਕੇ ਸੁਰੱਖਿਆ ਬਲਾਂ ਦਾ ਮਨੋਬਲ ਡੇਗਣਾ ਚਾਹੁੰਦੇ ਹੋ। ਇਸ ਤਰ੍ਹਾਂ ਦੇ ਮੁੱਦੇ ਨੂੰ ਨਿਆਂਇਕ ਖੇਤਰ ਵਿੱਚ ਨਾ ਲਿਆਓ। ਸਿੱਟੇ ਵਜੋਂ ਪਟੀਸ਼ਨਰਾਂ ਫਤੇਸ਼ ਕੁਮਾਰ ਸਾਹੂ ਅਤੇ ਹੋਰਾਂ ਨੂੰ ਪਟੀਸ਼ਨ ਵਾਪਸ ਲੈਣ ਲਈ ਕਿਹਾ ਗਿਆ। ਸਿਖਰਲੀ ਅਦਾਲਤ ਨੇ ਪਟੀਸ਼ਨਰਾਂ ਨੂੰ ਕਿਹਾ ਕਿ ਉਹ ਮੁੱਦੇ ਦੀ ਸੰਵੇਦਨਸ਼ੀਲਤਾ ਨੂੰ ਸਮਝਦੇ ਹੋਏ ਅਦਾਲਤ ਵਿੱਚ ਕੋਈ ਵੀ ਅਜਿਹੀ ਪ੍ਰਾਰਥਨਾ ਨਾ ਕਰਨ ਜਿਸ ਨਾਲ ਦੇਸ਼ ਦੀਆਂ ਹਥਿਆਰਬੰਦ ਫੌਜਾਂ ਦਾ ਹੌਸਲਾ ਡਿੱਗਦਾ ਹੋਵੇ। ਬੈਂਚ ਨੇ ਕਿਹਾ, ਤੁਸੀਂ ਸੁਪਰੀਮ ਕੋਰਟ ਦੇ ਸੇਵਾਮੁਕਤ ਜੱਜ ਨੂੰ ਜਾਂਚ ਕਰਨ ਲਈ ਕਹਿ ਰਹੇ ਹੋ। ਉਹ ਜਾਂਚ ਦੇ ਮਾਹਰ ਨਹੀਂ ਹਨ, ਸਿਰਫ਼ ਕਿਸੇ ਮੁੱਦੇ ਦਾ ਫੈਸਲਾ ਕਰ ਸਕਦੇ ਹਨ। ਸਾਨੂੰ ਹੁਕਮ ਪਾਸ ਕਰਨ ਲਈ ਨਾ ਕਹੋ। ਤੁਸੀਂ ਜਿੱਥੇ ਵੀ ਜਾਣਾ ਚਾਹੁੰਦੇ ਹੋ ਉੱਥੇ ਜਾਓ। ਬਿਹਤਰ ਹੈ ਕਿ ਤੁਸੀਂ ਪਿੱਛੇ ਹਟ ਜਾਓ। ਲੋਕ ਹਿਤ ਪਟੀਸ਼ਨ ਵਿੱਚ ਕੇਂਦਰ ਅਤੇ ਜੰਮੂ-ਕਸ਼ਮੀਰ ਪ੍ਰਸ਼ਾਸਨ ਨੂੰ ਸੈਲਾਨੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਨਿਰਦੇਸ਼ ਦੇਣ ਦੀ ਮੰਗ ਕੀਤੀ ਗਈ ਸੀ।

# ਰਾਮਦੇਵ ਕਿਸੇ ਦੇ ਕੰਟਰੋਲ ਤੋਂ ਬਾਹਰ, ਆਪਣੀ ਦੁਨੀਆਂ ਵਿੱਚ ਰਹਿੰਦੈ: ਦਿੱਲੀ ਹਾਈ ਕੋਰਟ



**ਨਵੀਂ ਦਿੱਲੀ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿੱਲੀ ਹਾਈ ਕੋਰਟ ਨੇ ਯੋਗ ਅਭਿਆਸੀ ਰਾਮਦੇਵ ਦੀਆਂ 'ਹਮਦਰਦ' ਦੀ ਰੂਹ ਅਫਜ਼ਾ ਵਿਰੁੱਧ ਸ਼ਰਬਤ ਜਿਹਾਦ ਵਰਗੀਆਂ ਵਿਵਾਦਮਈ ਟਿੱਪਣੀਆਂ ਲਈ ਉਨ੍ਹਾਂ ਖ਼ਿਲਾਫ਼ ਅਦਾਲਤ ਦੇ ਹੁਕਮਾਂ ਦੀ ਉਲੰਘਣਾ ਲਈ ਅਦਾਲਤੀ ਮਾਣਹਾਨੀ ਦੇ ਮਾਮਲੇ ਬਾਰੇ ਵਿਚਾਰ ਕਰਨ ਤੋਂ ਪਹਿਲਾਂ ਵੀਰਵਾਰ ਨੂੰ ਕਿਹਾ ਕਿ ਰਾਮਦੇਵ ਕਿਸੇ ਦੇ ਕੰਟਰੋਲ ਵਿੱਚ ਨਹੀਂ ਸਨ ਅਤੇ ਆਪਣੀ ਹੀ ਦੁਨੀਆਂ ਵਿੱਚ ਰਹਿੰਦੇ ਹਨ। ਗ਼ੌਰਤਲਬ ਹੈ ਕਿ ਅਦਾਲਤ ਨੇ ਪਹਿਲਾਂ ਉਨ੍ਹਾਂ ਨੂੰ ਹਮਦਰਦ ਦੇ ਉਤਪਾਦਾਂ 'ਤੇ ਭਵਿੱਖ ਵਿੱਚ ਕੋਈ ਬਿਆਨ ਜਾਰੀ ਨਾ ਕਰਨ ਜਾਂ ਵੀਡੀਓ ਸਾਂਝਾ ਨਾ ਕਰਨ ਦਾ ਹੁਕਮ ਦਿੱਤਾ ਸੀ।

ਦਿੱਲੀ ਹਾਈ ਕੋਰਟ ਦੇ ਜਸਟਿਸ ਅਮਿਤ ਬਾਂਸਲ ਨੇ ਕਿਹਾ, ਪਿਛਲੇ ਹੁਕਮ ਦੇ ਮੱਦੇਨਜ਼ਰ, ਉਨ੍ਹਾਂ ਦਾ ਹਲਫ਼ਨਾਮਾ ਅਤੇ ਇਹ ਵੀਡੀਓ ਪਹਿਲੀ ਨਜ਼ਰੇ ਬੇਅਦਬੀ (ਦਾ ਮਾਮਲਾ ਬਣਦੇ) ਹਨ। ਮੈਂ ਹੁਣ ਅਦਾਲਤੀ ਹੱਤਕ ਇੱਜ਼ਤ ਦਾ ਨੋਟਿਸ ਜਾਰੀ ਕਰਾਂਗਾ। ਅਸੀਂ ਉਸਨੂੰ ਇੱਥੇ ਤਲਬ ਕਰ ਰਹੇ ਹਾਂ।

ਬੈਂਚ ਨੇ ਇਹ ਗੱਲ ਅਦਾਲਤ ਨੂੰ ਵੀਰਵਾਰ ਨੂੰ ਇਹ ਸੂਚਨਾ ਦਿੱਤੇ ਜਾਣ ਤੋਂ ਬਾਅਦ ਕਹੀ ਕਿ ਅਦਾਲਤ ਦੇ 22 ਅਪਰੈਲ ਦੇ ਹੁਕਮਾਂ ਦੇ ਬਾਵਜੂਦ ਰਾਮਦੇਵ ਨੇ ਇਤਰਾਜ਼ਯੋਗ ਬਿਆਨ ਦਿੰਦਿਆਂ ਇੱਕ ਵੀਡੀਓ ਪ੍ਰਕਾਸ਼ਤ ਕੀਤਾ ਹੈ। ਜੱਜ ਨੇ ਕਿਹਾ, ਉਹ (ਰਾਮਦੇਵ) ਕਿਸੇ ਦੇ ਕੰਟਰੋਲ ਵਿੱਚ ਨਹੀਂ ਹੈ। ਉਹ ਆਪਣੀ ਦੁਨੀਆਂ ਵਿੱਚ ਰਹਿੰਦਾ ਹੈ। ਰਾਮਦੇਵ ਦੇ ਵਕੀਲ ਨੇ ਅਦਾਲਤ ਨੂੰ ਬੇਨਤੀ ਕੀਤੀ ਕਿ ਉਹ ਮਾਮਲੇ ਨੂੰ ਕੁਝ ਸਮੇਂ ਬਾਅਦ ਵਿਚਾਰੇ ਕਿਉਂਕਿ ਬਹਿਸ ਕਰਨ ਵਾਲਾ ਵਕੀਲ ਉਪਲਬਧ ਨਹੀਂ ਸੀ।

# ਮਮਤਾ ਨੇ ਅੱਗ ਕਾਰਨ ਤਬਾਹ ਹੋਏ ਹੋਟਲ ਦਾ ਦੌਰਾ ਕੀਤਾ, ਜਾਂਚ ਟੀਮਾਂ ਦਾ ਗਠਨ

**ਕੋਲਕਾਤਾ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਵੀਰਵਾਰ ਨੂੰ ਕੇਂਦਰੀ ਕੋਲਕਾਤਾ ਵਿਚ ਅੱਗ ਨਾਲ ਤਬਾਹ ਹੋਏ ਹੋਟਲ ਦਾ ਦੌਰਾ ਕੀਤਾ ਅਤੇ ਐਲਾਨ ਕੀਤਾ ਕਿ 14 ਲੋਕਾਂ ਦੀ ਮੌਤ ਲਈ ਜ਼ਿੰਮੇਵਾਰ ਲੋਕਾਂ ਨੂੰ ਬਖਸ਼ਿਆ ਨਹੀਂ ਜਾਵੇਗਾ। ਬੈਨਰਜੀ ਦੀਘਾ ਤੋਂ ਵਾਪਸ ਆਉਂਦੇ ਸਮੇਂ ਬੁਰਾਬਾਜ਼ਾਰ ਦੇ ਮੇਛੂਆ ਫਲਪੱਟੀ ਖੇਤਰ ਪਹੁੰਚੀ। ਉਨ੍ਹਾਂ ਕਿਹਾ ਕਿ ਅੱਗ ਸੁਰੱਖਿਆ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਅਦਾਰਿਆਂ ਦੀ ਨਿਗਰਾਨੀ ਅਤੇ ਪਛਾਣ ਕਰਨ ਲਈ ਪੁਲਿਸ, ਪ੍ਰਸ਼ਾਸਨ ਅਤੇ ਫਾਇਰ ਸਰਵਿਸਿਜ਼ ਵਿਭਾਗ ਦੀਆਂ ਵਿਸ਼ੇਸ਼ ਕਮੇਟੀਆਂ ਬਣਾਈਆਂ ਜਾ ਰਹੀਆਂ ਹਨ। ਮੁੱਖ ਮੰਤਰੀ ਨੇ ਕਿਹਾ, "ਟੀਮਾਂ ਸ਼ਹਿਰ ਦੇ ਨਾਲ-ਨਾਲ ਜ਼ਿਲ੍ਹੇ ਦੇ ਕਸਬਿਆਂ ਵਿਚ ਵੀ ਜਾਂਚ ਕਰਨਗੀਆਂ। ਪ੍ਰਸ਼ਾਸਨ ਵਿਚ ਜੋ ਲੋਕਾਂ ਨੂੰ ਫਾਇਰ ਸੇਫਟੀ ਦੀ ਘਾਟ ਵਾਲੀਆਂ ਇਮਾਰਤਾਂ ਦੀ ਨਿਗਰਾਨੀ ਅਤੇ ਸੰਚਾਲਨ ਐਨਓਸੀ ਦੇਣ ਦੇ ਦੋਸ਼ੀ ਪਾਏ ਗਏ ਹਨ, ਉਹ ਵੀ ਸਜ਼ਾ ਦੇ ਦਾਇਰੇ ਵਿੱਚ ਆਉਣਗੇ।" ਉਨ੍ਹਾਂ ਅੱਗੇ ਕਿਹਾ "ਪੈਨਲ ਅਗਲੇ 15 ਦਿਨਾਂ ਵਿਚ ਰਿਪੋਰਟਾਂ ਤਿਆਰ ਕਰਨਗੇ।

# ਪੰਜਾਬ ਦਾ ਡਾਇਰੈਕਟਰ ਭਾਖੜਾ ਡੈਮ ਤੋਂ ਤਬਦੀਲ, ਬੀਬੀਐੱਮਬੀ ਦਾ ਸਕੱਤਰ ਵੀ ਬਦਲਿਆ

## ਪੰਜਾਬ ਸਰਕਾਰ ਨੇ ਨੰਗਲ ਡੈਮ 'ਤੇ ਸੁਰੱਖਿਆ ਵਧਾਈ

**ਚੰਡੀਗੜ੍ਹ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਭਾਖੜਾ ਬਿਆਸ ਮੈਨੇਜਮੈਂਟ ਬੋਰਡ ਨੇ ਹਰਿਆਣਾ ਨੂੰ ਵਾਧੂ ਪਾਣੀ ਦੇਣ ਲਈ ਲਏ ਫ਼ੈਸਲੇ ਨੂੰ ਲਾਗੂ ਕਰਾਉਣ ਲਈ ਲੰਘੀ ਰਾਤ ਭਾਖੜਾ ਡੈਮ ਦੇ ਡਾਇਰੈਕਟਰ (ਵਾਟਰ ਰੈਗੂਲੇਸ਼ਨ) ਆਕਾਸ਼ਦੀਪ ਸਿੰਘ ਨੂੰ ਤਬਦੀਲ ਕਰ ਦਿੱਤਾ ਹੈ ਅਤੇ ਉਨ੍ਹਾਂ ਦੀ ਥਾਂ 'ਤੇ ਹਰਿਆਣਾ ਦੇ ਸੰਜੀਵ ਕੁਮਾਰ ਨੂੰ ਡਾਇਰੈਕਟਰ (ਵਾਟਰ ਰੈਗੂਲੇਸ਼ਨ) ਲਗਾ ਦਿੱਤਾ ਹੈ ਤਾਂ ਜੋ ਵਾਧੂ ਪਾਣੀ ਛੱਡਣ ਦੇ ਰਾਹ ਵਿਚ ਕੋਈ ਰੁਕਾਵਟ ਨਾ ਆਵੇ। ਚੇਤੇ ਰਹੇ ਕਿ ਡਾਇਰੈਕਟਰ ਆਕਾਸ਼ਦੀਪ ਸਿੰਘ ਪੰਜਾਬ ਦੇ ਇਨਡੈਂਟ ਦੇ ਅਧਾਰ 'ਤੇ ਹੀ ਹਰਿਆਣਾ ਨੂੰ ਵਾਧੂ ਪਾਣੀ ਛੱਡਣ ਲਈ ਅੜ ਗਿਆ ਸੀ।

ਸੰਜੀਵ ਕੁਮਾਰ ਇਸ ਤੋਂ ਪਹਿਲਾਂ ਡਾਇਰੈਕਟਰ (ਡੈਮ ਸੇਫ਼ਟੀ) ਵਜੋਂ ਤਾਇਨਾਤ ਸੀ, ਉਨ੍ਹਾਂ ਦੀ ਥਾਂ 'ਤੇ ਹੁਣ ਪੰਜਾਬ ਦੇ ਆਕਾਸ਼ਦੀਪ ਸਿੰਘ ਨੂੰ ਲਗਾ ਦਿੱਤਾ ਹੈ। ਬੀਬੀਐੱਮਬੀ ਨੇ ਜਾਰੀ ਹੁਕਮਾਂ ਵਿੱਚ ਕਿਹਾ ਹੈ ਕਿ ਆਕਾਸ਼ਦੀਪ ਸਿੰਘ ਦੀ ਬੇਨਤੀ 'ਤੇ ਹੀ ਇਹ ਤਬਾਦਲਾ ਕੀਤਾ ਗਿਆ ਹੈ, ਜਦੋਂ ਕਿ ਆਕਾਸ਼ਦੀਪ ਸਿੰਘ ਨੇ ਲੰਘੀ ਰਾਤ ਕਰੀਬ ਪੌਣੇ ਬਾਰਾਂ ਵਜੇ ਬੀਬੀਐੱਮਬੀ ਨੂੰ ਈਮੇਲ ਜ਼ਰੀਏ ਕਿਹਾ ਹੈ ਕਿ ਉਸ ਨੇ ਤਾਂ ਅਜਿਹੀ ਕੋਈ ਬੇਨਤੀ ਕੀਤੀ ਹੀ ਨਹੀਂ ਹੈ।

ਅੱਜ ਪੰਜਾਬ ਦੇ ਮੁੱਖ ਇੰਜਨੀਅਰ ਨੇ ਬੀਬੀਐੱਮਬੀ ਨੂੰ ਪੱਤਰ ਲਿਖਿਆ ਹੈ ਕਿ ਨਵੇਂ ਤਾਇਨਾਤ ਕੀਤੇ ਸੰਜੀਵ ਕੁਮਾਰ ਕੋਲ ਡੈਮ ਸੇਫ਼ਟੀ ਦਾ ਹੀ ਤਜਰਬਾ ਹੈ ਜਦੋਂ ਕਿ ਉਸ ਕੋਲ ਵਾਟਰ ਰੈਗੂਲੇਸ਼ਨ ਦਾ ਕੋਈ ਤਜਰਬਾ ਨਹੀਂ ਹੈ। ਉਨ੍ਹਾਂ ਮੰਗ ਕੀਤੀ ਹੈ ਕਿ ਇਹ ਤਬਾਦਲਾ ਫ਼ੌਰੀ ਰੱਦ ਕੀਤਾ ਜਾਵੇ।

**ਨੰਗਲ ਡੈਮ ਦੀ ਸੁਰੱਖਿਆ ਵਧਾਈ**

ਉਧਰ ਪੰਜਾਬ ਸਰਕਾਰ ਨੇ ਬੀਬੀਐੱਮਬੀ ਵੱਲੋਂ ਹਰਿਆਣਾ ਦੇ ਪੱਖ 'ਚ ਸੁਣਾਏ ਫੈਸਲੇ ਮਗਰੋਂ ਨੰਗਲ ਡੈਮ ਦੀ ਸੁਰੱਖਿਆ ਵਧਾ ਦਿੱਤੀ ਹੈ। ਪੁਲੀਸ ਨੂੰ ਡੈਮ ਕੋਲ ਤਾਇਨਾਤ ਕੀਤਾ ਗਿਆ ਹੈ। ਮੁੱਖ ਮੰਤਰੀ ਭਗਵੰਤ ਮਾਨ ਹੁਣ ਹਰਿਆਣਾ ਸਰਕਾਰ ਤੇ ਭਾਜਪਾ ਖ਼ਿਲਾਫ਼ ਤਿੱਖੀ ਲੜਾਈ ਲੜਨ ਦੇ ਮੂਡ 'ਚ ਆ ਗਏ ਹਨ। ਪਤਾ ਲੱਗਾ ਹੈ ਕਿ ਪੰਜਾਬ ਸਰਕਾਰ ਨੇ ਵਾਧੂ ਪਾਣੀ ਹਰਿਆਣਾ ਨੂੰ ਦੇਣ ਤੋਂ ਰੋਕਣ ਲਈ ਸਾਰੇ ਤਰੀਕੇ ਅਪਨਾਉਣ ਦਾ ਫ਼ੈਸਲਾ ਕੀਤਾ ਹੈ। ਜਾਣਕਾਰੀ ਅਨੁਸਾਰ ਵੱਡੀ ਗਿਣਤੀ ਵਿਚ ਪੁਲੀਸ ਡੈਮ ਲਾਗੇ ਪਹੁੰਚ ਗਈ ਹੈ।

**ਪੰਜਾਬ ਦੇ ਉਬਾਲ ਮਗਰੋਂ ਬੀਬੀਐੱਮਬੀ ਦਾ ਸਕੱਤਰ ਤਬਦੀਲ**

ਭਾਖੜਾ ਬਿਆਸ ਮੈਨੇਜਮੈਂਟ ਬੋਰਡ ਨੇ ਹਰਿਆਣਾ ਨੂੰ ਵਾਧੂ ਪਾਣੀ ਦੇਣ ਦੇ ਮਾਮਲੇ 'ਤੇ ਪੰਜਾਬ ਵਿੱਚ ਉੱਠੇ ਸਿਆਸੀ ਉਬਾਲ ਨੂੰ ਦੇਖਦਿਆਂ ਅੱਜ ਬੀਬੀਐੱਮਬੀ ਦੇ ਸਕੱਤਰ ਸੁਰਿੰਦਰ ਸਿੰਘ ਮਿੱਤਲ ਦਾ ਵੀ ਤਬਾਦਲਾ ਕਰ ਦਿੱਤਾ ਹੈ। ਸੁਰਿੰਦਰ ਸਿੰਘ ਮਿੱਤਲ ਹਰਿਆਣਾ ਦਾ ਰਹਿਣ ਵਾਲਾ ਹੈ ਜਿਸ ਦੀ ਹਰਿਆਣਾ ਨੂੰ ਵਾਧੂ ਪਾਣੀ ਦਿੱਤੇ ਜਾਣ ਦੇ ਮਾਮਲੇ 'ਚ ਅਹਿਮ ਭੂਮਿਕਾ ਰਹੀ ਹੈ।

# ਅਮਰੀਕਾ ਵੱਲੋਂ ਭਾਰਤ ਤੇ ਪਾਕਿਸਤਾਨ ਨੂੰ 'ਮਿਲ ਕੇ ਕੰਮ ਕਰਨ' ਤੇ ਤਣਾਅ ਘਟਾਉਣ ਦੀ ਅਪੀਲ

**ਨਵੀਂ ਦਿੱਲੀ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਅਮਰੀਕਾ ਨੇ ਭਾਰਤ ਤੇ ਪਾਕਿਸਤਾਨ ਨੂੰ ਅਪੀਲ ਕੀਤੀ ਹੈ ਕਿ ਉਹ 22 ਅਪਰੈਲ ਦੇ ਦਹਿਸ਼ਤੀ ਹਮਲੇ ਮਗਰੋਂ ਦੋਵਾਂ ਮੁਲਕਾਂ ਦਰਮਿਆਨ ਬਣੇ ਤਣਾਅ ਨੂੰ ਘਟਾਉਣ ਅਤੇ 'ਇਕ ਦੂਜੇ ਨਾਲ ਮਿਲ ਕੇ ਕੰਮ ਕਰਨ'। ਅਮਰੀਕਾ ਦੇ ਵਿਦੇਸ਼ ਮੰਤਰੀ ਮਾਰਕੋ ਰੂਬੀਓ ਨੇ ਬੁੱਧਵਾਰ ਨੂੰ ਭਾਰਤ ਤੇ ਆਪਣੇ ਹਮਰੁਤਬਾ ਐੱਸ.ਜੈਸ਼ੰਕਰ ਤੇ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ਼ ਨਾਲ ਵੱਖੋ ਵੱਖਰੇ ਤੌਰ 'ਤੇ ਗੱਲਬਾਤ ਕੀਤੀ।

ਜੈਸ਼ੰਕਰ ਨਾਲ ਫੋਨ 'ਤੇ ਕੀਤੀ ਗੱਲਬਾਤ ਦੌਰਾਨ ਰੂਬੀਓ ਨੇ ਪਹਿਲਗਾਮ ਦਹਿਸ਼ਤੀ ਹਮਲੇ ਵਿਚ ਗਈਆਂ 26 ਜਾਨਾਂ 'ਤੇ ਦੁੱਖ ਦਾ ਇਜ਼ਹਾਰ ਕੀਤਾ। ਵਿਦੇਸ਼ ਵਿਭਾਗ ਦੇ ਬੁਲਾਰੇ ਟੈਮੀ ਬਰੂਸ ਨੇ ਕਿਹਾ ਰੂਬੀਓ ਨੇ 'ਅਤਿਵਾਦ ਵਿਰੁੱਧ ਭਾਰਤ ਨਾਲ ਸਹਿਯੋਗ ਲਈ ਅਮਰੀਕਾ ਦੀ ਵਚਨਬੱਧਤਾ' ਦੀ ਪੁਸ਼ਟੀ ਕੀਤੀ ਹੈ।

# ਅਮਰੀਕਾ, ਯੂਕਰੇਨ ਨੇ ਆਰਥਿਕ ਸਮਝੌਤੇ ਸਹੀਬੱਧ ਕੀਤੇ

**ਵਾਸ਼ਿੰਗਟਨ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਅਮਰੀਕਾ ਅਤੇ ਯੂਕਰੇਨ ਨੇ ਬੁੱਧਵਾਰ ਨੂੰ ਇਕ ਇਤਿਹਾਸਕ ਆਰਥਿਕ ਸਮਝੌਤੇ ਦੀ ਘੋਸ਼ਣਾ ਕੀਤੀ, ਜਿਸ ਰਾਹੀਂ ਯੂਕਰੇਨ ਨੂੰ ਅਮਰੀਕੀ ਫੌਜੀ ਅਤੇ ਆਰਥਿਕ ਮਦਦ ਦੇ ਬਦਲੇ ਆਪਣੇ ਖਣਿਜ ਸਰੋਤਾਂ ਤੱਕ ਅਮਰੀਕਾ ਦੀ ਪਹੁੰਚ ਯਕੀਨੀ ਹੋਵੇਗੀ। ਕਈ ਹਫ਼ਤਿਆਂ ਤੱਕ ਰਾਸ਼ਟਰਪਤੀ ਡੋਨਲਡ ਟਰੰਪ ਦੇ ਦਬਾਅ ਤੋਂ ਬਾਅਦ ਦੋਹਾਂ ਦੇਸ਼ਾਂ ਵਿਚਕਾਰ ਇਹ ਸਮਝੌਤਾ ਹੋਇਆ ਹੈ, ਅਮਰੀਕਾ ਯੂਕਰੇਨ 'ਤੇ ਰੂਸੀ ਹਮਲਿਆਂ ਨੂੰ ਰੋਕਣ ਲਈ ਅਰਬਾਂ ਡਾਲਰ ਦੀ ਫੌਜੀ ਅਤੇ ਆਰਥਿਕ ਮਦਦ ਦੇਣ ਦੇ ਬਦਲੇ ਵਿਚ ਮੁਆਵਜ਼ਾ ਮੰਗ ਰਿਹਾ ਸੀ।

ਅਮਰੀਕਾ ਦੇ ਵਿੱਤ ਮੰਤਰੀ ਸਕਾਟ ਬੇਸੈਂਟ ਨੇ 'ਐਕਸ' 'ਤੇ ਪੋਸਟ ਕੀਤੇ ਇਕ ਵੀਡੀਓ ਵਿਚ ਕਿਹਾ ਕਿ, ਇਹ ਭਾਗੀਦਾਰੀ ਅਮਰੀਕਾ ਨੂੰ ਯੂਕਰੇਨ ਨਾਲ ਨਿਵੇਸ਼ ਕਰਨ, ਯੂਕਰੇਨ ਦੀ ਵਿਕਾਸ ਸੰਪੱਤੀ ਦੀ ਵਰਤੋਂ ਕਰਨ, ਅਮਰੀਕੀ ਹੁਨਰ, ਪੂੰਜੀ ਅਤੇ ਪ੍ਰਸ਼ਾਸਨਕ ਮਿਆਰਾਂ ਨੂੰ ਲਾਗੂ ਕਰਨ ਦੀ ਇਜਾਜ਼ਤ ਦੇਵੇਗੀ, ਜੋ ਕਿ ਯੂਕਰੇਨ ਦੇ ਨਿਵੇਸ਼ ਮਾਹੌਲ ਵਿਚ ਸੁਧਾਰ ਲਿਆਉਣਗੇ ਅਤੇ ਆਰਥਿਕ ਸੁਧਾਰ ਨੂੰ ਤੇਜ਼ੀ ਦੇਣਗੇ। ਇਹ ਐਲਾਨ ਉਸ ਸਮੇਂ ਹੋਇਆ ਹੈ ਜਦੋਂ ਟਰੰਪ ਰੂਸ ਅਤੇ ਯੂਕਰੇਨ ਦੇ ਆਗੂਆਂ ਨਾਲ ਜੰਗ ਖਤਮ ਕਰਨ ਲਈ ਗੱਲਬਾਤ ਕਰ ਰਹੇ ਹਨ ਅਤੇ ਲੰਮੇ ਸਮੇਂ ਤੋਂ ਚੱਲ ਰਹੀ ਲੜਾਈ ਤੋਂ ਨਿਰਾਸ਼ ਹਨ।

# ਹਰਿਆਣਾ ਨੂੰ ਵਾਧੂ ਪਾਣੀ ਛੱਡਣ 'ਚ ਨਵਾਂ ਅੜਿੱਕਾ, ਪੰਜਾਬ ਨਾਲ ਸਬੰਧਤ ਹੇਠਲੇ ਅਧਿਕਾਰੀਆਂ ਨੇ ਡੈਮ ਦੇ ਗੇਟ ਖੋਲ੍ਹਣ ਤੋਂ ਪਾਸਾ ਵੱਟਿਆ

**ਚੰਡੀਗੜ੍ਹ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਨੰਗਲ ਡੈਮ ਪਹੁੰਚਣਗੇ ਮੁੱਖ ਮੰਤਰੀ ਭਗਵੰਤ ਮਾਨ; ਨੰਗਲ ਡੈਮ ਉਤੇ ਧਰਨੇ 'ਤੇ ਬੈਠੇ ਕੈਬਨਿਟ ਮੰਤਰੀ ਹਰਜੋਤ ਬੈਂਸ

ਭਾਖੜਾ ਬਿਆਸ ਮੈਨੇਜਮੈਂਟ ਬੋਰਡ (BBMB) ਵੱਲੋਂ ਲੰਘੇ ਕੱਲ੍ਹ ਹਰਿਆਣਾ ਨੂੰ ਵਾਧੂ ਪਾਣੀ ਦਿੱਤੇ ਜਾਣ ਦੇ ਫ਼ੈਸਲੇ ਨੂੰ ਅਮਲ ਵਿੱਚ ਲਿਆਉਣ ਲਈ ਨਵੇਂ ਅੜਿੱਕੇ ਖੜ੍ਹੇ ਹੋ ਗਏ ਹਨ। ਭਾਖੜਾ ਡੈਮ ਤੋਂ ਅੱਜ ਸਵੇਰ ਵੇਲੇ ਹਰਿਆਣਾ ਨੂੰ 8500 ਕਿਊਸਿਕ ਵਾਧੂ ਪਾਣੀ ਛੱਡਿਆ ਜਾਣਾ ਸੀ। ਬੇਸ਼ੱਕ ਲੰਘੀ ਰਾਤ ਹੀ ਬੀਬੀਐੱਮਬੀ ਨੇ ਵਾਧੂ ਪਾਣੀ ਛੱਡਣ ਲਈ ਰਾਹ ਪੱਧਰਾ ਕਰਨ ਵਾਸਤੇ ਭਾਖੜਾ ਡੈਮ ਦੇ ਡਾਇਰੈਕਟਰ (ਵਾਟਰ ਰੈਗੂਲੇਸ਼ਨ) ਆਕਾਸ਼ਦੀਪ ਸਿੰਘ ਨੂੰ ਤਬਦੀਲ ਕਰਕੇ ਹਰਿਆਣਾ ਦੇ ਸੰਜੀਵ ਕੁਮਾਰ ਨੂੰ ਡਾਇਰੈਕਟਰ (ਵਾਟਰ ਰੈਗੂਲੇਸ਼ਨ) ਲਗਾ ਦਿੱਤਾ ਸੀ।

ਅੱਜ ਜਦੋਂ ਹਰਿਆਣਾ ਨੂੰ ਵਾਧੂ ਪਾਣੀ ਛੱਡਣ ਵਾਸਤੇ ਨਵੇਂ ਡਾਇਰੈਕਟਰ (ਵਾਟਰ ਰੈਗੂਲੇਸ਼ਨ) ਸੰਜੀਵ ਕੁਮਾਰ ਨੇ ਭਾਖੜਾ ਡੈਮ ਦੇ ਗੇਟ ਖੋਲ੍ਹਣ ਦੇ ਹੁਕਮ ਦਿੱਤੇ ਤਾਂ ਹੇਠਲੇ ਅਧਿਕਾਰੀ ਜੋ ਕਿ ਪੰਜਾਬ ਦੇ ਹਨ, ਡੈਮ ਦੇ ਗੇਟ ਖੋਲ੍ਹਣ ਤੋਂ ਪਾਸਾ ਵੱਟ ਗਏ। ਪਤਾ ਲੱਗਿਆ ਹੈ ਕਿ ਐਕਸੀਅਨ ਅਤੇ ਐੱਸਡੀਓ ਪੰਜਾਬ ਦੀ ਤਰਫ਼ੋਂ ਹਨ ਜਿਨ੍ਹਾਂ ਨੇ ਡਾਇਰੈਕਟਰ ਦੇ ਹੁਕਮਾਂ ਨੂੰ ਇੱਕ ਤਰੀਕੇ ਨਾਲ ਮੰਨਣ ਤੋਂ ਇਨਕਾਰ ਕਰ ਦਿੱਤਾ ਹੈ। ਖ਼ਬਰ ਲਿਖੇ ਜਾਣ ਤੱਕ ਹਰਿਆਣਾ ਨੂੰ ਵਾਧੂ ਪਾਣੀ ਛੱਡਿਆ ਨਹੀਂ ਜਾ ਸਕਿਆ ਹੈ।

ਇਸ ਦੌਰਾਨ ਪਤਾ ਲੱਗਾ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਥੋੜ੍ਹੀ ਦੇਰ ਵਿੱਚ ਨੰਗਲ ਡੈਮ ਪਹੁੰਚਣਗੇ।

**ਨੰਗਲ ਡੈਮ ਉਤੇ ਧਰਨੇ 'ਤੇ ਬੈਠੇ ਕੈਬਨਿਟ ਮੰਤਰੀ ਹਰਜੋਤ ਬੈਂਸ**

ਨੰਗਲ: ਇਸ ਦੌਰਾਨ ਹਰਿਆਣਾ ਨੂੰ ਪਾਣੀ ਛੱਡੇ ਜਾਣ ਦੀ ਕਾਰਵਾਈ ਖ਼ਿਲਾਫ਼ ਅੱਜ ਕੈਬਨਿਟ ਮੰਤਰੀ ਹਰਜੋਤ ਬੈਂਸ ਨੰਗਲ ਡੈਮ ਉਤੇ ਧਰਨੇ 'ਤੇ ਬੈਠ ਗਏ ਹਨ। ਜਾਣਕਾਰੀ ਮੁਤਾਬਕ ਥੋੜ੍ਹੀ ਦੇਰ ਬਾਅਦ ਮੁੱਖ ਮੰਤਰੀ ਭਗਵੰਤ ਮਾਨ ਨੰਗਲ ਡੈਮ ਆ ਕੇ ਆਪਣਾ ਸਟੈਂਡ ਸਪਸ਼ਟ ਕਰਨਗੇ। ਇਸ ਸਬੰਧੀ ਹੋਰ ਵੇਰਵਿਆਂ ਦੀ ਉਡੀਕ ਕੀਤੀ ਜਾ ਰਹੀ ਹੈ।

# ਪਟਿਆਲਾ 'ਚ ਵਿਧਾਇਕਾਂ ਤੇ ਵੱਡੀ ਗਿਣਤੀ ਆਪ ਕਾਰਕੁੰਨਾਂ ਨੇ ਭਾਜਪਾ ਆਗੂਆਂ ਕੈਪਟਨ ਤੇ ਪ੍ਰਨੀਤ ਕੌਰ ਦੇ ਘਰ ਮੂਹਰੇ ਸਾੜਿਆ ਕੇਂਦਰ ਸਰਕਾਰ ਦਾ ਪੁਤਲਾ

**ਪਟਿਆਲਾ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਪਟਿਆਲਾ ਵਿਖੇ ਭਾਜਪਾ ਆਗੂਆਂ ਕੈਪਟਨ ਅਮਰਿੰਦਰ ਸਿੰਘ ਤੇ ਪ੍ਰਨੀਤ ਕੌਰ ਦੇ ਘਰ ਮੂਹਰੇ ਹਲਕਾ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਅਤੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਤੇ ਵੱਡੀ ਗਿਣਤੀ ਕਾਰਕੁੰਨ ਕੇਂਦਰ ਸਰਕਾਰ ਦਾ ਪੁਤਲਾ ਸਾੜਕੇ ਰੋਸ ਪ੍ਰਦਰਸ਼ਨ ਕਰਦੇ ਹੋਏ।

ਕੇਂਦਰ ਦੀ ਭਾਜਪਾ ਸਰਕਾਰ ਦੀ ਸ਼ਹਿ 'ਤੇ ਪੰਜਾਬ ਨਾਲ ਧੱਕਾ ਕਰਦਿਆਂ ਬੀ.ਬੀ.ਐਮ.ਬੀ. ਵੱਲੋਂ ਹਰਿਆਣਾ ਨੂੰ ਫ਼ੌਰੀ 8500 ਕਿਊਸਿਕ ਵਾਧੂ ਪਾਣੀ ਧੱਕੇ ਨਾਲ ਛੱਡੇ ਜਾਣ ਦੇ ਫ਼ੈਸਲੇ ਵਿਰੁੱਧ ਅੱਜ ਜ਼ਿਲ੍ਹੇ ਦੇ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਦੀ ਅਗਵਾਈ ਹੇਠ ਪਟਿਆਲਾ ਵਿਖੇ ਭਾਜਪਾ ਆਗੂਆਂ ਦੀ ਰਿਹਾਇਸ਼ ਮੂਹਰੇ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਕੇਂਦਰ ਦੀ ਭਾਜਪਾ ਸਰਕਾਰ ਦਾ ਪੁਤਲਾ ਫੂਕਦਿਆਂ ਨਾਭਾ ਤੇ ਸ਼ੁਤਰਾਣਾ ਦੇ ਵਿਧਾਇਕਾਂ ਗੁਰਦੇਵ ਸਿੰਘ ਦੇਵ ਮਾਨ ਅਤੇ ਕੁਲਵੰਤ ਸਿੰਘ ਬਾਜ਼ੀਗਰ ਨੇ ਜ਼ੋਰਦਾਰ ਮੰਗ ਕੀਤੀ ਕਿ ਭਾਜਪਾ ਵੱਲੋਂ ਪੰਜਾਬ ਨਾਲ ਧੱਕੇਸ਼ਾਹੀ ਕੀਤੀ ਜਾ ਰਹੀ ਬੰਦ ਕੀਤੀ ਜਾਵੇ।

ਰੋਸ ਪ੍ਰਦਰਸ਼ਨ ਮੌਕੇ ਪੀ.ਆਰ.ਟੀ.ਸੀ ਦੇ ਚੇਅਰਮੈਨ ਰਣਜੋਧ ਸਿੰਘ ਹਡਾਣਾ, ਨਗਰ ਨਿਗਮ ਦੇ ਮੇਅਰ ਕੁੰਦਨ ਗੋਗੀਆ, ਆਮ ਆਦਮੀ ਪਾਰਟੀ ਦੇ ਸ਼ਹਿਰੀ ਪ੍ਰਧਾਨ ਤੇਜਿੰਦਰ ਮਹਿਤਾ, ਦਿਹਾਤੀ ਪ੍ਰਧਾਨ ਚੇਅਰਮੈਨ ਮੇਘ ਚੰਦ ਸ਼ੇਰਮਾਜਰਾ ਤੇ ਸੀਨੀਅਰ ਡਿਪਟੀ ਮੇਅਰ ਹਰਿੰਦਰ ਕੋਹਲੀ ਸਮੇਤ ਜ਼ਿਲ੍ਹੇ ਦੇ ਸਾਰੇ ਹਲਕਿਆਂ ਦੇ ਵੱਡੀ ਗਿਣਤੀ ਆਗੂਆਂ ਤੇ ਆਪ ਕਾਰਕੁੰਨਾਂ ਨੇ ਕੇਂਦਰ ਸਰਕਾਰ, ਹਰਿਆਣਾ ਸਰਕਾਰ, ਭਾਰਤੀ ਜਨਤਾ ਪਾਰਟੀ ਤੇ ਬੀ.ਬੀ.ਐਮ.ਬੀ. ਵਿਰੁੱਧ ਜ਼ੋਰਦਾਰ ਨਾਅਰੇਬਾਜੀ ਕੀਤੀ ਤੇ ਭਾਜਪਾ ਦੇ ਆਗੂ ਕੈਪਟਨ ਅਮਰਿੰਦਰ ਸਿੰਘ ਤੇ ਪ੍ਰਨੀਤ ਕੌਰ ਦੀ ਰਿਹਾਇਸ਼ ਤੱਕ ਰੋਸ ਮਾਰਚ ਕਰਕੇ ਭਾਜਪਾ ਦੀ ਕੇਂਦਰ ਸਰਕਾਰ ਦਾ ਪੁਤਲਾ ਫੂਕਿਆ।

ਵਿਧਾਇਕ ਦੇਵ ਮਾਨ ਨੇ ਕਿਹਾ ਕਿ ਪੰਜਾਬ ਕੋਲ ਕੇਵਲ ਆਪਣੇ ਜੋਗਾ ਹੀ ਪਾਣੀ ਹੈ ਤੇ ਹਰਿਆਣਾ ਪਹਿਲਾਂ ਹੀ ਆਪਣੇ ਹਿੱਸੇ ਤੋਂ ਵਾਧੂ ਪਾਣੀ ਲੈ ਚੁੱਕਾ ਹੈ ਪਰੰਤੂ ਹੁਣ 8500 ਕਿਉਸਿਕ ਪਾਣੀ ਦਾ ਡਾਕਾ ਮਾਰਕੇ ਪੰਜਾਬ ਨਾਲ ਧੱਕਾ ਕੀਤਾ ਜਾ ਰਿਹਾ ਹੈ, ਜਿਸ ਨੂੰ ਪੰਜਾਬ ਸਰਕਾਰ ਤੇ ਆਮ ਆਦਮੀ ਪਾਰਟੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਬਰਦਾਸ਼ਤ ਨਹੀਂ ਕਰੇਗੀ। ਦੇਵ ਮਾਨ ਨੇ ਕਿਹਾ ਕਿ ਕੇਂਦਰ ਤੇ ਭਾਜਪਾ ਦੀਆਂ ਹਰਿਆਣਾ, ਦਿੱਲੀ ਤੇ ਰਾਜਸਥਾਨ ਸਰਕਾਰਾਂ, ਪੰਜਾਬ ਤੇ ਪੰਜਾਬੀਆਂ ਖ਼ਿਲਾਫ਼ ਡੂੰਘੀ ਸਾਜ਼ਿਸ਼ ਕਰਕੇ ਸੂਬੇ ਨਾਲ ਵਧੀਕੀ ਕਰ ਰਹੀਆਂ ਹਨ, ਜਿਸ ਦਾ ਮੂੰਹ ਤੋੜ ਜਵਾਬ ਦਿੱਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਪੰਜਾਬ ਦਾ ਕਿਸਾਨ ਤੇ ਉਦਯੋਗ ਪਾਣੀ ਬਿਨ੍ਹਾਂ ਬਰਬਾਦ ਹੋ ਜਾਣਗੇ, ਇਸ ਲਈ ਪੰਜਾਬ ਕਦੇ ਵੀ ਆਪਣੇ ਹੱਕਾਂ 'ਤੇ ਡਾਕਾ ਬਰਦਾਸ਼ਤ ਨਹੀਂ ਕਰੇਗਾ।

ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਭਾਜਪਾ ਜਾਣਬੁੱਝਕੇ ਪੰਜਾਬ ਦਾ ਸ਼ਾਂਤਮਈ ਮਾਹੌਲ ਖਰਾਬ ਕਰਨ 'ਤੇ ਤੁਲੀ ਹੋਈ ਹੈ ਪਰੰਤੂ ਪੰਜਾਬ ਦੇ ਲੋਕ ਅਜਿਹਾ ਨਹੀਂ ਹੋਣ ਦੇਣਗੇ। ਉਨ੍ਹਾਂ ਕਿਹਾ ਕਿ ਪੰਜਾਬ ਕੋਲ ਇੱਕ ਬੂੰਦ ਵੀ ਵਾਧੂ ਪਾਣੀ ਨਹੀਂ ਹੈ ਅਤੇ ਪੰਜਾਬ ਦਾ ਪਾਣੀ ਸਾਡੇ ਖ਼ੂਨ ਤੋਂ ਵੀ ਮਹਿੰਗਾ ਹੈ। ਬਾਜ਼ੀਗਾਰ ਨੇ ਦੋਸ਼ ਲਾਇਆ ਕਿ ਜਾਣਬੁੱਝ ਕੇ ਪੰਜਾਬ ਤੇ ਪੰਜਾਬੀਆਂ ਨੂੰ ਬਰਬਾਦ ਕਰਨ ਦੀ ਸਾਜ਼ਿਸ਼ ਤਹਿਤ ਕੇਂਦਰ ਦੀ ਭਾਜਪਾ ਸਰਕਾਰ ਤੇ ਹਰਿਆਣਾ ਸਮੇਤ ਬੀ.ਬੀ.ਐਮ.ਬੀ. ਮਿਲਕੇ ਪੰਜਾਬ ਦਾ ਪਾਣੀ ਲੁੱਟਣ ਲੱਗੇ ਹਨ, ਜਿਸ ਨੂੰ ਆਪ ਸਰਕਾਰ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਕਦੇ ਵੀ ਸਫ਼ਲ ਨਹੀਂ ਹੋਣ ਦਿੱਤਾ ਜਾਵੇਗਾ।

ਚੇਅਰਮੈਨ ਰਣਜੋਧ ਸਿੰਘ ਹਡਾਣਾ ਤੇ ਮੇਅਰ ਕੁੰਦਨ ਗੋਗੀਆਂ ਨੇ ਕਿਹਾ ਕਿ ਪੰਜਾਬ ਦੇ ਭਾਜਪਾ ਆਗੂਆਂ ਨੂੰ ਆਪਣੀ ਸਾਜ਼ਸ਼ੀ ਚੁੱਪ ਤੋੜਨੀ ਚਾਹੀਦੀ ਹੈ ਤੇ ਸੱਤਾ ਦਾ ਸੁੱਖ ਤਿਆਗ ਕੇ ਪੰਜਾਬ ਦੇ ਲੋਕਾਂ ਨਾਲ ਖੜ੍ਹਨਾ ਚਾਹੀਦਾ ਹੈ। ਆਪ ਜ਼ਿਲ੍ਹਾ ਪ੍ਰਧਾਨ ਤੇਜਿੰਦਰ ਮਹਿਤਾ ਤੇ ਮੇਘ ਚੰਦ ਸ਼ੇਰਮਾਜਰਾ ਨੇ ਕਿਹਾ ਕਿ ਕਾਂਗਰਸ ਸਮੇਤ ਦੂਜੀਆਂ ਪਾਰਟੀਆਂ ਨੂੰ ਵੀ ਪੰਜਾਬ ਦੇ ਹੱਕਾਂ ਲਈ ਆਪਣੀ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ।

ਇਸ ਮੌਕੇ ਆਪ ਆਗੂ ਇੰਦਰਜੀਤ ਸਿੰਘ ਸੰਧੂ, ਜਸਬੀਰ ਸਿੰਘ ਗਾਂਧੀ, ਗੁਰਜੀਤ ਸਿੰਘ ਸਾਹਨੀ, ਦਵਿੰਦਰਪਾਲ ਸਿੰਘ ਮਿੱਕੀ, ਬਲਕਾਰ ਸਿੰਘ ਗੱਜੂਮਾਜਰਾ, ਗੁਰਦੇਵ ਸਿੰਘ ਟਿਵਾਣਾ, ਪ੍ਰਦੀਪ ਜੋਸ਼ਨ, ਸਬਜੀਤ ਸਿੰਘ ਅਬਲੋਵਾਲ, ਵੱਡੀ ਗਿਣਤੀ ਜ਼ਿਲ੍ਹੇ ਦੇ ਆਪ ਕੌਂਸਲਰ, ਪਟਿਆਲਾ ਸ਼ਹਿਰੀ, ਪਟਿਆਲਾ ਦਿਹਾਤੀ, ਰਾਜਪੁਰਾ, ਘਨੌਰ, ਨਾਭਾ, ਸਮਾਣਾ, ਸਨੌਰ ਤੇ ਸ਼ੁਤਰਾਣਾ ਹਲਕੇ ਦੇ ਆਗੂਆਂ ਤੇ ਵਰਕਰਾਂ ਨੇ ਇਸ ਰੋਸ ਪ੍ਰਦਰਸ਼ਨ ਵਿੱਚ ਸ਼ਮੂਲੀਅਤ ਕੀਤੀ।

# ਮਾਈਲਸਟੋਨ ਦੇ ਵਿਦਿਆਰਥੀਆਂ ਨੇ ਸੀਆਈਐਸਸੀਈ ਬੋਰਡ ਦਸਵੀਂ ਦੇ ਨਤੀਜਿਆਂ ਵਿੱਚ ਕੀਤਾ ਕਾਬਿਲੇ ਤਾਰੀ.ਫ ਪ੍ਰਦਰਸ਼ਨ

**ਪਟਿਆਲਾ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



'ਦ ਮਾਈਲਸਟੋਨ ਸਮਾਰਟ ਸਕੂਲ ਦੇ ਵਿਦਿਆਰਥੀਆਂ ਨੇ CISCE ਬੋਰਡ ਦਸਵੀਂ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ, ਜੋ ਅੱਜ ਘੋਸ਼ਿਤ ਕੀਤੇ ਗਏ। ਅਕਾਦਮਿਕ ਸ਼੍ਰੇਣੀ ਵਿੱਚ ਮਾਹਰਤਾ ਦਰਸਾਉਂਦੇ ਹੋਏ, ਵੈਭਵ ਪੰਤ ਨੇ ਸਾਇੰਸ ਸਟਰੀਮ ਵਿੱਚ 95.2% ਅੰਕ ਲੈ ਕੇ ਸਕੂਲ ਟੌਪਰ ਬਣ ਕੇ ਉਭਰਿਆ। ਕਾਮਰਸ ਸਟਰੀਮ ਵਿੱਚ ਅਰਨਵ ਮੌਂਗੀਆ ਨੇ 93.8% ਅੰਕ ਲੈ ਕੇ ਪਹਿਲਾ ਸਥਾਨ ਹਾਸਲ ਕੀਤਾ।

ਸਕੂਲ ਦੇ ਪ੍ਰਧਾਨ ਡਾ. ਹਰਕੇਸ਼ ਸਿੰਘ ਸਿੱਧੂ ਨੇ ਆਪਣੀ ਖੁਸ਼ੀ ਜਤਾਈ ਅਤੇ ਕਿਹਾ ਕਿ ਉਹ ਕਲਾਸ ਦਸਵੀਂ ਦੇ ਸਾਰੇ ਵਿਦਿਆਰਥੀਆਂ ਦੀ ਸ਼ਾਨਦਾਰ ਪ੍ਰਦਰਸ਼ਨ ਲਈ ਬਹੁਤ ਮਾਣ ਮਹਿਸੂਸ ਕਰਦੇ ਹਨ ਅਤੇ ਉਨ੍ਹਾਂ ਦੇ ਭਵਿੱਖ ਵਿੱਚ ਆਉਣ ਵਾਲੇ ਅਕਾਦਮਿਕ ਯਤਨਾਂ ਲਈ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ।

ਸਕੂਲ ਦੀ ਪ੍ਰਿੰਸੀਪਲ ਮਨਵੀਨ ਕੌਰ ਅੰਜਲਾ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਮਿਹਨਤ ਅਤੇ ਲਗਨ ਲਈ ਮੁਬਾਰਕਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਇਹ ਕਾਬਿਲੇ ਤਾਰੀਫ਼ ਨਤੀਜਾ ਸਕੂਲ ਵੱਲੋਂ ਉੱਚ ਗੁਣਵੱਤਾ ਵਾਲੀ ਸਿੱਖਿਆ ਦੇਣ ਅਤੇ ਇਕ ਸਹਾਇਕ ਪਾਠਕਲਾਤਮਕ ਮਾਹੌਲ ਬਣਾਉਣ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਵਿਦਿਆਰਥੀਆਂ ਦੀ ਸਫਲਤਾ ਸਾਰੇ ਸਕੂਲ ਪਰਿਵਾਰ ਦੇ ਸਾਂਝੇ ਯਤਨਾਂ ਦਾ ਨਤੀਜਾ ਹੈ।

# ਪੰਜਾਬ ਸਰਕਾਰ; ਕਿਰਤੀਆਂ ਦੀ ਭਲਾਈ ਦੀ ਸਰਕਾਰ: ਤਰੁਨਪ੍ਰੀਤ ਸਿੰਘ ਸੌਂਦ

**ਚੰਡੀਗੜ੍ਹ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਕਿਰਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਮਈ ਦਿਵਸ 'ਤੇ ਸਾਰੇ ਕਿਰਤੀਆਂ ਨੂੰ ਵਧਾਈ ਦਿੱਤੀ ਹੈ। ਸਥਾਨਕ ਪੰਜਾਬ ਭਵਨ ਵਿਖੇ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਕਿਰਤੀਆਂ ਦੀ ਭਲਾਈ ਲਈ ਅਤੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਕਈ ਪਹਿਲ ਕਦਮੀਆਂ ਕੀਤੀਆਂ ਹਨ ਅਤੇ ਕਈ ਭਲਾਈ ਸਕੀਮਾਂ ਚਲਾਈਆਂ ਜਾ ਰਹੀਆਂ ਹਨ।

ਉਨ੍ਹਾਂ ਦੱਸਿਆ ਕਿ ਬਿਲਡਿੰਗ ਐਂਡ ਅਦਰ ਕੰਸਟਰੱਕਸ਼ਨ ਵਰਕਰਜ਼ ਵੈਲਫੇਅਰ ਬੋਰਡ ਵਲੋਂ 41 ਹਜ਼ਾਰ ਤੋਂ ਜ਼ਿਆਦਾ ਰਜਿਸਟਰਡ ਕਿਰਤੀਆਂ ਨੂੰ ਵੱਖ-ਵੱਖ ਸਕੀਮਾਂ ਤਹਿਤ ਪਿਛਲੇ ਵਿੱਤੀ ਸਾਲ ਵਿੱਚ ਕਰੀਬ 90 ਕਰੋੜ ਰੁਪਏ ਵੰਡੇ ਜਾ ਚੁੱਕੇ ਹਨ। ਇਸ ਵਿੱਚ ਸਭ ਤੋਂ ਵੱਧ 45 ਕਰੋੜ ਰੁਪਏ ਉਸਾਰੀ ਕਾਮਿਆਂ ਦੇ ਬੱਚਿਆਂ ਲਈ ਸਿੱਖਿਆ ਵਜ਼ੀਫ਼ਾ, ਐਕਸ-ਗ੍ਰੇਸ਼ੀਆ ਤਹਿਤ 28 ਕਰੋੜ ਰੁਪਏ, ਸਿਹਤ ਬੀਮਾ ਤੇ ਸਰਜਰੀ ਲਈ 11 ਕਰੋੜ ਰੁਪਏ ਅਤੇ ਬਾਲੜੀ ਤੋਹਫਾ ਸਕੀਮ ਤਹਿਤ 85 ਲੱਖ ਰੁਪਏ ਤੋਂ ਵੱਧ ਦੀ ਰਾਸ਼ੀ ਵੰਡੀ ਗਈ ਹੈ। ਇਸੇ ਤਰ੍ਹਾਂ ਲੇਬਰ ਵੈਲਫੇਅਰ ਬੋਰਡ ਵਲੋਂ ਵੀ ਇਸ ਸਮੇਂ ਦੌਰਾਨ 6,737 ਲਾਭ ਪਾਤਰੀਆਂ ਨੂੰ 17.15 ਕਰੋੜ ਰੁਪਏ ਜਾਰੀ ਕੀਤੇ ਗਏ ਹਨ।

ਉਨ੍ਹਾਂ ਦੱਸਿਆ ਕਿ ਲੇਬਰ ਕਾਰਡ ਤੇ ਸਕੀਮਾਂ ਨਾਲ ਸਬੰਧਤ ਕਿਰਤੀਆਂ ਦੀਆਂ ਪੈਂਡਿੰਗ ਪਈਆਂ 80 ਹਜ਼ਾਰ ਅਰਜ਼ੀਆਂ ਦਾ ਜਨਵਰੀ ਤੋਂ ਅਪ੍ਰੈਲ ਤੱਕ ਦੇ 4 ਮਹੀਨਿਆਂ ਦੇ ਅੰਦਰ ਨਿਪਟਾਰਾ ਕਰ ਦਿੱਤਾ ਗਿਆ ਹੈ। ਪਹਿਲਾਂ ਇਹ ਗਿਣਤੀ 1 ਲੱਖ 10 ਹਜ਼ਾਰ ਸੀ ਜੋ ਕਿ ਹੁਣ ਸਿਰਫ 30,000 ਰਹਿ ਗਈ ਹੈ।

ਇਸ ਤੋਂ ਇਲਾਵਾ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਤਹਿਤ 1 ਲੱਖ 30 ਹਜ਼ਾਰ ਉਸਾਰੀ ਕਾਮਿਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਕਵਰ ਕੀਤਾ ਗਿਆ ਹੈ।

ਇਸ ਯੋਜਨਾ ਤਹਿਤ ਪ੍ਰਤੀ ਪਰਿਵਾਰ ਗੰਭੀਰ ਬਿਮਾਰੀਆਂ ਦੇ ਇਲਾਜ ਲਈ 5 ਲੱਖ ਰੁਪਏ ਤੱਕ ਦਾ ਸਿਹਤ ਬੀਮਾ ਮਿਲਦਾ ਹੈ। ਜਿਸ ਵਿੱਚ ਦਿਲ ਦੀ ਦੇਖਭਾਲ, ਕੈਂਸਰ ਦਾ ਇਲਾਜ, ਨਿਊਰੋ ਸਰਜਰੀ, ਆਰਥੋਪੀਡਿਕ (ਹੱਡੀਆਂ) ਸਰਜਰੀਆਂ ਅਤੇ ਡਾਇਲਸਿਸ ਅਤੇ ਗੁਰਦੇ ਦੀ ਦੇਖਭਾਲ ਸ਼ਾਮਲ ਹੈ।

ਸੌਂਦ ਨੇ ਕਿਹਾ ਕਿ ਵਿੱਤੀ ਸਾਲ 2024-25 ਵਿੱਚ ਰਿਕਾਰਡ 287 ਕਰੋੜ ਰੁਪਏ ਲੇਬਰ ਸੈੱਸ ਵੱਜੋਂ ਇਕੱਠਾ ਕੀਤੇ ਗਏ ਹਨ।

4 ਸਾਲਾਂ ਦੌਰਾਨ ਇਹ ਰਾਸ਼ੀ ਸਭ ਤੋਂ ਵੱਧ ਹੈ। 2021-22 ਵਿੱਚ 203.94 ਕਰੋੜ ਰੁਪਏ, 2022-23 ਵਿੱਚ 208.92 ਕਰੋੜ ਰੁਪਏ ਅਤੇ 2023-24 ਵਿੱਚ 180 ਕਰੋੜ ਰੁਪਏ ਲੇਬਰ ਸੈੱਸ ਇਕੱਠਾ ਕੀਤਾ ਗਿਆ ਸੀ।

# ਪੰਜਾਬ ਦੇ ਬਿਜਲੀ ਖੇਤਰ ਵੱਲੋਂ ਇਤਿਹਾਸਕ ਪਹਿਲ: ਘੱਟ ਟੈਰਿਫ਼ ਦਰਾਂ 'ਤੇ 2,400 ਮੈਗਾਵਾਟ ਤੋਂ ਵੱਧ ਸੂਰਜੀ ਊਰਜਾ ਖਰੀਦ ਸਬੰਧੀ ਸਮਝੌਤੇ ਸਹੀਬੱਧ: ਹਰਭਜਨ ਸਿੰਘ ਈਟੀਓ

**ਚੰਡੀਗੜ੍ਹ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਨੇ ਸਫ਼ਲਤਾਪੂਰਵਕ ਸੂਰਜੀ ਊਰਜਾ ਖਰੀਦ ਪਹਿਲਕਦਮੀਆਂ ਦੀ ਇੱਕ ਲੜੀ ਵਿੱਚ ਸਾਫ਼-ਸੁਥਰੇ ਅਤੇ ਵਧੇਰੇ ਟਿਕਾਊ ਭਵਿੱਖ ਵੱਲ ਮਹੱਤਵਪੂਰਨ ਕਦਮ ਚੁੱਕੇ ਹਨ।

ਅੱਜ ਇੱਥੇ ਇੱਕ ਪ੍ਰੈਸ ਬਿਆਨ ਵਿੱਚ ਇਹ ਜਾਣਕਾਰੀ ਦਿੰਦਿਆਂ ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਨੇ ਦੱਸਿਆ ਕਿ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀਐਸਪੀਸੀਐਲ) ਨੇ 15 ਅਪ੍ਰੈਲ, 2025 ਨੂੰ ਮੈਸਰਜ਼ ਸੇਲ ਇੰਡਸਟਰੀਜ਼ ਲਿਮਟਿਡ ਵਲੋਂ ਪੇਸ਼ ਕੀਤੇ ਗਏ ਦਿਲਚਸਪੀ ਦੀ ਪ੍ਰਗਟਾਵਾ ਨੂੰ ਪ੍ਰਵਾਨ ਕਰਦਿਆਂ ਸੂਰਜੀ ਊਰਜਾ ਖਰੀਦ ਲਈ ਨਾਲ ਇੱਕ ਟੈਂਡਰ 'ਤੇ ਹਸਤਾਖਰ ਕੀਤੇ ਹਨ।

ਉਨ੍ਹਾਂ ਕਿਹਾ ਕਿ ਇਸ ਸਮਝੌਤੇ ਤਹਿਤ 25 ਸਾਲਾਂ ਦੀ ਮਿਆਦ ਲਈ 2.97 ਰੁਪਏ ਪ੍ਰਤੀ ਯੂਨਿਟ ਦੀ ਪ੍ਰਤੀਯੋਗੀ ਦਰ 'ਤੇ 400 ਮੈਗਾਵਾਟ ਸੂਰਜੀ ਊਰਜਾ ਖਰੀਦੀ ਜਾਵੇਗੀ। ਇਹ ਸੂਰਜੀ ਪ੍ਰੋਜੈਕਟ ਪੰਜਾਬ ਦੇ ਅੰਦਰ ਸਥਾਪਿਤ ਕੀਤੇ ਜਾਣਗੇ, ਜਿਸ ਨਾਲ ਸਥਾਨਕ ਬੁਨਿਆਦੀ ਢਾਂਚੇ ਅਤੇ ਰੋਜ਼ਗਾਰ ਨੂੰ ਹੁਲਾਰਾ ਮਿਲੇਗਾ।

ਸ੍ਰੀ ਹਰਭਜਨ ਸਿੰਘ ਈਟੀਓ ਨੇ ਅੱਗੇ ਕਿਹਾ ਕਿ ਇਸੇ ਲੜੀ ਵਿੱਚ ਪੀ.ਐਸ.ਪੀ.ਸੀ.ਐਲ. ਨੇ 1,950 ਮੈਗਾਵਾਟ ਸੂਰਜੀ ਊਰਜਾ ਦੀ ਖਰੀਦ ਲਈ ਵੱਖ-ਵੱਖ ਆਈ.ਐਸ.ਟੀ.ਐਸ. ਸਕੀਮਾਂ ਤਹਿਤ ਮੈਸਰਜ਼ ਸੋਲਰ ਐਨਰਜੀ ਕਾਰਪੋਰੇਸ਼ਨ ਆਫ਼ ਇੰਡੀਆ (ਐਸ.ਈ.ਸੀ.ਆਈ.) ਨੂੰ ਸਿਧਾਂਤਕ ਸਹਿਮਤੀ ਵੀ ਦਿੱਤੀ ਹੈ। ਇਸ ਬਿਜਲੀ ਦਾ ਟੈਰਿਫ 25 ਸਾਲਾਂ ਦੀ ਮਿਆਦ ਲਈ 2.48 ਰੁਪਏ ਅਤੇ 2.60 ਰੁਪਏ ਪ੍ਰਤੀ ਯੂਨਿਟ (ਲਗਭਗ 2.95-3.07 ਰੁਪਏ ਪ੍ਰਤੀ ਯੂਨਿਟ ਲੈਂਡਡ ਟੈਰਿਫ) ਦੇ ਵਿਚਕਾਰ ਹੋਵੇਗਾ।

ਮੰਤਰੀ ਨੇ ਕਿਹਾ ਕਿ ਦੋ ਸੂਰਜੀ ਊਰਜਾ ਪ੍ਰੋਜੈਕਟ ਹਾਲ ਹੀ ਵਿੱਚ ਕਾਰਜਸ਼ੀਲ ਕੀਤੇ ਗਏ ਹਨ ਜਿਨ੍ਹਾਂ ਨੇ ਪੀ.ਐਸ.ਪੀ.ਸੀ.ਐਲ. ਨੂੰ ਬਿਜਲੀ ਸਪਲਾਈ ਕਰਨੀ ਸ਼ੁਰੂ ਕਰ ਦਿੱਤੀ ਹੈ।



ਐਮ.ਐਨ.ਆਰ.ਈ. ਦੀ ਸੀ.ਪੀ.ਐਸ.ਯੂ. ਸਕੀਮ ਅਧੀਨ ਐਨ.ਐਚ.ਪੀ.ਸੀ. ਦੁਆਰਾ ਸ਼ੁਰੂ ਕੀਤੇ ਗਏ 107.14 ਮੈਗਾਵਾਟ ਦੇ ਇੱਕ ਸੂਰਜੀ ਊਰਜਾ ਪ੍ਰੋਜੈਕਟ ਨੇ 14 ਅਪ੍ਰੈਲ, 2025 ਨੂੰ ਵਪਾਰਕ ਕਾਰਜ ਸ਼ੁਰੂ ਕੀਤਾ। ਇਹ ਪ੍ਰੋਜੈਕਟ ਰਾਜਸਥਾਨ ਦੇ ਬੀਕਾਨੇਰ ਵਿੱਚ ਸਥਿਤ ਇੱਕ ਵੱਡੇ 300 ਮੈਗਾਵਾਟ ਪਲਾਂਟ ਦਾ ਹਿੱਸਾ ਹੈ, ਜਿਸ ਵਿੱਚ ਪੀ.ਐਸ.ਪੀ.ਸੀ.ਐਲ. ਨੂੰ 2.45 ਰੁਪਏ ਪ੍ਰਤੀ ਯੂਨਿਟ (ਲਗਭਗ 2.55 ਰੁਪਏ ਪ੍ਰਤੀ ਯੂਨਿਟ ਲੈਂਡਡ ਟੈਰਿਫ) ਦੇ ਟੈਰਿਫ 'ਤੇ ਬਿਜਲੀ ਸਪਲਾਈ ਕੀਤੀ ਜਾ ਰਹੀ ਹੈ। ਐਸ.ਈ.ਸੀ.ਆਈ. ਦੀ ਆਈ.ਐਸ.ਟੀ.ਐਸ. ਟ੍ਰਾਂਚ IX ਸਕੀਮ ਅਧੀਨ ਵਿਕਸਤ ਕੀਤਾ ਗਿਆ ਇੱਕ ਹੋਰ 100 ਮੈਗਾਵਾਟ ਪ੍ਰੋਜੈਕਟ, 15 ਅਪ੍ਰੈਲ, 2025 ਨੂੰ ਗਰਿੱਡ ਨਾਲ ਜੋੜਿਆ ਗਿਆ ਸੀ। ਇਹ ਪ੍ਰੋਜੈਕਟ ਰਾਜਸਥਾਨ ਦੇ ਜੋਧਪੁਰ ਵਿੱਚ ਸਥਿਤ 300 ਮੈਗਾਵਾਟ ਵਿਕਾਸ ਦਾ ਹਿੱਸਾ ਹੈ ਅਤੇ 2.36 ਰੁਪਏ ਪ੍ਰਤੀ ਯੂਨਿਟ (ਲਗਭਗ 2.72 ਰੁਪਏ ਪ੍ਰਤੀ ਯੂਨਿਟ ਲੈਂਡਡ ਟੈਰਿਫ) ਦੇ ਟੈਰਿਫ 'ਤੇ ਬਿਜਲੀ ਸਪਲਾਈ ਕਰਦਾ ਹੈ।

ਰਾਜ ਦੇ ਨਵਿਆਉਣਯੋਗ ਊਰਜਾ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਦਿਆਂ ਭਾਰਤ ਸਰਕਾਰ ਦੇ ਬਿਜਲੀ ਮੰਤਰਾਲੇ ਨੇ ਪੰਜਾਬ ਨੂੰ 500 ਮੈਗਾਵਾਟ ਬੈਟਰੀ ਊਰਜਾ ਸਟੋਰੇਜ ਸਿਸਟਮ (ਬੀ.ਈ.ਐਸ.ਐਸ.) ਸਮਰਥਾ ਅਲਾਟ ਕੀਤੀ ਹੈ। ਪੀਐਸਪੀਸੀਐਲ ਦੁਆਰਾ ਲਾਗੂ ਕੀਤੇ ਜਾਣ ਵਾਲੇ ਇਸ ਪ੍ਰੋਜੈਕਟ ਨੂੰ ?18 ਲੱਖ ਪ੍ਰਤੀ ਮੈਗਾਵਾਟ ਦੀ ਵਿਵਹਾਰਕਤਾ ਗੈਪ ਫੰਡਿੰਗ ਦੁਆਰਾ ਸਮਰਥਤ ਕੀਤਾ ਗਿਆ ਹੈ ਅਤੇ ਮਈ 2027 ਤੱਕ ਕਾਰਜਸ਼ੀਲ ਕਰਨ ਦੀ ਯੋਜਨਾ ਹੈ। ਬੀ.ਈ.ਐਸ.ਐਸ. ਦਿਨ ਵੇਲੇ ਪੈਦਾ ਹੋਣ ਵਾਲੀ ਸੂਰਜੀ ਊਰਜਾ ਨੂੰ ਸ਼ਾਮ ਦੇ ਸਮੇਂ ਦੌਰਾਨ ਵਰਤੋਂ ਲਈ ਸਟੋਰ ਕਰੇਗਾ, ਜਿਸ ਨਾਲ ਗਰਿੱਡ ਭਰੋਸੇਯੋਗਤਾ ਅਤੇ ਊਰਜਾ ਕੁਸ਼ਲਤਾ ਵਿੱਚ ਵਾਧਾ ਹੋਵੇਗਾ।

ਬਿਜਲੀ ਮੰਤਰੀ ਨੇ ਕਿਹਾ ਕਿ ਇਹ ਵਿਕਾਸ ਪੰਜਾਬ ਦੇ ਸਾਫ਼ ਊਰਜਾ ਪਰਿਵਰਤਨ ਵੱਲ ਇੱਕ ਮਹੱਤਵਪੂਰਨ ਕਦਮ ਹੈ ਅਤੇ ਟਿਕਾਊ ਵਿਕਾਸ ਪ੍ਰਤੀ ਸੂਬੇ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਸੂਰਜੀ ਊਰਜਾ ਖਰੀਦ ਅਤੇ ਨਵਿਆਉਣਯੋਗ ਬੁਨਿਆਦੀ ਢਾਂਚੇ ਵਿੱਚ ਇਹ ਸਾਰੀਆਂ ਮਹੱਤਵਪੂਰਨ ਤਰੱਕੀਆਂ ਸਾਡੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਅਤੇ ਯੋਗ ਅਗਵਾਈ ਹੇਠ ਸੰਭਵ ਹੋਈਆਂ ਹਨ। ਇੱਕ ਹਰੇ ਭਰੇ ਪੰਜਾਬ ਪ੍ਰਤੀ ਉਨ੍ਹਾਂ ਦੀ ਅਟੁੱਟ ਵਚਨਬੱਧਤਾ ਸਾਡੇ ਰਾਜ ਨੂੰ ਸਾਫ਼-ਸੁਥਰੇ ਅਤੇ ਵਧੇਰੇ ਟਿਕਾਊ ਊਰਜਾ ਵਾਲੇ ਭਵਿੱਖ ਵੱਲ ਲੈ ਜਾ ਰਹੀ ਹੈ।

## ਜਲੰਧਰ-ਲੁਧਿਆਣਾ ਨੈਸ਼ਨਲ ਹਾਈਵੇਅ 'ਤੇ ਭਿਆਨਕ ਹਾਦਸਾ

ਲੁਧਿਆਣਾ 2 ਮਈ।ਥਾਣਾ ਸਲੇਮ ਟਾਬਰੀ ਦੇ ਅਧੀਨ ਆਉਂਦੇ ਭਟਿਆ ਬੇਟ ਚੌਕ ਵਿਚ ਅੱਜ ਸਵੇਰੇ ਤਕਰੀਬਨ 5 ਵਜੇ ਜਲੰਧਰ-ਲੁਧਿਆਣਾ ਨੈਸ਼ਨਲ ਹਾਈਵੇਅ 'ਤੇ ਢਾਬੇ ਦੇ ਬਾਹਰ ਸੜਕ ਕੰਢੇ ਖੜ੍ਹੇ ਟਰਾਲੇ ਦੇ ਪਿੱਛੇ ਤੇਜ਼ ਰਫ਼ਤਾਰ ਦੂਜਾ ਟਰਾਲਾ ਟਕਰਾਉਣ ਨਾਲ ਭਿਆਨਕ ਹਾਦਸਾ ਵਾਪਰ ਗਿਆ। ਉਕਤ ਮਾਮਲੇ ਬਾਰੇ ਜਾਣਕਾਰੀ ਦਿੰਦਿਆਂ ਐਲਡੀਕੋ ਅਸਟੇਟ ਚੌਕੀ ਦੇ ਇੰਚਾਰਜ ਥਾਣੇਦਾਰ ਜਿੰਦਰ ਲਾਲ ਨੇ ਦੱਸਿਆ ਕਿ ਅੱਜ ਸਵੇਰੇ ਤਕਰੀਬਨ 5 ਵਜੇ ਉਨ੍ਹਾਂ ਨੂੰ ਸੂਚਨਾ ਮਿਲੀ ਸੀ

## ਮੁੱਖ ਮੰਤਰੀ ਨੇ ਸੂਬਾ ਪੱਧਰੀ ਨਸ਼ਾ ਵਿਰੋਧੀ ਜਾਗਰੂਕਤਾ ਅਤੇ ਕਾਰਵਾਈ ਮੁਹਿੰਮ ਲਈ ਪਿੰਡ ਤੇ ਵਾਰਡ ਸੁਰੱਖਿਆ ਕਮੇਟੀਆਂ ਨੂੰ ਲਾਮਬੰਦ ਕਰਨ ਦੇ ਦਿੱਤੇ ਨਿਰਦੇਸ਼

**ਚੰਡੀਗੜ੍ਹ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸੂਬੇ ਵਿੱਚ ਨਸ਼ਿਆਂ ਦੇ ਖ਼ਤਰੇ 'ਤੇ ਅੰਤਿਮ ਅਤੇ ਫੈਸਲਾਕੁਨ ਹਮਲੇ ਲਈ ਤਿਆਰੀ ਵਿੱਢਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਨਸ਼ਾ ਵਿਰੋਧੀ ਜਾਗਰੂਕਤਾ ਅਤੇ ਕਾਰਵਾਈ ਮੁਹਿੰਮ ਤਹਿਤ 'ਨਸ਼ਾ ਮੁਕਤੀ ਯਾਤਰਾ' ਸ਼ੁਰੂ ਕਰਨ ਦਾ ਫੈਸਲਾ ਕੀਤਾ ਹੈ, ਜੋ ਮਈ ਅਤੇ ਜੂਨ 2025 ਦੇ ਮਹੀਨਿਆਂ ਵਿੱਚ ਸੂਬੇ ਦੇ ਹਰ ਪਿੰਡ ਅਤੇ ਵਾਰਡ ਤੱਕ ਪਹੁੰਚ ਕਰੇਗੀ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਦੱਸਿਆ ਕਿ ਇਹ ਮੁਹਿੰਮ 2 ਤੋਂ 4 ਮਈ ਤੱਕ ਸੂਬੇ ਭਰ ਵਿੱਚ ਜ਼ਿਲ੍ਹਾ ਪੱਧਰੀ ਮੀਟਿੰਗਾਂ ਕਰਨ ਲਈ ਪਿੰਡ ਸੁਰੱਖਿਆ ਕਮੇਟੀਆਂ ਨੂੰ ਨੇੜਿਓਂ ਸ਼ਾਮਲ ਕਰ ਕੇ ਚਲਾਈ ਜਾਵੇਗੀ। ਇਹ ਮੀਟਿੰਗਾਂ 'ਨਸ਼ਾ ਮੁਕਤੀ ਯਾਤਰਾ' ਮੁਹਿੰਮ ਲਈ ਅਧਿਕਾਰਤ ਲਾਂਚ ਪਲੇਟਫਾਰਮ ਵਜੋਂ ਕੰਮ ਕਰਨਗੀਆਂ। ਪਿੰਡ ਸੁਰੱਖਿਆ ਕਮੇਟੀਆਂ ਦੇ ਸਾਰੇ ਮੈਂਬਰਾਂ ਤੋਂ ਇਲਾਵਾ ਇਸ ਮੀਟਿੰਗ ਵਿੱਚ ਪਿੰਡਾਂ ਦੇ ਸਰਪੰਚ, ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੇ ਨਾਲ-ਨਾਲ ਹੋਰ ਸਬੰਧਤ ਵੀ ਸ਼ਾਮਲ ਹੋਣਗੇ।

ਮੁੱਖ ਮੰਤਰੀ ਨੇ ਡਿਪਟੀ ਕਮਿਸ਼ਨਰਾਂ ਅਤੇ ਐਸ.ਐਸ.ਪੀ. ਨੂੰ ਉਨ੍ਹਾਂ ਪਿੰਡਾਂ ਵਿੱਚ ਪਿੰਡ ਸੁਰੱਖਿਆ ਕਮੇਟੀਆਂ ਬਣਾਉਣ ਲਈ ਕਿਹਾ ਹੈ, ਜਿੱਥੇ ਇਹ ਕਮੇਟੀਆਂ ਮੌਜੂਦ ਨਹੀਂ ਹਨ ਅਤੇ ਉਨ੍ਹਾਂ ਨੂੰ ਇਨ੍ਹਾਂ ਮੀਟਿੰਗਾਂ ਲਈ ਸੱਦਾ ਦੇਣ ਲਈ ਕਿਹਾ ਹੈ। ਇਸੇ ਤਰ੍ਹਾਂ ਨਗਰ ਨਿਗਮ ਖੇਤਰਾਂ ਦੇ ਹਰੇਕ ਵਾਰਡ ਵਿੱਚ ਵਾਰਡ ਸੁਰੱਖਿਆ ਕਮੇਟੀਆਂ ਵੀ ਬਣਾਈਆਂ ਜਾਣਗੀਆਂ ਅਤੇ ਉਨ੍ਹਾਂ ਨੂੰ ਇਨ੍ਹਾਂ ਮੀਟਿੰਗਾਂ ਲਈ ਸੱਦਿਆ ਜਾਵੇਗਾ। ਹਰੇਕ ਜ਼ਿਲ੍ਹਾ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਇੱਕ ਕੈਬਨਿਟ ਮੰਤਰੀ ਵੱਲੋਂ ਕੀਤੀ ਜਾਵੇਗੀ, ਜਿਸ ਦਾ ਮੰਤਵ ਨਸ਼ਾ ਮੁਕਤੀ ਯਾਤਰਾ ਮੁਹਿੰਮ ਬਾਰੇ ਜਾਗਰੂਕ ਕਰਨਾ, ਚੌਕਸੀ ਲਈ ਪਿੰਡ-ਪੱਧਰੀ ਲੀਡਰਸ਼ਿਪ ਨੂੰ ਲਾਮਬੰਦ ਕਰਨਾ, ਪਿੰਡ ਸੁਰੱਖਿਆ ਕਮੇਟੀਆਂ, ਵਾਰਡ ਸੁਰੱਖਿਆ ਕਮੇਟੀਆਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਵਿਚਕਾਰ ਤਾਲਮੇਲ ਨੂੰ ਮਜ਼ਬੂਤ ਕਰਨਾ ਅਤੇ ਪਿੰਡ ਪੱਧਰ 'ਤੇ ਨਸ਼ਿਆਂ ਵਿਰੁੱਧ ਸਮੂਹਿਕ ਇਕਜੁੱਟਤਾ ਨੂੰ ਮਜ਼ਬੂਤ ਕਰਨਾ ਹੈ।

ਇਨ੍ਹਾਂ ਮੀਟਿੰਗਾਂ ਤੋਂ ਬਾਅਦ ਦੂਜੇ ਪੜਾਅ ਦੀ ਨਸ਼ਾ ਮੁਕਤੀ ਯਾਤਰਾ 7 ਮਈ ਤੋਂ ਜ਼ਮੀਨੀ ਪੱਧਰ 'ਤੇ ਸ਼ੁਰੂ ਕੀਤੀ ਜਾਵੇਗੀ ਅਤੇ ਇਸ ਯਾਤਰਾ ਵਿੱਚ ਹਰੇਕ ਪਿੰਡ/ਵਾਰਡ ਦੇ ਸਾਰੇ ਲੋਕਾਂ ਦੀ ਇੱਕ ਮੀਟਿੰਗ ਕੀਤੀ ਜਾਵੇਗੀ। ਇਸ ਮੀਟਿੰਗ ਵਿੱਚ ਪਿੰਡ ਸੁਰੱਖਿਆ ਕਮੇਟੀ, ਵਾਰਡ ਸੁਰੱਖਿਆ ਕਮੇਟੀ, ਸਰਪੰਚ ਅਤੇ ਹੋਰ ਅਧਿਕਾਰੀ ਸ਼ਾਮਲ ਹੋਣਗੇ। ਪੰਜਾਬ ਦੇ ਹਰੇਕ ਪਿੰਡ/ਵਾਰਡ ਨੂੰ ਸੂਬਾ ਸਰਕਾਰ ਵੱਲੋਂ ਤਿਆਰ ਕੀਤੀ ਸਾਰਣੀ ਅਨੁਸਾਰ ਕਵਰ ਕੀਤਾ ਜਾਵੇਗਾ। ਮੁੱਖ ਮੰਤਰੀ ਨੇ ਉਮੀਦ ਜ਼ਾਹਰ ਕੀਤੀ ਕਿ ਇਹ ਮੁਹਿੰਮ ਨਸ਼ਿਆਂ ਵਿਰੁੱਧ ਜੰਗ ਨੂੰ ਜਨ ਅੰਦੋਲਨ ਵਿੱਚ ਬਦਲ ਦੇਵੇਗੀ, ਉਨ੍ਹਾਂ ਨੇ ਸਮਾਜ ਦੇ ਹਰ ਵਿਅਕਤੀ ਤੋਂ ਪੂਰਨ ਸਮਰਥਨ ਅਤੇ ਸਹਿਯੋਗ ਦੀ ਮੰਗ ਕੀਤੀ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਉਨ੍ਹਾਂ ਦੇ ਖੇਤਰ ਵਿੱਚ ਕੋਈ ਵੀ ਨਸ਼ਾ ਨਾ ਵੇਚਿਆ ਜਾਵੇ ਅਤੇ ਸਾਰੇ ਨਸ਼ਾ ਪੀੜਤਾਂ ਨੂੰ ਨਸ਼ਿਆਂ ਤੋਂ ਬਾਹਰ ਕੱਢਿਆ ਜਾ ਸਕੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਿੰਡ ਸੁਰੱਖਿਆ ਕਮੇਟੀਆਂ, ਵਾਰਡ ਸੁਰੱਖਿਆ ਕਮੇਟੀਆਂ ਅਤੇ ਸਰਪੰਚਾਂ ਤੋਂ ਇਸ ਯਤਨ ਵਿੱਚ ਸਰਗਰਮ ਭੂਮਿਕਾ ਨਿਭਾਉਣ ਦੀ ਉਮੀਦ ਕੀਤੀ ਜਾਂਦੀ ਹੈ।

## ਐਲੀਟ ਲਾਨ ਟੈਨਿਸ ਅਕੈਡਮੀ ਅਰਬਨ ਅਸਟੇਟ ਵੱਲੋਂ ਦੋ ਰੋਜ਼ਾ ਓਪਨ ਮੁਕਾਬਲਾ ਕਰਵਾਇਆ



**ਪਟਿਆਲਾ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਐਲਿਟ ਲਾਨ ਟੈਨਿਸ ਅਕੈਡਮੀ ਦੇ ਕੋਚ ਗੁਰਬਾਜ ਵਲੋਂ ਦੋ ਦਿਨ ਦਾ ਓਪਨ ਮੁਕਾਬਲਾ ਫੇਸ -3 ਦੇ ਗਰਾਊਂਡ ਵਿਚ ਕਰਵਾਇਆ ਗਿਆ। ਪੰਜਾਬ ਸਰਕਾਰ ਵਲੋਂ ਖਿਡਾਰੀਆਂ ਨੂੰ ਬਣਦੀਆਂ ਸਹੂਲਤਾਂ ਦਿੱਤੀਆਂ ਜਾਣਗੀਆਂ।ਸਾਰੇ ਵਿਦਿਆਰਥੀਆਂ ਨੂੰ ਤੰਦਰੁਸਤ ਬਣਾਉਣ ਲਈ, ਉਹਨਾਂ ਦੀ ਖੇਡਾਂ ਵਿਚ ਰੁਚੀ ਦਾ ਵਿਕਾਸ ਕੀਤਾ ਜਾਵੇਗਾ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਮੁੱਖ ਮਹਿਮਾਨ ਵਜੋਂ ਪਹੁੰਚੇ ਐਮ ਐਲ ਏ ਗੁਰਲਾਲ ਘਨੌਰ ਵਲੋਂ ਕੀਤਾ ਗਿਆ। ਅਕੈਡਮੀ ਦੇ ਖੇਡ ਇੰਚਾਰਜ ਲਵਲੀਨ ਸੈਣੀ ਵਲੋਂ ਖਿਡਾਰੀਆਂ ਨੂੰ ਦਸਿਆ ਗਿਆ ਕਿ ਖੇਡਾਂ ਸਾਡੇ ਸਰੀਰਕ ਵਿਕਾਸ ਦੇ ਨਾਲ ਨਾਲ ਮਾਨਸਿਕ ਵਿਕਾਸ ਵੀ ਕਰਦੀਆਂ ਹਨ। ਇਸ ਮੌਕੇ ਅਕੈਡਮੀ ਦੇ ਸੈਕਟਰੀ ਮਨਮੋਹਨ ਅਰੋੜਾ ਵਲੋਂ ਇਕੱਤਰ ਹੋਏ ਲੋਕਾਂ ਨੂੰ ਅਪੀਲ ਕੀਤੀ ਕਿ ਆਪਣੇ ਬੱਚਿਆਂ ਨੂੰ ਖੇਡਾਂ ਵਿਚ ਹਿੱਸਾ ਜਰੂਰ ਦਿਵਾਓ। ਵੱਖ ਵੱਖ ਸਕੂਲਾਂ / ਕਾਲਜਾਂ ਤੋਂ ਪਹੁੰਚੇ ਖਿਡਾਰੀਆਂ ਨੇ ਦੋ ਰੋਜ਼ਾ ਓਪਨ ਟੂਰਨਾਮੈਂਟ ਦਾ ਪੂਰਾ ਆਨੰਦ ਲਿਆ। ਇਸ ਮੌਕੇ ਅੰਡਰ-10 ਵਿੱਚੋਂ ਤਰੁਸ ਨੇ ਪਹਿਲਾਂ ਸਥਾਨ ਅਤੇ ਸਤਪ੍ਰੀਤ ਕੌਰ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਅੰਡਰ- 12 ਵਿੱਚੋਂ ਅਜਿਤੇਸ਼ਵੀਰ ਸਿੰਘ ਪਹਿਲੇ ਸਥਾਨ ਅਤੇ ਗੁਰਵਰਤੀ ਸਿੰਘ ਦੂਜੇ ਸਥਾਨ ਤੇ ਰਿਹਾ। ਅੰਡਰ-14 ਵਿੱਚੋਂ ਅਮਨਿੰਦਰ ਸਿੰਘ ਨੇ ਪਹਿਲਾਂ ਸਥਾਨ ਅਤੇ ਅਜਿਤੇਸ਼ਵੀਰ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਅੰਡਰ 16 ਵਿੱਚੋਂ ਅਮਨਿੰਦਰ ਸਿੰਘ ਪਹਿਲੇ ਸਥਾਨ ਤੇ ਅਤੇ ਬਖਸ਼ਿਸ਼ ਦੂਜੇ ਸਥਾਨ ਤੇ ਰਿਹਾ।ਅੰਡਰ-19 ਵਿੱਚੋਂ ਰਾਸ਼ਾ ਧਾਲੀਵਾਲ ਪਹਿਲੇ ਸਥਾਨ ਤੇ ਰਹੀ ਜਦੋਂ ਕਿ ਜਪਨਾਮ ਕੌਰ ਦੂਜੇ ਸਥਾਨ 'ਤੇ ਰਹੀ।ਮੁੰਡਿਆਂ ਦਾ ਡਬਲ ਮੁਕਾਬਲੇ ਵਿੱਚ ਸੁੱਖਵਿੰਦਰ ਸਿੰਘ ਅਤੇ ਤਨਵੀਰ ਸਿੰਘ ਪਹਿਲੇ ਸਥਾਨ ਤੇ ਰਹੇ, ਜਦੋਂ ਕਿ ਪ੍ਰਭਸਿਮਰ ਸਿੰਘ ਅਤੇ ਸਹਿਜਪ੍ਰੀਤ ਸਿੰਘ ਦੂਜੇ ਸਥਾਨ 'ਤੇ ਰਹੇ। ਇਸ ਮੌਕੇ ਸਟੇਟ ਐਵਾਰਡੀ ਅਧਿਆਪਕ ਲਖਵਿੰਦਰ ਸਿੰਘ ਨੇ ਸਾਰੇ ਖਿਡਾਰੀਆਂ ਨੂੰ ਪੌਸ਼ਟਿਕ ਭੋਜਨ ਲਈ ਵੀ ਪ੍ਰੇਰਿਤ ਕੀਤਾ।

## ਬਦਲਦਾ ਪੰਜਾਬ: ਉਦਯੋਗ ਪੱਖੀ ਸੁਧਾਰਾਂ ਸਦਕਾ ਇੱਕ ਲੱਖ ਕਰੋੜ ਰੁਪਏ ਦੇ ਨਿਵੇਸ਼ ਪ੍ਰਸਤਾਵ ਮਿਲੇ; 4 ਲੱਖ ਨੌਕਰੀਆਂ ਹੋਣਗੀਆਂ ਪੈਦਾ: ਤਰੁਨਪ੍ਰੀਤ ਸਿੰਘ ਸੌਂਦ

**ਚੰਡੀਗੜ੍ਹ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੀਆਂ ਉਦਯੋਗ ਪੱਖੀ ਨੀਤੀਆਂ ਸਦਕਾ ਪੰਜਾਬ ਵਿੱਚ 3 ਸਾਲਾਂ ਦੌਰਾਨ ਇੱਕ ਲੱਖ ਕਰੋੜ ਰੁਪਏ ਤੋਂ ਜ਼ਿਆਦਾ ਦੇ ਨਿਵੇਸ਼ ਪ੍ਰਸਤਾਵ ਮਿਲ ਚੁੱਕੇ ਹਨ।

ਉਦਯੋਗ ਤੇ ਨਿਵੇਸ਼ ਪ੍ਰੋਤਸਾਹਨ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਉਦਯੋਗਾਂ ਦੀ ਉੱਨਤੀ ਤੇ ਪ੍ਰਫੁੱਲਤਾ ਲਈ ਪੰਜਾਬ ਸਰਕਾਰ ਦੀ ਸੰਜੀਦਗੀ ਅਤੇ ਸੁਹਿਰਦਤਾ ਸਦਕਾ ਪੰਜਾਬ ਸਰਕਾਰ ਨੂੰ ਮਾਰਚ 2022 ਤੋਂ ਲੈ ਕੇ ਹੁਣ ਤੱਕ 1,00,346 ਕਰੋੜ ਰੁਪਏ ਦੇ ਨਿਵੇਸ਼ ਪ੍ਰਸਤਾਵ ਮਿਲੇ ਹਨ। ਇਸ ਸਦਕਾ 4 ਲੱਖ ਤੋਂ ਜ਼ਿਆਦਾ ਵਿਅਕਤੀਆਂ ਨੂੰ ਰੁਜ਼ਗਾਰ ਮਿਲੇਗਾ। ਸੌਂਦ ਨੇ ਹੋਰਨਾਂ ਉਦਯੋਗਪਤੀਆਂ ਨੂੰ ਵੀ ਪੰਜਾਬ ਵਿੱਚ ਨਿਵੇਸ਼ ਕਰਨ ਦਾ ਸੱਦਾ ਦਿੱਤਾ ਹੈ। ਉਨ੍ਹਾਂ ਨੇ ਬੀਤੇ ਕੱਲ੍ਹ ਪੰਜਾਬ ਦੇ ਕਈ ਸਨਅਤਕਾਰਾਂ ਨਾਲ ਉਦਯੋਗ ਭਵਨ ਵਿਖੇ ਮੀਟਿੰਗ ਵੀ ਕੀਤੀ ਸੀ ਅਤੇ ਉਨ੍ਹਾਂ ਦੀ ਫੀਡਬੈਕ ਲਈ ਤਾਂ ਜੋ ਸੂਬੇ ਵਿੱਚ ਮਾਹੌਲ ਹੋਰ ਉਦਯੋਗ ਪੱਖੀ ਕਰਨ ਲਈ ਨੀਤੀਆਂ ਤਿਆਰ ਕੀਤੀਆਂ ਜਾ ਸਕਣ।

ਸੌਂਦ ਨੇ ਕਿਹਾ ਕਿ ਪੰਜਾਬ ਦੇ ਸਨਅਤਕਾਰਾਂ ਨੂੰ ਵੱਡੀ ਰਾਹਤ ਦਿੰਦਿਆਂ



ਲੰਬਿਤ ਪਏ ਕੇਸਾਂ ਦੇ ਨਿਪਟਾਰੇ ਲਈ ਯਕਮੁਸ਼ਤ ਨਿਬੇੜਾ ਸਕੀਮ (ਓ.ਟੀ.ਐਸ.) ਵੀ ਸ਼ੁਰੂ ਕੀਤੀ ਗਈ ਹੈ। ਇਸ ਸਕੀਮ ਦੀ ਅੰਤਮ ਮਿਤੀ 31 ਦਸੰਬਰ, 2025 ਹੈ ਤਾਂ ਜੋ ਡਿਫਾਲਟਰਾਂ ਨੂੰ ਆਪਣੇ ਬਕਾਏ ਦੇ ਭੁਗਤਾਨ ਲਈ ਚੰਗਾ-ਖਾਸਾ ਸਮਾਂ ਮਿਲ ਸਕੇ।

ਉਦਯੋਗ ਮੰਤਰੀ ਨੇ ਦੱਸਿਆ ਕਿ ਪੰਜਾਬ ਦੀਆਂ ਸਨਅਤ ਪੱਖੀ ਨੀਤੀਆਂ ਸਦਕਾ ਵੱਡੇ-ਵੱਡੇ ਸਨਅਤੀ ਘਰਾਣੇ ਪੰਜਾਬ ਵਿੱਚ ਆਪਣੀਆਂ ਇਕਾਈਆਂ ਸਥਾਪਤ ਕਰਨ ਵਿੱਚ ਦਿਲਚਸਪੀ ਵਿਖਾ ਰਹੀਆਂ ਹਨ।

ਜ਼ਿਕਰਯੋਗ ਹੈ ਕਿ ਮੌਜੂਦਾ ਸਰਕਾਰ ਦੇ ਕਾਰਜਕਾਲ ਦੌਰਾਨ ਟਾਟਾ ਸਟੀਲ ਲਿਮਟਿਡ (2600 ਕਰੋੜ ਰੁਪਏ), ਸਨਾਥਨ ਪੋਲੀਕੋਟ ਪ੍ਰਾਈਵੇਟ ਲਿਮਿਟੇਡ (1600 ਕਰੋੜ ਰੁਪਏ), ਅੰਬੂਜਾ ਸੀਮੈਂਟਸ ਲਿਮਟਿਡ (1400 ਕਰੋੜ ਰੁਪਏ), ਰੁਚਿਰਾ ਪੇਪਰਜ਼ ਲਿਮਟਿਡ (1137 ਕਰੋੜ ਰੁਪਏ), ਟੋਪਨ ਸਪੈਸ਼ਲਿਟੀ ਫਿਲਮਜ਼ ਲਿਮਟਿਡ (787 ਕਰੋੜ ਰੁਪਏ), ਨੇਸਲੇ ਇੰਡੀਆ ਲਿਮਟਿਡ (583 ਕਰੋੜ ਰੁਪਏ), ਹੈਪੀ ਫੋਰਜੀਗਜ਼ (438 ਕਰੋੜ ਰੁਪਏ), ਫਰੇਡੇਨਬਰਗ ਗਰੁੱਪ (339 ਕਰੋੜ ਰੁਪਏ), ਓਏਕੇਮੇਟਕਾਰਪ ਲਿਮਿਟਡ (309 ਕਰੋੜ ਰੁਪਏ), ਕਾਰਗਿਲ ਇੰਡੀਆ ਪ੍ਰਾਈਵੇਟ ਲਿਮਿਟਡ (160 ਕਰੋੜ ਰੁਪਏ) ਦੇ ਪ੍ਰਮੁੱਖ ਪ੍ਰੋਜੈਕਟ ਪ੍ਰਾਪਤ ਹੋਏ ਹਨ।

ਉਨ੍ਹਾਂ ਅੱਗੇ ਕਿਹਾ ਕਿ ਨਿਵੇਸ਼ ਲਈ ਪੰਜਾਬ ਦਾ ਮਾਹੌਲ ਸਾਜਗਾਰ, ਢੁਕਵਾਂ ਅਤੇ ਸ਼ਾਂਤੀਪੂਰਵਕ ਹੈ ਅਤੇ ਉਦਯੋਗਾਂ ਦੇ ਵਿਕਾਸ ਲਈ ਪੰਜਾਬ ਸਰਕਾਰ ਪੂਰੇ ਸਮਰਪਣ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੀਆਂ ਨੀਤੀਆਂ ਵੀ ਉਦਯੋਗ ਪੱਖੀ ਹਨ। ਉਨ੍ਹਾਂ ਵੱਧ ਤੋਂ ਵੱਧ ਸਨਅਤਕਾਰਾਂ ਨੂੰ ਪੰਜਾਬ ਵਿੱਚ ਨਿਵੇਸ਼ ਦਾ ਸੱਦਾ ਦਿੱਤਾ ਹੈ।

## ਵਿੱਦਿਅਕ ਸੰਸਥਾਵਾਂ ਦੇ ਨੇੜੇ ਸਥਿਤ ਸਕੂਲ ਕੰਟੀਨਾਂ, ਦੁਕਾਨਾਂ/ਹੋਰ ਅਦਾਰਿਆਂ 'ਚ ਵੀ ਐਨਰਜੀ ਡਰਿੰਕਸ ਦੀ ਵਿਕਰੀ 'ਤੇ ਮਨਾਹੀ

**ਜਲੰਧਰ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਨਾਗਰਿਕਾਂ ਖਾਸ ਕਰ ਬੱਚਿਆਂ ਲਈ ਸੁਰੱਖਿਅਤ ਭੋਜਨ ਅਤੇ ਸਿਹਤਮੰਦ ਖੁਰਾਕ ਯਕੀਨੀ ਬਣਾਉਣ ਦੇ ਮੰਤਵ ਨਾਲ ਪੰਜਾਬ ਸਰਕਾਰ ਵੱਲੋਂ ਬੱਚਿਆਂ ਨੂੰ ਐਨਰਜੀ ਡਰਿੰਕਸ ਦੀ ਵਿਕਰੀ 'ਤੇ ਅਧਿਕਾਰਤ ਤੌਰ 'ਤੇ ਪਾਬੰਦੀ ਲਗਾ ਦਿੱਤੀ ਗਈ ਹੈ ਅਤੇ ਨਾਲ ਹੀ ਰਾਜ ਭਰ ਵਿੱਚ ਵਿੱਦਿਅਕ ਸੰਸਥਾਵਾਂ ਦੇ ਨੇੜੇ ਸਥਿਤ ਸਕੂਲ ਕੰਟੀਨਾਂ, ਦੁਕਾਨਾਂ/ਹੋਰ ਅਦਾਰਿਆਂ ਵਿੱਚ ਇਨ੍ਹਾਂ ਦੀ ਵਿਕਰੀ 'ਤੇ ਪਾਬੰਦੀ ਲਗਾਈ ਗਈ ਹੈ।

ਸਹਾਇਕ ਕਮਿਸ਼ਨਰ (ਫੂਡ) ਡਾ. ਹਰਜੋਤ ਪਾਲ ਸਿੰਘ ਨੇ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਫੂਡ ਸੇਫਟੀ ਕਮਿਸ਼ਨਰ ਵੱਲੋਂ ਇਹ ਮਨਾਹੀ ਦਾ ਹੁਕਮ 21 ਅਪ੍ਰੈਲ, 2025 ਨੂੰ ਜਾਰੀ ਹੋਇਆ ਹੈ, ਜੋ ਕਿ ਇੱਕ ਸਾਲ ਦੀ ਮਿਆਦ ਲਈ ਲਾਗੂ ਰਹੇਗਾ।

ਉਨ੍ਹਾਂ ਜ਼ਿਲ੍ਹੇ ਦੇ ਦੁਕਾਨਾਂ ਅਤੇ ਅਦਾਰਿਆਂ ਦੇ ਮਾਲਕਾਂ/ਜ਼ਿੰਮੇਵਾਰ ਵਿਅਕਤੀਆਂ ਨੂੰ ਬੱਚਿਆਂ ਨੂੰ ਐਨਰਜੀ ਡਰਿੰਕਸ ਨਾ ਵੇਚਣ ਦੇ ਸਖ਼ਤ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਪੇਂਡੂ ਖੇਤਰਾਂ ਵਿੱਚ 100 ਮੀਟਰ ਅਤੇ ਸ਼ਹਿਰ ਖੇਤਰ ਵਿੱਚ ਸਕੂਲ ਦੇ ਅਹਾਤੇ ਤੋਂ 50 ਮੀਟਰ ਦੇ ਘੇਰੇ ਵਿੱਚ ਸਥਿਤ ਦੁਕਾਨਾਂ ਅਤੇ ਅਦਾਰਿਆਂ ਦੇ ਮਾਲਕਾਂ/ਜ਼ਿੰਮੇਵਾਰ ਵਿਅਕਤੀਆਂ ਨੂੰ ਸਖ਼ਤ ਹਦਾਇਤ ਕੀਤੀ ਜਾਂਦੀ ਕਿ ਕਿਸੇ ਵੀ ਹਾਲਤ ਵਿੱਚ ਐਨਰਜੀ ਡਰਿੰਕਸ ਨਾ ਵੇਚਣ।

ਸਹਾਇਕ ਕਮਿਸ਼ਨਰ ਨੇ ਵਿਦਿਅਕ ਸੰਸਥਾਵਾਂ ਦੇ ਮੁਖੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਇਹ ਯਕੀਨੀ ਬਣਾਉਣ ਕਿ ਉਨ੍ਹਾਂ ਦੇ ਵਿਦਿਅਕ ਸੰਸਥਾਨ ਦੇ ਅੰਦਰ ਇਸ ਪਾਬੰਦੀ ਦੇ ਹੁਕਮ ਦੀ ਉਲੰਘਣਾ ਨਾ ਹੋਵੇ ਅਤੇ ਸਕੂਲੀ ਬੱਚੇ ਵਿੱਦਿਅਕ ਸੰਸਥਾਨ ਵਿੱਚ ਐਨਰਜੀ ਡਰਿੰਕਸ ਦਾ ਸੇਵਨ ਨਾ ਕਰਨ।

ਉਨ੍ਹਾਂ ਵਿਦਿਅਕ ਸੰਸਥਾਵਾਂ ਦੇ ਮੁਖੀਆਂ ਨੂੰ ਇਹ ਵੀ ਨਿਰਦੇਸ਼ ਦਿੱਤੇ ਕਿ ਜੇਕਰ ਪੇਂਡੂ ਖੇਤਰਾਂ ਵਿੱਚ 100 ਮੀਟਰ ਅਤੇ ਸ਼ਹਿਰੀ ਖੇਤਰਾਂ ਵਿੱਚ 50 ਮੀਟਰ ਦੇ ਘੇਰੇ ਵਿੱਚ ਸਥਿਤ ਕੋਈ ਦੁਕਾਨ ਅਤੇ ਅਦਾਰੇ ਐਨਰਜੀ ਡਰਿੰਕਸ ਵੇਚ ਰਹੇ ਹਨ, ਤਾਂ ਫੂਡ ਸੇਫਟੀ ਵਿੰਗ, ਫੂਡ ਐਂਡ ਡਰੱਗ ਐਡਮਿਨੀਸਟ੍ਰੇਸ਼ਨ, ਜਲੰਧਰ ਨੂੰ ਸੂਚਿਤ ਕੀਤਾ ਜਾਵੇ। ਉਨ੍ਹਾਂ ਇਸ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਸਮੂਹ ਨਾਗਰਿਕਾਂ ਅਤੇ ਹੋਰ ਸਬੰਧਤਾਂ ਨੂੰ ਅਪੀਲ ਵੀ ਕੀਤੀ ਤਾਂ ਜੋ ਇਨ੍ਹਾਂ ਐਨਰਜੀ ਡਰਿੰਕਸ ਦੇ ਮਾੜੇ ਪ੍ਰਭਾਵਾ ਤੋਂ ਬਚਿਆਂ ਨੂੰ ਬਚਾਇਆ ਜਾ ਸਕੇ। ਫੂਡ ਸੇਫਟੀ ਵਿਭਾਗ ਵੱਲੋਂ ਇਸ ਸਬੰਧੀ ਸਥਾਨਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰੈਣਕ ਬਾਜ਼ਾਰ ਵਿਖੇ ਸਕੂਲੀ ਬਚਿਆਂ ਨੂੰ ਐਨਰਜੀ ਡਰਿੰਕ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਵੀ ਕੀਤਾ ਗਿਆ। ਇਸ ਮੌਕੇ ਸਹਾਇਕ ਕਮਿਸ਼ਨਰ ਫੂਡ ਡਾ. ਹਰਜੋਤ ਪਾਲ ਸਿੰਘ ਤੇ ਫੂਡ ਸੇਫਟੀ ਅਫ਼ਸਰ ਸ਼੍ਰੀਮਤੀ ਰਾਸ਼ੂ ਮਹਾਜਨ, ਮੁਕੁਲ ਗਿੱਲ ਅਤੇ ਸਕੂਲ ਮੁਖੀ ਜਗਪ੍ਰੀਤ ਕੌਰ ਵੀ ਮੌਜੂਦ ਸਨ।

## ਆਸਰਾ ਗਰੁੱਪ ਆਫ਼ ਇੰਸਟੀਚਿਊਟ ਦੇ ਖਿਡਾਰੀਆਂ ਨੇ ਜਿੱਤੇ ਮੈਡਲ



**ਭਵਾਨੀਗੜ੍ਹ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਆਸਰਾ ਗਰੁੱਪ ਆਫ ਇੰਸਟੀਚਿਊਟ ਭਵਾਨੀਗੜ੍ਹ ਵਲੋਂ ਰਾਸ਼ਟਰੀ ਖੇਡ ਦਿਵਸ਼ ਮੌਕੇ ਤਰ੍ਹਾਂ ਤਰ੍ਹਾਂ ਦੇ ਖੇਡ ਮੁਕਾਬਲੇ ਕਰਵਾਏ ਜਿਨ੍ਹਾਂ ਵਿੱਚ ਪਟਿਆਲਾ ਸੰਗਰੂਰ ਬਰਨਾਲਾ ਅਤੇ ਕੁਝ ਹੋਰ ਤਸੀਲਾ ਤੋ ਵੱਖ ਵੱਖ ਸਕੂਲਾਂ ਕਾਲਜਾਂ ਦੇ 2500 ਖਿਡਾਰੀਆਂ ਨੇ ਭਾਗ ਲਿਤਾ। ਸੈਨੀ ਪਬਲਿਕ ਸਕੂਲ ਪਟਿਆਲਾ ਦੇ ਪ੍ਰਿੰਸੀਪਲ ਸ਼੍ਰੀਮਤੀ ਰਮਨਦੀਪ ਕੌਰ ਨੇ ਦੱਸਿਆ ਕਿ ਉਨ੍ਹਾਂ ਦੇ ਛੇ ਵਿਦਿਆਰਥੀਆਂ ਨੇ, ਜੂਨੀਅਰ ਗਰੁੱਪ ਵਿੱਚ ਸ਼੍ਰੀ ਵਰਿੰਦਰ ਸਿੰਘ ਕੋਚ ਦੀ ਟ੍ਰੇਨਿੰਗ, ਅਭਿਆਸ ਅਤੇ ਅਗਵਾਈ ਹੇਠ ਬੈਡਮਿੰਟਨ, ਤਾਈਕਵਾਡੋਂ ਬੋਕਸਿੰਗ ਵਿੱਚ ਆਪਣੇ ਜੋਹਰ ਦਿਖਾਏ। ਪ੍ਰਿੰਸੀਪਲ ਨੇ ਦੱਸਿਆ ਕਿ ਬੈਡਮਿੰਟਨ ਵਿਚ ਸੋਮਿਆਂ ਅਤੇ ਰੁਚੀ,ਨੇ ਗੋਲਡ ਮੈਡਲ, ਤਾਈਕਵਾਡੋਂ ਵਿਚ ਮਯੰਕ ਨੇ ਗੋਲਡ ਅਤੇ ਖੁਸ਼ੀ ਨੇ ਸਿਲਵਰ ਮੈਡਲ ਜਦਕਿ ਬੋਕਸਿੰਗ ਵਿਚ ਗੁਰਤੇਜ ਨੇ ਗੋਲਡ ਮੈਡਲ ਅਤੇ ਯੁਵਰਾਜ ਨੇ ਸਿਲਵਰ ਮੈਡਲ ਪ੍ਰਾਪਤ ਕੀਤੇ। ਸ਼੍ਰੀ ਕਾਕਾ ਰਾਮ ਵਰਮਾ ਸੇਵਾ ਮੁਕਤ ਟ੍ਰੇਨਿੰਗ ਸੁਪਰਵਾਈਜ਼ਰ ਰੈੱਡ ਕਰਾਸ ਨੇ ਸਕੂਲ ਵਿਖੇ ਪਹੁੰਚਕੇ, ਬੱਚਿਆਂ ਦੀ ਹੌਂਸਲਾ ਅਫਜ਼ਾਈ ਕੀਤੀ। ਸਕੂਲ ਦੇ ਪ੍ਰਿੰਸੀਪਲ ਚੈਅਰਮੈਨ ਸ਼੍ਰੀਮਤੀ ਅਮਰਜੀਤ ਕੌਰ ਅਤੇ ਸਾਰੇ ਅਧਿਆਪਕਾਂ ਵਿਦਿਆਰਥੀਆਂ ਨੂੰ ਵਧਾਈਆਂ ਦਿੱਤੀਆਂ। ਉਨ੍ਹਾਂ ਨੇ ਕਿਹਾ ਕਿ ਖੇਡ ਮੁਕਾਬਲੇ ਬਚਿਆ ਨੂੰ ਸਿਹਤਮੰਦ ਤਦੰਰੁਸਤ ਸਹਿਣਸ਼ੀਲ ਅਨੁਸ਼ਾਸਨ ਆਗਿਆ ਪਾਲਣ ਨਿਮਰਤਾ ਅਤੇ ਜ਼ਿੰਦਗੀ ਦੀ ਸਮਸਿਆਵਾਂ ਦਾ ਸਾਹਮਣਾ ਕਰਨ, ਨਸ਼ਿਆਂ ਅਪਰਾਧਾਂ ਤੋਂ ਬਚਣ ਲਈ ਉਤਸ਼ਾਹਿਤ ਕਰਦੇ ਹਨ।

## ਵਾਘਾ ਬਾਰਡਰ 'ਤੇ ਬਜਰੰਗ ਦਲ ਹਿੰਦ ਅਤੇ ਹੋਰ ਹਿੰਦੂ ਸੰਸਥਾਵਾਂ ਵੱਲੋਂ ਪਾਕਿਸਤਾਨ ਖਿਲਾਫ ਜ਼ਬਰਦਸਤ ਰੋਸ ਪ੍ਰਦਰਸ਼ਨ : ਭਵਿਆ ਭਾਰਦਵਾਜ਼



**ਪਟਿਆਲਾ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਬਜਰੰਗ ਦਲ ਹਿੰਦ ਦੇ ਰਾਸ਼ਟਰੀ ਪ੍ਰਧਾਨ ਭਵਿਆ ਭਾਰਦਵਾਜ਼ ਨੇ ਪ੍ਰੈਸ ਵਾਰਤਾ ਰਾਹੀਂ ਦੱਸਿਆ ਕਿ ਜੰਮੂ-ਕਸ਼ਮੀਰ ਦੇ ਪਹਲਗਾਮ 'ਚ ਹਾਲ ਹੀ 'ਚ ਹੋਏ ਆਤੰਕਵਾਦੀ ਹਮਲੇ 'ਚ ਨਿਰਦੋਸ਼ ਹਿੰਦੂ ਸ਼ਰਧਾਲੂਆਂ ਦੀ ਨਿਰਮਮ ਹੱਤਿਆ ਦੇ ਵਿਰੋਧ 'ਚ, ਬਜਰੰਗ ਦਲ ਹਿੰਦ ਅਤੇ ਹੋਰ ਪ੍ਰਮੁੱਖ ਹਿੰਦੂ ਸੰਸਥਾਵਾਂ ਦੇ ਅਹੁਦੇਦਾਰਾਂ ਅਤੇ ਕਾਰਕੁਨੀਆਂ ਨੇ ਵਾਘਾ ਬਾਰਡਰ 'ਤੇ ਇਕੱਠੇ ਹੋ ਕੇ ਜਬਰਦਸਤ ਰੋਸ ਪ੍ਰਗਟਾਇਆ।

ਭਵਿਆ ਭਾਰਦਵਾਜ਼ ਨੇ ਕਿਹਾ ਕਿ ਪਹਲਗਾਮ 'ਚ ਹਿੰਦੂ ਸ਼ਰਧਾਲੂਆਂ ਦੀ ਨਿਰਦੋਸ਼ ਹੱਤਿਆ ਨਾਲ ਸਾਰਾ ਹਿੰਦੂ ਸਮਾਜ ਗੁੱਸੇ 'ਚ ਹੈ। ਇਹ ਕਾਇਰਤਾਪੂਰਨ ਹਮਲਾ ਆਤੰਕਵਾਦ ਦੀ ਬਰਬਰ ਸੋਚ ਦਾ ਦਰਸਾਉਂਦਾ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਹਿੰਦੂ ਭਰਾਤਾ ਦੇ ਹੱਤਿਆਰਿਆਂ ਨੂੰ ਸਖਤ ਤੋਂ ਸਖਤ ਸਜ਼ਾ ਦਿਵਾਉਣ ਲਈ ਹਰ ਪੱਧਰ 'ਤੇ ਸੰਘਰਸ਼ ਕੀਤਾ ਜਾਵੇਗਾ।

ਹੁਣ ਹਿੰਦੂ ਸਮਾਜ ਕਿਸੇ ਵੀ ਤਰ੍ਹਾਂ ਦੇ ਅਤਿਆਚਾਰ ਨੂੰ ਬਰਦਾਸ਼ਤ ਨਹੀਂ ਕਰੇਗਾ। ਅਸੀਂ ਆਪਣੇ ਅਧਿਕਾਰਾਂ ਅਤੇ ਅਸਤਿਤਵ ਦੀ ਰੱਖਿਆ ਲਈ ਸੰਕਲਪਬੱਧ ਹਾਂ, ਭਵਿਆ ਭਾਰਦਵਾਜ਼ ਨੇ ਜੋਸ਼ੀਲੇ ਅੰਦਾਜ਼ 'ਚ ਕਿਹਾ।

ਇਸ ਮੌਕੇ ਉਤੇ ਕਰਵਾਏ ਗਏ ਰੋਸ ਪ੍ਰਦਰਸ਼ਨ ਦਾ ਮਕਸਦ ਆਤੰਕਵਾਦ ਖਿਲਾਫ ਦੇਸ਼ ਵਿਆਪੀ ਏਕਤਾ ਦਰਸਾਉਣਾ, ਸ਼ਹੀਦ ਹੋਏ ਸ਼ਰਧਾਲੂਆਂ ਨੂੰ ਸ਼ਰਧਾਂਜਲੀ ਅਰਪਿਤ ਕਰਨੀ ਅਤੇ ਹਿੰਦੂ ਸਮਾਜ ਨੂੰ ਭਵਿੱਖ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਇਕੱਠਾ ਕਰਨਾ ਸੀ। ਆਪਣੇ ਸੰਬੋਧਨ ਦੌਰਾਨ ਭਵਿਆ ਭਾਰਦਵਾਜ਼ ਨੇ ਕਿਹਾ, ਅੱਜ ਦਾ ਸਮਾਂ ਹੈ ਕਿ ਹਿੰਦੂ ਭਰਾਤਾ ਇਕੱਠਾ ਹੋ ਕੇ ਖੜ੍ਹਾ ਹੋਵੇ। ਜਦ ਤੱਕ ਅਸੀਂ ਇਕੱਠੇ ਨਹੀਂ ਹੋਵਾਂਗੇ, ਅਸੀਂ ਸੁਰੱਖਿਅਤ ਨਹੀਂ ਰਹਿ ਸਕਦੇ। ਸਾਡਾ ਨਾਅਰਾ ਹੈ — 'ਇਕ ਹੈ ਤਾਂ ਸੇਫ ਹੈ।'

ਵਾਘਾ ਬਾਰਡਰ 'ਤੇ ਹਜ਼ਾਰਾਂ ਦੀ ਗਿਣਤੀ 'ਚ ਹਿੰਦੂ ਕਾਰਕੁਨ ਇਕੱਠੇ ਹੋਏ ਅਤੇ 'ਜੈ ਸ਼੍ਰੀ ਰਾਮ', 'ਭਾਰਤ ਮਾਤਾ ਕੀ ਜੈ' ਅਤੇ 'ਆਤੰਕਵਾਦ ਮੁਰਦਾਬਾਦ' ਦੇ ਨਾਅਰਿਆਂ ਨਾਲ ਮਾਹੌਲ ਗੂੰਜ ਉਠਿਆ।

ਬਜਰੰਗ ਦਲ ਹਿੰਦ ਵੱਲੋਂ ਇਹ ਸਪਸ਼ਟ ਸੁਨੇਹਾ ਦਿੱਤਾ ਗਿਆ ਕਿ ਹਿੰਦੂ ਸਮਾਜ ਆਤੰਕਵਾਦ ਅਤੇ ਅਤਿਆਚਾਰ ਦੇ ਵਿਰੁੱਧ ਪੂਰੀ ਤਾਕਤ ਨਾਲ ਲੜੇਗਾ ਅਤੇ ਇਨਸਾਫ ਦੀ ਲੜਾਈ ਨੂੰ ਅੰਜਾਮ ਤੱਕ ਪਹੁੰਚਾਏਗਾ। ਇਸ ਮੌਕੇ 'ਤੇ ਰੋਹਿਤ ਜਲੋਟਾ (ਪੰਜਾਬ ਪ੍ਰਧਾਨ), ਹਰਦੀਪ (ਜ਼ਿਲ੍ਹਾ ਅਧਿਆਕਸ਼ ਪਟਿਆਲਾ), ਸੁਮਿਤ ਰਾਵ (ਸ਼ਹਿਰੀ ਪ੍ਰਮੁੱਖ), ਗੌਰਵ ਸ਼ਰਮਾ (ਚੇਅਰਮੈਨ ਪਟਿਆਲਾ), ਪ੍ਰਿੰਸ ਗਰੇਵਾਲ (ਸੰਗਠਨ ਮੰਤਰੀ), ਰਾਜੀਵ ਬਾਂਗੜ (ਮੀਡੀਆ ਇੰਚਾਰਜ), ਪੁਨੀਤ ਜੈਨ (ਅਧਿਆਕਸ਼ ਹਲਕਾ ਮਾਨਸਾ), ਸੰਜੂ ਮਹਿਰਾ (ਅਧਿਆਕਸ਼ ਹਲਕਾ ਸਮਾਣਾ), ਦੀਪਕ ਗਰਗ (ਉਪਾਧਯਕਸ਼ ਹਲਕਾ ਸਮਾਣਾ), ਜੈਕੀ ਮਹਿਰਾ (ਅਧਿਆਕਸ਼ ਗੌ ਰੱਖਿਆ ਵਿੰਗ ਸਮਾਣਾ), ਅਤੇ ਸਾਹਿਲ (ਯੂਵਾ ਅਧਿਆਕਸ਼ ਸਮਾਣਾ) ਸਮੇਤ ਬਜਰੰਗ ਦਲ ਹਿੰਦ ਦੇ ਕਈ ਕਾਰਕੁਨ ਹਾਜ਼ਰ ਰਹੇ।

## ਭਗਵਾਨ ਸ਼੍ਰੀ ਪਰਸ਼ੂਰਾਮ ਜੀ ਨੇ ਅਨਿਆਂ, ਜ਼ੁਲਮ ਅਤੇ ਬੁਰਾਈਆਂ ਵਿਰੁੱਧ ਲੜਾਈ ਲੜੀ : ਮਹਿੰਦਰ ਭਗਤ

**ਚੰਡੀਗੜ੍ਹ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੀ ਪਰਸ਼ੂਰਾਮ ਭਵਨ ਬਸਤੀ ਗੁਜਾਂ ਜਲੰਧਰ ਵਿਖੇ ਸ਼੍ਰੀ ਬ੍ਰਾਹਮਣ ਸਭਾ ਵੱਲੋਂ ਭਗਵਾਨ ਪਰਸ਼ੂਰਾਮ ਜਯੰਤੀ ਬੜੀ ਸ਼ਰਧਾ ਨਾਲ ਮਨਾਈ ਗਈ।




ਇਸ ਸਮਾਗਮ ਵਿੱਚ ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਮਹਿੰਦਰ ਭਗਤ ਮੁੱਖ ਮਹਿਮਾਨ ਵਜੋਂ ਪਹੁੰਚੇ। ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ ਗਿਆ।

ਇਸ ਮੌਕੇ ਸ੍ਰੀ ਮਹਿੰਦਰ ਭਗਤ ਨੇ ਭਗਵਾਨ ਸ਼੍ਰੀ ਪਰਸ਼ੂਰਾਮ ਜਯੰਤੀ ਦੀ ਸਾਰਿਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਜਿਸ ਤਰ੍ਹਾਂ ਭਗਵਾਨ ਪਰਸ਼ੂਰਾਮ ਨੇ ਅਨਿਆਂ, ਜ਼ੁਲਮ ਅਤੇ ਬੁਰਾਈਆਂ ਵਿਰੁੱਧ ਲੜਾਈ ਲੜੀ ਸੀ, ਅੱਜ ਸਮਾਂ ਆ ਗਿਆ ਹੈ ਕਿ ਅਸੀਂ ਉਸੇ ਤਰ੍ਹਾਂ ਸਮਾਜ ਦੀਆਂ ਬੁਰਾਈਆਂ ਵਿਰੁੱਧ ਲੜਾਈ ਲੜੀਏ।

ਉਨ੍ਹਾਂ ਕਿਹਾ ਕਿ ਬ੍ਰਾਹਮਣ ਭਾਈਚਾਰੇ ਨੇ ਦੇਸ਼ ਦੀ ਰਾਜਨੀਤੀ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ ਅਤੇ ਹਮੇਸ਼ਾ ਦੇਸ਼ ਦੀ ਦਿਸ਼ਾ ਅਤੇ ਸਥਿਤੀ ਨੂੰ ਸੁਧਾਰਨ ਵਿੱਚ ਮੋਹਰੀ ਭੂਮਿਕਾ ਨਿਭਾਈ ਹੈ। ਉਨ੍ਹਾਂ ਕਿਹਾ ਕਿ ਸ਼੍ਰੀ ਪਰਸ਼ੂਰਾਮ ਤੋਂ ਪ੍ਰੇਰਨਾ ਲੈ ਕੇ, ਸਾਨੂੰ ਅਨਿਆਂ ਵਿਰੁੱਧ ਲੜਨ ਲਈ ਤਿਆਰ ਰਹਿਣਾ ਪਵੇਗਾ।

ਇਸ ਮੌਕੇ ਸ਼੍ਰੀ ਬ੍ਰਾਹਮਣ ਸਭਾ ਤੋਂ ਵਿਪਨ ਸ਼ਰਮਾ, ਰਾਮਪਾਲ ਸ਼ਰਮਾ, ਪ੍ਰੋਫੈਸਰ ਯੋਗਰਾਜ, ਅਜੈ ਸ਼ਰਮਾ, ਕਰਨ ਸ਼ਰਮਾ, ਉੱਨਤੀ ਪ੍ਰਕਾਸ਼ ਸ਼ਰਮਾ, ਪਵਨ ਪ੍ਰਭਾਕਰ, ਮਧੂ ਸ਼ਰਮਾ, ਰਮੇਸ਼ ਸ਼ਰਮਾ ਬਿੱਲੂ, ਓਮ ਪ੍ਰਕਾਸ਼ ਸ਼ਰਮਾ, ਸਵਤੰਤਰ ਸ਼ਰਮਾ, ਮੁਕੇਸ਼, ਪੂਜਾ ਸ਼ਰਮਾ, ਸ਼੍ਰੀਮਤੀ ਸਰੋਜ ਸ਼ਰਮਾ, ਵਿਪਿਨ ਯੋਧਾ ਸੰਮਤੀ, ਮਾਨ ਰਾਜ ਸ਼ਰਮਾ ਹਿੰਦੀ, ਮਨਮੋਹਨ ਯੋਧਾ ਸੰਮਤੀ, ਮਨਮੋਹਨ ਸ਼ਰਮਾ, ਮਾਸਟਰ ਅਸ਼ੋਕ ਸ਼ਰਮਾ, ਵੇਦ ਪ੍ਰਕਾਸ਼ ਭਾਰਦਵਾਜ, ਅਰੁਣ ਹਾਂਡਾ, ਅਨਿਲ ਸ਼ਰਮਾ ਕਾਲਾ, ਅਸ਼ਵਨੀ ਬੋਦਲ, ਧਰੁਵ ਮੋਦਗਿਲ ਹਾਜ਼ਰ ਸਨ।

, ਸੁਨੀਲ ਸ਼ਰਮਾ, ਸ਼ਸ਼ੀ ਸ਼ਰਮਾ, ਸਰੋਜ ਸ਼ਰਮਾ, ਪੂਨਮ ਮਹਿਤਾ, ਲੱਕੀ ਸ਼ਰਮਾ, ਸੁਮਿਤ ਸ਼ਰਮਾ, ਦਰਸ਼ਨ ਸ਼ਰਮਾ, ਬਾਸੂ ਛਿੱਬਰ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

## ਮਈ ਦੇ ਮਹੀਨੇ ਗ੍ਰਹਿ ਗੋਚਰ ਵਿੱਚ ਬੜਾ ਬਦਲਾਵ

### ਕੁਝ ਰਾਸ਼ੀਆਂ ਉਪਰ ਸ਼ੁਭ ਤੇ ਕੁਝ ਉੱਪਰ ਪਏਗਾ ਅਸ਼ੁਭ ਪ੍ਰਭਾਵ:ਸੁਨੀਲ ਕੁਮਾਰ ਪ੍ਰਸਿੱਧ ਜੋਤਿਸ਼ੀ

**ਪਟਿਆਲਾ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਮਈ ਮਹੀਨੇ ਵਿੱਚ ਗ੍ਰਹਿਆਂ ਦੇ ਗੋਚਰ ਹੋਣ ਕਾਰਨ ਕੁਝ ਰਾਸ਼ੀਆਂ ਉੱਪਰ ਸ਼ੁਭ ਤੇ ਕੁਝ ਰਾਸ਼ੀਆਂ ਦੇ ਉੱਪਰ ਅਸ਼ੁਭ ਪ੍ਰਭਾਵ ਪੈਣ ਵਾਲਾ ਹੈ ਜਿਸਦਾ ਅਸਰ ਕੁਝ ਸਮੇਂ ਪਹਿਲਾਂ ਹੀ ਸ਼ੁਰੂ ਹੋ ਜਾਂਦਾ ਹੈ ਕੁਝ ਰਾਸ਼ੀਆਂ ਦੇ ਜਾਤਕਾਂ ਨੂੰ ਆਪਣੀ ਨੌਕਰੀ ਗਵਾਣੀ ਪੈ ਸਕਦੀ ਹੈ ਕਿਉਂਕਿ ਮੰਗਲ ਨੀਚ ਰਾਸ਼ੀ ਵਿੱਚ ਹੈ। 7 ਮਈ ਨੂੰ ਬੁੱਧ ਆਪਣੀ ਨੀਚ ਰਾਸ਼ੀ ਮੀਨ ਨੂੰ ਛੱਡ ਕੇ ਮੇਸ਼ ਰਾਸ਼ੀ ਦੇ ਵਿੱਚ ਪ੍ਰਵੇਸ਼ ਕਰੇਗਾ ਜਿਸ ਦਾ ਅਸਰ ਵਪਾਰ ਉੱਪਰ ਦੇਖਣ ਨੂੰ ਮਿਲੇਗਾ ਵਪਾਰ ਵਿੱਚ ਤੇਜ਼ੀ ਹੋਵੇਗੀ ਕੰਨਿਆ ਮਿਥੁਨ ਕੁੰਭ ਮਕਰ ਵ੍ਰਿਸ਼ਭ ਅਤੇ ਤੁਲਾ ਰਾਸ਼ੀ ਵਾਲਿਆਂ ਨੂੰ ਵਪਾਰ ਵਿੱਚ ਮੁਨਾਫਾ ਹੋਣਾ ਸ਼ੁਰੂ ਹੋ ਜਾਵੇਗਾ, 14 ਮਈ ਨੂੰ ਸੂਰਜ ਆਪਣੀ ਉੱਚ ਰਾਸ਼ੀ ਮੇਸ਼ ਨੂੰ ਛੱਡ ਕੇ ਸ਼ੁਕਰ ਦੀ ਵ੍ਰਿਸ਼ਭ ਰਾਸ਼ੀ ਵਿੱਚ ਜਾਏਗਾ,15 ਮਈ ਨੂੰ 2.30 ਬਜੇ ਬ੍ਰਿਹਸਪਤੀ ਸ਼ੁਕਰ ਦੀ ਵ੍ਰਿਸ਼ਭ ਰਾਸ਼ੀ ਨੂੰ ਛੱਡ ਕੇ ਬੁੱਧ ਦੀ ਰਾਸ਼ੀ ਮਿਥੁਨ ਵਿੱਚ ਗੋਚਰ ਕਰੇਗਾ,18 ਮਈ ਨੂੰ ਰਾਹੂ ਸ਼ਨੀ ਮਹਾਰਾਜ ਦੀ ਰਾਸ਼ੀ ਕੁੰਭ ਦੇ ਵਿੱਚ ਪ੍ਰਵੇਸ਼ ਕਰੇਗਾ ਜਿਸ ਕਾਰਨ ਮਕਰ ਕੁੰਭ ਅਤੇ ਕੰਨਿਆ ਲਗਨ ਰਾਸ਼ੀ ਵਾਲਿਆਂ ਨੂੰ ਬਹੁਤ ਲਾਭ ਹੋਏਗਾ ਅਤੇ ਕੇਤੂ ਸਿੰਘ ਰਾਸ਼ੀ ਵਿੱਚ ਪ੍ਰਵੇਸ਼ ਕਰੇਗਾ ਜਿਸ ਕਰਕੇ ਬਹੁਤ ਉਤਾਰ ਚੜ੍ਹਾਵ ਦੇਖਣ ਨੂੰ ਮਿਲ ਸਕਦਾ ਹੈ ਕੁਝ ਰਾਸ਼ੀਆਂ ਨੂੰ ਇਸ ਗੋਚਰ ਦਾ ਸ਼ੁਭ ਪ੍ਰਭਾਵ ਮਿਲੇਗਾ ਤੇ ਕੁਝ ਰਾਸ਼ੀਆਂ ਦੇ ਉੱਪਰ ਬੁਰਾ ਪ੍ਰਭਾਵ ਮਿਲੇਗਾ। ਕੰਨਿਆ ਰਾਸ਼ੀ ਵਾਲਿਆਂ ਵਾਸਤੇ ਇਹ ਸਮਾਂ ਬਹੁਤ ਹੀ ਸ਼ੁਭ ਲਾਭ ਵਾਲਾ ਹੋਏਗਾ, ਮੇਸ਼ ਰਾਸ਼ੀ ਵਾਲਿਆਂ ਵਾਸਤੇ ਆਉਣ ਵਾਲਾ ਸਮੇਂ ਉਚਿਤ ਨਹੀਂ ਸ਼ਨੀ ਮਹਾਰਾਜ ਕਰਮਾਂ ਦੇ ਅਨੁਸਾਰ ਮੇਸ਼ ਰਾਸ਼ੀ ਵਾਲਿਆਂ ਨੂੰ ਅੱਛਾ ਬੁਰਾ ਪ੍ਰਭਾਵ ਦੇਣਗੇ। ਮੇਸ਼ ਰਾਸ਼ੀ ਦੇ ਜਾਤਕਾ ਦੀ ਸੋਚਣ ਸਮਝਣ ਦੀ ਸ਼ਕਤੀ ਕਮਜ਼ੋਰ ਹੋ ਜਾਵੇਗੀ ਇਸ ਲਈ ਉਹਨਾਂ ਨੂੰ ਲਗਾਤਾਰ ਉਪਾਏ ਕਰਦੇ ਰਹਿਣਾ ਚਾਹੀਦਾ ਹੈ ਬੜਾ ਨੁਕਸਾਨ ਹੋਣ ਦੀ ਵੀ ਸੰਭਾਵਨਾ ਹੈ। ਗ੍ਰਹਿਆਂ ਦੇ ਗੋਚਰ ਹੋਣ ਕਾਰਨ ਹਰ ਜੀਵ ਜੰਤੂ ਮਨੁੱਖੀ ਜੀਵਨ ਪ੍ਰਕਿਰਤੀ ਦੇ ਉੱਪਰ ਬਹੁਤ ਪ੍ਰਭਾਵ ਪੈਂਦਾ ਹੈ ਗ੍ਰਹਿ ਜਿਹੜੇ ਜਿਹੜੇ ਭਾਵ ਦੇ ਵਿੱਚ ਜਾਂਦੇ ਨੇ ਉੱਥੇ ਉਸ ਤਰ੍ਹਾਂ ਦੇ ਤੱਤ ਨੂੰ ਅਪਨਾ ਕੇ ਚੰਗਾ ਮਾੜਾ ਪ੍ਰਭਾਵ ਦਿੰਦੇ ਹਨ ਜਿਸ ਦੀ ਜਾਣਕਾਰੀ ਤੁਹਾਨੂੰ ਜੋਤਿਸ਼ੀ ਹੀ ਕੁੰਡਲੀ ਦਾ ਵਿਸ਼ਲੇਸ਼ਣ ਕਰਕੇ ਦੱਸ ਸਕਦਾ ਹੈ ਕਿ ਕਿਹੜਾ ਗ੍ਰਹਿ ਕਿਹੜੇ ਘਰ ਰਾਸ਼ੀ ਨਕਸ਼ਤਰ ਦੇ ਵਿੱਚ ਜਾ ਕੇ ਕੈਸਾ ਫਲ ਦੇਵੇਗਾ, ਜਿਸ ਨੂੰ ਮੰਨਣ ਨਾਲ ਤੁਸੀਂ ਆਪਣੇ ਜੀਵਨ ਦੇ ਵਿੱਚ ਸਰਲਤਾ ਬਣਾ ਸਕਦੇ ਹੋ ਅਤੇ ਜੀਵਨ ਦੇ ਵਿੱਚ ਸਫਲ ਹੋ ਸਕਦੇ ਹੋ ਆਪਣੀ ਕੁੰਡਲੀ ਅਤੇ ਗ੍ਰਹਿਆਂ ਦੀ ਜਾਣਕਾਰੀ ਲਈ ਤੁਸੀਂ ਸੁਨੀਲ ਕੁਮਾਰ ਪ੍ਰਸਿੱਧ ਜੋਤਿਸ਼ੀ ਨਾਲ ਸੰਪਰਕ ਕਰ ਸਕਦੇ ਹੋ।

## ਪਟਿਆਲਾ ਦੇ ਮਾਤਾ ਕੁਸ਼ੱਲਿਆ ਹਸਪਤਾਲ ਦੇ ਮੈਡੀਕਲ ਸੁਪਰਡੈਂਟ ਬਣੇ ਡਾ. ਸੁਖਵਿੰਦਰਜੀਤ ਸਿੰਘ

**ਪਟਿਆਲਾ, 2 ਮਈ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਦੇ ਆਦੇਸ਼ਾਂ ਅਨੁਸਾਰ ਡਾ. ਸੁਖਵਿੰਦਰਜੀਤ ਸਿੰਘ ਨੇ ਜਿਲ੍ਹਾ ਪਟਿਆਲਾ ਵਿਖੇ ਬਤੌਰ ਮਾਤਾ ਕੁਸ਼ੱਲਿਆ ਹਸਪਤਾਲ ਪਟਿਆਲਾ ਦੇ ਮੈਡੀਕਲ ਸੁਪਰਡੈਂਟ ਵਜੋ ਆਪਣਾ ਅਹੁਦਾ ਸੰਭਾਲ ਲਿਆ ਹੈ।ਜਿਕਰਯੋਗ ਹੈ ਕਿ ਡਾ. ਸੁਖਵਿੰਦਰਜੀਤ ਸਿੰਘ ਅਨੱਸਥੀਸੀਆ ਦੇ ਮਾਹਿਰ ਹਨ, ਜੋ ਕਿ ਪਹਿਲਾਂ ਦਫਤਰ ਸਿਵਲ ਸਰਜਨ ਪਟਿਆਲਾ ਵਿਖੇ ਜਿਲਾ ਪਰਿਵਾਰ ਭਲਾਈ ਅਫਸਰ ਅਤੇ ਸਹਾਇਕ ਸਿਹਤ ਅਫਸਰ ਦੇ ਅਹੁਦੇ ਤੇ ਤੈਨਾਤ ਰਹੇ ਸਨ, ਨੂੰ ਬਦਲੀ ਕਰਨ ਉਪਰੰਤ ਬਤੌਰ ਮੈਡੀਕਲ ਸੁਪਰਡੈਂਟ, ਮਾਤਾ ਕੁਸ਼ੱਲਿਆ ਹਸਪਤਾਲ ਪਟਿਆਲਾ ਲਗਾਇਆ ਗਿਆ ਹੈ। ਅੱਜ ਉਹਨਾਂ ਨੇ ਮੈਡੀਕਲ



ਸੁਪਰਡੈਂਟ, ਮਾਤਾ ਕੁਸ਼ੱਲਿਆ ਹਸਪਤਾਲ ਪਟਿਆਲਾ ਵਜੋ ਅਹੁਦਾ ਸੰਭਾਲ ਲਿਆ ਹੈ।

ਅਹੁਦਾ ਸੰਭਾਲਣ ਮੌਕੇ ਦਫਤਰ ਵਿਖੇ ਸਿਵਲ ਸਰਜਨ ਡਾ.ਜਗਪਾਲਇੰਦਰ ਸਿੰਘ,ਸਾਬਕਾ ਸਿਵਲ ਸਰਜਨ ਡਾ. ਜਤਿੰਦਰ ਕਾਂਸਲ, ਡਾ. ਕਿਰਨਜੋਤ ਕੌਰ, ਡਾ. ਵਿਕਾਸ ਗੋਇਲ ਸੀਨੀਅਰ ਮੈਡੀਕਲ ਅਫਸਰ, ਜਿਲਾ ਮਾਸ ਮੀਡੀਆ ਅਫਸਰ ਜਸਜੀਤ ਕੋਰ,ਸੁਪਰਡੈਂਟ ਸ੍ਰੀਮਤੀ ਹਰਮਿੰਦਰ ਕੌਰ, ਜਿਲਾ ਬੀਸੀਸੀ ਕੋਆਰਡੀਨੇਟਰ ਜਸਵੀਰ ਕੌਰ ਅਤੇ ਸਮੂਹ ਦਫਤਰੀ ਸਟਾਫ ਵੱਲੋਂ ਉਹਨਾਂ ਦਾ ਨਿੱਘਾ ਸਵਾਗਤ ਕੀਤਾ ਗਿਆ ਅਤੇ ਮੁਬਾਰਕਬਾਦ ਦਿੱਤੀ ਗਈ। ਅਹੁਦਾ ਸੰਭਾਲਣ ਉਪਰੰਤ ਡਾ. ਸੁਖਵਿੰਦਰਜੀਤ ਸਿੰਘ ਨੇ ਕਿਹਾ ਕਿ ਜੋ ਜਿਮੇਂਵਾਰੀ ਉਹਨਾਂ ਨੂੰ ਸੋਂਪੀ ਗਈ ਹੈ, ਉਹ ਉਸ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਸਿਹਤ ਵਿਭਾਗ ਵੱਲੋਂ ਦਿੱਤੀਆਂ ਜਾ ਰਹੀਆਂ ਮਿਆਰੀ ਸਿਹਤ ਸਹੂਲਤਾਂ ਨੂੰ ਜਿਲ੍ਹੇ ਦੇ ਸਾਰੇ ਨਾਗਰਿਕਾਂ ਤੱਕ ਪੰਹੁਚਾਉਣ ਲਈ ਵਚਨਬੱਧ ਹੋਣਗੇ। ਮਾਤਾ ਕੁਸ਼ੱਲਿਆ ਹਸਪਤਾਲ ਵਿਖੇ ਕੰਮ ਲਈ ਆਉਣ ਵਾਲੇ ਲੋਕਾਂ ਦੀਆਂ ਸਮੱਸਿਆਵਾਂ ਦਾ ਪਹਿਲ ਦੇ ਅਧਾਰ ਤੇ ਹੱਲ ਕੀਤਾ ਜਾਵੇਗਾ ਤਾਂ ਜੋ ਮਰੀਜਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਸਿਹਤ ਪ੍ਰੋਗਰਾਮਾਂ ਸਬੰਧੀ ਜੋ ਵੀ ਟੀਚੇ ਹਨ, ਉਹ ਮਿਥੇ ਸਮੇਂ ਵਿੱਚ ਪੂਰੇ ਕਰਵਾਏ ਜਾਣਗੇ।

## ਮਹਾਰਾਜਾ ਰਣਜੀਤ ਸਿੰਘ ਪ੍ਰੈਪਰੇਟਰੀ ਇੰਸਟੀਚਿਊਟ ਦੇ 26 ਕੈਡਿਟਾਂ ਨੇ ਐਨ.ਡੀ.ਏ. ਲਿਖਤੀ ਪ੍ਰੀਖਿਆ ਕੀਤੀ ਪਾਸ

**ਚੰਡੀਗੜ੍ਹ, 2 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸੂਬੇ ਦਾ ਮਾਣ ਵਧਾਉਂਦਿਆਂ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ, ਐਸ.ਏ.ਐਸ. ਨਗਰ (ਮੁਹਾਲੀ) ਦੇ 26 ਕੈਡਿਟਾਂ ਨੇ ਐਨ.ਡੀ.ਏ.-155 ਕੋਰਸ ਲਈ ਨੈਸ਼ਨਲ ਡਿਫੈਂਸ ਅਕੈਡਮੀ (ਐਨ.ਡੀ.ਏ.) (1) ਲਿਖਤੀ ਪ੍ਰੀਖਿਆ ਪਾਸ ਕਰਕੇ ਸ਼ਾਨਦਾਰ ਉਪਲੱਬਧੀ ਹਾਸਲ ਕੀਤੀ ਹੈ। ਯੂ.ਪੀ.ਐਸ.ਸੀ. ਵੱਲੋਂ ਕੱਲ੍ਹ ਸ਼ਾਮ ਨੂੰ ਨਤੀਜਾ ਐਲਾਨਿਆ ਗਿਆ ਸੀ। ਇਹ ਕੋਰਸ ਦਸੰਬਰ 2025 ਵਿੱਚ ਸ਼ੁਰੂ ਹੋਵੇਗਾ। ਇਸ ਸੰਸਥਾ ਦੇ 34 ਕੈਡਿਟਾਂ ਨੇ ਐਨ.ਡੀ.ਏ. 1 ਲਿਖਤੀ ਪ੍ਰੀਖਿਆ ਦਿੱਤੀ ਸੀ, ਜਿਨ੍ਹਾਂ ਵਿੱਚੋਂ 26 ਕੈਡਿਟਾਂ ਨੇ ਸਫਲਤਾਪੂਰਵਕ ਪ੍ਰੀਖਿਆ ਪਾਸ ਕੀਤੀ ਹੈ। ਇਨ੍ਹਾਂ ਵਿੱਚੋਂ ਅੱਠ ਕੈਡਿਟ ਪਹਿਲਾਂ ਹੀ ਐਨ.ਡੀ.ਏ.-154 ਕੋਰਸ ਲਈ ਮੈਰਿਟ ਸੂਚੀ ਵਿੱਚ ਹਨ ਅਤੇ ਆਪਣੇ ਕਾਲ-ਅੱਪ ਲੈਟਰਾਂ ਦੀ ਉਡੀਕ ਕਰ ਰਹੇ ਹਨ। ਲਿਖਤੀ ਪ੍ਰੀਖਿਆ ਪਾਸ ਕਰਨ ਵਾਲੇ 26 ਕੈਡਿਟਾਂ ਵਿੱਚ ਅਭੈ ਪ੍ਰਤਾਪ ਸਿੰਘ ਢਿੱਲੋਂ, ਵਿਸ਼ਵਰੂਪ ਸਿੰਘ ਗਰੇਵਾਲ, ਅਗਮਜੀਤ ਸਿੰਘ ਵਿਰਕ, ਪਰਮਦੀਪ ਸਿੰਘ, ਅਪਾਰਦੀਪ ਸਿੰਘ ਸਾਹਨੀ, ਖੁਸ਼ਪ੍ਰੀਤ ਸਿੰਘ, ਮਾਨਵ ਗੋਇਲ, ਸਮਰਥ, ਭਾਸਕਰ ਜੈਨ, ਲਵਿਸ਼, ਹਿਰਦੇਸ਼ ਅਰੋੜਾ, ਅਰਨਵ ਸ਼ਰਮਾ, ਹਰਕੰਵਲ ਸਿੰਘ, ਉਦੈਬੀਰ ਸਿੰਘ ਨੰਦਾ, ਮਨਨੂਰਪ੍ਰੀਤ ਸਿੰਘ, ਗੁਰਨੂਰ ਸਿੰਘ, ਗੁਰਕੀਰਤ ਸਿੰਘ, ਅਨਹਦ ਸਿੰਘ ਖਟੂਮਰੀਆ, ਪ੍ਰਜਵੀਰ ਸਿੰਘ, ਦਿਵਾਂਸ਼ੂ ਸੰਧੂ, ਨਿਰਭਿਖ ਸਿੰਘ ਭਰਾਰਾ, ਰਿਤਿਸ਼ ਅਰੋੜਾ, ਇਸ਼ਮੀਤ ਸਿੰਘ, ਰੇਹਾਨ ਯਾਦਵ, ਹੁਸਨਪ੍ਰੀਤ ਸਿੰਘ ਅਤੇ ਹਿਮਾਂਸ਼ੂ ਰਿਸ਼ੀ ਸ਼ਾਮਲ ਹਨ। ਕੈਡਿਟਾਂ ਨੂੰ ਵਧਾਈ ਦਿੰਦਿਆਂ ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ, ਇਹ ਕੈਡਿਟ ਪੰਜਾਬ ਦਾ ਮਾਣ ਹਨ। ਮੈਂ ਉਨ੍ਹਾਂ ਨੂੰ ਆਉਣ ਵਾਲੇ ਐਸ.ਐਸ.ਬੀ. ਇੰਟਰਵਿਊ ਅਤੇ ਸਿਖਲਾਈ ਲਈ ਸ਼ੁਭਕਾਮਨਾਵਾਂ ਦਿੰਦਾ ਹਾਂ। ਐਨਡੀਏ ਪ੍ਰੀਖਿਆ ਦੇ ਨਤੀਜਿਆਂ 'ਤੇ ਸੰਤੁਸ਼ਟੀ ਜ਼ਾਹਰ ਕਰਦਿਆਂ ਸੰਸਥਾ ਦੇ ਡਾਇਰੈਕਟਰ ਮੇਜਰ ਜਨਰਲ ਅਜੈ ਐਚ ਚੌਹਾਨ, ਵੀ.ਐਸ.ਐਮ., ਨੇ ਕਿਹਾ ਕਿ ਇਹ ਕੈਡਿਟ ਜਲਦ ਹੀ ਆਪਣਾ ਐਸ.ਐਸ.ਬੀ. ਇੰਟਰਵਿਊ ਦੇਣਗੇ। ਉਨ੍ਹਾਂ ਦੱਸਿਆ ਕਿ ਸੰਸਥਾ ਦੇ 11 ਕੈਡਿਟ ਮਈ ਦੇ ਅੰਤ ਵਿੱਚ ਐਨ.ਡੀ.ਏ. ਤੋਂ ਗ੍ਰੈਜੂਏਟ ਹੋ ਜਾਣਗੇ, ਜਦੋਂਕਿ ਸਿਖਲਾਈ ਅਧੀਨ ਅੱਠ ਕੈਡਿਟ ਮਈ ਦੇ ਅੰਤ ਵਿੱਚ/ਜੂਨ 2025 ਦੇ ਸ਼ੁਰੂ ਵਿੱਚ ਕਮਿਸ਼ਨ ਹੋਣਗੇ। ਇਸ ਸੰਸਥਾ ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤੱਕ 170 ਕੈਡਿਟ ਰੱਖਿਆ ਸੇਵਾਵਾਂ ਵਿੱਚ ਕਮਿਸ਼ਨਡ ਅਫਸਰ ਬਣੇ ਹਨ।

# ਪੰਜਾਬ ’ਚ ਬੱਸਾਂ ਦਾ ਸਫ਼ਰ ਕਰਨ ਵਾਲਿਆਂ ਲਈ ਖ਼ੁਸ਼ਖ਼ਬਰੀ ! ਹੋਣ ਜਾ ਰਿਹਾ ਇਹ ਵੱਡਾ ਕੰਮ

**ਏਜੰਸੀਆਂ**

ਚੰਡੀਗੜ੍ਹ 2 ਮਈ। ਪੰਜਾਬ ’ਚ ਬੱਸਾਂ ਦਾ ਸਫ਼ਰ ਕਰਨ ਵਾਲਿਆਂ ਲਈ ਬੇਹੱਦ ਅਹਿਮ ਖ਼ਬਰ ਹੈ। ਦਰਅਸਲ ਪੰਜਾਬ ਦੇ 5 ਮੁੱਖ ਸ਼ਹਿਰਾਂ ’ਚ ਈ-ਬੱਸ ਡਿਪੂ ਸਥਾਪਿਤ ਕਰਨ ਲਈ ਪੰਜਾਬ ਸਰਕਾਰ ਨੇ ਵਰਕ ਆਰਡਰ ਜਾਰੀ ਕਰ ਦਿੱਤਾ ਹੈ। ਬੀ. ਐਂਡ ਆਰ. ਦੀ




ਨਿਗਰਾਨੀ ’ਚ ਬਣਾਏ ਜਾਣ ਵਾਲੇ ਇਨ੍ਹਾਂ 5 ਨਵੇਂ ਡਿਪੂਆਂ ਨੂੰ ਸਥਾਪਿਤ ਕਰਨ ਤੋਂ ਬਾਅਦ ਇਸੇ ਸਾਲ ਨਵੰਬਰ ਮਹੀਨੇ ਤੱਕ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਪਟਿਆਲਾ ਅਤੇ ਮੋਹਾਲੀ ’ਚ ਪ੍ਰਧਾਨ ਮੰਤਰੀ ਈ-ਬੱਸ ਸੇਵਾ ਸ਼ੁਰੂ ਕਰਨ ਦਾ ਟੀਚਾ ਰੱਖਿਆ ਗਿਆ ਹੈ। ਵਾਤਾਵਰਣ ਨੂੰ ਨੁਕਸਾਨ ਪਹੁੰਚਾਏ ਬਿਨਾਂ ਪਬਲਿਕ ਟਰਾਂਸਪੋਰਟ ਨੂੰ ਦਰੁੱਸਤ ਕਰਕੇ ਦੇਸ਼ ਦੇ ਕਈ ਸ਼ਹਿਰਾਂ ਨੂੰ ਪ੍ਰਧਾਨ ਮੰਤਰੀ ਈ-ਬੱਸ ਸੇਵਾ ਦੇ ਨਾਲ ਜੋੜਨ ਦੀ ਯੋਜਨਾ ਕੇਂਦਰ ਵਲੋਂ ਤਿਆਰ ਕੀਤੀ ਗਈ ਸੀ। ਇਸ ਯੋਜਨਾ ਦਾ ਲਾਭ ਲੈਣ ਲਈ ਪੰਜਾਬ ਸਰਕਾਰ ਨੇ ਬੀਤੇ ਸਾਲ ਮਈ ਮਹੀਨੇ ਦੌਰਾਨ 4 ਸ਼ਹਿਰਾਂ ਦਾ ਨਾਂ ਕੇਂਦਰ ਸਰਕਾਰ ਕੋਲ ਭੇਜਿਆ, ਇਨ੍ਹਾਂ ’ਚ ਅੰਮ੍ਰਿਤਸਰ, ਜਲੰਧਰ, ਲੁਧਿਆਣਾ ਅਤੇ ਪਟਿਆਲਾ ਨੂੰ ਸ਼ਾਮਲ ਕੀਤਾ ਗਿਆ ਸੀ। ਜਿਵੇਂ ਹੀ ਇਸ ਯੋਜਨਾ ਨੂੰ ਹਰੀ ਝੰਡੀ ਦੀ ਸੰਭਾਵਨਾ ਦਿਖੀ, ਪੰਜਾਬ ਸਰਕਾਰ ਨੇ ਕੇਂਦਰ ਸਰਕਾਰ ਦੇ ਕੋਲ ਭੇਜੀ 4 ਸ਼ਹਿਰਾਂ ਦੀ ਸੂਚੀ ’ਚ 5ਵਾਂ ਨਾਂ ਮੋਹਾਲੀ ਦਾ ਵੀ ਪਾ ਦਿੱਤਾ। ਕੇਂਦਰ ਸਰਕਾਰ ਨੇ ਇਸ 5ਵੇਂ ਨਾਂ ਨੂੰ ਵੀ ਮਨਜ਼ੂਰੀ ਦੇ ਦਿੱਤੀ। ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਦੇ ਕਾਰਜਕਾਲ ਤੋਂ ਮਿਲੀ ਜਾਣਕਾਰੀ ਮੁਤਾਬਕ ਅੰਮ੍ਰਿਤਸਰ, ਜਲੰਧਰ ਅਤੇ ਲੁਧਿਆਣਾ ਨੂੰ 100 ਬੱਸ ਪ੍ਰਤੀ ਸ਼ਹਿਰ ਦੇ ਹਿਸਾਬ ਨਾਲ 300 ਬੱਸਾਂ ਦਿੱਤੀਆਂ ਜਾਣੀਆਂ ਹਨ, ਜਦੋਂ ਕਿ ਪਟਿਆਲਾ ਅਤੇ ਮੋਹਾਲੀ ਨੂੰ 50-50 ਬੱਸਾਂ ਦਿੱਤੀਆਂ ਜਾਣਗੀਆਂ। ਪੀ. ਐੱਮ. ਈ.-ਬੱਸ ਸੇਵਾ ਲਈ ਆਉਣ ਵਾਲੇ ਖ਼ਰਚੇ ਦਾ ਕਰੀਬ 50 ਫ਼ੀਸਦੀ ਖ਼ਰਚਾ ਕੇਂਦਰ ਸਰਕਾਰ ਵਲੋਂ ਕੀਤਾ ਜਾਣਾ ਹੈ। ਇਸ ਤੋਂ ਇਲਾਵਾ ਉਕਤ ਸ਼ਹਿਰਾਂ ਦੀਆਂ ਨਗਰ ਨਿਗਮਾਂ ਅਤੇ ਟਿਕਟ ਖ਼ਰਚ ਤੋਂ ਹੋਰ ਖ਼ਰਚਾ ਚੁੱਕਿਆ ਜਾਣਾ ਹੈ। ਜ਼ਿਕਰਯੋਗ ਹੈ ਕਿ ਅੰਮ੍ਰਿਤਸਰ, ਜਲੰਧਰ ਅਤੇ ਲੁਧਿਆਣਾ ਪਹਿਲਾਂ ਹੀ ਸਮਾਰਟ ਸਿਟੀ ’ਚ ਸ਼ਾਮਲ ਹਨ ਪਰ ਸਮਾਰਟ ਸਿਟੀ ਬਣਨ ਲਈ 80 ਫ਼ੀਸਦੀ ਤੋਂ ਜ਼ਿਆਦਾ ਦੀਆ ਸ਼ਰਤਾਂ ਪੂਰੀਆਂ ਕਰਨ ਵਾਲਾ ਪਟਿਆਲਾ ਅਤੇ ਮੋਹਾਲੀ ਪਬਲਿਕ ਟਰਾਂਸਪੋਰਟ ਦਰੁੱਸਤ ਨਾ ਹੋਣ ਕਾਰਨ ਸਮਾਰਟ ਸਿਟੀ ਦੀ ਸੂਚੀ ’ਚ ਹਮੇਸ਼ਾ ਪਿੱਛੜੇ ਹੋਏ ਹਨ। ਸੰਭਵ ਹੈ ਕਿ ਪੀ. ਐੱਮ., ਈ-ਬੱਸ ਸੇਵਾ ਮਿਲਣ ਤੋਂ ਬਾਅਦ ਦੋਵੇਂ ਸ਼ਹਿਰ ਭਵਿੱਖ ’ਚ ਸਮਾਰਟ ਸਿਟੀ ਦੀ ਦਾਅਵੇਦਾਰੀ ਕਰਨ ’ਚ ਸਫ਼ਲ ਹੋ ਸਕਣ।

# ਪੰਜਾਬ ਦੇ ਪਾਣੀ ਖੋਹ ਕੇ ਕੇਂਦਰ ਤੇ ਹਰਿਆਣਾ ਸਰਕਾਰ ਨੇ ਪੰਜਾਬੀਆਂ ਦੇ ਜ਼ਖ਼ਮਾਂ ’ਤੇ ਲੂਣ ਛਿੜਕਿਆ: ਰਮਨ ਬਹਿਲ

**ਸਰਦੂਲ ਸਿੰਘ**

ਗੁਰਦਾਸਪੁਰ 2 ਮਈ। ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵੱਲੋਂ ਭਾਖੜਾ ਡੈਮ ਤੋਂ 8500 ਕਿਊਸਿਕ ਪਾਣੀ ਹਰਿਆਣਾ ਨੂੰ ਦੇਣ ਦੇ ਕੀਤੇ ਗਏ ਫੈਸਲੇ ਨੂੰ ਪੰਜਾਬ ਦੇ ਹੱਕਾਂ ਤੇ ਵੱਡਾ ਡਾਕਾ ਦੱਸਦਿਆਂ ਅੱਜ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਰਮਨ ਬਹਿਲ ਨੇ ਕਿਹਾ ਕਿ ਇਹ ਫੈਸਲਾ ਪੰਜਾਬ ਦੇ ਲੋਕਾਂ ਨੂੰ ਤਬਾਹੀ ਦੇ ਕੰਢੇ ਤੇ ਲਿਆਉਣ ਵਾਲਾ ਮੰਦਭਾਗਾ ਕਦਮ ਹੈ। ਰਮਨ ਬਹਿਲ ਨੇ ਜਾਰੀ ਪ੍ਰੈਸ ਬਿਆਨ ਵਿੱਚ ਕਿਹਾ ਕਿ ਇਸ ਤੋਂ ਪਹਿਲਾਂ ਵੀ ਕੇਂਦਰ ਦੀ ਭਾਜਪਾ ਸਰਕਾਰ ਪੰਜਾਬ ਨੂੰ ਤਬਾਹ ਕਰਨ ਦੇ ਕਈ ਫੈਸਲੇ ਲੈ ਚੁੱਕੀ ਹੈ?। ਪਰ ਹੁਣ ਕੇਂਦਰ ਸਰਕਾਰ ਨੇ ਹਰਿਆਣਾ ਸਰਕਾਰ ਨੇ ਮਿਲ ਕਿ ਇੱਕ ਅਜਿਹਾ ਫੈਸਲਾ ਲਿਆ ਹੈ ਜੋ ਨਾ ਸਿਰਫ ਪੰਜਾਬ ਦੀ ਕਿਸਾਨੀ ਨੂੰ ਤਬਾਹ ਕਰੇਗਾ ਸਗੋਂ ਪੰਜਾਬ ਦੇ ਵਪਾਰੀ ਵਰਗ ਸਮੇਤ ਹਰੇਕ ਵਿਅਕਤੀ ਤੇ ਇਸ ਦਾ ਮਾਰੂ ਪ੍ਰਭਾਵ ਦੇਖਣ ਨੂੰ ਮਿਲੇਗਾ। ਬਹਿਲ ਨੇ ਕਿਹਾ ਕਿ ਦੇਸ਼ ਦਾ ਢਿੱਡ ਭਰਨ ਵਾਲੇ ਸੂਬੇ ਪੰਜਾਬ ਵਿੱਚ 80 ਫੀਸਦੀ ਵੱਸੋਂ ਖੇਤੀਬਾੜੀ ਤੇ ਨਿਰਭਰ ਹੈ ਅਤੇ ਖੇਤੀਬਾੜੀ ਪਾਣੀ ਤੋਂ ਬਿਨਾਂ ਸੰਭਵ ਨਹੀਂ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਹੀ ਪੰਜਾਬ ਦੇ ਪਾਣੀ ਵੱਡੀ ਮਾਤਰਾ ਵਿੱਚ ਹਰਿਆਣਾ ਸਮੇਤ ਹੋਰ ਸੂਬਿਆਂ ਨੂੰ ਦਿੱਤੇ ਜਾਣ ਕਾਰਨ ਪੰਜਾਬ ਵਿੱਚ ਪਾਣੀ ਦੀ ਵੱਡੀ ਕਿੱਲਤ ਪੈਦਾ ਹੋ ਚੁੱਕੀ ਹੈ ਪਰ ਇਸ ਦੇ ਬਾਵਜੂਦ ਪੰਜਾਬ ਦੇ ਗੰਭੀਰ ਸੰਕਟ ਨੂੰ ਸਮਝਣ ਦੀ ਬਜਾਏ ਕੇਂਦਰ ਸਰਕਾਰ ਅਤੇ ਹਰਿਆਣਾ ਸਰਕਾਰ ਨੇ ਸਾਰੇ ਕਾਇਦੇ ਕਾਨੂੰਨਾਂ ਨੂੰ ਛਿੱਕੇ ਟੰਗ ਕੇ ਨਾਦਰਸ਼ਾਹੀ ਫਰਮਾਨ ਥੋਪ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪਾਣੀ ਦੀ ਕਮੀ ਕਾਰਨ ਜੇਕਰ ਪੰਜਾਬ ਦੀ ਕਿਸਾਨੀ ’ਤੇ ਅਸਰ ਪਿਆ ਤਾਂ ਇਸ ਨਾਲ ਸੂਬੇ ਦਾ



ਵਪਾਰੀ ਵਰਗ ਵੀ ਤਬਾਹ ਹੋ ਜਾਵੇਗਾ। ਕਿਉਂਕਿ ਜੇਕਰ ਕਿਸਾਨ ਅਤੇ ਪਿੰਡਾਂ ਵਿੱਚ ਵੱਸਦੀ ਵੱਸੋਂ ਖੁਸ਼ਹਾਲ ਨਹੀਂ ਹੋਵੇਗੀ ਤਾਂ ਸ਼ਹਿਰਾਂ ਵਿੱਚ ਵਪਾਰ ਵੀ ਖਤਮ ਹੋਣ ਕਿਨਾਰੇ ਪਹੁੰਚ ਜਾਵੇਗਾ। ਪਹਿਲਾਂ ਹੀ ਪੰਜਾਬ ਨੂੰ ਕਈ ਸਹੂਲਤਾਂ ’ਚੋਂ ਵਾਂਝੇ ਰੱਖ ਕੇ ਕੇਂਦਰ ਸਰਕਾਰ ਨੇ ਕਈ ਵਾਰ ਪੰਜਾਬ ਵਿਰੋਧੀ ਹੋਣ ਦਾ ਸਬੂਤ ਦਿੱਤਾ ਹੈ। ਇਹ ਗੱਲ ਜੱਗ ਜਾਹਰ ਹੈ ਕਿ ਕੇਂਦਰ ਸਰਕਾਰ ਨੇ ਅਜੇ ਤੱਕ ਪੰਜਾਬ ਨੂੰ ਕੋਈ ਵੀ ਪੈਕੇਜ ਨਹੀਂ ਦਿੱਤਾ ਅਤੇ ਨਾ ਹੀ ਉਦਯੋਗਾਂ ਨੂੰ ਉਤਸ਼ਾਹਿਤ ਕਰਨ ਲਈ ਕੋਈ ਵਿਸ਼ੇਸ਼ ਰਾਹਤ ਦਿੱਤੀ ਹੈ ਜਦੋਂ ਕਿ ਗੁਆਂਢੀ ਸੂਬਿਆਂ ਨੂੰ ਕਈ ਰਿਆਇਤਾਂ ਦਿੱਤੀਆਂ ਜਾ ਚੁੱਕੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਾਸੀ ਪਹਿਲਾਂ ਹੀ ਕੇਂਦਰ ਸਰਕਾਰ ਤੋਂ ਬੇਹੱਦ ਮਾਯੂਸ ਹੋ ਚੁੱਕੇ ਹਨ। ਪਰ ਹੁਣ ਇਸ ਰਿਪੇਰੀਅਨ ਸੂਬੇ ਦੇ ਪਾਣੀਆਂ ਨੂੰ ਖੋਹਣ ਦਾ ਵੱਡਾ ਫੈਸਲਾ ਕਰਕੇ ਇੱਕ ਵਾਰ ਫਿਰ ਕੇਂਦਰ ਦੀ ਭਾਜਪਾ ਸਰਕਾਰ ਨੇ ਪੰਜਾਬ ਵਾਸੀਆਂ ਦੇ ਜਖ਼ਮਾਂ ਤੇ ਲੂਣ ਛਿੜਕਿਆ ਹੈ। ਬਹਿਲ ਨੇ ਕਿਹਾ ਕਿ ਕੇਂਦਰ ਸਰਕਾਰ ਨੂੰ ਪੰਜਾਬ ਪੱਖੀ ਦੱਸਣ ਵਾਲੇ ਪੰਜਾਬ ਨਾਲ ਸੰਬੰਧਿਤ ਭਾਜਪਾ ਆਗੂ ਹੁਣ ਆਪਣੀ ਸਥਿਤੀ ਸਪਸ਼ਟ ਕਰਨ ਕਿ ਪੰਜਾਬ ਦੇ ਲੋਕਾਂ ਦੇ ਹੱਕ ਵਿੱਚ ਉਹਨਾਂ ਦਾ ਕੀ ਸਟੈਂਡ ਹੈ? ਰਮਨ ਬਹਿਲ ਨੇ ਕਿਹਾ ਕਿ ਕੇਂਦਰ ਸਰਕਾਰ ਅਤੇ ਹਰਿਆਣਾ ਸਰਕਾਰ ਨੇ ਪੰਜਾਬ ਨਾਲ ਵੱਡੀ ਧੱਕੇਸ਼ਾਹੀ ਕੀਤੀ ਹੈ। ਪਰ ਪੰਜਾਬ ਸਰਕਾਰ ਕਦੇ ਵੀ ਚੁੱਪ ਨਹੀਂ ਬੈਠੇਗੀ ਅਤੇ ਨਾ ਹੀ ਆਮ ਆਦਮੀ ਪਾਰਟੀ ਇਸ ਨੂੰ ਬਰਦਾਸ਼ਤ ਕਰੇਗੀ। ਉਹਨਾਂ ਕਿਹਾ ਕਿ ਪੰਜਾਬ ਦੇ ਪਾਣੀਆਂ ਨੂੰ ਬਚਾਉਣ ਲਈ ਹਰ ਤਰ੍ਹਾਂ ਦਾ ਸੰਘਰਸ਼ ਕੀਤਾ ਜਾਵੇਗਾ ਅਤੇ ਲੋੜ ਪੈਣ ਤੇ ਹਰ ਤਰ੍ਹਾਂ ਦੀ ਕੁਰਬਾਨੀ ਦਿੱਤੀ ਜਾਵੇਗੀ।

## ਨੈਸ਼ਨਲ ਹਾਈਵੇ ’ਤੇ ਡਰਾਈਵਰ ਨੂੰ ਨੀਂਦ ਆਉਣ ਕਾਰਨ ਕੰਟੇਨਰ ਪਲਟਿਆ

ਫਿਲੌਰ 2 ਮਈ। ਅੱਜ ਦੁਪਹਿਰ 1 ਵਜੇ ਡਰਾਈਵਰ ਦੀ ਅੱਖ ਲੱਗਣ ਕਾਰਨ ਨੈਸ਼ਨਲ ਹਾਈਵੇ ’ਤੇ ਦੁੱਧ ਨਾਲ ਭਰਿਆ ਕੰਟੇਨਰ ਪਲਟ ਗਿਆ। ਕੰਟੇਨਰ ਵਿਚ 24 ਹਜ਼ਾਰ ਲਿਟਰ ਦੁੱਧ ਭਰਿਆ ਸੀ, ਜਿਸ ਦੀ ਕੀਮਤ 12 ਲੱਖ ਰੁਪਏ ਦੱਸੀ ਜਾਂਦੀ ਹੈ। ਦੁੱਧ ਸੜਕ ’ਤੇ ਨਦੀ ਵਾਂਗ ਵਹਿਣਾ ਸ਼ੁਰੂ ਹੋ ਗਿਆ। ਦੁੱਧ ਦੀ ਨਦੀ ਚਲਦੀ ਦੇਖ ਕੇ ਆਸ-ਪਾਸ ਦੇ ਪਿੰਡਾਂ ਦੇ ਲੋਕਾਂ ਨੇ ਬਾਲਟੀਆਂ, ਪਤੀਲਿਆਂ ਤੇ ਬੋਤਲਾਂ ਵਿਚ ਦੁੱਧ ਭਰਨਾ ਸ਼ੁਰੂ ਕਰ ਦਿੱਤਾ, ਜਦੋਂਕਿ ਟਿੱਪਰ ਦਾ ਚਾਲਕ, ਜੋ ਵਿਚ ਫਸਿਆ ਸੀ, ਉਸ ਨੂੰ ਕਿਸੇ ਨੇ ਨਹੀਂ ਬਾਹਰ ਕੱਢਿਆ। ਸੂਚਨਾ ਮੁਤਾਬਕ ਅੱਜ ਦੁਪਹਿਰ 1 ਵਜੇ ਜਲੰਧਰ-ਫਿਲੌਰ ਮੁੱਖ ਹਾਈਵੇ ’ਤੇ ਜਿਵੇਂ ਹੀ 24 ਹਜ਼ਾਰ ਲਿਟਰ ਦੁੱਧ ਨਾਲ ਭਰਿਆ ਕੰਟੇਨਰ ਪਿੰਡ ਖਹਿਰਾ ਨੇੜੇ ਪੁੱਜਾ ਤਾਂ ਚਾਲਕ ਨੂੰ ਨੀਂਦ ਆ ਗਈ, ਜਿਸ ਨਾਲ ਉਸ ਦਾ ਗੱਡੀ ਤੋਂ ਸੰਤੁਲਨ ਵਿਗੜ ਗਿਆ ਅਤੇ ਉਸ ਦਾ ਕੰਟੇਨਰ ਸੜਕ ’ਤੇ ਹੀ ਅਚਾਨਕ ਪਲਟ ਗਿਆ। ਕੰਟੇਨਰ



ਪਲਟਦਿਆਂ ਹੀ ਉਸ ਵਿਚੋਂ ਤੇਜ਼ੀ ਨਾਲ ਦੁੱਧ ਬਾਹਰ ਆਉਣਾ ਸ਼ੁਰੂ ਹੋ ਗਿਆ। ਲੋਕ ਦੁੱਧ ਲੈ ਕੇ ਜਾਣ ਵਿਚ ਇੰਨੇ ਮਗਨ ਸਨ ਕਿ ਗੱਡੀ ਦਾ ਡਰਾਈਵਰ, ਜੋ ਸੀਟ ਦੇ ਥੱਲੇ ਫਸਿਆ ਹੋਇਆ ਸੀ, ਦੀਆਂ ਚੀਕਾਂ ਨੂੰ ਹਰ ਕਿਸੇ ਨੇ ਨਜ਼ਰਅੰਦਾਜ਼ ਕਰ ਦਿੱਤਾ। ਇਹੀ ਨਹੀਂ, ਹਾਈਵੇ ਤੋਂ ਲੰਘਣ ਵਾਲੇ ਕੁਝ ਵਾਹਨ ਚਾਲਕ ਵੀ ਆਪਣੀਆਂ ਗੱਡੀਆਂ ਰੋਕ ਕੇ ਦੁੱਧ ਭਰਦੇ ਦਿਖਾਈ ਦਿੱਤੇ ਅਤੇ ਕੁਝ ਲੋਕ ਆਪਣੇ ਮੋਬਾਈਲ ਫੋਨ ਤੋਂ ਲਾਈਵ ਵੀਡੀਓ ਬਣਾਉਣ ਲੱਗ ਪਏ। ਅਫਸੋਸ ਦੀ ਗੱਲ ਹੈ ਕਿ ਜ਼ਖ਼ਮੀ ਚਾਲਕ ਦੀ ਮਦਦ ਲਈ ਕੋਈ ਅੱਗੇ ਨਹੀਂ ਆਇਆ। ਆਖਿਰ ਪੁਲਸ ਨੇ ਉੱਥੇ ਪੁੱਜ ਕੇ ਗੱਡੀ ਦੇ ਚਾਲਕ ਨੂੰ ਬਾਹਰ ਕੱਢ ਕੇ ਸਿਵਲ ਹਸਪਤਾਲ ਭੇਜਿਆ। ਪੁਲਸ ਨੇ ਜਦੋਂ ਲੋਕਾਂ ਨੂੰ ਦੁੱਧ ਭਰਨ ਤੋਂ ਰੋਕਿਆ ਤਾਂ ਅੱਗੋਂ ਪਿੰਡ ਵਾਸੀਆਂ ਨੇ ਕਿਹਾ ਕਿ ਸੜਕ ’ਤੇ ਵੀ ਇਹ ਦੁੱਧ ਖਰਾਬ ਹੋ ਰਿਹਾ ਹੈ। ਜੇਕਰ ਉਹ ਉਸ ਨੂੰ ਭਰ ਕੇ ਆਪਣੇ ਘਰ ਲੈ ਕੇ ਜਾ ਰਹੇ ਹਨ ਤਾਂ ਉਨ੍ਹਾਂ ਦੇ ਕੰਮ ਹੀ ਆਵੇਗਾ।


## ਹੁੱਲੜਬਾਜ਼ੀ ਕਰਦੇ ਹੋਏ ਰੀਲ ਬਣਾਉਣ ਵਾਲੇ 3 ਨੌਜਵਾਨਾਂ ਨੂੰ ਪੁਲਸ ਨੇ ਕੀਤਾ ਕਾਬੂ

ਲੁਧਿਆਣਾ 2 ਮਈ। ਪੁਲਸ ਕਮਿਸ਼ਨਰ ਲੁਧਿਆਣਾ ਆਈ. ਪੀ. ਐੱਸ. ਸਵਪਨ ਸ਼ਰਮਾ ਨੇ ਸ਼ਹਿਰ ’ਚ ਹੁੱਲੜਬਾਜ਼ੀ ਕਰਦੇ ਹੋਏ ਵੀਡੀਓ ਬਣਾ ਕੇ ਸੋਸ਼ਲ ਮੀਡੀਆ ’ਤੇ ਅਪਲੋਡ ਕਰਨ ਵਾਲੇ ਨੌਜਵਾਨਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਹੈ। 3 ਮੁਲਜ਼ਮਾਂ ਖਿਲਾਫ਼ ਪੀ. ਏ. ਯੂ. ਪੁਲਸ ਸਟੇਸ਼ਨ ’ਚ ਕੇਸ ਦਰਜ ਕੀਤਾ ਗਿਆ ਹੈ। ਜਾਣਕਾਰੀ ਦਿੰਦੇ ਹੋਏ ਏ. ਸੀ. ਪੀ. ਵੈਸਟ ਜਤਿੰਦਰਪਾਲ ਸਿੰਘ ਅਤੇ ਥਾਣਾ ਇੰਚਾਰਜ ਇੰਸਪੈਕਟਰ ਹਰਸ਼ਵੀਰ ਸਿੰਘ ਨੇ ਦੱਸਿਆ ਕਿ ਕੱਲ੍ਹ 3 ਨਾਬਾਲਿਗ ਨੌਜਵਾਨਾਂ ਨੇ ਮੋਟਰਸਾਈਕਲ ਚਲਾਉਂਦੇ ਹੋਏ ਹੁੱਲੜਬਾਜ਼ੀ ਕਰ ਕੇ ਵੀਡੀਓ ਬਣਾ ਰਹੇ ਸੀ, ਜਿਸ ਤੋਂ ਬਾਅਦ ਉਕਤ ਨੌਜਵਾਨਾਂ ਨੇ ਵੀਡੀਓ ਇੰਟਰਨੈੱਟ ’ਤੇ ਅਪਲੋਡ ਕਰ ਦਿੱਤੀ। ਉਨ੍ਹਾਂ ਕਿਹਾ ਕਿ ਜਿਉਂ ਹੀ ਪੁਲਸ ਨੂੰ ਉਕਤ ਵੀਡੀਓ ਇੰਟਰਨੈੱਟ ’ਤੇ ਮਿਲੀ ਤਾਂ ਪੁਲਸ ਨੇ ਤੁਰੰਤ ਕਾਰਵਾਈ ਕੀਤੀ ਅਤੇ 3 ਨੌਜਵਾਨਾਂ ਦੀ ਪਛਾਣ ਝੁੱਗੀਆਂ, ਪੈਟਰੋਲ ਪੰਪ ਨੇੜੇ, ਪੰਜਪੀਰ ਰੋਡ ਦੇ ਰਹਿਣ ਵਾਲਿਆਂ ਵਜੋਂ ਕੀਤੀ, ਜਿਸ ਤੋਂ ਬਾਅਦ ਪੁਲਸ ਨੇ ਤਿੰਨੇ ਨਾਬਾਲਿਗਾਂ ਨੂੰ ਗ੍ਰਿਫ਼ਤਾਰ ਕਰ ਲਿਆ। ਉਨ੍ਹਾਂ ਕਿਹਾ ਕਿ ਤਿੰਨੋਂ ਨੌਜਵਾਨਾਂ ਦੀ ਉਮਰ 15 ਤੋਂ 17 ਸਾਲ ਦੇ ਵਿਚਕਾਰ ਹੈ। ਇਸ ਤੋਂ ਬਾਅਦ ਪੁਲਸ ਨੇ ਉਨ੍ਹਾਂ ਵਿਰੁੱਧ ਮਾਮਲਾ ਦਰਜ ਕਰ ਲਿਆ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਅਜਿਹੀ ਹੁੱਲੜਬਾਜ਼ੀ ਕਰਦੇ ਹੋਏ ਸੋਸ਼ਲ ਮੀਡੀਆ ’ਤੇ ਵੀਡੀਓ ਪੋਸਟ ਕਰਦਾ ਹੈ ਤਾਂ ਉਸ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਪੰਜਾਬ ਯੂਨੀਵਰਸਿਟੀ ਦੇ ਕਾਲਜਾਂ ਨੂੰ ਸਪੱਸ਼ਟ ਨਿਰਦੇਸ਼ ! ਸਟਾਫ ਨੂੰ 7ਵੇਂ ਤਨਖਾਹ ਸਕੇਲ ਅਨੁਸਾਰ ਤਨਖਾਹ ਦਿਓ

**ਕਿਸ਼ਨ ਪਾਲ**

ਲੁਧਿਆਣਾ 2 ਮਈ। ਪੰਜਾਬ ਯੂਨੀਵਰਸਿਟੀ ਵੱਲੋਂ ਵਾਰ-ਵਾਰ ਬੇਨਤੀਆਂ ਕਰਨ ਦੇ ਬਾਵਜੂਦ, ਜ਼ਿਆਦਾਤਰ ਕਾਲਜ ਆਪਣੇ ਸਟਾਫ਼ ਨੂੰ 7ਵੇਂ ਤਨਖਾਹ ਕਮਿਸ਼ਨ ਦੇ ਲਾਭ ਨਹੀਂ ਦੇ ਰਹੇ ਹਨ। ਇਹੀ ਕਾਰਨ ਹੈ ਕਿ ਪੀਯੂ ਦੀ ਡੀਨ ਕਾਲਜ ਡਿਵੈਲਪਮੈਂਟ ਕੌਂਸਲ (ਡੀਸੀਡੀਸੀ) ਨੇ ਅੱਜ ਸਾਰੇ ਕਾਲਜਾਂ ਦੇ ਪ੍ਰਬੰਧਨ ਅਤੇ ਪ੍ਰਿੰਸੀਪਲਾਂ ਨੂੰ ਇੱਕ ਪੱਤਰ ਜਾਰੀ ਕਰਕੇ ਕਿਹਾ ਹੈ ਕਿ ਸਟਾਫ ਨੂੰ 7ਵੇਂ ਤਨਖਾਹ ਕਮਿਸ਼ਨ ਦਾ ਲਾਭ ਦਿੱਤਾ ਜਾਵੇ। ਯੂਨੀਵਰਸਿਟੀ ਨੇ ਸਪੱਸ਼ਟ ਕੀਤਾ ਹੈ ਕਿ ਜੇਕਰ ਕਾਲਜ ਦਸੰਬਰ 2023 ਵਿੱਚ ਜਾਰੀ ਹਦਾਇਤਾਂ ਦੀ ਤੁਰੰਤ ਪਾਲਣਾ ਨਹੀਂ ਕਰਦੇ ਹਨ, ਤਾਂ ਉਨ੍ਹਾਂ ਵਿਰੁੱਧ ਨਿਯਮਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਕਾਲਜ ਅਧਿਆਪਕਾਂ ਦੀ ਇੱਕ ਸੰਸਥਾ, ਐਸੋਸੀਏਸ਼ਨ ਆਫ਼ ਯੂਨਾਈਟਿਡ ਕਾਲਜ ਟੀਚਰਜ਼ (1”3“) ਨੇ ਕੁਝ ਦਿਨ ਪਹਿਲਾਂ ਪੰਜਾਬ ਯੂਨੀਵਰਸਿਟੀ ਕਾਲਜ ਵਿਕਾਸ ਕੌਂਸਲ ਦੇ ਡਾ. ਸੰਜੇ ਕੌਸ਼ਿਕ ਨਾਲ ਮੁਲਾਕਾਤ ਕੀਤੀ ਸੀ ਅਤੇ ਮੰਗ ਕੀਤੀ ਸੀ ਕਿ ਦਸੰਬਰ 2023 ਦੇ ਪੱਤਰ ਅਨੁਸਾਰ ਕਾਲਜਾਂ ਵਿਰੁੱਧ ਤੁਰੰਤ ਅਤੇ ਸਖ਼ਤ ਕਾਰਵਾਈ ਕੀਤੀ ਜਾਵੇ। ਸੰਗਠਨ ਦੇ ਬੁਲਾਰੇ ਪ੍ਰੋ. ਤਰੁਣ ਘਈ ਨੇ



ਕਿਹਾ ਕਿ ਪੰਜਾਬ ਸਰਕਾਰ ਨੇ 28 ਸਤੰਬਰ 2022 ਨੂੰ ਸੂਬੇ ਦੇ ਕਾਲਜਾਂ ਵਿੱਚ 7ਵਾਂ ਤਨਖਾਹ ਸਕੇਲ ਲਾਗੂ ਕਰ ਦਿੱਤਾ ਸੀ, ਪਰ ਢਾਈ ਸਾਲ ਬੀਤ ਜਾਣ ਦੇ ਬਾਵਜੂਦ, 99 ਪ੍ਰਤੀਸ਼ਤ ਕਾਲਜਾਂ ਨੇ ਇਸਨੂੰ ਲਾਗੂ ਨਹੀਂ ਕੀਤਾ ਹੈ। ਇਸ ਤੋਂ ਬਾਅਦ ਪੰਜਾਬ ਯੂਨੀਵਰਸਿਟੀ ਨੇ ਇੱਕ ਹੁਕਮ ਜਾਰੀ ਕਰਕੇ 21 ਦਿਨਾਂ ਦੇ ਅੰਦਰ ਤਨਖਾਹ ਸਕੇਲ ਲਾਗੂ ਕਰਨ ਦੀ ਚੇਤਾਵਨੀ ਦਿੱਤੀ। ਪ੍ਰੋ. ਤਰੁਣ ਘਈ ਨੇ ਕਿਹਾ ਕਿ ਉਨ੍ਹਾਂ ਦੀ ਮੰਗ ਤੋਂ ਬਾਅਦ, ਯੂਨੀਵਰਸਿਟੀ ਨੇ ਹੁਣ ਇੱਕ ਹੋਰ ਪੱਤਰ ਜਾਰੀ ਕੀਤਾ ਹੈ ਜਿਸ ਵਿੱਚ ਸਪੱਸ਼ਟ ਕੀਤਾ ਗਿਆ ਹੈ ਕਿ ਜੇਕਰ ਕਾਲਜ ਅਧਿਆਪਕਾਂ ਨੂੰ 7ਵਾਂ ਤਨਖਾਹ ਸਕੇਲ ਨਹੀਂ ਦਿੰਦੇ ਹਨ ਤਾਂ ਨਿਯਮਾਂ ਅਨੁਸਾਰ ਕਾਲਜਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਏਯੂਸੀਟੀ ਦੇ ਜਨਰਲ ਸਕੱਤਰ ਪ੍ਰੋ. ਜਸਪਾਲ ਸਿੰਘ ਨੇ ਇਹ ਵੀ ਚੇਤਾਵਨੀ ਦਿੱਤੀ ਕਿ ਜੇਕਰ ਮਈ ਮਹੀਨੇ ਦੀ ਤਨਖਾਹ ਨਵੇਂ ਤਨਖਾਹ ਸਕੇਲ ਅਨੁਸਾਰ ਨਹੀਂ ਦਿੱਤੀ ਜਾਂਦੀ, ਤਾਂ ਸੰਗਠਨ ਕਾਲਜਾਂ ਦੇ ਸਾਹਮਣੇ ਧਰਨਾ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਵੇਗਾ ਅਤੇ ਯੂਨੀਵਰਸਿਟੀ ਤੋਂ ਕਾਲਜਾਂ ਦੀ ਮਾਨਤਾ ਰੱਦ ਕਰਨ ਦੀ ਮੰਗ ਕਰੇਗਾ। ਸੰਸਥਾ ਨੇ ਸਮੇਂ ਸਿਰ ਕਾਰਵਾਈ ਕਰਨ ਲਈ ਯੂਨੀਵਰਸਿਟੀ ਅਤੇ ਡਾ. ਸੰਜੇ ਕੌਸ਼ਿਕ ਦਾ ਧੰਨਵਾਦ ਕੀਤਾ।

## ਰਿਸ਼ਵਤ ਲੈਣ ਦੇ ਦੋਸ਼ ’ਚ ਚੰਡੀਗੜ੍ਹ ਹਾਊਸਿੰਗ ਬੋਰਡ ਦੇ ਸਾਬਕਾ ਸੀਨੀਅਰ ਅਸਿਸਟੈਂਟ ਨੂੰ ਸਜ਼ਾ

ਚੰਡੀਗੜ੍ਹ 2 ਮਈ। ਧਨਾਸ ਦੀ ਈ. ਡਬਲਿਊ. ਐੱਸ. ਕਾਲੋਨੀ ਦੇ ਰਹਿਣ ਵਾਲੇ ਵਿਅਕਤੀ ਨੂੰ ਡੁਪਲੀਕੇਟ ਕਾਗਜ਼ਾਤ ਦੇਣ ਦੇ ਨਾਂ ’ਤੇ 20 ਹਜ਼ਾਰ ਰੁਪਏ ਰਿਸ਼ਵਤ ਲੈਣ ਦੇ ਦੋਸ਼ ’ਚ ਫੜ੍ਹੇ ਗਏ ਚੰਡੀਗੜ੍ਹ ਹਾਊਸਿੰਗ ਬੋਰਡ ਦੇ ਸੀਨੀਅਰ ਅਸਿਸਟੈਂਟ ਜਗਦੀਸ਼ ਰਾਜ ਮਨਚੰਦਾ ਨੂੰ ਜ਼ਿਲ੍ਹਾ ਅਦਾਲਤ ਨੇ 4 ਸਾਲ ਦੀ ਕੈਦ ਅਤੇ 20 ਹਜ਼ਾਰ ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ। ਮਾਮਲੇ ’ਚ ਸਜ਼ਾ ਪਾਉਣ ਵਾਲੇ ਮੁਲਜ਼ਮ ਨੂੰ ਯੂ. ਟੀ. ਵਿਜੀਲੈਂਸ ਨੇ ਕਰੀਬ 5 ਸਾਲ ਪਹਿਲਾਂ ਗ੍ਰਿਫ਼ਤਾਰ ਕੀਤਾ ਸੀ। ਧਨਾਸ ਦੀ



ਈ. ਡਬਲਿਊ. ਐੱਸ. ਕਾਲੋਨੀ ਦੇ ਰਹਿਣ ਵਾਲੇ ਇਫਤੇਖਾਰ ਨੇ ਵਿਜੀਲੈਂਸ ਨੂੰ ਦਿੱਤੀ ਸ਼ਿਕਾਇਤ ’ਚ ਦੱਸਿਆ ਸੀ ਕਿ ਉਸ ਦੇ ਫਲੈਟ ਦਾ ਅਲਾਟਮੈਂਟ ਅਤੇ ਪੁਜੈਸ਼ਨ ਲੈਟਰ ਗੁੰਮ ਹੋ ਗਿਆ ਸੀ। ਉਹ ਸੈਕਟਰ-9 ਸਥਿਤ ਚੰਡੀਗੜ੍ਹ ਹਾਊਸਿੰਗ ਬੋਰਡ ’ਚ ਡੁਪਲੀਕੇਟ ਕਾਗਜ਼ਾਤ ਬਾਰੇ ਪਤਾ ਕਰਨ ਗਿਆ ਸੀ। ਉੱਥੇ ਉਸ ਦੀ ਮੁਲਾਕਾਤ ਜਗਦੀਸ਼ ਰਾਜ ਮਨਚੰਦਾ ਨਾਲ ਹੋਈ। ਮਨਚੰਦਾ ਨੇ ਦੱਸਿਆ ਕਿ ਉਹ ਹਾਊਸਿੰਗ ਬੋਰਡ ਵਿਚ ਸੀਨੀਅਰ ਅਸਿਸਟੈਂਟ ਹੈ। ਸ਼ਿਕਾਇਤਕਰਤਾ ਇਫਤੇਖਾਰ ਨੇ ਜਦੋਂ ਫਲੈਟ ਦੇ ਡੁਪਲੀਕੇਟ ਕਾਗਜ਼ਾਤ ਦੀ ਗੱਲ ਕਹੀ ਤਾਂ ਮਨਚੰਦਾ ਨੇ ਕਿਹਾ ਕਿ ਕਾਗਜ਼ਾਤ ਮਿਲ ਜਾਣਗੇ, ਪਰ ਇਸਦੇ ਬਦਲੇ ’ਚ 50 ਹਜ਼ਾਰ ਰੁਪਏ ਦੇਣੇ ਪੈਣਗੇ। ਫਿਰ ਦੋਵਾਂ ਵਿਚਾਲੇ 40 ਹਜ਼ਾਰ ਰੁਪਏ ’ਚ ਗੱਲ ਤੈਅ ਹੋ ਗਈ। ਮਨਚੰਦਾ ਨੇ ਸ਼ਿਕਾਇਤਕਰਤਾ ਨੂੰ 20 ਹਜ਼ਾਰ ਰੁਪਏ ਐਡਵਾਂਸ ਦੇਣ ਲਈ ਕਿਹਾ। ਇਲਜ਼ਾਮ ਮੁਤਾਬਕ ਮਨਚੰਦਾ ਨੇ ਸ਼ਿਕਾਇਤਕਰਤਾ ਨੂੰ ਆਪਣੇ ਘਰ ਪੈਸੇ ਲੈ ਕੇ ਆਉਣ ਲਈ ਕਿਹਾ। ਇਸ ਸਬੰਧੀ ਸ਼ਿਕਾਇਤਕਰਤਾ ਨੇ ਵਿਜੀਲੈਂਸ ਨੂੰ ਸ਼ਿਕਾਇਤ ਦੇ ਦਿੱਤੀ। ਵਿਜੀਲੈਂਸ ਨੇ ਮੁਲਜ਼ਮ ਨੂੰ ਫੜ੍ਹਨ ਲਈ ਵਿਸ਼ੇਸ਼ ਟੀਮ ਬਣਾਈ ਅਤੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਸੀ।

## ਪਾਣੀ ਦੇ ਮਾਮਲੇ ’ਤੇ ਘਮਸਾਣ, ਮੰਤਰੀ ਅਮਨ ਅਰੋੜਾ ਦਾ ਵੱਡਾ ਬਿਆਨ

ਚੰਡੀਗੜ੍ਹ 2 ਮਈ। ਪੰਜਾਬ ਅਤੇ ਹਰਿਆਣਾ ’ਚ ਬੀ. ਬੀ. ਐੱਮ. ਬੀ. ਦੇ ਵਾਧੂ ਪਾਣੀ ਦੇ ਮਾਮਲੇ ’ਤੇ ਸਿਆਸੀ ਘਮਸਾਣ ਤੇਜ਼ ਹੋ ਗਿਆ ਹੈ। ਦੋਵੇਂ ਸੂਬਿਆਂ ਦੇ ਆਗੂ ਆਹਮੋ-ਸਾਹਮਣੇ ਹੋ ਗਏ ਹਨ। ਆਮ ਆਦਮੀ ਪਾਰਟੀ ਦੀ ਪੰਜਾਬ ਇਕਾਈ ਦੇ ਪ੍ਰਧਾਨ ਅਤੇ ਮੰਤਰੀ ਅਮਨ ਅਰੋੜਾ ਨੇ ਆਖਿਆ ਹੈ ਕਿ ਪੰਜਾਬ ਦੇ ਅਧਿਕਾਰੀਆਂ ਨੂੰ ਰਾਤੋਂ-ਰਾਤ ਬੀ. ਬੀ. ਐੱਮ.ਬੀ. ਤੋਂ ਹਟਾ ਦਿੱਤਾ ਗਿਆ ਹੈ ਅਤੇ ਹਰਿਆਣਾ ਦੇ ਅਧਿਕਾਰੀ ਲਗਾ ਦਿੱਤੇ ਗਏ। ਉਨ੍ਹਾਂ ਕਿਹਾ ਕਿ ਆਪਣੀ ਆਦਮ ਮੁਤਾਬਕ ਬਾਜਪਾ ਪੰਜਾਬ ਨਾਲ ਲਗਾਤਾਰ ਧੋਖੇ ਨਾਲ ਧੋਖਾ ਕਰ ਰਹੀ ਹੈ, ਹੁਣ ਵੀ ਧੋਖੇ ਨਾਲ ਪੰਜਾਬ ਦੇ ਅਧਿਕਾਰੀ ਹਟਾ ਦਿੱਤੇ ਗਏ। ਭਾਜਪਾ ਦਾ ਇਸ ਤੋਂ ਸ਼ਰਮਨਾਕ ਕਾਰਾ ਹੋਰ ਕੀ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਭਾਜਪਾ ਪੂਰੀ ਤਰ੍ਹਾਂ ਪੰਜਾਬ ਨਾਲ ਧੱਕਾ ਕਰ ਰਹੀ ਹੈ। ਅਰੋੜਾ ਨੇ ਕਿਹਾ ਕਿ ਜੇਕਰ ਸੁਨੀਲ ਜਾਖੜ ਅਤੇ ਰਵਨੀਤ ਬਿੱਟੂ ਸੱਚੇ ਪੰਜਾਬੀ ਹਨ ਤਾਂ ਤੁਰੰਤ ਭਾਜਪਾ ਵਿਚੋਂ ਅਸਤੀਫਾ ਦੇ ਕੇ ਤਿੰਨ ਕਰੋੜ ਪੰਜਾਬੀਆਂ ਦੇ ਹੱਕ ਵਿਚ ਖੜਨਾ ਚਾਹੀਦਾ ਹੈ।

## ਜ਼ੀਰਕਪੁਰ ’ਚ ਪਾਵਰਕਾਮ ਮੁਲਾਜ਼ਮ ਦੀ ਬਿਜਲੀ ਠੀਕ ਕਰਦਿਆਂ ਹੋਈ ਮੌਤ

ਜ਼ੀਰਕਪੁਰ 2 ਮਈ। ਜ਼ੀਰਕਪੁਰ ਦੇ ਪਟਿਆਲਾ ਰੋਡ ’ਤੇ ਨਿਊ ਡਿਫੈਂਸ ਕਾਲੋਨੀ ’ਚ ਇਕ ਪਾਵਰਕਾਮ ਮੁਲਾਜ਼ਮ ਦਾ ਆਪਣੀ ਡਿਊਟੀ ਨਿਭਾਉਂਦੇ ਹੋਏ ਦੁਖਦਾਈ ਅੰਤ ਹੋ ਗਿਆ। ਮ੍ਰਿਤਕ ਦੀ ਪਛਾਣ ਹਰਪ੍ਰੀਤ ਸਿੰਘ ਨਿਵਾਸੀ ਬਨੂੜ, ਜਿਸ ਦੀ ਉਮਰ 25 ਤੋਂ 30 ਸਾਲ ਦੇ ਵਿਚਾਲੇ ਦੱਸੀ ਜਾ ਰਹੀ ਹੈ, ਨੂੰ ਟਰਾਂਸਫਾਰਮਰ ’ਤੇ ਬਿਜਲੀ ਦੀ ਮੁਰੰਮਤ ਕਰਦੇ ਸਮੇਂ 11 ਕੇ. ਵੀ. ਲਾਈਨ ਨਾਲ ਕਰੰਟ ਲੱਗ ਗਿਆ। ਕਰੰਟ ਲੱਗਣ ਤੋਂ ਬਾਅਦ ਬੜੀ ਮੁਸ਼ਕਲ ਨਾਲ ਉਸ ਨੂੰ ਥੱਲੇ ਉਤਾਰਿਆ ਗਿਆ। ਇਸ ਘਟਨਾ ਨੇ ਬਿਜਲੀ ਮੁਲਾਜ਼ਮਾਂ ਲਈ ਸਖ਼ਤ ਸੁਰੱਖਿਆ ਉਪਾਵਾਂ ਨੂੰ ਲਾਗੂ ਕਰਨ ਦੀ ਮਹੱਤਤਾ ਨੂੰ ਉਜਾਗਰ ਕੀਤਾ ਹੈ। ਪਾਵਰਕਾਮ ਉੱਪ ਮੰਡਲ ਦੇ ਐੱਸ. ਡੀ. ਓ. ਰਾਜੇਸ਼ ਭਾਟੀਆ ਅਨੁਸਾਰ ਉਨ੍ਹਾਂ ਨੂੰ ਇਸ ਦੁਖਦਾਈ ਘਟਨਾ ਦੀ ਰਿਪੋਰਟ ਜੇ. ਈ. ਨੇ ਕੀਤੀ। ਮੁਲਾਜ਼ਮ ਨੂੰ ਨਿੱਜੀ ਹਸਪਤਾਲ ਲਿਜਾਇਆ ਗਿਆ, ਜਿੱਥੋਂ ਉਸ ਨੂੰ ਚੰਡੀਗੜ੍ਹ ਦੇ ਸੈਕਟਰ 32 ਹਸਪਤਾਲ ਰੈਫ਼ਰ ਕਰ ਦਿੱਤਾ ਪਰ ਬਦਕਿਸਮਤੀ ਨਾਲ ਉਸ ਨੂੰ ਬਚਾਇਆ ਨਹੀਂ ਜਾ ਸਕਿਆ। ਸਮੁੱਚਾ ਪਾਵਰਕਾਮ ਭਾਈਚਾਰਾ ਇਸ ਮੰਦਭਾਗੀ ਘਟਨਾ ਤੋਂ ਬਹੁਤ ਦੁਖੀ ਹੈ ਅਤੇ ਮ੍ਰਿਤਕਾਂ ਦੇ ਪਰਿਵਾਰ ਨਾਲ ਦਿਲੋਂ ਹਮਦਰਦੀ ਪ੍ਰਗਟ ਕਰਦਾ ਹੈ।

# ਸਾਰੇ ਫਰੀਡਮ ਫਾਈਟਰ ਪਰਿਵਾਰ ਇਕ ਮੰਚ ’ਤੇ ਇਕੱਠੇ ਕਰਨਾ ਥਾਪਰ ਪਰਿਵਾਰ ਦਾ ਵੱਡਾ ਉਪਰਾਲਾ : ਪਦਮਸ਼ਰੀ ਵਿਜੇ ਚੋਪੜਾ

**ਏਜੰਸੀਆਂ**

ਮੋਗਾ 2 ਮਈ। ਪ੍ਰਸਿੱਧ ਅਜ਼ਾਦੀ ਘੁਲਾਟੀਏ, ਗਾਂਧੀਵਾਦੀ ਸੋਚ ਦੇ ਧਾਰਨੀ ਅਤੇ ਪੰਜਾਬ ਦੇ ਸਾਬਕਾ ਮੰਤਰੀ ਡਾ. ਐੱਸਐੱਲ ਥਾਪਰ ਦੀ 50 ਬਰਸੀ ਨੂੰ ਸਮਰਪਿਤ ਡਾ. ਸ਼ਿਆਮ ਲਾਲ ਥਾਪਰ ਫਾਊਂਡੇਸ਼ਨ ਵੱਲੋਂ ਡਾ. ਮਾਲਤੀ ਥਾਪਰ ਸਾਬਕਾ ਮੰਤਰੀ ਪੰਜਾਬ ਅਤੇ ਡਾ. ਪਵਨ ਥਾਪਰ, ਡਾਇਰੈਕਟਰ ਦੀ ਅਗਵਾਈ ਹੇਠ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਸਮਾਗਮ ਦੀ ਸਭ ਤੋਂ ਵਿਲੱਖਣ ਖਾਸੀਅਤ ਇਹ ਸੀ ਕਿ ਬਰਸੀ ਸਮਾਗਮ ਨੂੰ ਅਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ ਨੂੰ ਸਮਰਪਿਤ ਕੀਤਾ ਗਿਆ, ਜਿਸ ਵਿਚ ਰਾਜ ਭਰ ਨੂੰ ਸੁਤੰਤਰਤਾ ਸੰਗਰਾਮੀ ਪਰਿਵਾਰਾਂ ਦੇ ਵਾਰਿਸ ਪੁੱਜੇ। ਸਮਾਗਮ ਵਿਚ ਵਿਸ਼ੇਸ਼ ਤੌਰ ’ਤੇ ਪੁੱਜੇ ਪੰਜਾਬ ਕੇਸਰੀ ਸਮੂਹ ਦੇ ਮੁੱਖ ਸੰਪਾਦਕ ਪਦਮਸ਼?ਰੀ ਵਿਜੇ ਚੋਪੜਾ ਜੀ ਨੇ ਕਿਹਾ ਕਿ ਮੋਗਾ ਦੇ ਥਾਪਰ ਪਰਿਵਾਰ ਦਾ ਸੁਤੰਤਰਤਾ ਸੰਗਰਾਮੀ ਲਹਿਰ ਵਿਚ ਵਿਲੱਖਣ ਯੋਗਦਾਨ ਹੈ। ਉਨ੍ਹਾਂ ਕਿਹਾ ਕਿ ਪਰਿਵਾਰ ਵਧਾਈ ਦਾ ਪਾਤਰ ਹੈ ਜਿਨ੍ਹਾਂ ਸਾਰੇ ਫਰੀਡਮ ਫਾਈਟਰ ਇੱਕ ਮੰਚ ’ਤੇ ਇਕੱਠੇ ਕੀਤੇ। ਉਨ੍ਹਾਂ ਕਿਹਾ ਕਿ ਅਜ਼ਾਦੀ ਮਗਰੋਂ ਸਮੇਂ-ਸਮੇਂ ’ਤੇ ਪੰਜਾਬ ਅਤੇ ਦੇਸ਼ ਵਿਚ ਨਸ਼ਾ ਵੱਧਦਾ ਗਿਆ, ਜੋ ਚਿੰਤਾ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਹੈਰਾਨੀ ਇਸ ਗੱਲ ਦੀ ਹੈ ਕਿ ਸਮੇਂ ਦੀਆਂ ਸਰਕਾਰਾਂ ਸ਼ਰਾਬ ਨੂੰ ਨਸ਼ਾ ਮੰਨਣ ਦੀ ਥਾਂ ਤੇ ਇਸ ਪੈਸੇ ਦੀ ਕਮਾਈ ਨਾਲ




ਸੂਬਾ ਚਲਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਆਜ਼ਾਦੀ ਤੋਂ ਪਹਿਲਾ ਸ਼ਰਾਬ ਦੇ ਠੇਕਿਆਂ ਵਿਰੁੱਧ ਅੰਦੋਲਨ ਚੱਲਦਾ ਰਿਹਾ ਹੈ ਜਿਸ ਵਿਚ ਉਨ੍ਹਾਂ ਦੇ ਮਾਤਾ ਜੀ ਖੁਦ ਜੇਲ੍ਹ ਗਏ ਸਨ। ਪੰਜਾਬ ਦੇ ਸਾਬਕਾ ਮੁੱਖ ਮੰਤਰੀ ਬੀਬੀ ਰਾਜਿੰਦਰ ਕੌਰ ਭੱਠਲ ਨੇ ਕਿਹਾ ਕਿ ਅਜ਼ਾਦੀ ਪ੍ਰਵਾਨਿਆਂ ਮੂਹਰੇ ਸਿਰ ਝੁਕਦਾ ਹੈ। ਉਨ੍ਹਾਂ ਕਿਹਾ ਕਿ ਇਹ ਪੰਜਾਬ ਦਾ ਪਹਿਲਾ ਇੰਨਾ ਵੱਡਾ ਸਮਾਗਮ ਹੋ ਰਿਹਾ ਹੈ ਜਿਸ ਵਿਚ ਸਮੁੱਚੀ ਫਾਊਂਡੇਸ਼ਨ ਵਧਾਈ ਦੀ ਪਾਤਰ ਹੈ। ਪੰਜਾਬ ਸਰਕਾਰ ਆਜ਼ਾਦੀ ਘੁਲਾਟੀਆਂ, ਸੁਤੰਤਰਤਾ ਸੰਗਰਾਮੀਆਂ ਸਮੇਤ ਉਨ੍ਹਾਂ ਦੇ ਪਰਿਵਾਰਾਂ ਨੂੰ ਬਣਦਾ ਮਾਨ ਸਨਮਾਨ ਦੇਣ ਲਈ ਦ੍ਰਿੜ ਵਚਨਬੱਧ ਹੈ। ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾ ਨੇ ਕਿਹਾ ਕਿ ਪੰਜਾਬ ਸਰਕਾਰ ਸ਼ਹੀਦਾਂ ਦੇ ਪਰਿਵਾਰਾਂ ਨੂੰ ਬਣਦਾ ਮਾਣ ਸਨਮਾਨ ਦੇਣ ਲਈ ਵਚਨਬੱਧ ਹੈ। ਪਦਮਸ਼?ਰੀ ਵਿਜੇ ਚੋਪੜਾ ਜੀ ਵੱਲੋਂ ਸਾਬਕਾ ਮੰਤਰੀ ਡਾ. ਮਾਲਤੀ ਥਾਪਰ, ਸਾਬਕਾ ਮੰਤਰੀ ਉਪਿੰਦਰ ਸ਼ਰਮਾ, ਡਾ. ਪਵਨ ਥਾਪਰ ਆਦਿ ਦੀ ਹਾਜ਼ਰੀ ਵਿਚ 213 ਅਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ ਦਾ ਸਨਮਾਨ ਕੀਤਾ। ਸਾਬਕਾ ਮੰਤਰੀ ਡਾ. ਮਾਲਤੀ ਥਾਪਰ ਨੇ ਸਮਾਗਮ ਵਿਚ ਪਹੁੰਚੀਆਂ ਸਖਸੀਅਤਾਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪਦਮਸ਼?ਰੀ ਵਿਜੇ ਚੋਪੜਾ ਜੀ ਜੋ ਆਪ ਇੱਕ ਅਜ਼ਾਦੀ ਘੁਲਾਟੀਏ ਪਰਿਵਾਰ ਵਿਚੋਂ ਹਨ, ਉਨ੍ਹਾਂ ਦੀ ਆਮਦ ਨਾਲ ਸਮਾਗਮ ਹੋਰ ਚੰਗੇਰਾ ਬਣਿਆ ਹੈ।

# ਆੜ੍ਹਤ ਦੀ ਚੈਕਿੰਗ ਕਰਨ ਗਏ ਜ਼ਿਲ੍ਹਾ ਮੰਡੀ ਅਫਸਰ ਨੂੰ ਸਰਕਾਰੀ ਅਧਿਆਪਕ ਨੇ ਬਣਾਇਆ ਬੰਧਕ

**ਏਜੰਸੀਆਂ**

ਅੰਮ੍ਰਿਤਸਰ 2 ਮਈ। ਦਾਣਾ ਮੰਡੀ ਖਾਸਾ ਅਧੀਨ ਪੈਂਦੇ ਪਿੰਡ ਖੁਰਮਨੀਆ ਵਿਚ ਇਕ ਗੈਰ-ਕਾਨੂੰਨੀ ਆੜ੍ਹਤ ਦੀ ਚੈਕਿੰਗ ਕਰਨ ਗਏ ਜ਼ਿਲ੍ਹਾ ਮੰਡੀ ਅਫ਼ਸਰ ਅਮਨਦੀਪ ਸਿੰਘ ਅਤੇ ਉਨ੍ਹਾਂ ਦੀ ਟੀਮ ਨੂੰ ਇਕ ਸਰਕਾਰੀ ਅਧਿਆਪਕ ਨੇ ਬੰਧਕ ਬਣਾ ਲਿਆ ਅਤੇ ਉਨ੍ਹਾਂ ਨੂੰ ਧਮਕੀਆਂ ਦੇਣੀਆਂ ਸ਼ੁਰੂ ਕਰ ਦਿੱਤੀਆਂ। ਅਧਿਕਾਰੀਆਂ ਅਤੇ ਸਟਾਫ਼ ਨੇ ਆਪਣਾ ਹੌਸਲਾ ਨਹੀਂ ਹਾਰਿਆ ਅਤੇ ਇਸ ਬਾਰੇ ਡੀ. ਸੀ. ਸਾਕਸ਼ੀ ਸਾਹਨੀ ਨੂੰ ਸੂਚਿਤ ਕੀਤਾ ਤਾਂ ਡੀ. ਸੀ. ਦੇ ਦਖਲ ਤੋਂ ਬਾਅਦ ਪੁਲਸ ਟੀਮ ਮੌਕੇ ’ਤੇ ਆਈ ਅਤੇ ਅਧਿਕਾਰੀਆਂ, ਸਟਾਫ਼ ਅਤੇ ਉਨ੍ਹਾਂ ਦੇ ਵਾਹਨ ਨੂੰ ਛੁਡਵਾਇਆ। ਪੁਲਸ ਨੂੰ ਦਿੱਤੀ ਸ਼ਿਕਾਇਤ ਵਿਚ ਜ਼ਿਲ੍ਹਾ ਮੰਡੀ ਅਫ਼ਸਰ ਨੇ ਦੱਸਿਆ ਕਿ ਉਨ੍ਹਾਂ ਨੂੰ ਸੂਚਨਾ ਮਿਲੀ ਸੀ ਕਿ ਸਤਨਾਮ ਸਿੰਘ ਨਾਮ ਦਾ ਇਕ ਸਰਕਾਰੀ ਅਧਿਆਪਕ ਆਪਣੀ ਰਿਹਾਇਸ਼ ਤੋਂ ਹੀ ਆੜ੍ਹਤ ਦਾ ਕੰਮ ਕਰ ਰਿਹਾ ਹੈ, ਜੋ ਕਿ ਪੰਜਾਬ ਰਾਜ ਖੇਤੀਬਾੜੀ ਮੰਡੀਕਰਨ ਉਤਪਾਦ ਐਕਟ 1961 ਦੀ ਉਲੰਘਣਾ ਹੈ। ਇਸ ਕਾਨੂੰਨ ਤਹਿਤ ਕਿਸਾਨਾਂ ਵੱਲੋਂ ਲਿਆਂਦੀ ਗਈ ਫ਼ਸਲ ਸਿਰਫ਼ ਸਰਕਾਰ ਵੱਲੋਂ ਐਲਾਨੀਆਂ ਮੰਡੀਆਂ ਵਿਚ ਹੀ ਖਰੀਦੀ ਜਾ ਸਕਦੀ ਹੈ, ਜਦੋਂ ਵਿਭਾਗ ਦੀ ਟੀਮ ਨੇ ਮੌਕੇ ’ਤੇ ਜਾ ਕੇ ਦੇਖਿਆ ਤਾਂ ਉਨ੍ਹਾਂ ਨੂੰ ਤੋਲਣ ਵਾਲਾ ਕੰਡਾ, ਸਫਾਈ ਕਰਨ ਵਾਲਾ ਪੱਖਾ, ਸਰਕਾਰੀ ਅਤੇ ਪ੍ਰਾਈਵੇਟ ਬਾਰਦਾਨਾ, ਖਾਲੀ ਅਤੇ ਭਰੇ ਹੋਏ ਬਾਰਦਾਨੇ ਦੀਆਂ ਬੋਰੀਆਂ ਮਿਲੀਆਂ। ਵਿਭਾਗ ਵੱਲੋਂ ਆੜ੍ਹਤੀ ਦਾ ਰਿਕਾਰਡ ਵੀ ਜ਼ਬਤ ਕਰ ਲਿਆ ਗਿਆ। ਜ਼ਿਲ੍ਹਾ ਮੰਡੀ ਅਫ਼ਸਰ ਅਮਨਦੀਪ ਸਿੰਘ ਅਤੇ ਉਨ੍ਹਾਂ ਦੀ ਟੀਮ ਵੱਲੋਂ ਸਰਕਾਰੀ ਕੰਮ ਵਿਚ ਵਿਘਨ ਪਾਉਣ ਦਾ ਮਾਮਲਾ ਖਤਮ ਨਹੀਂ ਹੋਇਆ, ਸਗੋਂ ਕਥਿਤ ਆੜ੍ਹਤੀ ਨੇ ਅਗਲੇ ਦਿਨ ਸੈਕਟਰੀ ਮਾਰਕੀਟ ਕਮੇਟੀ ਨਵਦੀਪ ਕੌਰ ਦੇ ਦਫ਼ਤਰ ਵਿਚ ਜਾ ਕੇ ਕਾਫੀ ਗਰਮੀ ਦਿਖਾਈ ਅਤੇ ਸੈਕਟਰੀ ਨੂੰ ਜਾਤੀਸੂਚਕ ਸ਼ਬਦ ਬੋਲੇ, ਜਿਸ ਤੋਂ ਬਾਅਦ ਸੈਕਟਰੀ ਮਾਰਕੀਟ ਕਮੇਟੀ ਨੇ ਉਕਤ ਅਧਿਆਪਕ ਖਿਲਾਫ ਜਾਤੀਸੂਚਕ ਸ਼ਬਦਾਂ ਦੀ ਵਰਤੋਂ ਕਰਨ ਦੀ ਸ਼ਿਕਾਇਤ ਵੀ ਪੁਲਸ ਕੋਲ ਸ਼ਿਕਾਇਤ ਕੀਤੀ ਹੈ। ਸਰਕਾਰੀ ਅਧਿਆਪਕ ਦੀ ਇਸ ਕਾਰਵਾਈ ਤੋਂ ਬਾਅਦ ਜਿੱਥੇ ਪੁਲਸ ਨੇ ਜਾਂਚ ਸ਼ੁਰੂ ਕਰ ਦਿੱਤੀ ਹੈ, ਉੱਥੇ ਹੀ ਜ਼ਿਲ੍ਹਾ ਮੰਡੀ ਅਫ਼ਸਰ ਅਮਨਦੀਪ ਸਿੰਘ ਦੇ ਦਫ਼ਤਰ ਨੇ ਕਥਿਤ ਆੜਤੀ ਖਿਲਾਫ ਕਾਰਵਾਈ ਕਰਦਿਆਂ ਨਿਊ ਬਾਬਾ ਬੁੱਧ ਸਿੰਘ ਟ?ਰੇਡਿੰਗ ਕੰਪਨੀ ਅਤੇ ਕੇ. ਐੱਸ ਟ?ਰੇਡਿੰਗ ਕੰਪਨੀ ਦੇ ਆੜਤ ਲਾਇਸੈਂਸ ਅਸਥਾਈ ਤੌਰ ’ਤੇ ਰੱਦ ਕਰ ਦਿੱਤੇ ਹਨ। ਇਸ ਦੇ ਨਾਲ ਹੀ 12 ਲੱਖ ਰੁਪਏ ਦੇ ਜੁਰਮਾਨੇ ਦਾ ਨੋਟਿਸ ਵੀ ਜਾਰੀ ਕਰ ਦਿੱਤਾ ਗਿਆ ਹੈ। ਪੰਜਾਬ ਸਰਵਿਸ ਨਿਯਮਾਂ ਤਹਿਤ ਕੋਈ ਵੀ ਸਰਕਾਰੀ ਕਰਮਚਾਰੀ ਆਪਣੀ ਸਰਕਾਰੀ ਨੌਕਰੀ ਦੇ ਨਾਲ-ਨਾਲ ਕੋਈ ਵੀ ਪ੍ਰਾਈਵੇਟ ਕੰਮ ਨਹੀਂ ਕਰ ਸਕਦਾ, ਉਹ ਵੀ ਅਜਿਹਾ ਕੰਮ ਜੋ ਸਿੱਧੇ ਤੌਰ ’ਤੇ ਸਰਕਾਰ ਨਾਲ ਸਬੰਧਤ



ਹੋਵੇ। ਨਿਯਮਾਂ ਅਨੁਸਾਰ ਇਕ ਆੜ੍ਹਤੀ ਆਪਣਾ ਆੜ੍ਹਤ ਦਾ ਕਾਰੋਬਾਰ ਸਿਰਫ਼ ਸਰਕਾਰ ਵਲੋਂ ਐਲਾਨੀ ਗਈ ਦਾਣਾ ਮੰਡੀ ਵਿਚ ਹੀ ਕਰ ਸਕਦਾ ਹੈ। ਦੂਜੇ ਪਾਸੇ ਮੌਕੇ ਤੋਂ ਹਾਜ਼ਰ ਹੋਣ ਕਾਰਨ ਉਸ ਦੀ ਸਕੂਲ ਤੋਂ ਹਾਜ਼ਰੀ ਵੀ ਗੈਰਹਾਜ਼ਰੀ ਪਾਈ ਗਈ ਹੈ ਅਤੇ ਉੱਥੇ ਇਹ ਵੀ ਸਵਾਲ ਖੜ੍ਹਾ ਹੋ ਰਿਹਾ ਹੈ ਕਿ ਇਕ ਪਾਸੇ ਮਾਨ ਸਰਕਾਰ ਸਿੱਖਿਆ ਕ੍ਰਾਂਤੀ ਅਭਿਆਨ ਚਲਾ ਰਹੀ ਹੈ ਅਤੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲ ਕੇ ਕਰੋੜਾਂ ਰੁਪਏ ਖਰਚ ਕਰ ਰਹੀ ਹੈ, ਅਜਿਹੀ ਸਥਿਤੀ ਵਿਚ ਉਕਤ ਅਧਿਆਪਕ ਸਰਕਾਰ ਦੀ ਛਵੀ ਨੂੰ ਕਿਵੇਂ ਸਾਫ਼ ਰੱਖ ਸਕਦਾ ਹੈ। ਜ਼ਿਲ੍ਹਾ ਮੰਡੀ ਅਫ਼ਸਰ ਦੀ ਟੀਮ ਨੇ ਇਕ ਨਿੱਜੀ ਰਿਹਾਇਸ਼ ਵਿਚ ਕਣਕ ਦੇ ਢੇਰਾਂ ਦੇ ਨਾਲ-ਨਾਲ ਸਰਕਾਰੀ ਬਰਦਾਨਾ ਵੀ ਦੇਖਿਆ ਹੈ। ਅਜਿਹੀ ਸਥਿਤੀ ਵਿਚ ਸਵਾਲ ਇਹ ਉੱਠਦਾ ਹੈ ਕਿ ਆੜਤੀ ਕੋਲ ਸਰਕਾਰੀ ਬਰਦਾਨਾ ਕਿੱਥੋਂ ਆਇਆ ਹੈ ਅਤੇ ਇਹ ਬਰਦਾਨਾ ਕਿੱਥੋਂ ਲਿਆਂਦਾ ਗਿਆ ਹੈ। ਉਕਤ ਮਾਮਲੇ ਸਬੰਧੀ ਥਾਣਾ ਘਰਿੰਡਾ ਦੇ ਐੱਸ. ਐੱਚ. ਓ. ਅਮਨਦੀਪ ਸਿੰਘ ਨੇ ਕਿਹਾ ਕਿ ਉੱਚ ਅਧਿਕਾਰੀਆਂ ਵੱਲੋਂ ਜਾਰੀ ਹੁਕਮਾਂ ਅਨੁਸਾਰ ਮੁਲਜ਼ਮ ਵਿਅਕਤੀ ਖਿਲਾਫ ਐੱਫ. ਆਈ. ਆਰ. ਦਰਜ ਕੀਤੀ ਜਾ ਰਹੀ ਹੈ।

## ਪੰਜਾਬੀ ਯੂਨੀਵਰਸਿਟੀ ’ਚ ਪਈਆਂ ਭਾਜੜਾਂ, ਹੋਸਟਲ ਦੇ ਕਮਰੇ ਵਿਚ ਕੁੜੀ ਨੇ...

ਪਟਿਆਲਾ 2 ਮਈ। ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਮਾਤਾ ਸਾਹਿਬ ਕੌਰ ਹੋਸਟਲ ਵਿਚ ਬੀਐੱਸਸੀ ਤੀਜਾ ਸਾਲ ਦੀ ਵਿਦਿਆਰਥਣ ਜਸਪ੍ਰੀਤ ਕੌਰ ਨੇ ਫਾਹਾ ਲੈ ਕੇ ਖ਼ੁਦਕੁਸ਼ੀ ਕਰ ਲਈ। ਜਸਪ੍ਰੀਤ ਕੌਰ ਹੋਸਟਲ ਦੇ ਕਮਰਾ ਨੰਬਰ 119 ਵਿਚ ਰਹਿ ਰਹੀ ਸੀ। ਜਸਪ੍ਰੀਤ ਕੌਰ ਜੋਗਾ ਜ਼ਿਲ੍ਹਾ ਦੇ ਪਿੰਡ ਮਾਨਸਾ ਦੀ ਰਹਿਣ ਵਾਲੀ ਸੀ। ਘਟਨਾ ਦਾ ਪਤਾ ਲੱਗਦਿਆਂ ਹੀ ਹੋਸਟਲ ਵਾਰਡਨ ਵੱਲੋਂ ਅਥਾਰਟੀ ਅਤੇ ਪੁਲਸ ਨੂੰ ਸੂਚਨਾ ਦਿੱਤੀ ਗਈ। ਦੂਜੇ ਪਾਸੇ ਥਾਣਾ ਅਰਬਨ ਅਸਟੇਟ ਪੁਲਸ ਨੇ ਲਾਸ਼ ਨੂੰ ਕਬਜ਼ੇ ਵਿਚ ਲੈ ਕੇ ਪੋਸਟਮਾਰਟਮ ਲਈ ਸਰਕਾਰੀ ਰਜਿੰਦਰਾ ਹਸਪਤਾਲ ਪਹੁੰਚਾ ਦਿੱਤਾ ਹੈ। ਜਸਪ੍ਰੀਤ ਕੌਰ ਦੀ ਲਾਸ਼ ਹੋਸਟਲ ਦੇ ਕਮਰਾ ਨੰਬਰ 119 ਵਿਚ ਲਟਕਦੀ ਮਿਲੀ। ਵਿਦਿਆਰਥਣ ਦੀ ਮੌਤ ’ਤੇ ਪੰਜਾਬੀ ਯੂਨੀਵਰਸਿਟੀ ਨੇ ਯੂਨੀਵਰਸਿਟੀ ਅਥਾਰਟੀਜ਼ ਵੱਲੋਂ ਇਸ ਘਟਨਾ ਉੱਤੇ ਡੂੰਘੀ ਸੰਵੇਦਨਾ ਪ੍ਰਗਟਾਈ ਹੈ। ਯੂਨੀਵਰਸਿਟੀ ਪ੍ਰਸ਼ਾਸਨ ਅਨੁਸਾਰ ਸੂਚਨਾ ਮਿਲਣ ਉੱਤੇ ਡੀਨ ਅਕਾਦਮਿਕ ਮਾਮਲੇ ਅਤੇ ਰਜਿਸਟਰਾਰ ਦੀ ਅਗਵਾਈ ਵਿਚ ਮੁੱਖ ਸੁਰੱਖਿਆ ਅਫ਼ਸਰ, ਸੀਨੀਅਰ ਮੈਡੀਕਲ ਅਫ਼ਸਰ ਅਤੇ ਹੋਰ ਸਬੰਧਤ ਅਮਲਾ ਤੁਰੰਤ ਮੌਕੇ ਉੱਤੇ ਪਹੁੰਚ ਗਿਆ ਸੀ। ਇਸ ਬਾਰੇ ਸਥਾਨਕ ਪੁਲਸ ਨੂੰ ਤੁਰੰਤ ਸੂਚਿਤ ਕਰ ਦਿੱਤਾ ਗਿਆ। ਪੁਲਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਜਾਂਚ ਅਧਿਕਾਰੀ ਅਮਨਦੀਪ ਸਿੰਘ ਬਰਾੜ ਨੇ ਦੱਸਿਆ ਕਿ ਵਿਦਿਆਰਥਣ ਵੱਲੋਂ ਖੁਦਕੁਸ਼ੀ ਕਰਨ ਦੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ, ਫਿਲਹਾਲ ਨਾ ਕੋਈ ਖੁਦਕੁਸ਼ੀ ਨੋਟ ਮਿਲਿਆ ਹੈ ਤੇ ਨਾ ਹੀ ਕਾਰਨਾਂ ਦਾ ਪਤਾ ਲੱਗਿਆ ਹੈ।